@Qpatrika
@qaumipatrika punjabi
instagram.com/qaumipatrika
Largest Circulated
विश्व भर में सबसे ज्यादा पढ़ा जाने वाला

# ਕੌਮੀ ਪਤ੍ਰਿਕਾ
Qaumi Patrika NO.1
Punjabi National Daily
दिल्ली, हिमाचल, हरियाणा, पंजाब, उत्तर प्रदेश, उत्तराखण्ड से प्रसारित।
Thursday, 1 May 2025
VISIT: www.qaumipatrika.org Email: qpatrika@gmail.com
ਨਵੀਂ ਦਿੱਲੀ: ਵੀਰਵਾਰ 1 ਮਈ 2025, 18 ਵੈਸਾਖ ਨਾਨਕਸ਼ਾਹੀ ਸੰਮਤ 555 (ਸਫ਼ੇ-12) ਮੁੱਲ 3.00 ਰੁਪਏ
R.N.I. No. 39272/81– ਸੰਪਾਦਕ – ਗੁਰਚਰਨ ਸਿੰਘ ਬੱਬਰ – ਸਾਲ – 43, ਅੰਕ 170, qpatrika@gmail.com ਫੋਨ : 9971359517 www.qaumipatrika.org

## ਪਾਕਿਸਤਾਨ ਨੂੰ ਸਿੱਧਾ ਹੋ ਗਿਆ ਲਾਰੇਂਸ ! ਕਰ ਦਿੱਤਾ ਵੱਡਾ ਚੈਲੇਂਜ

ਵੈੱਬ ਡੈਸਕ 30 ਅਪ੍ਰੈਲ। ਭਾਰਤ ਅਤੇ ਪਾਕਿਸਤਾਨ ਵਿਚਾਲੇ ਤਣਾਅ ਦੇ ਵਿਚਕਾਰ, 22 ਅਪ੍ਰੈਲ 2025 ਨੂੰ ਜੰਮੂ-ਕਸ਼ਮੀਰ ਦੇ ਪਹਿਲਗਾਮ ਵਿੱਚ ਹੋਏ ਅੱਤਵਾਦੀ ਹਮਲੇ ਨੇ ਦੋਵਾਂ ਦੇਸ਼ਾਂ ਦੇ ਸਬੰਧਾਂ ਨੂੰ ਹੋਰ ਗੁੰਝਲਦਾਰ ਬਣਾ ਦਿੱਤਾ ਹੈ। ਇਸੇ ਵਿਚਾਲੇ ਹੁਣ ਇਸ ਸਾਰੇ ਮਾਮਲੇ ਵਿਚ ਨਾਮੀ ਗੈਂਗਸਟਰ ਲਾਰੇਂਸ ਬਿਸ਼ਨੋਈ ਦੀ ਐਂਟਰੀ ਹੋ ਗਈ ਹੈ। ਗੈਂਗਸਟਰ ਲਾਰੈਂਸ ਬਿਸ਼ਨੋਈ ਨੇ ਪਾਕਿਸਤਾਨ ਨੂੰ ਸਿੱਧੀ ਧਮਕੀ ਦਿੱਤੀ ਹੈ। ਉਸਦੇ ਗਿਰੋਹ ਨੇ ਸੋਸ਼ਲ ਮੀਡੀਆ 'ਤੇ ਇੱਕ ਵੀਡੀਓ ਪੋਸਟ ਕੀਤਾ, ਜਿਸ ਵਿੱਚ ਕਿਹਾ ਗਿਆ ਹੈ, ÷ਤੁਸੀਂ ਸਾਡੇ ਮਾਸੂਮ ਲੋਕਾਂ ਨੂੰ ਮਾਰ ਦਿੱਤਾ ਹੈ, ਅਸੀਂ ਹੁਣ ਪਾਕਿਸਤਾਨ ਵਿੱਚ ਦਾਖਲ ਹੋਵਾਂਗੇ ਅਤੇ ਲੱਖ ਦੇ ਬਰਾਬਰ ਇਕ ਮਾਰਾਂਗੇ।÷ ਇਸ ਗਿਰੋਹ ਨੇ ਲਸ਼ਕਰ-ਏ-ਤੋਇਬਾ ਦੇ ਮੁਖੀ ਹਾਫਿਜ਼ ਸਈਦ ਦੀ ਫੋਟੋ ਦੇ ਨਾਲ ਇਹ ਸੁਨੇਹਾ ਜਾਰੀ ਕੀਤਾ, ਜਿਸ ਤੋਂ ਪਤਾ ਲੱਗਦਾ ਹੈ ਕਿ ਉਨ੍ਹਾਂ ਦਾ ਨਿਸ਼ਾਨਾ ਹਾਫਿਜ਼ ਸਈਦ ਹੋ ਸਕਦਾ ਹੈ। ਦੱਸ ਦਈਏ ਕਿ ਇਸ ਹਮਲੇ ਵਿੱਚ 26 ਲੋਕ ਮਾਰੇ ਗਏ ਸਨ, ਜਿਨ੍ਹਾਂ ਵਿੱਚੋਂ ਜ਼ਿਆਦਾਤਰ ਹਿੰਦੂ ਸੈਲਾਨੀ ਸਨ। ਹਮਲਾਵਰਾਂ ਨੇ ਪੀੜਤਾਂ ਤੋਂ ਉਨ੍ਹਾਂ ਦੇ ਧਰਮ ਬਾਰੇ ਪੁੱਛਿਆ ਅਤੇ ਧਰਮ ਦੇ ਆਧਾਰ 'ਤੇ ਉਨ੍ਹਾਂ ਨੂੰ ਨਿਸ਼ਾਨਾ ਬਣਾਇਆ। ਅੱਤਵਾਦੀ ਸੰਗਠਨ 'ਦਿ ਰੇਜ਼ਿਸਟੈਂਸ ਫਰੰਟ' (ਟੀਆਰਐੱਫ) ਨੇ ਸ਼ੁਰੂ ਵਿੱਚ ਹਮਲੇ ਦੀ ਜ਼ਿੰਮੇਵਾਰੀ ਲਈ ਸੀ ਪਰ ਬਾਅਦ ਵਿੱਚ ਇਸ ਤੋਂ ਇਨਕਾਰ ਕਰ ਦਿੱਤਾ। ਭਾਰਤ ਨੇ ਹਮਲੇ ਵਿੱਚ ਪਾਕਿਸਤਾਨ ਦੀ ਸ਼ਮੂਲੀਅਤ ਦਾ ਦੋਸ਼ ਲਗਾਇਆ ਹੈ ਕਿਉਂਕਿ ਟੀਆਰਐੱਫ ਦੇ ਪਾਕਿਸਤਾਨ ਸਥਿਤ ਅੱਤਵਾਦੀ ਸਮੂਹ ਲਸ਼ਕਰ-ਏ-ਤੋਇਬਾ (LeT) ਨਾਲ ਸਬੰਧ ਹਨ। ਹਮਲੇ ਤੋਂ ਬਾਅਦ, ਭਾਰਤ ਨੇ ਸਿੰਧੂ ਜਲ ਸੰਧੀ ਰੱਦ ਕਰ ਦਿੱਤੀ, ਪਾਕਿਸਤਾਨ ਤੋਂ ਡਿਪਲੋਮੈਟਾਂ ਨੂੰ ਕੱਢ ਦਿੱਤਾ, ਵੀਜ਼ਾ ਸੇਵਾਵਾਂ ਮੁਅੱਤਲ ਕਰ ਦਿੱਤੀਆਂ ਅਤੇ ਸਰਹੱਦਾਂ ਬੰਦ ਕਰ ਦਿੱਤੀਆਂ।

# 'ਪਹਿਲਗਾਮ ਹਮਲੇ ਦੇ ਦੋਸ਼ੀਆਂ ਨੂੰ ਕੀਮਤ ਚੁਕਾਉਣੀ ਪਵੇਗੀ': ਰਾਹੁਲ ਗਾਂਧੀ

**ਸਿੰਮੀ ਕੌਰ ਬੱਬਰ**

ਨਵੀਂ ਦਿੱਲੀ 30 ਅਪ੍ਰੈਲ। ਲੋਕ ਸਭਾ ਵਿੱਚ ਵਿਰੋਧੀ ਧਿਰ ਦੇ ਨੇਤਾ ਅਤੇ ਕਾਂਗਰਸ ਸੰਸਦ ਮੈਂਬਰ ਰਾਹੁਲ ਗਾਂਧੀ ਬੁੱਧਵਾਰ ਸ਼ਾਮ ਨੂੰ ਦਿੱਲੀ ਸਥਿਤ ਪਾਰਟੀ ਹੈੱਡਕੁਆਰਟਰ ਪਹੁੰਚੇ। ਇੱਥੇ ਉਨ੍ਹਾਂ ਨੇ ਇੱਕ ਪ੍ਰੈਸ ਕਾਨਫਰੰਸ ਵਿੱਚ ਕਿਹਾ, ÷ਅਸੀਂ ਸੰਸਦ ਵਿੱਚ ਪਹਿਲਾਂ ਹੀ ਕਿਹਾ ਸੀ ਕਿ ਅਸੀਂ ਜਾਤੀ ਜਨਗਣਨਾ ਕਰਵਾਵਾਂਗੇ ਅਤੇ 50 ਫੀਸਦ ਰਾਖਵੇਂਕਰਨ ਦੀ ਸੀਮਾ ਨੂੰ ਵੀ ਹਟਾ ਦੇਵਾਂਗੇ।÷ ਰਾਹੁਲ ਗਾਂਧੀ ਨੇ ਸਰਕਾਰ ਅੱਗੇ ਇਹ ਵੀ ਅਪੀਲ ਕੀਤੀ ਕਿ ਪਹਿਲਗਾਮ ਹਮਲੇ ਸਬੰਧੀ ਕਾਰਵਾਈ ਕੀਤੀ ਜਾਵੇ। ਉਨ੍ਹਾਂ ਕਿਹਾ ਕਿ ਅੱਤਵਾਦੀਆਂ ਨੂੰ ਇਸਦੀ ਕੀਮਤ ਚੁਕਾਉਣੀ ਪਵੇਗੀ। ਪ੍ਰਧਾਨ ਮੰਤਰੀ ਮੋਦੀ ਨੂੰ ਸਮਾਂ ਬਰਬਾਦ ਨਹੀਂ ਕਰਨਾ ਚਾਹੀਦਾ। ਸਰਕਾਰ ਨੂੰ ਤੁਰੰਤ ਕਾਰਵਾਈ ਕਰਨੀ ਚਾਹੀਦੀ ਹੈ। ਰਾਹੁਲ ਗਾਂਧੀ ਨੇ ਮੋਦੀ ਸਰਕਾਰ ਅੱਗੇ ਅਪੀਲ ਕੀਤੀ ਕਿ ਪਹਿਲਗਾਮ ਹਮਲੇ 'ਚ ਮਾਰੇ ਗਏ ਮ੍ਰਿਤਕਾਂ ਨੂੰ ਸ਼ਹੀਦ ਦਾ ਦਰਜਾ ਦਿੱਤਾ ਜਾਵੇ। ਰਾਹੁਲ ਗਾਂਧੀ ਨੇ ਅੱਤਵਾਦੀ ਹਮਲੇ ਦੀ ਸਖ਼ਤ ਨਿੰਦਾ ਕੀਤੀ ਅਤੇ ਕਿਹਾ, 'ਜਿਨ੍ਹਾਂ ਨੇ ਇਹ ਕੀਤਾ ਹੈ,



ਜੋ ਵੀ ਇਸ ਵਿੱਚ ਸ਼ਾਮਲ ਹੈ, ਉਹ ਜਿੱਥੇ ਵੀ ਹਨ, ਉਨ੍ਹਾਂ ਨੂੰ ਨਤੀਜੇ ਭੁਗਤਣੇ ਪੈਣਗੇ।' ਇਹ ਭਾਰਤ ਨਾਲ ਨਹੀਂ ਕੀਤਾ ਜਾ ਸਕਦਾ। ਉਨ੍ਹਾਂ ਅੱਗੇ ਕਿਹਾ ਕਿ ਪਹਿਲਗਾਮ ਵਿੱਚ ਅੱਤਵਾਦ ਨੂੰ ਅੰਜਾਮ ਦੇਣ ਵਾਲਿਆਂ ਨੂੰ ਨਤੀਜੇ ਭੁਗਤਣੇ ਪੈਣਗੇ। ਇਹ ਸਵੀਕਾਰਯੋਗ ਨਹੀਂ ਹੈ। ਰਾਹੁਲ ਨੇ ਕੇਂਦਰ ਸਰਕਾਰ ਅਤੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਤੋਂ ਤੁਰੰਤ ਕਾਰਵਾਈ ਦੀ ਮੰਗ ਕੀਤੀ। ਉਨ੍ਹਾਂ ਕਿਹਾ, ÷ਪ੍ਰਧਾਨ ਮੰਤਰੀ ਮੋਦੀ ਨੂੰ ਸਮਾਂ ਬਰਬਾਦ ਨਹੀਂ ਕਰਨਾ ਚਾਹੀਦਾ। ਸਰਕਾਰ ਨੂੰ ਤੁਰੰਤ ਕਾਰਵਾਈ ਕਰਨੀ ਚਾਹੀਦੀ ਹੈ। ਭਾਰਤ ਨੂੰ ਇਹ ਦਿਖਾਉਣਾ ਪਵੇਗਾ ਕਿ ਅਸੀਂ ਅੱਤਵਾਦ ਨੂੰ ਬਰਦਾਸ਼ਤ ਨਹੀਂ ਕਰਾਂਗੇ।÷ ਉਨ੍ਹਾਂ ਇਹ ਵੀ ਸਪੱਸ਼ਟ ਕੀਤਾ ਕਿ ਪੂਰੀ ਵਿਰੋਧੀ ਧਿਰ ਇਸ ਮੁੱਦੇ 'ਤੇ ਸਰਕਾਰ ਦੇ ਨਾਲ ਹੈ ਅਤੇ ਭਵਿੱਖ ਵਿੱਚ ਵੀ ਇਸੇ ਤਰ੍ਹਾਂ ਰਹੇਗੀ। ਰਾਹੁਲ ਨੇ ਜ਼ੋਰ ਦੇ ਕੇ ਕਿਹਾ ਕਿ ਵਿਰੋਧੀ ਧਿਰ ਅੱਤਵਾਦ ਵਿਰੁੱਧ ਲੜਾਈ ਵਿੱਚ ਸਰਕਾਰ ਨਾਲ ਮੋਢੇ ਨਾਲ ਮੋਢਾ ਜੋੜ ਕੇ ਖੜ੍ਹੀ ਹੈ। ÷ਅਸੀਂ ਸਪੱਸ਼ਟ ਤੌਰ 'ਤੇ ਕਿਹਾ ਹੈ ਕਿ ਇਹ ਸਵੀਕਾਰਯੋਗ ਨਹੀਂ ਹੈ। ਪ੍ਰਧਾਨ ਮੰਤਰੀ ਨੂੰ ਕਾਰਵਾਈ ਕਰਨੀ ਪਵੇਗੀ, ਅਸੀਂ ਉਨ੍ਹਾਂ ਦੇ ਨਾਲ ਹਾਂ ਅਤੇ ਅਜਿਹਾ ਕਰਦੇ ਰਹਾਂਗੇ।

## ਰਾਸ਼ਟਰੀ ਸੁਰੱਖਿਆ ਸਲਾਹਕਾਰ ਬੋਰਡ ਦਾ ਪੁਨਰਗਠਨ, ਆਲੋਕ ਜੋਸ਼ੀ ਨੂੰ ਬਣਾਇਆ ਗਿਆ ਮੁਖੀ

ਨਵੀਂ ਦਿੱਲੀ 30 ਅਪ੍ਰੈਲ। ਪਹਿਲਗਾਮ ਅੱਤਵਾਦੀ ਹਮਲੇ ਤੋਂ ਬਾਅਦ ਸਰਕਾਰ ਨੇ ਬੁੱਧਵਾਰ ਨੂੰ ਇਕ ਵੱਡਾ ਕਦਮ ਚੁੱਕਦੇ ਹੋਏ ਰਾਸ਼ਟਰੀ ਸੁਰੱਖਿਆ ਸਲਾਹਕਾਰ ਬੋਰਡ ਦਾ ਪੁਨਰਗਠਨ ਕੀਤਾ ਅਤੇ ਰਿਸਰਚ ਐਂਡ ਐਨਾਲਿਸਿਸ ਵਿੰਗ (ਰਾਅ) ਦੇ ਸਾਬਕਾ ਮੁਖੀ ਆਲੋਕ ਜੋਸ਼ੀ ਨੂੰ ਇਸ ਦਾ ਨਵਾਂ ਚੇਅਰਮੈਨ ਨਿਯੁਕਤ ਕੀਤਾ। ਪੁਨਰਗਠਿਤ ਰਾਸ਼ਟਰੀ ਸੁਰੱਖਿਆ ਸਲਾਹਕਾਰ ਬੋਰਡ ਦੇ 7 ਮੈਂਬਰਾਂ 'ਚ ਭਾਰਤੀ ਪੁਲਸ ਸੇਵਾ ਦੇ ਉੱਚ ਅਧਿਕਾਰੀਆਂ ਤੋਂ ਇਲਾਵਾ ਕਈ ਉੱਚ-ਪੱਧਰੀ ਫੌਜ, ਜਲ ਸੈਨਾ ਅਤੇ ਹਵਾਈ ਸੈਨਾ ਦੇ ਅਧਿਕਾਰੀ



ਸ਼ਾਮਲ ਹਨ। ਬੋਰਡ ਦੇ ਨਵੇਂ ਮੈਂਬਰਾਂ 'ਚ ਏਅਰ ਮਾਰਸ਼ਲ ਪੰਕਜ ਮੋਹਨ ਸਿਨਹਾ, ਲੈਫਟੀਨੈਂਟ ਜਨਰਲ ਏਕੇ ਸਿੰਘ, ਰੀਅਰ ਐਡਮਿਰਲ ਮੋਂਟੀ ਖੰਨਾ ਅਤੇ ਦੋ ਸਾਬਕਾ ਭਾਰਤੀ ਪੁਲਸ ਸੇਵਾ ਅਧਿਕਾਰੀ - ਰਾਜੀਵ ਰੰਜਨ ਵਰਮਾ ਅਤੇ ਮਨਮੋਹਨ ਸਿੰਘ ਸ਼ਾਮਲ ਹਨ। ਇਸ ਤੋਂ ਇਲਾਵਾ, ਭਾਰਤੀ ਵਿਦੇਸ਼ ਸੇਵਾ ਅਧਿਕਾਰੀ ਬੀ ਵੈਂਕਟੇਸ਼ ਵਰਮਾ ਨੂੰ ਵੀ 7 ਮੈਂਬਰੀ ਬੋਰਡ ਦਾ ਮੈਂਬਰ ਨਿਯੁਕਤ ਕੀਤਾ ਗਿਆ ਹੈ। ਇਹ ਫੈਸਲਾ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਵੱਲੋਂ ਪਹਿਲਗਾਮ ਹਮਲੇ ਤੋਂ ਬਾਅਦ ਭਾਰਤ ਅਤੇ ਪਾਕਿਸਤਾਨ ਵਿਚਕਾਰ ਵਧਦੇ ਤਣਾਅ ਅਤੇ ਦੇਸ਼ ਦੀ ਸੁਰੱਖਿਆ ਸਥਿਤੀ 'ਤੇ ਚਰਚਾ ਕਰਨ ਲਈ ਬੁਲਾਈ ਗਈ ਇਕ ਉੱਚ-ਪੱਧਰੀ ਮੀਟਿੰਗ 'ਚ ਲਿਆ ਗਿਆ। ਬੋਰਡ ਨੂੰ ਸੁਰੱਖਿਆ ਪ੍ਰਣਾਲੀ ਨੂੰ ਮਜ਼ਬੂਤ ??ਕਰਨ ਲਈ ਪੁਨਰਗਠਨ ਕੀਤਾ ਗਿਆ ਹੈ ਕਿਉਂਕਿ ਇਹ ਲੰਬੇ ਸਮੇਂ ਦੇ ਰਣਨੀਤਕ ਵਿਸ਼ਲੇਸ਼ਣ ਪ੍ਰਦਾਨ ਕਰਨ ਅਤੇ ਰਾਸ਼ਟਰੀ ਸੁਰੱਖਿਆ ਅਤੇ ਵਿਦੇਸ਼ੀ ਮਾਮਲਿਆਂ ਬਾਰੇ ਸਰਕਾਰ ਨੂੰ ਨੀਤੀਆਂ ਦੀ ਸਿਫ਼ਾਰਸ਼ ਕਰਨ 'ਚ ਮਹੱਤਵਪੂਰਨ ਭੂਮਿਕਾ ਨਿਭਾਉਂਦਾ ਹੈ।

# ਜਾਤੀ ਜਨਗਣਨਾ ਕਰਵਾਏਗੀ ਮੋਦੀ ਸਰਕਾਰ, ਕੈਬਨਿਟ ਬੈਠਕ 'ਚ ਵੱਡਾ ਫ਼ੈਸਲਾ

**ਤੇਜਿੰਦਰ ਕੌਰ ਬੱਬਰ**

ਨਵੀਂ ਦਿੱਲੀ 30 ਅਪ੍ਰੈਲ। ਕੇਂਦਰ ਦੀ ਨਰਿੰਦਰ ਮੋਦੀ ਸਰਕਾਰ ਵਲੋਂ ਕੈਬਨਿਟ ਬੈਠਕ 'ਚ ਵੱਡਾ ਫ਼ੈਸਲਾ ਲਿਆ ਹੈ। ਸਰਕਾਰ ਨੇ ਜਾਤੀ ਜਨਗਣਨਾ ਕਰਵਾਉਣ ਦਾ ਐਲਾਨ ਕਰ ਦਿੱਤਾ ਹੈ। ਕੇਂਦਰੀ ਮੰਤਰੀ ਅਸ਼ਵਨੀ ਵੈਸ਼ਨਵ ਨੇ ਪ੍ਰੈੱਸ ਕਾਨਫਰੰਸ 'ਚ ਦੱਸਿਆ ਕਿ ਜਾਤੀ ਜਨਗਣਨਾ, ਮੂਲ ਜਨਗਣਨਾ 'ਚ ਹੀ ਸ਼ਾਮਲ ਹੋਵੇਗੀ। ਜਨਗਣਨਾ ਇਸ ਸਾਲ ਸਤੰਬਰ ਤੋਂ ਸ਼ੁਰੂ ਕੀਤੀ ਜਾ ਸਕਦੀ ਹੈ। ਇਸ ਨੂੰ ਪੂਰਾ ਹੋਣ 'ਚ ਘੱਟੋ-ਘੱਟ 2 ਸਾਲ ਲੱਗਣਗੇ। ਅਜਿਹੇ 'ਚ ਜੇਕਰ ਸਤੰਬਰ 'ਚ ਵੀ ਜਨਗਣਨਾ ਦੀ ਪ੍ਰਕਿਰਿਆ ਸ਼ੁਰੂ ਹੋਈ ਤਾਂ ਅੰਤਿਮ ਅੰਕੜੇ 2026 ਦੇ ਅੰਤ ਜਾਂ 2027 ਦੀ ਸ਼ੁਰੂਆਤ 'ਚ ਆਉਣਗੇ। ਅਸ਼ਵਨੀ ਵੈਸ਼ਨਵ ਨੇ ਕਿਹਾ,"1947 ਤੋਂ ਜਾਤੀ ਜਨਗਣਨਾ ਨਹੀਂ ਕੀਤੀ ਗਈ। ਮਨਮੋਹਨ ਸਿੰਘ ਨੇ ਜਾਤੀ ਜਨਗਣਨਾ ਦੀ ਗੱਲ ਕਹੀ ਸੀ। ਕਾਂਗਰਸ ਨੇ ਜਾਤੀ ਜਨਗਣਨਾ ਦੀ ਗੱਲ ਨੂੰ ਸਿਰਫ਼ ਆਪਣੇ ਫਾਇਦੇ ਲਈ ਇਸਤੇਮਾਲ ਕੀਤਾ ਹੈ। ਜਾਤੀ ਜਨਗਣਨਾ ਸਿਰਫ਼ ਕੇਂਦਰ ਦਾ ਵਿਸ਼ਾ ਹੈ। ਕੁਝ ਰਾਜਾਂ ਨੇ ਇਹ ਕੰਮ ਸਹੀ ਢੰਗ ਨਾਲ ਕੀਤਾ ਹੈ। ਸਾਡਾ ਸਮਾਜਿਕ ਤਾਣਾ-ਬਾਣਾ ਪ੍ਰਭਾਵਿਤ ਨਾ



ਹੋਵੇ, ਅਸੀਂ ਇਸ ਦੀ ਕੋਸ਼ਿਸ਼ ਕਰ ਰਹੇ ਹਨ।" ਭਾਰਤ 'ਚ ਹਰੇਕ 10 ਸਾਲ 'ਚ ਹੋਣ ਵਾਲੀ ਜਨਗਣਨਾ ਅਪ੍ਰੈਲ 2020 'ਚ ਸ਼ੁਰੂ ਹੋਣੀ ਸੀ ਪਰ ਕੋਵਿਡ ਮਹਾਮਾਰੀ ਕਾਰਨ ਇਸ 'ਚ ਦੇਰੀ ਹੋਈ। ਇਹ ਇਕ ਅਜਿਹਾ ਸਰਵੇਖਣ ਹੈ, ਜਿਸ 'ਚ ਕਿਸੇ ਖੇਤਰ ਜਾਂ ਦੇਸ਼ 'ਚ ਲੋਕਾਂ ਦੀ ਜਾਤੀ ਦੇ ਆਧਾਰ 'ਤੇ ਜਾਣਕਾਰੀ ਇਕੱਠੀ ਕੀਤੀ ਜਾਂਦੀ ਹੈ। ਇਸ ਦਾ ਮੁੱਖ ਮਕਸਦ ਵੱਖ-ਵੱਖ ਜਾਤੀਆਂ ਦੀ ਗਿਣਤੀ, ਉਨ੍ਹਾਂ ਦੀ ਸਮਾਜਿਕ-ਆਰਥਿਕ ਸਥਿਤੀ, ਸਿੱਖਿਆ ਪੱਧਰ ਅਤੇ ਹੋਰ ਮਹੱਤਵਪੂਰਨ ਵਿਸ਼ੇਸ਼ਤਾਵਾਂ ਦਾ ਪਤਾ ਲਗਾਉਣਾ ਹੁੰਦਾ ਹੈ।

## ਜੰਮੂ-ਕਸ਼ਮੀਰ: ਫੌਜ ਦੀ ਹਿੱਟ ਲਿਸਟ 'ਚ ਹਨ ਇਹ 14 ਵੱਡੇ ਅੱਤਵਾਦੀ

ਜੰਮੂ ਡੈਸਕ 30 ਅਪ੍ਰੈਲ। ਪਹਿਲਗਾਮ ਅੱਤਵਾਦੀ ਹਮਲੇ ਤੋਂ ਬਾਅਦ ਜੰਮੂ-ਕਸ਼ਮੀਰ ਵਿੱਚ ਸੁਰੱਖਿਆ ਬਲ ਅਤੇ ਪੁਲਿਸ ਅਲਰਟ 'ਤੇ ਹਨ। ਸਰਕਾਰ ਵੱਲੋਂ ਲਗਾਤਾਰ ਸਖ਼ਤ ਕਦਮ ਚੁੱਕੇ ਜਾ ਰਹੇ ਹਨ। ਜ਼ਿਕਰਯੋਗ ਹੈ ਕਿ 22 ਅਪ੍ਰੈਲ ਨੂੰ ਪਹਿਲਗਾਮ 'ਚ ਹੋਏ ਅੱਤਵਾਦੀ ਹਮਲੇ ਵਿੱਚ ਸੈਲਾਨੀਆਂ ਦੀ ਬੇਰਹਿਮੀ ਨਾਲ ਹੱਤਿਆ ਕਰ ਦਿੱਤੀ ਗਈ ਸੀ। ਇਸ ਘਟਨਾ ਨੇ ਪੂਰੇ ਦੇਸ਼ ਨੂੰ ਹਿਲਾ ਕੇ ਰੱਖ ਦਿੱਤਾ ਹੈ। ਹਮਲੇ ਤੋਂ ਬਾਅਦ ਖੁਫੀਆ ਏਜੰਸੀਆਂ ਐਕਸ਼ਨ ਮੋਡ 'ਚ ਹਨ। ਇਸ ਦੇ ਨਾਲ ਹੀ ਇਸ ਮਾਮਲੇ ਨਾਲ ਜੁੜੀ ਇੱਕ ਵੱਡੀ ਖ਼ਬਰ ਸਾਹਮਣੇ ਆਈ ਹੈ, ਜਿਸ ਵਿੱਚ ਏਜੰਸੀਆਂ ਨੇ ਇੱਕ ਅੱਤਵਾਦੀ ਨਾਲ ਜੁੜੀ ਰਿਪੋਰਟ ਪੇਸ਼ ਕੀਤੀ ਹੈ। ਖੁਫੀਆ ਏਜੰਸੀਆਂ ਨੇ ਜੰਮੂ-ਕਸ਼ਮੀਰ ਦੇ ਸਥਾਨਕ ਅੱਤਵਾਦੀਆਂ ਦੀ ਸੂਚੀ ਤਿਆਰ ਕੀਤੀ ਹੈ। ਜੋ ਪਾਕਿਸਤਾਨੀ ਅੱਤਵਾਦੀਆਂ ਦੀ ਮਦਦ ਕਰ ਰਹੇ ਹਨ ਅਤੇ ਉਨ੍ਹਾਂ ਨੂੰ ਪਨਾਹ ਵੀ ਦੇ ਰਹੇ ਹਨ। ਇਸ ਸੂਚੀ ਵਿੱਚ 14 ਅੱਤਵਾਦੀਆਂ ਦੇ ਨਾਮ ਸ਼ਾਮਲ ਹਨ। ਦੱਸਿਆ ਜਾ ਰਿਹਾ ਹੈ ਕਿ ਇਸ ਰਿਪੋਰਟ ਤੋਂ ਬਾਅਦ ਸੁਰੱਖਿਆ ਬਲ ਉਨ੍ਹਾਂ ਵਿਰੁੱਧ ਵੱਡੀ ਕਾਰਵਾਈ ਕਰਨ ਜਾ ਰਹੇ ਹਨ। ਸਾਰਿਆਂ ਦੇ ਘਰ ਇੱਕ-ਇੱਕ ਕਰਕੇ ਢਾਹ ਦਿੱਤੇ ਜਾਣਗੇ। ਤੁਹਾਨੂੰ ਦੱਸ ਦੇਈਏ ਕਿ ਪਿਛਲੇ ਸ਼ਨੀਵਾਰ ਨੂੰ ਵੀ ਪੁਲਵਾਮਾ ਅਤੇ ਕੁਲਗਾਮ ਵਿੱਚ ਸੁਰੱਖਿਆ ਬਲਾਂ ਵੱਲੋਂ ਵੱਡੀ ਕਾਰਵਾਈ ਕੀਤੀ ਗਈ ਸੀ। ਅੱਤਵਾਦੀਆਂ ਦੇ ਘਰ ਆਈਈਡੀ ਧਮਾਕੇ ਨਾਲ ਢਾਹ ਦਿੱਤੇ ਗਏ।

## 1984 ਦੰਗਾ ਮਾਮਲਾ: ਜਗਦੀਸ਼ ਟਾਈਟਲਰ ਵਿਰੁੱਧ ਮਾਮਲੇ 'ਚ ਸੁਣਵਾਈ ਟਲੀ

ਨਵੀਂ ਦਿੱਲੀ 30 ਅਪ੍ਰੈਲ। ਰਾਊਜ਼ ਐਵੇਨਿਊ ਅਦਾਲਤ ਨੇ 1984 ਦੇ ਸਿੱਖ ਵਿਰੋਧੀ ਦੰਗਿਆਂ ਨਾਲ ਸਬੰਧਤ ਪੁਲਬੰਗਸ਼ ਗੁਰਦੁਆਰਾ ਹਿੰਸਾ ਮਾਮਲੇ ਦੇ ਦੋਸ਼ੀ ਜਗਦੀਸ਼ ਟਾਈਟਲਰ ਵਿਰੁੱਧ ਕੇਸ ਦੀ ਸੁਣਵਾਈ ਟਾਲ ਦਿੱਤੀ ਹੈ। ਜੱਜ ਦੇ ਅਦਾਲਤ



ਵਿਚ ਉਪਲਬਧ ਨਾ ਹੋਣ ਕਾਰਨ ਸੁਣਵਾਈ ਟਾਲ ਦਿੱਤੀ ਗਈ। ਅਦਾਲਤ ਇਸ ਮਾਮਲੇ ਦੀ ਅਗਲੀ ਸੁਣਵਾਈ 16 ਮਈ ਨੂੰ ਕਰੇਗੀ। 4 ਅਪ੍ਰੈਲ ਨੂੰ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਾਬਕਾ ਪ੍ਰਧਾਨ ਮਨਜੀਤ ਸਿੰਘ ਜੀ. ਕੇ. ਨੇ ਆਪਣਾ ਬਿਆਨ ਦਰਜ ਕਰਵਾਇਆ ਸੀ। 18 ਮਾਰਚ ਨੂੰ ਫੋਰੈਂਸਿਕ ਵਿਭਾਗ ਦੇ ਸੀਨੀਅਰ ਵਿਗਿਆਨਕ ਅਧਿਕਾਰੀ ਅਮਿਤੋਸ਼ ਕੁਮਾਰ ਦਾ ਬਿਆਨ ਦਰਜ ਕੀਤਾ ਗਿਆ।

## ਸੁਪਰੀਮ ਕੋਰਟ ਨੇ 11 ਮਾਮਲਿਆਂ ਦੀ ਤੇਜ਼ੀ ਨਾਲ ਸੁਣਵਾਈ ਦੇ ਦਿੱਤੇ ਹੁਕਮ

ਨਵੀਂ ਦਿੱਲੀ 30 ਅਪ੍ਰੈਲ। ਸੁਪਰੀਮ ਕੋਰਟ ਨੇ ਉੱਤਰ ਪ੍ਰਦੇਸ਼ ਦੇ ਕਾਨਪੁਰ 'ਚ 1984 ਦੇ ਸਿੱਖ ਵਿਰੋਧੀ ਦੰਗਿਆਂ ਨਾਲ ਸਬੰਧਤ 11 ਮਾਮਲਿਆਂ ਦੀ ਤੇਜ਼ੀ ਨਾਲ ਸੁਣਵਾਈ ਕਰਨ ਦੇ ਨਿਰਦੇਸ਼ ਦਿੱਤੇ, ਜਿਨ੍ਹਾਂ




'ਚ ਮੁੜ ਜਾਂਚ ਤੋਂ ਬਾਅਦ ਚਾਰਜਸ਼ੀਟ ਦਾਇਰ ਕੀਤੀ ਗਈ ਸੀ। ਜਸਟਿਸ ਸੂਰਿਆਕਾਂਤ ਤੇ ਜਸਟਿਸ ਐਨ. ਕੋਟਿਸ਼ਵਰ ਸਿੰਘ ਦੇ ਬੈਂਚ ਨੇ ਕੇਸਾਂ ਦੇ ਜਲਦੀ ਨਿਪਟਾਰੇ ਲਈ ਉਪਾਵਾਂ ਦੇ ਨਾਲ-ਨਾਲ ਮਾਮਲੇ 'ਚ ਨਿਯੁਕਤ ਵਿਸ਼ੇਸ਼ ਸਰਕਾਰੀ ਵਕੀਲਾਂ ਨੂੰ ਅਦਾਲਤਾਂ 'ਚ ਮੌਜੂਦ ਰਹਿਣ ਲਈ ਕਿਹਾ। ਬੈਂਚ ਨੇ ਮਾਮਲੇ 'ਚ ਅਤਿਅੰਤ ਦੇਰੀ ਦਾ ਨੋਟਿਸ ਲਿਆ ਤੇ ਜਲਦੀ ਸੁਣਵਾਈ ਦਾ ਹੁਕਮ ਦਿੱਤਾ। ਉੱਤਰ ਪ੍ਰਦੇਸ਼ ਸਰਕਾਰ ਵੱਲੋਂ ਪੇਸ਼ ਹੋਏ ਵਕੀਲ ਰੁਚਿਰਾ ਗੋਇਲ ਨੇ ਕਿਹਾ ਕਿ ਕਾਨਪੁਰ ਦੇ ਸਿੱਖ ਵਿਰੋਧੀ ਦੰਗਿਆਂ ਦੇ ਮਾਮਲੇ 'ਚ 40 ਸਾਲ ਪੁਰਾਣੀ ਅਸਪਸ਼ਟ ਐੱਫ. ਆਈ. ਆਰ. ਨੂੰ ਇਸ ਦੀ ਸਮੱਗਰੀ ਦੀ ਮੁੜ ਜਾਂਚ ਲਈ ਕੇਂਦਰੀ ਫਾਰੈਂਸਿਕ ਵਿਗਿਆਨ ਲੈਬਾਰਟਰੀ 'ਚ ਭੇਜਿਆ ਗਿਆ ਸੀ ਪਰ ਲੈਬਾਰਟਰੀ ਨੇ ਅਜੇ ਤੱਕ ਆਪਣੀ ਰਿਪੋਰਟ ਪੇਸ਼ ਨਹੀਂ ਕੀਤੀ। ਸੁਪਰੀਮ ਕੋਰਟ 1984 ਦੇ ਸਿੱਖ ਵਿਰੋਧੀ ਦੰਗਿਆਂ ਦੌਰਾਨ ਕਾਨਪੁਰ 'ਚ ਲਗਭਗ 130 ਸਿੱਖਾਂ ਦੇ ਕਤਲ ਦੇ ਮਾਮਲੇ ਨੂੰ ਦੁਬਾਰਾ ਖੋਲ੍ਹਣ ਦੀ ਮੰਗ ਕਰਨ ਵਾਲੀ ਪਟੀਸ਼ਨ 'ਤੇ ਸੁਣਵਾਈ ਕਰ ਰਹੀ ਹੈ।

# ਕੈਬਨਿਟ ਨੇ 22,864 ਕਰੋੜ ਰੁਪਏ ਦੇ ਸ਼ਿਲਾਂਗ ਸਿਲਚਰ ਹਾਈਵੇਅ ਪ੍ਰਾਜੈਕਟ ਨੂੰ ਦਿੱਤੀ ਮਨਜ਼ੂਰੀ

**ਨਵਦੀਪ ਸਿੰਘ ਸਾਹਨੀ**

ਨਵੀਂ ਦਿੱਲੀ 30 ਅਪ੍ਰੈਲ। ਕੇਂਦਰੀ ਕੈਬਨਿਟ ਨੇ ਬੁੱਧਵਾਰ ਨੂੰ ਮੇਘਾਲਿਆ ਦੇ ਮਾਵਲਿੰਗਖੁੰਗ ਤੋਂ ਅਸਾਮ ਦੇ ਪੰਚਗ੍ਰਾਮ ਤੱਕ 22,864 ਕਰੋੜ ਰੁਪਏ ਦੀ ਲਾਗਤ ਨਾਲ 166.80 ਕਿਲੋਮੀਟਰ ਲੰਬੇ ਹਾਈਵੇਅ ਦੇ ਨਿਰਮਾਣ ਨੂੰ ਮਨਜ਼ੂਰੀ ਦੇ ਦਿੱਤੀ। ਇਕ ਅਧਿਕਾਰਤ ਬਿਆਨ ਦੇ ਅਨੁਸਾਰ, ਇਸ ਹਾਈਵੇਅ ਪ੍ਰਾਜੈਕਟ ਦਾ 144.80 ਕਿਲੋਮੀਟਰ ਲੰਬਾ ਹਿੱਸਾ ਮੇਘਾਲਿਆ 'ਚ ਸਥਿਤ ਹੈ ਅਤੇ 22 ਕਿਲੋਮੀਟਰ ਲੰਬਾ ਹਿੱਸਾ ਆਸਾਮ 'ਚ ਸਥਿਤ ਹੈ। ਇਹ ਫੈਸਲਾ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਪ੍ਰਧਾਨਗੀ ਹੇਠ ਹੋਈ ਆਰਥਿਕ ਮਾਮਲਿਆਂ ਦੀ ਕੈਬਨਿਟ ਕਮੇਟੀ ਦੀ ਮੀਟਿੰਗ 'ਚ ਲਿਆ ਗਿਆ। ਸੂਚਨਾ ਅਤੇ ਪ੍ਰਸਾਰਣ ਮੰਤਰੀ ਅਸ਼ਵਨੀ ਵੈਸ਼ਨਵ ਨੇ ਪੱਤਰਕਾਰਾਂ ਨੂੰ ਦੱਸਿਆ ਕਿ ਕੈਬਨਿਟ ਨੇ ਮੇਘਾਲਿਆ ਦੇ ਮਾਵਲਿੰਗਖੁੰਗ (ਸ਼ਿਲਾਂਗ ਦੇ ਨੇੜੇ) ਤੋਂ ਆਸਾਮ ਦੇ ਪੰਚਗ੍ਰਾਮ (ਸਿਲਚਰ ਦੇ ਨੇੜੇ) ਤੱਕ ਨੈਸ਼ਨਲ ਹਾਈਵੇਅ ਨੰਬਰ 06 ਦੀ 166.80 ਕਿਲੋਮੀਟਰ ਲੰਬੀ ਚਾਰ-ਮਾਰਗੀ ਸੜਕ ਦੇ ਵਿਕਾਸ, ਰੱਖ-ਰਖਾਅ ਅਤੇ ਪ੍ਰਬੰਧਨ ਦੇ ਪ੍ਰਸਤਾਵ ਨੂੰ ਹਾਈਬ੍ਰਿਡ ਐਨੂਇਟੀ ਮੋਡ 'ਤੇ ਮਨਜ਼ੂਰੀ ਦੇ ਦਿੱਤੀ ਹੈ। ਇਸ ਪ੍ਰਾਜੈਕਟ ਦੀ ਕੁੱਲ ਪੂੰਜੀ ਲਾਗਤ 22,864 ਕਰੋੜ ਰੁਪਏ ਹੈ। ਪ੍ਰਸਤਾਵਿਤ ਹਾਈ-ਸਪੀਡ ਕੋਰੀਡੋਰ



ਗੁਹਾਟੀ ਅਤੇ ਸਿਲਚਰ ਵਿਚਕਾਰ ਚੱਲਣ ਵਾਲੇ ਟ?ੈਫਿਕ ਲਈ ਸੇਵਾ ਪੱਧਰ 'ਚ ਸੁਧਾਰ ਕਰੇਗਾ। ਇਸ ਦੇ ਵਿਕਾਸ ਨਾਲ ਤ੍ਰਿਪੁਰਾ, ਮਿਜ਼ੋਰਮ, ਮਣੀਪੁਰ ਅਤੇ ਆਸਾਮ ਦੇ ਬਰਾਕ ਘਾਟੀ ਖੇਤਰ ਦੀ ਮੁੱਖ ਭੂਮੀ ਅਤੇ ਗੁਹਾਟੀ ਨਾਲ ਸੜਕ ਸੰਪਰਕ 'ਚ ਸੁਧਾਰ ਹੋਵੇਗਾ ਅਤੇ ਯਾਤਰਾ ਦੀ ਦੂਰੀ ਅਤੇ ਯਾਤਰਾ ਦੇ ਸਮੇਂ 'ਚ ਕਾਫ਼ੀ ਕਮੀ ਆਵੇਗੀ। ਬਿਆਨ ਦੇ ਅਨੁਸਾਰ, ਇਹ ਹਾਈਵੇਅ ਦੇਸ਼ ਦੀ ਲੌਜਿਸਟਿਕਸ ਕੁਸ਼ਲਤਾ ਨੂੰ ਵਧਾਉਣ 'ਚ ਵੀ ਯੋਗਦਾਨ ਪਾਵੇਗਾ। ਇਹ ਲਾਂਘਾ ਆਸਾਮ ਅਤੇ ਮੇਘਾਲਿਆ ਵਿਚਕਾਰ ਸੰਪਰਕ ਨੂੰ ਬਿਹਤਰ ਬਣਾਏਗਾ ਅਤੇ ਆਰਥਿਕ ਵਿਕਾਸ ਨੂੰ ਹੁਲਾਰਾ ਦੇਵੇਗਾ, ਜਿਸ 'ਚ ਮੇਘਾਲਿਆ 'ਚ ਉਦਯੋਗਾਂ ਦਾ ਵਿਕਾਸ ਵੀ ਸ਼ਾਮਲ ਹੈ, ਕਿਉਂਕਿ ਇਹ ਮੇਘਾਲਿਆ ਦੇ ਸੀਮੇਂਟ ਅਤੇ ਕੋਲਾ ਉਤਪਾਦਕ ਖੇਤਰਾਂ 'ਚੋਂ ਲੰਘੇਗਾ। ਵੈਸ਼ਨਵ ਨੇ ਕਿਹਾ,÷ਇਹ ਕੋਰੀਡੋਰ ਗੁਹਾਟੀ ਹਵਾਈ ਅੱਡੇ, ਸ਼ਿਲਾਂਗ ਹਵਾਈ ਅੱਡੇ ਅਤੇ ਸਿਲਚਰ ਹਵਾਈ ਅੱਡੇ ਤੋਂ ਆਉਣ ਵਾਲੇ ਰਾਸ਼ਟਰੀ ਅਤੇ ਅੰਤਰਰਾਸ਼ਟਰੀ ਸੈਲਾਨੀਆਂ ਦੀਆਂ ਜ਼ਰੂਰਤਾਂ ਨੂੰ ਪੂਰਾ ਕਰੇਗਾ। ਇਹ ਉੱਤਰ-ਪੂਰਬ ਦੇ ਸੈਰ-ਸਪਾਟਾ ਸਥਾਨਾਂ ਨੂੰ ਜੋੜੇਗਾ, ਜਿਸ ਨਾਲ ਸੈਰ-ਸਪਾਟੇ ਨੂੰ ਹੁਲਾਰਾ ਮਿਲੇਗਾ।÷ ਇਹ ਮਹੱਤਵਪੂਰਨ ਬੁਨਿਆਦੀ ਢਾਂਚਾ ਪ੍ਰਾਜੈਕਟ ਗੁਹਾਟੀ, ਸ਼ਿਲਾਂਗ ਅਤੇ ਸਿਲਚਰ ਵਿਚਕਾਰ ਸੰਪਰਕ ਨੂੰ ਵੀ ਬਿਹਤਰ ਬਣਾਏਗਾ। ਇਹ ਹਾਈਵੇਅ ਮੇਘਾਲਿਆ ਦੇ ਰੀ ਭੋਈ, ਪੂਰਬੀ ਖਾਸੀ ਪਹਾੜੀਆਂ, ਪੱਛਮੀ ਜੈਂਤੀਆ ਪਹਾੜੀਆਂ ਅਤੇ ਪੂਰਬੀ ਜੈਂਤੀਆ ਪਹਾੜੀਆਂ ਅਤੇ ਆਸਾਮ ਦੇ ਕਛਾਰ ਜ਼ਿਲ੍ਹੇ 'ਚੋਂ ਲੰਘੇਗਾ।

सत्यमेव जयते
DELHI POLICE SHANTI SEWA NYAYA
TRAFFIC POLICE DELHI
DELHI DISTRICT COURTS

ਦਿੱਲੀ ਜ਼ਿਲ੍ਹਾ ਨਿਆਲਿਆ
ਦਿੱਲੀ ਟ੍ਰੈਫਿਕ ਪੁਲਿਸ
ਦੇ ਨਾਲ ਮਿਲਕੇ
ਆਯੋਜਿਤ ਕਰ ਰਿਹਾ ਹੈ

ਵਿਸ਼ੇਸ਼ ਸੰਧਿਆਕਾਲੀਨ ਨਿਆਲਿਆ

ਸ਼ਾਮ 5:00 ਵਜੇ ਤੋਂ ਸ਼ਾਮ 7:00 ਵਜੇ ਤਕ

ਦਿੱਲੀ ਟ੍ਰੈਫਿਕ ਪੁਲਿਸ ਦੇ ਚਾਲਾਨਾਂ ਦੇ ਨਿਪਟਾਨ ਲਈ

ਦਿੱਲੀ ਦੀ ਜ਼ਿਲ੍ਹਾ ਅਦਾਲਤਾਂ 'ਚ ਸਾਰੇ ਕਾਰਜ ਦਿਵਸਾਂ 'ਤੇ

ਹੁਣ ਵਰਚੁਅਲ ਕੋਰਟ 31/12/2022 ਤਕ ਲੰਬਿਤ ਚਾਲਾਨ ਵੀ ਇਸ 'ਚ ਸ਼ਾਮਿਲ ਕਰ ਲਏ ਗਏ ਹਨ।

ਕਿਊਆਰ ਕੋਡ 1 ਚਾਲਾਨ ਕਿਵੇਂ ਡਾਊਨਲੋਡ ਕਰੋ, ਇਹ ਜਾਨਣ ਦੇ ਲਈ ਸਕੈਨ ਕਰੋ

ਚਾਲਾਨ ਨੂੰ ਡਾਊਨਲੋਡ ਕਰ ਪ੍ਰਿੰਟ ਕਢਾਉਣ ਦੇ ਲਈ ਜਾਓ
https://traffic.delhipolice.gov.in/evecourtddc
'ਤੇ ਜਾਂ ਕਿਊਆਰ ਕੋਡ ਸਕੈਨ ਕਰੋ।

ਕਿਊਆਰ ਕੋਡ 2 ਚਾਲਾਨ ਡਾਊਨਲੋਡ ਦੇ ਲਈ ਸਕੈਨ ਕਰੋ

DP/9774/2025

ਵਧੇਰੇ ਜਾਣਕਾਰੀ ਦੇ ਲਈ ਸਾਡੇ ਨਾਲ ਜੁੜੋ : @dtptraffic @dtptraffic @dtptraffic WhatsApp : 8750871493

# ਆਬਕਾਰੀ ਵਿਭਾਗ ਨੇ ਭਿੰਡੀ-ਸੈਦਾਂ ਪਿੰਡ ਤੇ ਸ਼ਹਿਰੀ ਖੇਤਰਾਂ ’ਚ ਕੀਤੀ ਛਾਪੇਮਾਰੀ, ਸ਼ਰਾਬ ਮਾਫੀਆ ’ਚ ਹੜਕੰਪ

ਅੰਮ੍ਰਿਤਸਰ 30 ਅਪ੍ਰੈਲ। ਜ਼ਿਲ੍ਹਾ ਆਬਕਾਰੀ ਵਿਭਾਗ ਅਤੇ ਪੁਲਸ ਦੀ ਸਾਂਝੀ ਕਾਰਵਾਈ ਵਿੱਚ ਅਜਨਾਲਾ ਦੇ ਭਿੰਡੀ-ਸੈਦਾਂ ਇਲਾਕਿਆਂ ਵਿੱਚ ਨਾਜਾਇਜ਼ ਸ਼ਰਾਬ ਖਿਲਾਫ ਕੀਤੀ ਗਈ ਕਾਰਵਾਈ ਵਿੱਚ 5000 ਲੀਟਰ ਨਾਜਾਇਜ਼ ਸ਼ਰਾਬ ਦਾ ਜਖੀਰਾ ਬਰਾਮਦ ਕੀਤਾ ਗਿਆ ਹੈ। ਇਸ ਦੇ ਨਾਲ ਹੀ ਸ਼ਹਿਰੀ ਖੇਤਰਾਂ ਵਿੱਚ ਦੋ ਥਾਵਾਂ ਤੋਂ ਅੰਗਰੇਜੀ ਸ਼ਰਾਬ ਵੀ ਬਰਾਮਦ ਕੀਤੀ ਗਈ ਹੈ, ਜੋ ਕਿ ਸਰਕਾਰ ਦੇ ਮਾਲੀਏ ਲਈ ਸਿੱਧੇ ਤੌਰ ’ਤੇ ਖ਼ਤਰਾ ਪੈਦਾ ਹੈ। ਆਬਕਾਰੀ ਵਿਭਾਗ ਦੀ ਕਾਰਵਾਈ ਕਾਰਨ ਗੈਰ-ਕਾਨੂੰਨੀ ਸ਼ਰਾਬ ਮਾਫੀਆ ਵਿੱਚ ਹੜਕੰਪ ਮੱਚਿਆ ਹੋਇਆ ਹੈ। ਇਹ ਕਾਰਵਾਈ ਜ਼ਿਲ੍ਹਾ ਆਬਕਾਰੀ ਅਫ਼ਸਰ ਮਨੀਸ਼ ਗੋਇਲ ਦੀ ਨਿਗਰਾਨੀ ਹੇਠ ਕੀਤੀ ਗਈ, ਜਿਸ ਵਿੱਚ ਆਬਕਾਰੀ ਇੰਸਪੈਕਟਰ ਧਰਮਿੰਦਰ ਸ਼ਰਮਾ, ਮੋਹਿਤ ਗੁਪਤਾ ਅਤੇ ਮੈਡਮ ਜਗਦੀਪ ਕੌਰ ਦੀ ਅਗਵਾਈ ਹੇਠ ਵੱਖ-ਵੱਖ ਥਾਵਾਂ ’ਤੇ ਛਾਪੇਮਾਰੀ ਦੌਰਾਨ ਆਬਕਾਰੀ ਪੁਲਸ ਅਤੇ ਜ਼ਿਲ੍ਹਾ ਪੁਲਸ ਦੇ ਕਰਮਚਾਰੀ ਸ਼ਾਮਲ ਸਨ। ਇਸ ਕਾਰਵਾਈ ਵਿੱਚ ਜ਼ਿਲ੍ਹਾ ਅੰਮ੍ਰਿਤਸਰ-2 ਦੇ ਅਜਨਾਲਾ ਸਰਕਲ ਵਿੱਚ ਭਿੰਡੀ-ਸੈਦਾਂ ਨਾਮਕ ਜਗ?ਹਾ ਤੋਂ 5 ਹਜ਼ਾਰ ਲੀਟਰ ਸ਼ਰਾਬ ਨਾਲ ਭਰੇ ਡਰੰਮ ਬਰਾਮਦ ਕੀਤੇ ਗਏ, ਜਿਸ ਵਿੱਚ ਇਸ ਕਾਰਵਾਈ ਦੀ ਅਗਵਾਈ ਇੰਸਪੈਕਟਰ ਮੈਡਮ ਜਗਦੀਪ ਕੌਰ ਨੇ ਕੀਤੀ। ਇਸ ਮਾਮਲੇ ਵਿੱਚ ਪੁਲਸ ਨੇ ਭਿੰਡੀ-ਸੈਦਾ ਦੇ ਰਹਿਣ ਵਾਲੇ ਕੁਲਵੰਤ ਸਿੰਘ



ਪੁੱਤਰ ਅੰਗਰੇਜ਼ ਸਿੰਘ ਖਿਲਾਫ਼ ਕੇਸ ਦਰਜ ਕੀਤਾ ਹੈ। ਇਸ ਦੇ ਨਾਲ ਹੀ ਉਸੇ ਇੰਸਪੈਕਟਰ ਜਗਦੀਪ ਕੌਰ ਨੇ ਰਾਮਦਾਸ ਖੇਤਰ ਦੇ ਅਧੀਨ ਆਉਂਦੇ ਦੂਜੋਵਾਲ ਵਿੱਚ ਛਾਪਾ ਮਾਰਿਆ ਅਤੇ 7500 ਮਿਲੀਲੀਟਰ ਨਾਜਾਇਜ਼ ਤਰਲ ਪਦਾਰਥ ਬਰਾਮਦ ਕੀਤਾ। ਇਸ ਸਬੰਧੀ ਥਾਣਾ ਰਾਮਦਾਸ ਪੁਲਸ ਨੇ ਵਿਕਰਮ ਸਿੰਘ ਪੁੱਤਰ ਬਲਦੇਵ ਸਿੰਘ ਵਾਸੀ ਦੂਜੋਵਾਲ ਖ਼?ਲਾਫ਼ ਕੇਸ ਦਰਜ ਕੀਤਾ ਹੈ। ਇਸੇ ਤਰ੍ਹਾਂ ਅੰਗਰੇਜੀ ਸ਼ਰਾਬ ਬਰਾਮਦ ਕਰਨ ਦੀ ਕਵਾਇਦ ਵਿੱਚ ਆਬਕਾਰੀ ਵਿਭਾਗ ਦੇ ਇੰਸਪੈਕਟਰ ਧਰਮਿੰਦਰ ਸ਼ਰਮਾ ਨੇ ਦਵਿੰਦਰ ਸ਼ਰਮਾ ਉਰਫ਼ ਰਾਜੂ ਪੁੱਤਰ ਤਿਲਕ ਰਾਜ ਵਾਸੀ ਅਜੀਤ ਐਨਕਲੇਵ ਗੁੰਮਟਾਲਾ ਖਿਲਾਫ 12 ਬੋਤਲਾਂ ਅੰਗਰੇਜੀ ਸ਼ਰਾਬ ਰਾਇਲ ਸਟੈਗ ਸਮੇਤ ਅੰਮ੍ਰਿਤਸਰ ਸ਼ਹਿਰ ਦੇ ਥਾਣਾ ਕੰਟੋਨਮੈਂਟ ਵਿਖੇ ਕੇਸ ਦਰਜ ਕੀਤਾ ਹੈ। ਜ਼ਿਲ੍ਹਾ ਆਬਕਾਰੀ ਅਧਿਕਾਰੀ ਮਨੀਸ਼ ਗੋਇਲ ਨੇ ਦੱਸਿਆ ਕਿ ਇੰਸਪੈਕਟਰ ਮੋਹਿਤ ਗੁਪਤਾ ਅਤੇ ਧਰਮਿੰਦਰ ਸ਼ਰਮਾ ਦੀ ਅਗਵਾਈ ਹੇਠ ਆਬਕਾਰੀ ਟੀਮ ਨੇ ਗਵਾਲ ਮੰਡੀ ਅਤੇ ਲਾਰੈਂਸ ਰੋਡ ਇਲਾਕੇ ਵਿੱਚ ਕਈ ਥਾਵਾਂ ’ਤੇ ਚੈਕਿੰਗ ਕੀਤੀ। ਇਸ ਦੌਰਾਨ ਲਾਰੈਂਸ ਰੋਡ ’ਤੇ ਇੱਕ ਘਰ ਬਾਹਰ ਖੜੀ ਆਲਟੋ ਕਾਰ ਵਿੱਚੋਂ ਇੰਗਲਿਸ਼ ਇੰਪੀਰੀਅਲ-ਬਲੂ ਬ੍ਰਾਂਡ ਦੀਆਂ 21 ਬੋਤਲਾਂ ਬਰਾਮਦ ਕੀਤੀਆਂ ਗਈਆਂ। ਜ਼ਿਲ੍ਹਾ ਆਬਕਾਰੀ ਅਧਿਕਾਰੀ ਮਨੀਸ਼ ਨੇ ਦੱਸਿਆ ਕਿ ਅੰਗਰੇਜ਼ੀ ਸ਼ਰਾਬ ਜ਼ਬਤ ਕਰ ਲਈ ਗਈ ਹੈ। ਇਸ ਦੇ ਨਾਲ ਹੀ, ਪੇਂਡੂ ਖੇਤਰਾਂ ਤੋਂ ਬਰਾਮਦ ਕੀਤੀ ਗਈ ਲਾਹਣ ਦੇ ਰੂਪ ਵਿੱਚ ਨਾਜਾਇਜ਼ ਸ਼ਰਾਬ ਦੀ ਸਮੱਗਰੀ ਨੂੰ ਨਸ਼ਟ ਕਰ ਦਿੱਤਾ ਗਿਆ ਹੈ। ਸਹਾਇਕ ਕਮਿਸ਼ਨਰ ਅੰਮ੍ਰਿਤਸਰ ਰੇਂਜ ਸੁਖਵਿੰਦਰ ਸਿੰਘ ਨੇ ਕਿਹਾ ਹੈ ਕਿ ਵਿਭਾਗ ਦੀ ਨਾਜਾਇਜ਼ ਸ਼ਰਾਬ ਖਿਲਾਫ ਮੁਹਿੰਮ ਨੂੰ ਹੋਰ ਤੇਜ਼ ਕੀਤਾ ਜਾਵੇਗਾ।

## ਹਰਿਆਣਾ ਦੇ ਇਸ ਜ਼ਿਲ੍ਹੇ ਤੋਂ ਸ਼ੁਰੂ ਹੋਈ ਅੰਮ੍ਰਿਤਸਰ ਸਾਹਿਬ ਲਈ ਬੱਸ ਸੇਵਾ

ਡੈਸਕ 30 ਅਪ੍ਰੈਲ। ਸਿਰਸਾ ਦੇ ਲੋਕਾਂ ਲਈ ਇੱਕ ਵੱਡੀ ਖ਼ਬਰ ਆਈ ਹੈ। ਦਰਅਸਲ ਸਿਰਸਾ ਤੋਂ ਸ੍ਰੀ ਅੰਮ੍ਰਿਤਸਰ ਸਾਹਿਬ ਲਈ ਸਿੱਧੀ ਰੋਡਵੇਜ਼ ਬੱਸ ਸ਼ੁਰੂ ਹੋਈ ਹੈ। ਅੱਜ ਵੱਡੀ ਗਿਣਤੀ ਵਿੱਚ ਸ਼ਰਧਾਲੂ ਬੱਸ ਵਿੱਚ ਅੰਮ੍ਰਿਤਸਰ ਲਈ ਰਵਾਨਾ ਹੋਏ ਹਨ। ਟ?ਰੈਫਿਕ ਮੈਨੇਜਰ (ਟੀਐੱਮ) ਸੁਧੀਰ ਕੁਮਾਰ ਨੇ ਸਿਰਸਾ ਬੱਸ ਸਟੈਂਡ ਤੋਂ ਇਸ ਬੱਸ ਸੇਵਾ ਨੂੰ ਹਰੀ ਝੰਡੀ ਦੇ ਕੇ ਰਵਾਨਾ ਕੀਤਾ ਹੈ। ਇਸ ਦੇ ਨਾਲ ਹੀ ਰੋਡਵੇਜ਼ ਬੱਸ ਦੇ ਡਰਾਈਵਰ ਅਤੇ ਕੰਡਕਟਰ ਨੂੰ ਮਠਿਆਈਆਂ ਦਿੱਤੀਆਂ ਗਈਆਂ ਅਤੇ ਯਾਤਰੀਆਂ ਦਾ ਸਵਾਗਤ ਕੀਤਾ ਗਿਆ। ਸਿਰਸਾ ਤੋਂ ਅੰਮ੍ਰਿਤਸਰ ਤੱਕ ਦਾ ਸਫ਼ਰ ਲਗਭਗ 7 ਘੰਟੇ ਦਾ ਹੈ। ਦੱਸਿਆ ਜਾ ਰਿਹਾ ਹੈ ਕਿ ਸਿਰਸਾ ਤੋਂ ਅੰਮ੍ਰਿਤਸਰ ਜਾਣ ਲਈ ਇੱਕ ਪਾਸੇ ਦਾ ਕਿਰਾਇਆ 375 ਰੁਪਏ ਰੱਖਿਆ ਗਿਆ ਹੈ। ਜਾਣਕਾਰੀ ਅਨੁਸਾਰ ਰੋਡਵੇਜ਼ ਪ੍ਰਸ਼ਾਸਨ ਸਿਰਸਾ ਤੋਂ ਅੰਮ੍ਰਿਤਸਰ ਲਈ ਆਨਲਾਈਨ ਟਿਕਟ ਬੁਕਿੰਗ ਦੀ ਸਹੂਲਤ ਵੀ ਸ਼ੁਰੂ ਕਰ ਸਕਦਾ ਹੈ। ਇਹ ਸਿਰਸਾ ਤੋਂ ਸਵੇਰੇ




9.40 ਵਜੇ ਚੱਲੇਗੀ। ਇਸ ਤੋਂ ਬਾਅਦ ਇਹ ਸਵੇਰੇ 11 ਵਜੇ ਡੱਬਵਾਲੀ, ਦੁਪਹਿਰ 12.13 ਵਜੇ ਬਠਿੰਡਾ, ਦੁਪਹਿਰ 13.54 ਵਜੇ ਫਰੀਦਕੋਟ, ਦੁਪਹਿਰ 17.00 ਵਜੇ ਅੰਮ੍ਰਿਤਸਰ ਯਾਨੀ ਸ਼ਾਮ 5 ਵਜੇ ਪਹੁੰਚੇਗੀ। ਅੰਮ੍ਰਿਤਸਰ ਤੋਂ ਵਾਪਸੀ ’ਤੇ ਇਹ ਬੱਸ ਅਗਲੇ ਦਿਨ ਸਵੇਰੇ 6.25 ਵਜੇ ਰਵਾਨਾ ਹੋਵੇਗੀ। ਇਸ ਤੋਂ ਬਾਅਦ ਇਹ ਸਵੇਰੇ 9.23 ਵਜੇ ਫਰੀਦਕੋਟ, ਸਵੇਰੇ 11.30 ਵਜੇ ਬਠਿੰਡਾ, ਦੁਪਹਿਰ 12.40 ਵਜੇ ਡੱਬਵਾਲੀ ਹੁੰਦੀ ਹੋਈ ਦੁਪਹਿਰ 2 ਵਜੇ ਸਿਰਸਾ ਬੱਸ ਸਟੈਂਡ ਪਹੁੰਚੇਗੀ।

## ਦਿਨ-ਦਿਹਾੜੇ ਤਾੜ-ਤਾੜ ਚੱਲੀਆਂ ਗੋਲੀਆਂ

ਝਬਾਲ, 30 ਅਪ੍ਰੈਲ। ਪੰਜਾਬ ’ਚ ਗੋਲੀਆਂ ਚੱਲਣ ਦੀਆਂ ਘਟਨਾਵਾਂ ਦਿਨੋਂ ਦਿਨ ਵਧਦੀਆਂ ਜਾ ਰਹੀਆਂ ਹਨ। ਅੱਜ ਦਿਨ-ਦਿਹਾੜੇ ਝਬਾਲ ਨਜ਼ਦੀਕ ਮੋੜ ਬਾਬਾ ਬੁੱਢਾ ਸਾਹਿਬ ਠੱਠਾ ਵਿਖੇ ਇਕ ਰੈਡੀਮੈਡ ਕੱਪੜਿਆਂ ਦੇ ਸ਼ੋਅਰੂਮ ’ਤੇ 3 ਅਣਪਛਾਤੇ ਮੋਟਰਸਾਈਕਲ ਸਵਾਰਾਂ ਵੱਲੋਂ ਕੀਤੀ ਫਾਇਰਿੰਗ ਕੀਤੀ ਗਈ। ਇਸ ਘਟਨਾ ਨਾਲ ਇਲਾਕੇ ਵਿਚ ਦਹਿਸ਼ਤ ਫੈਲ ਗਈ। ਜਾਣਕਾਰੀ ਅਨੁਸਾਰ ਬਾਬਾ ਬੁੱਢਾ ਸਾਹਿਬ ਮੋੜ ਅੱਡਾ ਠੱਠਾ ਵਿਖੇ ਕੱਪੜਿਆਂ ਦੀ ਰੈਡੀਮੇਡ ਮਾਝਾ ਕਲਾਥ ਹਾਊਸ ਦੀ ਦੁਕਾਨ ਹੈ ਜਿਸਦੇ ਮਾਲਕ ਕਰਨਦੀਪ ਸਿੰਘ ਤੇ ਪ੍ਰਿਤਪਾਲ ਸਿੰਘ ਹਨ। ਸ਼ੁੱਕਰਵਾਰ ਸ਼ਾਮ ਲਗਭਗ ਸਾਢੇ 6 ਵਜੇ ਜਦੋਂ ਉਨ੍ਹਾਂ ਦੇ ਮੈਨੇਜਰ ਦਲਜੀਤ ਸਿੰਘ ਅਤੇ ਕਰਿੰਦਾ ਗੁਰਵਿੰਦਰ ਸਿੰਘ ਦੁਕਾਨ ’ਤੇ ਮੌਜੂਦ ਗਾਹਕਾਂ ਨੂੰ ਕੱਪੜਾ ਦੇ ਰਹੇ ਸਨ ਤਾਂ ਮੋਟਰ ਸਾਈਕਲ ’ਤੇ 3 ਅਣਪਛਾਤਿਆਂ ਨੇ ਦੁਕਾਨ ’ਤੇ ਗੋਲੀਆਂ



ਚਲਾਉਣੀਆਂ ਸ਼ੁਰੂ ਕਰ ਦਿਤੀਆਂ। ਫਈਰਿੰਗ ਦੌਰਾਨ ਕਿਸੇ ਵੀ ਜਾਨੀ ਨੁਕਸਾਨ ਤੋਂ ਬਚਾਅ ਹੋ ਗਿਆ। ਦਲਜੀਤ ਸਿੰਘ ਨੇ ਦੱਸਿਆ ਕਿ ਗੋਲੀਆਂ ਦੀ ਆਵਾਜ਼ ਸੁਣਕੇ ਅਸੀਂ ਹੇਠਾਂ ਬੈਠ ਗਏ। ਗੋਲੀਆਂ ਚਲਾਉਣ ਤੋਂ ਬਾਅਦ ਅਣਪਛਾਤੇ ਵਿਅਕਤੀ ਮੋਟਰਸਾਈਕਲ ’ਤੇ ਝਬਾਲ ਅੱਡੇ ਵੱਲ ਦੌੜ ਗਏ, ਜਿਥੇ ਸਾਰਾ ਦਿਨ ਪੁਲਸ ਦਾ ਨਾਕਾ ਹੁੰਦਾ ਹੈ। ਦੁਕਾਨ ਮਾਲਕਾਂ ਦੇ ਦੱਸਣ ਮੁਤਾਬਕ ਗੋਲੀਆਂ ਚੱਲਣ ਦੀ ਵਾਰਦਾਤ ਬਾਰੇ ਝਬਾਲ ਪੁਲਸ ਨੂੰ ਦੱਸਣ ਦੇ ਬਾਵਜੂਦ ਪੁਲਸ ਅੱਧੇ ਘੰਟੇ ਬਾਅਦ ਮੌਕੇ ਤੇ ਪਹੁੰਚੀ। ਦਿਨ ਦਿਹਾੜੇ ਹੋਈ ਇਸ ਘਟਨਾ ਨਾਲ ਇਲਾਕੇ ਵਿੱਚ ਦਹਿਸ਼ਤ ਫੈਲ ਗਈ ਹੈ। ਗੋਲੀਆਂ ਚੱਲਣ ਦੀ ਸਾਰੀ ਘਟਨਾ ਸੀਸੀਟੀਵੀ ਕੈਮਰੇ ਵਿੱਚ ਕੈਦ ਹੋ ਗਈ। ਇਸ ਸਬੰਧੀ ਥਾਣਾ ਮੁਖੀ ਝਬਾਲ ਆਈਪੀਐੱਸ ਅਸ਼ੋਕ ਮੀਨਾ ਨੇ ਕਿਹਾ ਕਿ ਸੀਸੀਟੀਵੀ ਕੈਮਰੇ ਖਗਾਲੇ ਜਾ ਰਹੇ ਹਨ ਅਤੇ ਜਲਦੀ ਗੋਲੀ ਚਲਾਉਣ ਵਾਲੇ ਵਿਅਕਤੀ ਗ੍ਰਿਫਤਾਰ ਕਰ ਲਏ ਜਾਣਗੇ।

## ਵਿਆਹ ਸਮਾਗਮ ’ਚ ਪੈ ਗਿਆ ਭੜਥੂ, ਹਸਪਤਾਲ ’ਚ ਦਾਖਲ ਕਰਾਉਣੇ ਪਏ 51 ਲੋਕ

ਕੋਰਬਾ 30 ਅਪ੍ਰੈਲ। ਛੱਤੀਸਗੜ੍ਹ ਦੇ ਕੋਰਬਾ ਜ਼ਿਲ੍ਹੇ ਵਿਚ ਇਕ ਵਿਆਹ ਸਮਾਰੋਹ ਦੌਰਾਨ ਭੋਜਨ ਕਰਨ ਮਗਰੋਂ 43 ਬੱਚਿਆਂ ਸਮੇਤ 51 ਲੋਕ ਬੀਮਾਰ ਹੋ ਗਏ। ਅਧਿਕਾਰੀਆਂ ਨੇ ਸ਼ੁੱਕਰਵਾਰ ਨੂੰ ਇਹ ਜਾਣਕਾਰੀ ਦਿੱਤੀ। ਅਧਿਕਾਰੀਆਂ ਨੇ ਦੱਸਿਆ ਕਿ ਜ਼ਿਲ੍ਹੇ ਦੇ ਉਰਗਾ ਥਾਣਾ ਖੇਤਰ ਦੇ ਅਧੀਨ ਭੈਸਮਾ ਪਿੰਡ ਵਿਚ ਵਿਆਹ ਸਮਾਰੋਹ ਦੌਰਾਨ ਭੋਜਨ ਕਰਨ ਮਗਰੋਂ 51 ਲੋਕ ਬੀਮਾਰ ਹੋ ਗਏ। ਇਨ੍ਹਾਂ ਵਿਚ 14 ਕੁੜੀਆਂ, 23 ਮੁੰਡੇ, 11 ਔਰਤਾਂ ਅਤੇ ਤਿੰਨ ਪੁਰਸ਼ ਸ਼ਾਮਲ ਹਨ। ਉਨ੍ਹਾਂ ਦੱਸਿਆ ਕਿ ਭੈਸਮਾ ਪਿੰਡ ਦੇ ਪਹਰੀਪਾਰਾ ਦੇ ਪਿੰਡ ਵਾਸੀ ਵੀਰਵਾਰ ਨੂੰ ਪਿੰਡ ’ਚ ਇਕ ਵਿਆਹ ਸਮਾਗਮ ’ਚ ਸ਼ਾਮਲ ਹੋਣ ਗਏ ਸਨ। ਜਦੋਂ ਪਿੰਡ ਵਾਲਿਆਂ ਨੇ ਰਾਤ ਨੂੰ ਖਾਣਾ ਖਾਧਾ ਤਾਂ ਕੁਝ ਸਮੇਂ ਬਾਅਦ ਉਨ੍ਹਾਂ ਨੂੰ ਉਲਟੀਆਂ ਅਤੇ ਦਸਤ ਦੀ ਸ਼ਿਕਾਇਤ ਹੋਣ



ਲੱਗੀ। ਅਧਿਕਾਰੀਆਂ ਨੇ ਦੱਸਿਆ ਕਿ ਬੀਮਾਰ ਪਿੰਡ ਵਾਸੀਆਂ ਨੂੰ ਕੋਰਬਾ ਜ਼ਿਲ੍ਹਾ ਹੈੱਡਕੁਆਰਟਰ ਸਥਿਤ ਮੈਡੀਕਲ ਕਾਲਜ ਹਸਪਤਾਲ ’ਚ ਦਾਖਲ ਕਰਵਾਇਆ ਗਿਆ ਹੈ। ਮੈਡੀਕਲ ਕਾਲਜ ਦੇ ਸੁਪਰਡੈਂਟ ਡਾ. ਗੋਪਾਲ ਕੰਵਰ ਨੇ ਦੱਸਿਆ ਕਿ 51 ਲੋਕਾਂ ਨੂੰ ਹਸਪਤਾਲ ’ਚ ਦਾਖਲ ਕਰਵਾਇਆ ਗਿਆ ਹੈ ਅਤੇ ਉਨ੍ਹਾਂ ਦਾ ਇਲਾਜ ਚੱਲ ਰਿਹਾ ਹੈ। ਸਾਰਿਆਂ ਦੀ ਹਾਲਤ ਆਮ ਹੈ। ਕੰਵਰ ਨੇ ਕਿਹਾ ਕਿ ਪਿੰਡ ਵਾਸੀਆਂ ਨੇ ਦੱਸਿਆ ਹੈ ਕਿ ਵਿਆਹ ਦੌਰਾਨ ਖਾਣਾ ਖਾਣ ਤੋਂ ਬਾਅਦ ਉਸ ਦੀ ਸਿਹਤ ਵਿਗੜ ਗਈ। ਉਨ੍ਹਾਂ ਮੁਤਾਬਕ ਇਹ ਸ਼ੱਕ ਹੈ ਕਿ ਪਿੰਡ ਵਾਸੀ ਜ਼ਹਿਰੀਲੇ ਭੋਜਨ ਕਾਰਨ ਬੀਮਾਰ ਹੋਏ ਹਨ ਪਰ ਅਸਲ ਕਾਰਨ ਜਾਂਚ ਤੋਂ ਬਾਅਦ ਹੀ ਪਤਾ ਲੱਗੇਗਾ। ਅਧਿਕਾਰੀਆਂ ਨੇ ਦੱਸਿਆ ਕਿ ਘਟਨਾ ਦੀ ਜਾਣਕਾਰੀ ਮਿਲਣ ਤੋਂ ਬਾਅਦ ਪੁਲਸ ਅਤੇ ਜ਼ਿਲ੍ਹਾ ਪ੍ਰਸ਼ਾਸਨ ਦੇ ਅਧਿਕਾਰੀ ਹਸਪਤਾਲ ਪਹੁੰਚੇ ਅਤੇ ਬੀਮਾਰ ਪਿੰਡ ਵਾਸੀਆਂ ਤੋਂ ਪੁੱਛਗਿੱਛ ਕੀਤੀ।

## ਕਹਿਰ ਓ ਰੱਬਾ ! ਮਾਂ ਦੀ ਬੁੱਕਲ ’ਚੋਂ ਖਿੱਚ ਕੇ ਲੈ ਗਈ ਮੌਤ

ਨੈਸ਼ਨਲ ਡੈਸਕ 30 ਅਪ੍ਰੈਲ। ਮਹਾਰਾਸ਼ਟਰ ਸੂਬੇ ਤੋਂ ਇਕ ਬੇਹੱਦ ਦੁਖ਼ਦਾਈ ਖ਼ਬਰ ਸਾਹਮਣੇ ਆਈ ਹੈ, ਜਿਸ ਨੂੰ ਸੁਣ ਕੇ ਹਰ ਕਿਸੇ ਦਾ ਦਿਲ ਵਲੂੰਧਰਿਆ ਗਿਆ ਹੈ। ਉੱਥੋਂ ਦੇ ਪਾਲਘਰ ’ਚ ਇਕ ਬਿਲਡਿੰਗ ਦੀ 21ਵੀਂ ਮੰਜ਼ਿਲ ’ਤੇ ਬੈਠੀ ਮਾਂ ਦੀ ਗੋਦ ’ਚੋਂ ਫ਼?ਸਲ ਕੇ 7 ਮਹੀਨੇ ਦਾ ਮਾਸੂਮ ਹੇਠਾਂ ਆ ਡਿੱਗਾ, ਜਿਸ ਕਾਰਨ ਉਸ ਦੀ ਦਰਦਨਾਕ ਮੌਤ ਹੋ ਗਈ।



ਜਾਣਕਾਰੀ ਦਿੰਦੇ ਹੋਏ ਪੁਲਸ ਅਧਿਕਾਰੀਆਂ ਨੇ ਦੱਸਿਆ ਕਿ ਇਹ ਘਟਨਾ ਬੋਲਿੰਜ ਕਸਬੇ ’ਚ ਵਾਪਰੀ, ਜਿੱਥੇ ਮਾਂ ਨੇ ਬੱਚੇ ਨੂੰ ਗੋਦੀ ’ਚ ਉਠਾਇਆ ਹੋਇਆ ਸੀ। ਇਸ ਦੌਰਾਨ ਉਹ ਕਮਰੇ ਦੀ ਖੁੱਲ੍ਹੀ ਹੋਈ ਖਿੜਕੀ ਨੂੰ ਬੰਦ ਕਰਨ ਲੱਗੀ ਤਾਂ ਬੱਚਾ ਉਸ ਦੀ ਗੋਦ ’ਚੋਂ ਤਿਲਕ ਗਿਆ ਤੇ ਹੇਠਾਂ ਡਿੱਗ ਗਿਆ। ਅਧਿਕਾਰੀਆਂ ਨੇ ਅੱਗੇ ਦੱਸਿਆ ਕਿ ਉਸ ਨੂੰ ਤੁਰੰਤ ਨਜ਼ਦੀਕੀ ਹਸਪਤਾਲ ਲਿਜਾਇਆ ਗਿਆ, ਜਿੱਥੇ ਡਾਕਟਰਾਂ ਨੇ ਉਸ ਨੂੰ ਮ੍ਰਿਤਕ ਐਲਾਨ ਦਿੱਤਾ। ਮੌਕੇ ’ਤੇ ਮੌਜੂਦ ਲੋਕਾਂ ਨੇ ਦੱਸਿਆ ਕਿ ਬੱਚੇ ਦੇ ਡਿੱਗਦਿਆਂ ਹੀ ਬੱਚੇ ਦੀ ਮਾਂ ਚੀਕਾਂ ਮਾਰਦੀ ਹੋਈ ਬੇਹੋਸ਼ ਹੋ ਕੇ ਡਿੱਗ ਗਈ, ਜੋ ਕਿ ਹਾਲੇ ਬੱਚੇ ਦੀ ਮੌਤ ਕਾਰਨ ਸਦਮੇ ’ਚ ਹੈ। ਫਿਲਹਾਲ ਪੁਲਸ ਨੇ ਬੱਚੇ ਦੀ ਮੌਤ ਦਾ ਕੇਸ ਦਰਜ ਕਰ ਲਿਆ ਹੈ ਤੇ ਮਾਮਲੇ ਦੀ ਹੋਰ ਜਾਣਕਾਰੀ ਲਈ ਜਾਂਚ ਸ਼ੁਰੂ ਕਰ ਦਿੱਤੀ ਹੈ।

## ਚੋਰ ਨੇ ਇਕ ਘਰ ਨੂੰ ਬਣਾਇਆ ਨਿਸ਼ਾਨਾ, ਲਗਾਤਾਰ 4 ਦਿਨ ਤੱਕ ਦਿੰਦਾ ਰਿਹਾ ਵਾਰਦਾਤ ਨੂੰ ਅੰਜਾਮ

ਅੰਮ੍ਰਿਤਸਰ 30 ਅਪ੍ਰੈਲ। ਅੰਮ੍ਰਿਤਸਰ ’ਚ ਇਕ ਵਾਰ ਫਿਰ ਚੋਰੀ ਦੀਆਂ ਵਾਰਦਾਤਾਂ ਵਧਦੀਆਂ ਦਿਖਾਈ ਦੇ ਰਹੀਆਂ ਹਨ ਤੇ ਚੋਰ ਬੇਖੌਫ ਹੋ ਕੇ ਚੋਰੀ ਦੀਆਂ ਵਾਰਦਾਤਾਂ ਨੂੰ ਅੰਜਾਮ ਦੇ ਰਹੇ ਹਨ। ਇਸ ਦੀ ਤਾਜ਼ਾ ਉਦਾਹਰਣ ਅੰਮ੍ਰਿਤਸਰ ਦੇ ਰਿਸ਼ੀ ਵਿਹਾਰ ’ਚ ਦੇਖਣ ਨੂੰ ਮਿਲੀ, ਜਿੱਥੇ ਕਿ ਇਕ ਚੋਰ ਇਕ ਘਰ ’ਚ ਲਗਾਤਾਰ ਹੀ ਚਾਰ ਦਿਨ ਤੱਕ ਚੋਰੀ ਕਰਦਾ ਰਿਹਾ ਅਤੇ ਜਦੋਂ ਪੰਜਵੇਂ ਦਿਨ ਚੋਰੀ ਕਰਨ ਗਿਆ ਤਾਂ ਚੋਰ ਘਰਦਿਆਂ ਦੇ ਅੜਿੱਕੇ ਆ ਗਿਆ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਘਰ ਦੀ ਮਾਲਕ ਨੇ ਦੱਸਿਆ ਕਿ ਉਹ ਚਾਰ ਤਿੰਨ ਲਈ ਦੇਹਰਾਦੂਨ ਗਏ ਹੋਏ ਸਨ ਅਤੇ ਉਨ੍ਹਾਂ ਦੇ ਘਰ ਸੀਸੀਟੀਵੀ ਕੈਮਰੇ ਲੱਗੇ ਹਨ ਅਤੇ ਪਿੱਛੋਂ ਚਾਰ ਦਿਨ ਤੱਕ ਲਗਾਤਾਰ ਹੀ ਚੋਰ ਉਨ੍ਹਾਂ ਦੇ ਘਰ ਚੋਰੀ ਕਰਨ ਲਈ ਆਉਂਦਾ ਰਿਹਾ। ਉਨ੍ਹਾਂ ਦੱਸਿਆ ਕਿ ਜਦੋਂ ਚੋਰ ਚੋਰੀ ਕਰਨ ਆਉਂਦਾ ਸੀ ਤਾਂ ਉਹ ਸੀਸੀਟੀਵੀ ਕੈਮਰੇ ਦਾ ਮੂੰਹ ਵੀ ਘੁਮਾ ਦਿੰਦਾ ਸੀ ਅਤੇ ਚੋਰ ਵੱਲੋਂ ਘਰ ’ਚ ਲੱਗੀਆਂ ਟੂਟੀਆਂ ਤੋਂ ਲੈ ਕੇ ਸੋਨੇ ਦੇ ਗਹਿਣੇ ਤੱਕ ਵੀ ਚੋਰੀ ਕਰ ਲਏ ਗਏ। ਉਨ੍ਹਾਂ ਦੱਸਿਆ ਕਿ ਜਦੋਂ ਪੰਜਵੇਂ ਦਿਨ ਚੋਰ ਫਿਰ ਚੋਰੀ ਕਰਨ ਲਈ ਘਰ ਆਇਆ ਤਾਂ ਘਰ ਦੇ ਮਾਲਕਾਂ ਵੱਲੋਂ ਚੋਰ ਨੂੰ ਕਾਬੂ ਕਰ ਲਿਆ ਗਿਆ। ਜਿਸ ਤੋਂ ਬਾਅਦ ਉਨ੍ਹਾਂ ਨੇ ਮੁਹੱਲੇ ਵਾਸੀਆਂ ਦੀ ਮਦਦ ਨਾਲ ਚੋਰ ਨੂੰ ਪੁਲਸ ਦੇ ਹਵਾਲੇ ਕੀਤਾ ਅਤੇ ਸਖ਼ਤ ਤੋਂ ਸਖ਼ਤ ਕਾਰਵਾਈ ਦੀ ਮੰਗ ਕੀਤੀ। ਪਰਿਵਾਰ ਨੇ ਕਿਹਾ ਕਿ ਚੋਰ ਵੱਲੋਂ ਚੋਰੀ ਕੀਤਾ ਸਮਾਨ ਵੀ ਬਰਾਮਦ ਕੀਤਾ ਜਾਵੇ। ਦੂਜੇ ਪਾਸੇ ਮੌਕੇ ’ਤੇ ਪਹੁੰਚੇ ਪੁਲਸ ਅਧਿਕਾਰੀਆਂ ਨੇ ਚੋਰ ਨੂੰ ਗ੍ਰਿਫ਼ਤਾਰ ਕਰ ਲਿਆ ਗਿਆ ਹੈ। ਹੁਣ ਚੋਰ ਦੇ ਖਿਲਾਫ ਬਣਦੀ ਕਾਰਵਾਈ ਕੀਤੀ ਜਾਵੇਗੀ।

## ਹੁਣ ਧੀਆਂ ਦੇ ਵਿਆਹ ’ਤੇ ਮਿਲਣਗੇ ਇਕ ਲੱਖ ਰੁਪਏ, ਤੋਹਫ਼ੇ ਤੇ ਖਰਚ ਵੀ ਚੁੱਕੇਗੀ ਸਰਕਾਰ

ਲਖਨਊ 30 ਅਪ੍ਰੈਲ। ਨਿਊਜ਼ਃ ਉੱਤਰ ਪ੍ਰਦੇਸ਼ ਦੇ ਮੁੱਖ ਮੰਤਰੀ ਯੋਗੀ ਆਦਿੱਤਿਆਨਾਥ ਨੇ ਮੁੱਖ ਮੰਤਰੀ ਸਮੂਹਿਕ ਵਿਆਹ ਯੋਜਨਾ ਦਾ ਲਾਭ ਪ੍ਰਾਪਤ ਕਰਨ ਲਈ 2 ਲੱਖ ਰੁਪਏ ਦੀ ਸਾਲਾਨਾ ਆਮਦਨ ਸੀਮਾ ਵਧਾ ਕੇ 3 ਲੱਖ ਰੁਪਏ ਕਰਨ ਦੀ ਜ਼ਰੂਰਤ ਪ੍ਰਗਟਾਈ ਹੈ। ਤੁਹਾਨੂੰ ਦੱਸ ਦੇਈਏ ਕਿ ਵੀਰਵਾਰ ਨੂੰ ਸਮਾਜ ਭਲਾਈ ਵਿਭਾਗ ਦੀ ਸਮੀਖਿਆ ਮੀਟਿੰਗ ’ਚ ਯੋਗ ਯੋਗੀ ਨੇ ਕਿਹਾ ਕਿ ਰਾਜ ਸਰਕਾਰ ਨੇ ਨਵੇਂ ਵਿੱਤੀ ਸਾਲ ਤੋਂ ਸਮੂਹਿਕ ਵਿਆਹ ਯੋਜਨਾ ਤਹਿਤ ਯੋਗ ਨਵ-ਵਿਆਹੇ ਜੋੜਿਆਂ ਨੂੰ 51 ਹਜ਼ਾਰ ਰੁਪਏ ਦੀ ਬਜਾਏ 1 ਲੱਖ ਰੁਪਏ ਦੇਣ ਦਾ ਫੈਸਲਾ ਕੀਤਾ ਹੈ। 1 ਲੱਖ ਰੁਪਏ ਦੀ ਇਸ ਰਕਮ ਵਿੱਚੋਂ 60 ਹਜ਼ਾਰ ਰੁਪਏ ਲੜਕੀ ਦੇ ਬੈਂਕ ਖਾਤੇ ਵਿੱਚ ਜਮ?ਹਾ ਕੀਤੇ ਜਾਣੇ ਚਾਹੀਦੇ ਹਨ, ਜਦਕਿ 25 ਹਜ਼ਾਰ ਰੁਪਏ ਦੇ ਤੋਹਫ਼ੇ ਨਵ-ਵਿਆਹੇ ਜੋੜੇ ਨੂੰ ਦਿੱਤੇ ਜਾਣੇ ਚਾਹੀਦੇ ਹਨ, ਬਾਕੀ 15 ਹਜ਼ਾਰ ਰੁਪਏ ਵਿਆਹ ਸਮਾਗਮ ’ਚ ਖਰਚ ਕੀਤੇ ਜਾਣੇ ਚਾਹੀਦੇ ਹਨ। ਮੁੱਖ ਮੰਤਰੀ ਨੇ ਇਸ ਪ੍ਰਣਾਲੀ ਨੂੰ ਤੁਰੰਤ ਲਾਗੂ ਕਰਨ ਦੇ ਨਿਰਦੇਸ਼ ਦਿੱਤੇ ਹਨ। ਬੁਢਾਪਾ ਪੈਨਸ਼ਨ ਦੀ ਅਪਡੇਟ ਕੀਤੀ ਸਥਿਤੀ ਦੀ ਸਮੀਖਿਆ ਕਰਦੇ ਹੋਏ ਮੁੱਖ ਮੰਤਰੀ ਨੇ ਕਿਹਾ ਕਿ ਇਹ ਯਕੀਨੀ ਬਣਾਇਆ ਜਾਣਾ ਚਾਹੀਦਾ ਹੈ ਕਿ ਇੱਕ ਵੀ ਯੋਗ ਬਜ਼ੁਰਗ ਵਿਅਕਤੀ ਪੈਨਸ਼ਨ ਤੋਂ ਵਾਂਝਾ ਨਾ ਰਹੇ। ਯੋਜਨਾ ਨੂੰ ਬਿਹਤਰ ਢੰਗ ਨਾਲ ਲਾਗੂ ਕਰਨ ਲਈ ਇਸਨੂੰ ਪਰਿਵਾਰਕ ਆਈਡੀ ਨਾਲ ਜੋੜਿਆ ਜਾਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਪਰਿਵਾਰਕ ਆਈਡੀ ਨਾਲ ਲਿੰਕ ਕਰਨ ਤੋਂ ਬਾਅਦ ਯੋਗਤਾ ਸ਼੍ਰੇਣੀ ਵਿੱਚ ਕੋਈ ਵੀ ਬੇਸਹਾਰਾ ਬਜ਼ੁਰਗ ਵਿਅਕਤੀ 60 ਸਾਲ ਦੀ ਉਮਰ ਦੇ ਹੁੰਦੇ ਹੀ ਤੁਰੰਤ ਪੈਨਸ਼ਨ ਦੀ ਰਕਮ ਪ੍ਰਾਪਤ ਕਰਨਾ ਸ਼ੁਰੂ ਕਰ ਦੇਵੇਗਾ। ਮੁੱਖ ਮੰਤਰੀ ਨੇ ਵਿਭਾਗੀ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਪਰਿਵਾਰਕ ਆਈਡੀ ਰਾਹੀਂ ਬੁਢਾਪਾ ਪੈਨਸ਼ਨ ਕਵਰੇਜ ਵਧਾਉਣ ਲਈ ਜ਼ਰੂਰੀ ਤਕਨੀਕੀ ਪ੍ਰਬੰਧ ਕੀਤੇ ਜਾਣ।



### 8 ਕਿਲੋ ਤੋਂ ਵੱਧ ਅਫੀਮ ਜ਼ਬਤ, ਮਹਿਲਾ ਸਣੇ 2 ਤਸਕਰ ਗ੍ਰਿਫ਼ਤਾਰ

ਸੋਲਨ 30 ਅਪ੍ਰੈਲ। ਹਿਮਾਚਲ ਪ੍ਰਦੇਸ਼ ਪੁਲਸ ਨੇ ਜ਼ਿਲ੍ਹੇ ਦੇ ਸਦਰ ਥਾਣਾ ਖੇਤਰ ਦੇ ਅਧੀਨ ਆਉਂਦੇ ਸਲੋਗੜਾ ਵਿਖੇ ਪਿੰਜੌਰ-ਸ਼ਿਮਲਾ ਨੈਸ਼ਨਲ ਹਾਈਵੇਅ ’ਤੇ ਇਕ ਔਰਤ ਸਮੇਤ 2 ਤਸਕਰਾਂ ਨੂੰ ਗ੍ਰਿਫ਼ਤਾਰ ਕੀਤਾ ਹੈ ਅਤੇ ਉਨ੍ਹਾਂ ਦੇ ਕਬਜ਼ੇ ’ਚੋਂ 8.184 ਕਿਲੋਗ੍ਰਾਮ ਅਫੀਮ ਬਰਾਮਦ ਕੀਤੀ ਹੈ। ਪੁਲਸ ਸੁਪਰਡੈਂਟ (ਐੱਸਪੀ) ਗੌਰਵ ਸਿੰਘ ਨੇ ਕਿਹਾ ਕਿ ਉਨ੍ਹਾਂ ਦੀ ਟੀਮ ਨੂੰ ਸੂਚਨਾ ਮਿਲੀ ਸੀ ਕਿ ਨੇਪਾਲੀ ਮੂਲ ਦਾ ਇਕ ਆਦਮੀ ਅਤੇ ਇਕ ਔਰਤ ਸੋਲਨ ਤੋਂ ਸ਼ਿਮਲਾ ਜਾ ਰਹੀ ਇਕ ਬੱਸ ’ਚ ਵੱਡੀ ਮਾਤਰਾ ’ਚ ਅਫੀਮ ਲੈ ਕੇ ਯਾਤਰਾ ਕਰ ਰਹੇ ਸਨ। ਉਨ੍ਹਾਂ ਦੱਸਿਆ ਕਿ ਉਹ ਸ਼ਿਮਲਾ ਖੇਤਰ ’ਚ ਲੋਕਾਂ ਨੂੰ ਅਫੀਮ ਦੀ ਸਪਲਾਈ ਕਰਨ ਦੀ ਯੋਜਨਾ ਬਣਾ ਰਹੇ ਸਨ। ਸੂਚਨਾ ਦੇ ਆਧਾਰ ’ਤੇ ਟੀਮ ਦੇ ਮੈਂਬਰਾਂ ਨੇ ਸਲੋਗਰਾ ਕੋਲ ਨਾਕਾਬੰਦੀ ਕੀਤੀ ਅਤੇ ਨਿੱਜੀ ਬੱਸ ਦੀ ਤਲਾਸ਼ੀ ਲਈ। ਗ੍ਰਿਫ਼ਤਾਰ ਕੀਤੇ ਗਏ ਦੋਵਾਂ ਲੋਕਾਂ ਕੋਲੋਂ 8.184 ਕਿਲੋਗ੍ਰਾਮ ਅਫੀਮ ਬਰਾਮਦ ਕੀਤੀ ਗਈ। ਸ਼?ਰੀ ਸਿੰਘ ਨੇ ਦੱਸਿਆ ਕਿ ਜਾਂਚ ਦੌਰਾਨ ਪਤਾ ਲੱਗਾ ਕਿ ਦੋਸ਼ੀ ਨੇਪਾਲ ਤੋਂ ਅਫੀਮ ਦੀ ਤਸਕਰੀ ਕਰ ਕੇ ਹਿਮਾਚਲ ਲਿਆਏ ਸਨ ਅਤੇ ਸ਼ਿਮਲਾ ਖੇਤਰ ’ਚ ਲੋਕਾਂ ਨੂੰ ਵੇਚਣ ਵਾਲੇ ਸਨ। ਦੋਸ਼ੀਆਂ ਨੂੰ ਅਦਾਲਤ ’ਚ ਪੇਸ਼ ਕੀਤਾ ਗਿਆ

## 2,50,000 ਰੁਪਏ ਦੀ ਰਿਸ਼ਵਤ ਮੰਗਣ ਦੇ ਦੋਸ਼ ਵਿਚ ਪਟਵਾਰੀ ਗ੍ਰਿਫ਼ਤਾਰ

ਚੰਡੀਗੜ੍ਹ/ਜਲੰਧਰ 30 ਅਪ੍ਰੈਲ। ਪੰਜਾਬ ਵਿਜੀਲੈਂਸ ਬਿਊਰੋ ਨੇ ਰਿਸ਼ਵਤ ਮੰਗਣ ਦੇ ਦੋਸ਼ ਵਿਚ ਪਟਵਾਰੀ ਨੂੰ ਗ੍ਰਿਫ਼ਤਾਰ ਕੀਤਾ ਹੈ। ਸੂਬੇ ਦੇ ਵਿਜੀਲੈਂਸ ਚੀਫ ਡਾਇਰੈਕਟਰ ਸੁਰਿੰਦਰ ਸਿੰਘ ਪਰਮਾਰ ਨੇ ਦੱਸਿਆ ਕਿ ਵਿਜੀਲੈਂਸ ਵਿਭਾਗ ਨੂੰ ਸ਼ਿਕਾਇਤਕਰਤਾ ਅਰਵਿੰਦਰ ਸਿੰਘ ਨੇ ਦੱਸਿਆ ਕਿ ਉਸ ਦੇ ਭਣਵੱਈਏ ਸੁੱਚਾ ਸਿੰਘ ਪੁੱਤਰ ਗੁਰਬਖਸ਼ ਸਿੰਘ ਨੇ 2022 ਵਿਚ ਸੁਲਤਾਨਵਿੰਡ ਵਿਚ 303 ਵਰਗ ਗਜ਼ ਦਾ ਇਕ ਪਲਾਟ ਖਰੀਦਿਆ ਸੀ। ਇਸ ਵਿਚੋਂ ਸਿਰਫ 293 ਵਰਗ ਗਜ਼ ਦੀ ਮਿਊਟੇਸ਼ਨ ਮਾਲੀਆ ਰਿਕਾਰਡ ਵਿਚ ਦਰਜ ਹੋਈ ਸੀ ਅਤੇ ਬਾਕੀ 40 ਵਰਗ ਗਜ਼ ਦੀ ਪ੍ਰਕਿਰਿਆ ਪੈਂਡਿੰਗ ਸੀ। ਸ਼ਿਕਾਇਤਕਰਤਾ ਆਪਣੇ ਭਣਵੱਈਏ ਨਾਲ ਉਕਤ ਪਟਵਾਰੀ ਕੋਲ ਦਸਤਾਵੇਜ਼ਾਂ ਸਮੇਤ ਮਿਊਟੇਸ਼ਨ ਕਰਵਾਉਣ ਗਿਆ। ਪਟਵਾਰੀ ਨੇ ਇਸ ਕੰਮ ਲਈ 2,50,000 ਰੁਪਏ ਦੀ ਰਿਸ਼ਵਤ ਮੰਗੀ। ਉਸ ਨੇ ਦੱਸਿਆ ਕਿ 1 ਲੱਖ ਰੁਪਏ ਤਹਿਸੀਲਦਾਰ ਨੂੰ ਅਤੇ 1 ਲੱਖ ਰੁਪਏ ਗੁਰਦਾਵਰ ਨੂੰ ਦਿੱਤੇ ਜਾਣਗੇ। ਸਿਰਫ 50 ਹਜ਼ਾਰ ਰੁਪਏ ਉਹ ਖੁਦ ਰੱਖੇਗਾ। ਸ਼ਿਕਾਇਤਰਤਾ ਨੇ 23-4-2025 ਨੂੰ ਗੁਰਬਖ਼ਸ਼ ਸਿੰਘ ਨੇ 2022 ਵਿਚ ਸੁਲਤਾਨਵਿੰਡ ਵਿਚ 303 ਵਰਗ ਗਜ਼ ਦਾ ਇਕ ਪਲਾਟ ਖਰੀਦਿਆ ਸੀ। ਇਸ ਵਿਚੋਂ ਸਿਰਫ 293 ਵਰਗ ਗਜ਼ ਦੀ ਮਿਊਟੇਸ਼ਨ



ਮਾਲੀਆਵਿਜੀਲੈਂਸ ਬਿਊਰੋ ਇਕਾਈ ਅੰਮ੍ਰਿਤਸਰ ਪਹੁੰਚ ਕੇ 50 ਹਜ਼ਾਰ ਰੁਪਏ ਪੇਸ਼ ਕੀਤੇ ਅਤੇ ਆਪਣਾ ਬਿਆਨ ਦਰਜ ਕਰਵਾਇਆ। ਵਿਜੀਲੈਂਸ ਵਿਭਾਗ ਨੇ ਹਰਪ੍ਰੀਤ ਸਿੰਘ ਪਟਵਾਰੀ ਨੂੰ ਗ੍ਰਿਫਤਾਰ ਕਰ ਕੇ ਉਸ ਖ਼?ਲਾਫ਼ ਮਾਮਲਾ ਦਰਜ ਕੀਤਾ। ਫਿਲਹਾਲ ਵਿਭਾਗ ਵੱਲੋਂ ਮਾਮਲੇ ਦੀ ਜਾਂਚ ਜਾਰੀ ਹੈ।

### ਕੋਚਿੰਗ ਸੈਂਟਰ ’ਚ ਲੱਗੀ ਭਿਆਨਕ ਅੱਗ, ਕਲਾਸ ’ਚ 500 ਬੱਚੇ ਸਨ ਮੌਜੂਦ

ਨੈਸ਼ਨਲ ਡੈਸਕ 30 ਅਪ੍ਰੈਲ। ਕਰਨਾਲ ਦੇ ਸੈਕਟਰ-6 ’ਚ ਮੰਗਲਵਾਰ ਦੁਪਹਿਰ ਨੂੰ ਇੱਕ ਕੋਚਿੰਗ ਇੰਸਟੀਚਿਊਟ ’ਚ ਅੱਗ ਲੱਗ ਗਈ। ਇਸ ਅੱਗ ਕਾਰਨ ਕਲਾਸ ’ਚ ਬੈਠੇ ਲਗਪਗ 500 ਬੱਚਿਆਂ ਵਿੱਚ ਭਾਜੜ ਮਚ ਗਈ। ਅੱਗ ਲੱਗਣ ਦਾ ਕਾਰਨ ਸ਼ਾਰਟ ਸਰਕਟ ਦੱਸਿਆ ਜਾ ਰਿਹਾ ਹੈ। ਜਾਣਕਾਰੀ ਅਨੁਸਾਰ ਸੈਕਟਰ-6 ਸਥਿਤ ਜੈਨੇਸਿਸ ਕਲਾਸਾਂ ਵਿੱਚ ਦੁਪਹਿਰ ਵੇਲੇ ਅਚਾਨਕ ਅੱਗ ਲੱਗ ਗਈ। ਜਦੋਂ ਅੱਗ ਲੱਗੀ, ਉਸ ਸਮੇਂ ਕਲਾਸਾਂ ਵਿੱਚ ਲਗਭਗ 500 ਵਿਦਿਆਰਥੀ ਮੌਜੂਦ ਸਨ। ਅਚਾਨਕ ਸੈਂਟਰ ਦੇ ਰਿਕਾਰਡਿੰਗ ਰੂਮ ਵਿੱਚੋਂ ਧੂੰਆਂ ਉੱਠਣਾ ਸ਼ੁਰੂ ਹੋ ਗਿਆ। ਥੋੜ੍ਹੇ ਹੀ ਸਮੇਂ ਵਿੱਚ ਅੱਗ ਲੱਗ ਗਈ। ਡਰੇ ਹੋਏ ਬੱਚਿਆਂ ਵਿੱਚ ਹਫੜਾ-ਦਫੜੀ ਮਚ ਗਈ। ਬੱਚਿਆਂ ਨੇ ਕੇਂਦਰ ਤੋਂ ਭੱਜ ਕੇ ਆਪਣੀ ਜਾਨ ਬਚਾਈ। ਅੱਗ ਲੱਗਣ ਦੀ ਸੂਚਨਾ ਪੁਲਿਸ ਅਤੇ ਫਾਇਰ ਬ੍ਰਿਗੇਡ ਨੂੰ ਦਿੱਤੀ ਗਈ। ਫਾਇਰ ਬ੍ਰਿਗੇਡ ਦੀ ਟੀਮ ਮੌਕੇ ’ਤੇ ਪਹੁੰਚੀ ਅਤੇ ਲਗਭਗ ਅੱਧੇ ਘੰਟੇ ਦੀ ਮਸ਼ੱਕਤ ਤੋਂ ਬਾਅਦ ਅੱਗ ’ਤੇ ਕਾਬੂ ਪਾਇਆ। ਫਿਲਹਾਲ ਅੱਗ ਲੱਗਣ ਨਾਲ ਕੋਈ ਜਾਨੀ ਨੁਕਸਾਨ ਨਹੀਂ ਹੋਇਆ ਹੈ। ਪੁਲਿਸ ਮਾਮਲੇ ਦੀ ਜਾਂਚ ਕਰ ਰਹੀ ਹੈ।

### ਧਾਰਮਿਕ ਅਸਥਾਨ ਤੋਂ ਪਰਤ ਰਹੇ ਨੌਜਵਾਨਾਂ ਨਾਲ ਵਾਪਰਿਆ ਹਾਦਸਾ

ਲੁਧਿਆਣਾ 30 ਅਪ੍ਰੈਲ। ਇਕ ਧਾਰਮਿਕ ਸਥਾਨ ’ਤੇ ਮੱਥਾ ਟੇਕਣ ਤੋਂ ਬਾਅਦ ਵਾਪਸ ਆ ਰਹੇ ਦੋਸਤ ਇਕ ਹੋਰ ਕਾਰ ਚਾਲਕ ਦੀ ਲਾਪਰਵਾਹੀ ਕਾਰਨ ਹੋਏ ਸੜਕ ਹਾਦਸੇ ਵਿਚ ਜ਼ਖਮੀ ਹੋ ਗਏ। ਇਸ ਮਾਮਲੇ ਵਿਚ ਸਦਰ ਥਾਣੇ ਦੀ ਪੁਲਸ ਨੇ ਮਾਮਲਾ ਦਰਜ ਕਰਕੇ ਜਾਂਚ ਸ਼ੁਰੂ ਕਰ ਦਿੱਤੀ ਹੈ। ਮੁਲਜ਼ਮ ਦੀ ਪਛਾਣ ਵਿਪਨ ਕੁਮਾਰ ਵਜੋਂ ਹੋਈ ਹੈ, ਜੋ ਕਿ ਰਾਜਗੁਰੂ ਨਗਰ ਦਾ ਰਹਿਣ ਵਾਲਾ ਹੈ। ਪੁਲਸ ਨੂੰ ਦਿੱਤੀ ਸ਼ਿਕਾਇਤ ਵਿਚ, ਬਾਜਵਾ ਨਗਰ ਦੇ ਵਸਨੀਕ ਤੁਸ਼ਾਰ ਮਲਹੋਤਰਾ ਨੇ ਕਿਹਾ ਕਿ 21 ਅਪ੍ਰੈਲ ਨੂੰ ਉਹ ਆਪਣੇ ਦੋਸਤ ਜਤਿਨ ਮਲਹੋਤਰਾ ਨਾਲ ਕ੍ਰੇਟਾ ਕਾਰ ਵਿਚ ਲਲਤੋਂ ਕਲਾਂ ਤੋਂ ਵਾਪਸ ਆ ਰਿਹਾ ਸੀ। ਜਦੋਂ ਉਹ ਖੇੜੀ ਚੌਕ ਦੇ ਨੇੜੇ ਪਹੁੰਚੇ ਤਾਂ ਬੋਲੈਰੋ ਕਾਰ ਵਿਚ ਅੱਗੇ ਜਾ ਰਹੇ ਮੁਲਜ਼ਮ ਨੇ ਅਚਾਨਕ ਸੜਕ ਦੇ ਵਿਚਕਾਰ ਬ੍ਰੇਕ ਲਗਾ ਦਿੱਤੀ, ਜਿਸ ਕਾਰਨ ਉਹ ਸੜਕ ਹਾਦਸੇ ਵਿਚ ਜ਼ਖ਼ਮੀ ਹੋ ਗਏ।

## ਪਹਿਲਾਂ ਇਕੱਠੇ ਬੈਠ ਪੀਤੀ ਸ਼ਰਾਬ, ਫਿਰ ਦੋਸਤ ਨੇ ਕਰ ’ਤਾ ਦੋਸਤ ਦਾ ਕਤਲ

ਚੰਡੀਗੜ੍ਹ 30 ਅਪ੍ਰੈਲ। ਸੈਕਟਰ-54 ਦੇ ਸਰਕਾਰੀ ਸਕੂਲ ਨੇੜੇ ਅੰਬਾਲਾ ਵਾਸੀ ਸੰਦੀਪ ਦਾ ਕਤਲ ਕਰਨ ਵਾਲੇ ਫ਼ਰਾਰ ਮੁਲਜ਼ਮ ਨੂੰ ਜ਼ਿਲ੍ਹਾ ਕ੍ਰਾਈਮ ਸੈੱਲ ਦੀ ਟੀਮ ਨੇ ਅੰਬਾਲਾ ਕੈਂਟ ਸਟੇਸ਼ਨ ਦੇ ਐਂਟਰੀ ਗੇਟ ਤੋਂ ਗ੍ਰਿਫ਼ਤਾਰ ਕਰ ਲਿਆ। ਉਸ ਦੀ ਪਛਾਣ ਅੰਬਾਲਾ ਦੇ ਦੁਰਗਾ ਨਗਰ ਵਾਸੀ ਰੋਹਿਤ ਉਰਫ਼ ਰੌਕੀ ਵਜੋਂ ਹੋਈ ਹੈ। ਪੁਲਸ ਨੇ ਮੁਲਜ਼ਮ ਦੀ ਨਿਸ਼ਾਨਦੇਹੀ ’ਤੇ ਖ਼ੂਨ ਨਾਲ ਲਿਬੜੀ ਟੀ-ਸ਼ਰਟ ਬਰਾਮਦ ਕੀਤੀ ਹੈ। ਉਸ ਤੋਂ ਪੁੱਛਗਿੱਛ ਕੀਤੀ ਜਾ ਰਹੀ ਹੈ। ਐੱਸ. ਐੱਸ. ਪੀ. ਕੰਵਰਦੀਪ ਕੌਰ ਨੇ ਕਾਤਲ ਨੂੰ ਫੜਨ ਲਈ ਟੀਮ ਬਣਾਈ ਸੀ। ਪੁਲਸ ਨੇ 700 ਤੋਂ ਵੱਧ ਸੀ. ਸੀ. ਟੀ. ਵੀ. ਫੁਟੇਜ ਦੀ ਜਾਂਚ ਕੀਤੀ। ਇਸ ਦੇ ਨਾਲ ਹੀ ਮੁਲਜ਼ਮ ਦੀ ਭਾਲ ਚੰਡੀਗੜ੍ਹ, ਮੋਹਾਲੀ, ਅੰਬਾਲਾ ਕੈਂਟ, ਬੱਸ ਸਟੈਂਡ, ਝੁੱਗੀ-ਝੌਂਪੜੀਆਂ, ਮੰਦਰ, ਗੁਰਦੁਆਰਾ, ਧਰਮਸ਼ਾਲਾ, ਕਬਾੜੀ ਮਾਰਕੀਟ, ਆਟੋ ਅਤੇ ਟੈਕਸੀ ਸਟੈਂਡ ਵਰਗੀਆਂ ਦਰਜਨਾਂ ਥਾਵਾਂ ’ਤੇ ਕੀਤੀ। ਜਾਂਚ ਦੌਰਾਨ ਪਤਾ ਲੱਗਾ ਕਿ ਮੁਲਜ਼ਮ ਵਾਰਦਾਤ ਤੋਂ ਬਾਅਦ ਪੈਦਲ ਅੰਬਾਲਾ ਵੱਲ ਨਿਕਲਿਆ ਸੀ। ਉਸ ਦੀ ਆਖਰੀ ਲੋਕੇਸ਼ਨ ਫਰੈਂਕੋ ਹੋਟਲ, ਭੈਣਾਂ ਦਾ ਢਾਬਾ ਅਤੇ ਏਅਰਪੋਰਟ ਰੋਡ ਤੋਂ ਹੁੰਦਿਆਂ ਸ਼ੰਭੂ ਬੈਰੀਅਰ ਵੱਲ ਟਰੇਸ ਕੀਤੀ ਗਈ ਸੀ। ਇਸ ਤੋਂ ਬਾਅਦ ਉਸ ਨੂੰ ਅੰਬਾਲਾ ਕੈਂਟ ਰੇਲਵੇ ਸਟੇਸ਼ਨ ਦੇ ਗੇਟ ਨੰਬਰ-1 ਨੇੜਿਓਂ ਕਾਬੂ ਕਰ ਲਿਆ। ਦੋਵੇਂ 13 ਅਪ੍ਰੈਲ ਨੂੰ ਚੰਡੀਗੜ੍ਹ ਕਲੱਬ ’ਚ ਵੇਟਰ ਵਜੋਂ ਕੰਮ ਕਰਨ ਲਈ ਆਏ, ਜਿੱਥੇ ਭਾਂਡੇ ਧੋਣ ਦਾ ਕੰਮ ਕੀਤਾ। ਪੈਮੇਂਟ ਮਿਲਣ ’ਤੇ ਇਕੱਠੇ ਸ਼ਰਾਬ ਪੀਤੀ। ਨਸ਼ੇ ਦੀ ਹਾਲਤ ’ਚ ਸੈਕਟਰ-54 ਸਥਿਤ ਉਕਤ ਥਾਂ ਪਹੁੰਚੇ, ਜਿੱਥੇ




ਬਾਅਦ ’ਚ ਸੰਦੀਪ ਦੀ ਲਾਸ਼ ਮਿਲੀ। ਪਤਾ ਲੱਗਾ ਹੈ ਕਿ ਸ਼ਰਾਬ ਦੇ ਨਸ਼ੇ ’ਚ ਪੈਸਿਆਂ ਨੂੰ ਲੈ ਕੇ ਦੋਵਾਂ ਵਿਚ ਬਹਿਸ ਹੋ ਗਈ, ਜੋ ਬਾਅਦ ’ਚ ਲੜਾਈ ’ਚ ਬਦਲ ਗਈ। ਗੁੱਸੇ ’ਚ ਰੋਹਿਤ ਨੇ ਪੱਥਰ ਨਾਲ ਸੰਦੀਪ ਦੇ ਸਿਰ ’ਤੇ ਵਾਰ ਕਰਕੇ ਉਸ ਦਾ ਕਤਲ ਕਰ ਦਿੱਤਾ। ਇਸ ਤੋਂ ਬਾਅਦ ਮੁਲਜ਼ਮ ਨੇ ਆਪਣੇ ਫਟੇ ਹੋਏ ਕੱਪੜਿਆਂ ਦੀ ਥਾਂ ਮ੍ਰਿਤਕ ਦੇ ਕੱਪੜੇ ਪਾ ਲਏ ਅਤੇ ਫ਼ਰਾਰ ਹੋ ਗਿਆ। ਪੁਲਸ ਮੁਤਾਬਕ ਮੁਲਜ਼ਮ ਰੋਹਿਤ ਮਜ਼ਦੂਰੀ ਕਰਦਾ ਹੈ। ਉਸ ਦਾ ਅਪਰਾਧਿਕ ਰਿਕਾਰਡ ਨਹੀਂ ਹੈ ਅਤੇ ਪਹਿਲੀ ਵਾਰ ਚੰਡੀਗੜ੍ਹ ਆਇਆ ਸੀ। ਪੁੱਛਗਿੱਛ ਦੌਰਾਨ ਮੁਲਜ਼ਮ ਨੇ ਗੁਨਾਹ ਕਬੂਲ ਕਰ ਲਿਆ ਹੈ ਅਤੇ ਖ਼ੂਨ ਨਾਲ ਲਿਬੜੀ ਟੀ-ਸ਼ਰਟ ਸਣੇ ਟਰਾਊਜ਼ਰ ਵੀ ਪੁਲਸ ਨੂੰ ਸੌਂਪ ਦਿੱਤੇ ਹਨ।

### ਇਲੈਕਟਰਾਨਿਕ ਸ਼ੋਅਰੂਮ ’ਚ ਲੱਗੀ ਭਿਆਨਕ ਅੱਗ ਨੇ ਮਚਾਇਆ ਤਾਂਡਵ

ਨੈਸ਼ਨਲ ਡੈਸਕ 30 ਅਪ੍ਰੈਲ। ਮੁੰਬਈ ਤੋਂ ਇਕ ਵੱਡੀ ਖ਼ਬਰ ਸਾਹਮਣੇ ਆ ਰਹੀ ਹੈ, ਜਿੱਥੋਂ ਦੇ ਬਾਂਦ੍ਰਾ ਦੇ ਲਿੰਕਿੰਗ ਰੋਡ ਇਲਾਕੇ ’ਚ ਇਲੈਕਟ?ਰਾਨਿਕਸ ਕੰਪਨੀ ਕ੍ਰੋਮਾ ਦੇ ਸ਼ੋਅਰੂਮ ’ਚ ਮੰਗਵਲਾਰ ਤੜਕੇ ਭਿਆਨਕ ਅੱਗ ਲੱਗ ਗਈ। ਹਾਲਾਂਕਿ ਇਸ ਘਟਨਾ ਕਾਰਨ ਕਿਸੇ ਤਰ੍ਹਾਂ ਦੇ ਜਾਨੀ ਨੁਕਸਾਨ ਦੀ ਖ਼ਬਰ ਨਹੀਂ ਹੈ। ਜਾਣਕਾਰੀ ਦਿੰਦਿਆਂ ਮੁੰਬਈ ਫਾਇਰ ਬ੍ਰਿਗੇਡ ਅਧਿਕਾਰੀਆਂ ਨੇ ਦੱਸਿਆ ਕਿ ਲਿੰਕ ਸਕੁਆਇਰ ਮਾਲ ’ਚ ਸਥਿਤ ਸ਼ੋਰੂਮ ’ਚ ਲੱਗੀ ਅੱਗ ਕਾਰਨ ਪੂਰੇ ਮਾਲ ’ਚ ਧੂੰਆ ਫੈਲ ਗਿਆ। ਇਹ ਅੱਗ ਸਵੇਰੇ ਕਰੀਬ 4.15 ਵਜੇ ਪਹਿਲੀ ਮੰਜ਼ਿਲ ’ਤੇ ਲੱਗੀ ਤੇ ਦੇਖਦੇ ਹੀ ਦੇਖਦੇ ਇਹ ਅੱਗ ਚੌਥੀ ਮੰਜ਼ਿਲ ਤੱਕ ਪਹੁੰਚ ਗਈ। ਇਸ ਅੱਗ ’ਤੇ ਕਾਬੂ ਪਾਉਣ ਲਈ ਫਾਇਰ ਬ੍ਰਿਗੇਡ ਦੀਆਂ 12 ਗੱਡੀਆਂ ਤੇ 9 ਜੰਬੋ ਵਾਟਰ ਟੈਂਕ ਮੌਕੇ ’ਤੇ ਪਹੁੰਚੇ, ਜੋ ਕਿ ਅੱਗ ਬੁਝਾਉਣ ’ਚ ਰੁੱਝੀਆਂ ਹੋਈਆਂ ਹਨ। ਇਸ ਤੋਂ ਇਲਾਵਾ ਇਕ ਕੁਇਕ ਰਿਸਪਾਂਸ ਵ?ਹੀਕਲ ਤੇ ਰੈਸਕਿਊ ਵੈਨ ਵੀ ਮੌਕੇ ’ਤੇ ਪਹੁੰਚ ਗਈ ਹੈ।

ਕੌਮੀ ਪਤ੍ਰਿਕਾ

ਮੁੱਖ ਸੰਪਾਦਕ-ਗੁਰਚਰਨ ਸਿੰਘ ਬੱਬਰ, ਸਵਾਮੀ ਪ੍ਰਿੰਟਰ ਪਬਲਿਸ਼ਰ ਅਤੇ ਐਡੀਟਰ ਨੇ ਕੌਮੀ ਪਤ੍ਰਿਕਾ ਪ੍ਰਿੰਟਿੰਗ ਪ੍ਰੈਸ ਏ-144 ਇੰਡਸਟ੍ਰਿਅਲ ਏਰੀਆ ਸੈਕਟਰ ਏ-4, ਟ੍ਰੋਨਿਕਾ ਸਿਟੀ ਲੋਨੀ ਗਾਜ਼ਿਆਬਾਦ ਤੋਂ ਛਪਵਾ ਕੇ 5, ਬਹਾਦੁਰ ਸ਼ਾਹ ਜ਼ਫਰ ਮਾਰਗ ਨਵੀਂ ਦਿੱਲੀ-110002 ਤੋਂ ਪ੍ਰਕਾਸ਼ਿਤ ਕੀਤਾ ਹੈ।

Edited Printed Published and Owned by Gurcharan Singh Babbar 5, Bahadur Shah Zafar Marg New Delhi 110002. Printed at Qaumi Patrika Printing Press A-4 Tronica City Loni Ghaziabad

Ph. : 011-41509689, 011-23315814

Mob. : 9971359517, 9312262300

E-mail address: qpatrika@gmail.com

R.N.I. No. 39272/81

Legal Advisors:
Advocate Mohd. Sajid
Advocate Dr. A.P.Singh
Advocate Manish Sharma
Advocate Pooja Bhaskar Sharma

## ਪਲਾਸਟਿਕ ਫੈਕਟਰੀ 'ਚ ਅੱਗ ਲੱਗਣ ਕਾਰਨ ਲੱਖਾਂ ਰੁਪਏ ਦਾ ਨੁਕਸਾਨ

ਟਾਂਡਾ ਉੜਮੁੜ 30 ਅਪ੍ਰੈਲ। ਫੋਕਲ ਪੁਆਇੰਟ ਟਾਂਡਾ ਨੇੜੇ ਪਿੰਡ ਢਡਿਆਲਾ ਵਿਖੇ ਮਿਨੀ ਗਰੀਬ ਸੈਂਟਰ ਵਿੱਚ ਇਕ ਪਲਾਸਟਿਕ ਦੀ ਫੈਕਟਰੀ ਨੂੰ ਅੱਗ ਲੱਗਣ ਕਾਰਨ ਲੱਖਾਂ ਰੁਪਏ ਦਾ ਨੁਕਸਾਨ ਹੋ ਗਿਆ। ਅੱਗ ਲੱਗਣ ਦੇ ਕਾਰਨਾਂ ਦਾ ਪਤਾ ਨਹੀਂ ਲੱਗ ਸਕਿਆ ਹੈ। ਫਾਇਰ ਬ੍ਰਿਗੇਡ ਦੀਆਂ 2



ਗੱਡੀਆਂ ਨੇ ਪਹੁੰਚ ਕੇ ਕਾਫ਼ੀ ਜੱਦੋ-ਜਹਿਦ ਕਰਨ ਉਪਰੰਤ ਕਾਬੂ ਪਾਇਆ। ਇਸ ਅਗਜਨੀ ਦੀ ਘਟਨਾ ਸਬੰਧੀ ਜਾਣਕਾਰੀ ਦਿੰਦੇ ਹੋਏ ਫੈਕਟਰੀ ਦੇ ਮਾਲਕ ਗੌਰਵ ਪੁੱਤਰ ਸ਼ਾਮ ਪ੍ਰਕਾਸ਼ ਵਾਸੀ ਟਾਂਡਾ ਨੇ ਦੱਸਿਆ ਕਿ ਅਚਾਨਕ ਹੀ ਲੱਗੀ ਅੱਗ ਨੇ ਵੇਖਦਿਆਂ ਹੀ ਵੇਖਦਿਆਂ ਵਿਕਰਾਲ ਰੂਪ ਧਾਰਨ ਕਰ ਲਿਆ ਅਤੇ ਇਸ ਅਗਜਨੀ ਦੀ ਘਟਨਾ ਵਿੱਚ ਫੈਕਟਰੀ ਅੰਦਰ ਪਈਆਂ ਕਣਕ ਰੱਖਣ ਵਾਲੀਆਂ ਪਲਾਸਟਿਕ ਦੀਆਂ ਕਰੇਟਾਂ ਸੜ ਗਈਆਂ। ਉਨ੍ਹਾਂ ਦੱਸਿਆ ਕਿ ਸੜੀਆਂ ਹੋਈਆਂ ਕਰੇਟਾਂ ਦੀ ਕੀਮਤ 12 ਤੋਂ 13 ਲੱਖ ਰੁਪਏ ਬਣਦੀ ਹੈ। ਜ਼ਿਕਰਯੋਗ ਹੈ ਜੇਕਰ ਮੌਕੇ 'ਤੇ ਪਹੁੰਚ ਕੇ ਫਾਇਰ ਬ੍ਰਿਗੇਡ ਅੱਗ 'ਤੇ ਕਾਬੂ ਨਾ ਪਾਇਆ ਜਾਂਦਾ ਤਾਂ ਇਹ ਨਜ਼ਦੀਕੀ ਫੈਕਟਰੀਆਂ ਨੂੰ ਵੀ ਆਪਣੀ ਚਪੇਟ ਵਿੱਚ ਲੈ ਸਕਦੀ ਸੀ। ਇਸ ਸਬੰਧੀ ਪੀੜਤ ਫੈਕਟਰੀ ਮਾਲਕ ਗੌਰਵ ਨੇ ਸਰਕਾਰ ਪਾਸੋਂ ਮੁਆਵਜ਼ੇ ਦੀ ਮੰਗ ਕੀਤੀ ਹੈ।

# ਬਾਈਕਾਂ ਦੀ ਟੱਕਰ ਮਗਰੋਂ ਫਟੀਆਂ ਪੈਟਰੋਲ ਦੀਆਂ ਟੈਂਕੀਆਂ, ਜ਼ਿੰਦਾ ਸੜੇ ਦੋ ਨੌਜਵਾਨ, ਨਹੀਂ ਹੋ ਲਾਸ਼ਾਂ ਦੀ ਪਛਾਣ

ਨੈਸ਼ਨਲ ਡੈਸਕ 30 ਅਪ੍ਰੈਲ। ਸ਼ੁੱਕਰਵਾਰ ਰਾਤ ਨੂੰ ਹਲਦਵਾਨੀ-ਕਾਲਾਧੂੰਗੀ ਰੋਡ 'ਤੇ ਇੱਕ ਭਿਆਨਕ ਸੜਕ ਹਾਦਸਾ ਵਾਪਰਿਆ, ਜਿਸ ਵਿੱਚ ਦੋ ਨੌਜਵਾਨ ਜ਼ਿੰਦਾ ਸੜ ਗਏ ਅਤੇ ਇੱਕ ਜੋੜੇ ਸਮੇਤ ਚਾਰ ਲੋਕ ਬੁਰੀ ਤਰ੍ਹਾਂ ਸੜ ਗਏ। ਜਾਣਕਾਰੀ ਅਨੁਸਾਰ ਹਲਦਵਾਨੀ ਤੋਂ ਰਾਮਨਗਰ ਜਾ ਰਹੀ ਇੱਕ ਤੇਜ਼ ਰਫ਼ਤਾਰ ਬਾਈਕ ਸਾਹਮਣੇ ਤੋਂ ਆ ਰਹੀ ਇੱਕ ਸਪਲੈਂਡਰ ਬਾਈਕ ਨਾਲ ਟਕਰਾ ਗਈ। ਟੱਕਰ ਇੰਨੀ ਜ਼ਬਰਦਸਤ ਸੀ ਕਿ ਬਾਈਕ ਦਾ ਪੈਟਰੋਲ ਟੈਂਕ ਫਟ ਗਿਆ ਤੇ ਉਸ ਵਿੱਚ ਅੱਗ ਲੱਗ ਗਈ। ਇਸ ਦੇ ਨਾਲ ਹੀ ਉੱਥੋਂ ਲੰਘ ਰਹੀ ਇੱਕ ਤੀਜੀ ਬਾਈਕ ਵੀ ਇਸ ਹਾਦਸੇ ਦੀ ਲਪੇਟ ਵਿੱਚ ਆ ਗਈ, ਜਿਸ 'ਤੇ ਦੋ ਲੋਕ ਸਵਾਰ ਸਨ। ਇਹ ਹਾਦਸਾ ਰਾਤ 8:30 ਵਜੇ ਦੇ ਕਰੀਬ ਜੰਗਲਾਤ ਨਿਗਮ ਦਫ਼ਤਰ ਨੇੜੇ ਵਾਪਰਿਆ। ਟੱਕਰ ਤੋਂ ਬਾਅਦ ਬਾਈਕ ਭਿਆਨਕ ਰੂਪ ਵਿੱਚ ਸੜਨ ਲੱਗੀ ਅਤੇ ਕੁਝ ਹੀ ਸਮੇਂ ਵਿੱਚ ਸਪਲੈਂਡਰ ਬਾਈਕ ਅਤੇ ਤੀਜੀ ਬਾਈਕ ਵੀ ਅੱਗ ਦੇ ਗੋਲਿਆਂ ਵਿੱਚ ਬਦਲ ਗਈ। ਬਾਈਕ ਸਵਾਰ ਦੋ ਨੌਜਵਾਨ ਅੱਗ ਦੀ ਲਪੇਟ ਵਿੱਚ ਬੁਰੀ ਤਰ੍ਹਾਂ ਘਿਰ ਗਏ। ਰਾਹਗੀਰਾਂ ਨੇ ਉਨ੍ਹਾਂ ਨੂੰ ਬਚਾਉਣ ਦੀ ਕੋਸ਼ਿਸ਼ ਕੀਤੀ, ਪਰ ਅੱਗ ਇੰਨੀ ਤੇਜ਼ੀ ਨਾਲ ਫੈਲ ਗਈ ਕਿ ਉਦੋਂ ਤੱਕ ਦੋਵੇਂ ਨੌਜਵਾਨਾਂ ਦੀ ਮੌਤ ਹੋ ਗਈ। ਮੌਕੇ 'ਤੇ ਪਹੁੰਚੀ ਪੁਲਿਸ ਵੀ ਉਨ੍ਹਾਂ ਦੀ ਪਛਾਣ ਨਹੀਂ ਕਰ ਸਕੀ, ਕਿਉਂਕਿ ਉਨ੍ਹਾਂ ਦੇ ਕੱਪੜੇ, ਮੋਬਾਈਲ ਅਤੇ ਪਰਸ ਆਦਿ ਸਭ ਅੱਗ ਵਿੱਚ ਸੜ ਗਏ ਸਨ। ਇਸ ਹਾਦਸੇ ਵਿੱਚ, ਹਲਦਵਾਨੀ ਦੇ ਗੌਜਾਜਲੀ ਨਿਵਾਸੀ 46 ਸਾਲਾ ਨੂਰ ਅਹਿਮਦ, ਜੋ ਕਿ ਸਪਲੈਂਡਰ ਬਾਈਕ 'ਤੇ



ਸਵਾਰ ਸੀ ਅਤੇ ਉਸਦੀ ਪਤਨੀ ਸਯੇਦਾ ਗੰਭੀਰ ਜ਼ਖਮੀ ਹੋ ਗਏ। ਉਹ ਮੁਰਾਦਾਬਾਦ ਵਿੱਚ ਆਪਣੀ ਬਿਮਾਰ ਮਾਂ ਦੀ ਸਿਹਤ ਬਾਰੇ ਪੁੱਛਣ ਤੋਂ ਬਾਅਦ ਵਾਪਸ ਆ ਰਹੇ ਸਨ। ਕਾਲਾਢੂੰਗੀ ਦੇ ਗੁਲਜ਼ਾਰਪੁਰ ਦੇ ਰਹਿਣ ਵਾਲੇ ਜਗਦੀਸ਼ ਸੈਣੀ ਅਤੇ ਤੀਜੀ ਬਾਈਕ 'ਤੇ ਸਵਾਰ ਰਾਜਨ ਸਿੰਘ ਬੋਹਰਾ ਉਰਫ਼ ਰਾਜੂ ਨੂੰ ਮਾਮੂਲੀ ਸੱਟਾਂ ਲੱਗੀਆਂ ਹਨ। ਰਾਮਨਗਰ ਦੇ ਸਰਕਲ ਅਫ਼ਸਰ ਸੁਮਿਤ ਪਾਂਡੇ ਅਤੇ ਥਾਣੇ ਦੀ ਪੂਰੀ ਪੁਲਿਸ ਟੀਮ ਤੁਰੰਤ ਮੌਕੇ 'ਤੇ ਪਹੁੰਚ ਗਈ। ਫੋਰੈਂਸਿਕ ਟੀਮ ਨੂੰ ਵੀ ਜਾਂਚ ਲਈ ਬੁਲਾਇਆ ਗਿਆ ਹੈ। ਪੁਲਿਸ ਮ੍ਰਿਤਕ ਕੇਟੀਐਮ ਬਾਈਕ ਸਵਾਰਾਂ ਦੀ ਪਛਾਣ ਕਰਨ ਦੀ ਕੋਸ਼ਿਸ਼ ਕਰ ਰਹੀ ਹੈ। ਇਸ ਭਿਆਨਕ ਹਾਦਸੇ ਵਿੱਚ ਜ਼ਿੰਦਾ ਸੜਨ ਤੋਂ ਬਾਅਦ ਦੋ ਲੋਕਾਂ ਦੀ ਮੌਤ ਹੋ ਗਈ ਹੈ ਅਤੇ ਉਨ੍ਹਾਂ ਦੀ ਪਛਾਣ ਕਰਨ ਦੀਆਂ ਕੋਸ਼ਿਸ਼ਾਂ ਜਾਰੀ ਹਨ। ਜ਼ਖਮੀਆਂ ਨੂੰ ਇਲਾਜ ਲਈ ਹਸਪਤਾਲ ਵਿੱਚ ਦਾਖਲ ਕਰਵਾਇਆ ਗਿਆ ਹੈ।

## ਫ਼ੌਜ ਨੇ ਪੰਜਾਬ 'ਚੋਂ ਫੜਿਆ 'ਪਾਕਿਸਤਾਨੀ ਜਾਸੂਸ', ਬਾਜ਼ਾਰ 'ਚ ਬੈਠਾ ਗੰਢਦਾ ਸੀ ਜੁੱਤੀਆਂ

ਬਠਿੰਡਾ 30 ਅਪ੍ਰੈਲ। ਜੰਮੂ-ਕਸ਼ਮੀਰ ਦੇ ਪਹਿਲਗਾਮ ਵਿਚ ਹੋਏ ਅੱਤਵਾਦੀ ਹਮਲੇ ਮਗਰੋਂ ਜਿੱਥੇ ਭਾਰਤ ਤੇ ਪਾਕਿਸਤਾਨ ਵਿਚਾਲੇ ਸਥਿਤੀ ਤਣਾਅਪੂਰਨ ਬਣੀ ਹੋਈ ਹੈ, ਇਸ ਵਿਚਾਲੇ ਭਾਰਤੀ ਫ਼ੌਜ ਨੇ ਬਠਿੰਡਾ ਵਿਚੋਂ ਇਕ ਪਾਕਿਸਤਾਨੀ ਜਾਸੂਸ ਨੂੰ ਗ੍ਰਿਫ਼ਤਾਰ ਕੀਤਾ ਹੈ। ਉਸ ਨੂੰ ਬਠਿੰਡਾ ਛਾਉਣੀ ਦੀ ਖ਼ੁਫ਼ੀਆ ਜਾਣਕਾਰੀ ਪਾਕਿਸਤਾਨ ਭੇਜਣ ਦੇ ਦੋਸ਼ ਲਈ ਫੜਿਆ ਗਿਆ ਹੈ। ਗ੍ਰਿਫ਼ਤਾਰ ਕੀਤੇ ਗਏ ਮੁਲਜ਼ਮ ਦੀ ਪਛਾਣ ਸੁਨੀਲ ਕੁਮਾਰ ਵਜੋਂ ਹੋਈ ਹੈ, ਜੋ ਪਿਛਲੇ 10 ਸਾਲਾਂ ਤੋਂ ਬਠਿੰਡਾ ਵਿਚ ਰਹਿ ਕੇ ਮੋਚੀ ਦਾ ਕੰਮ ਕਰ ਰਿਹਾ ਸੀ। ਉਸ ਨੂੰ ਪਾਕਿਸਤਾਨ ਦੀ ਖ਼ੁਫ਼ੀਆ ਏਜੰਸੀ ਨੇ ਹਨੀ ਟਰੈਪ ਵਿਚ ਫਸਾ ਕੇ ਫ਼ੌਜ ਦੀ ਛਾਉਣੀ ਦੀ ਜਾਣਕਾਰੀ ਹਾਸਲ ਕੀਤੀ। ਭਾਰਤੀ ਫ਼ੌਜ ਦੇ ਖ਼ੁਫ਼ੀਆ ਵਿੰਗ ਵੱਲੋਂ ਉਸ ਨੂੰ ਗ੍ਰਿਫ਼ਤਾਰ ਕੀਤਾ ਗਿਆ ਹੈ। ਫ਼ੌਜ ਦੇ ਖ਼ੁਫ਼ੀਆ ਵਿੰਗ ਨੇ ਪੁੱਛਗਿੱਛ ਮਗਰੋਂ ਮੁਲਜ਼ਮ ਨੂੰ ਥਾਣਾ ਕੈਂਟ ਦੀ ਪੁਲਸ ਦੇ ਹਵਾਲੇ ਕਰ ਦਿੱਤਾ ਗਿਆ ਹੈ। 26 ਸਾਲਾ ਸੁਨੀਲ ਕੁਮਾਰ ਤੋਂ ਸ਼ੱਕ ਦੇ ਅਧਾਰ 'ਤੇ ਪੁੱਛਗਿੱਛ ਕੀਤੀ ਗਈ। ਦੱਸਿਆ ਜਾ ਰਿਹਾ ਹੈ ਕਿ ਫ਼ੌਜ ਵੱਲੋਂ ਜਦੋਂ ਉਸ ਦੇ ਮੋਬਾਈਲ ਦੀ ਜਾਂਚ ਕੀਤੀ ਗਈ ਤਾਂ 2023 ਦੀ ਚੈਟ ਮਿਲੀ। ਉਸ 'ਤੇ ਦੋਸ਼ ਲੱਗੇ ਹਨ ਕਿ ਉਹ ਪਾਕਿਸਤਾਨ ਦੀ ਕਿਸੇ ਕੁੜੀ ਗੱਲਬਾਤ ਕਰਦਾ ਸੀ ਤੇ ਉਸ ਨਾਲ ਫ਼ੌਜ ਦੀ ਖ਼ੁਫ਼ੀਆ ਜਾਣਕਾਰੀ ਸਾਂਝੀ ਕਰ ਰਿਹਾ ਸੀ।

# ਗੁਰਸਿੱਖ ਔਰਤ ਦੇ ਕਤਲ ਮਾਮਲੇ 'ਚ ਸ਼ਾਮਲ ਤਿੰਨੇ ਮੁਲਜ਼ਮ ਗ੍ਰਿਫਤਾਰ

ਤਰਨਤਾਰਨ 30 ਅਪ੍ਰੈਲ। ਬੀਤੇ ਦਿਨੀਂ ਜ਼ਿਲ੍ਹੇ ਦੇ ਪਿੰਡ ਕੰਗ ਵਿਖੇ ਸਹਿਜ ਪਾਠ ਕਰ ਰਹੀ ਔਰਤ ਨੂੰ ਉਸ ਦੇ ਘਰ ਵਿਚ



ਦਾਖਲ ਹੋ ਤਿੰਨ ਅਣਪਛਾਤੇ ਵਿਅਕਤੀਆਂ ਵੱਲੋਂ ਕਤਲ ਕਰ ਦਿੱਤਾ ਗਿਆ ਸੀ। ਇਸ ਕਤਲ ਮਾਮਲੇ ਨੂੰ ਥਾਣਾ ਗੋਇੰਦਵਾਲ ਦੀ ਪੁਲਸ ਵੱਲੋਂ ਸੁਲਝਾਉਂਦੇ ਹੋਏ ਸਾਰੇ 3 ਮੁਲਜ਼ਮਾਂ ਨੂੰ ਗ੍ਰਿਫਤਾਰ ਕਰ ਲਿਆ ਗਿਆ ਹੈ। ਇਸ ਸਬੰਧੀ ਥਾਣਾ ਮੁਖੀ ਗੋਇੰਦਵਾਲ ਸਾਹਿਬ ਪ੍ਰਭਜੀਤ ਸਿੰਘ ਨੇ ਦੱਸਿਆ ਕਿ ਇਸ ਮਾਮਲੇ 'ਚ ਇਕ ਮੁਲਜ਼ਮ ਗੁਰਸਨਦੀਪ ਸਿੰਘ ਨੂੰ ਬੀਤੇ 2 ਦਿਨ ਪਹਿਲਾਂ ਗ੍ਰਿਫਤਾਰ ਕਰ ਲਿਆ ਗਿਆ ਸੀ, ਤੋਂ ਪੁੱਛਗਿਛ ਦੌਰਾਨ ਇਸ ਦੇ ਸਾਥੀ ਅਰਸ਼ਦੀਪ ਸਿੰਘ ਪੁੱਤਰ ਪ੍ਰਤਾਪ ਸਿੰਘ ਵਾਸੀ ਪਿੰਡ ਦੀਨੇਵਾਲ ਨੂੰ ਗ੍ਰਿਫਤਾਰ ਕਰ ਲਿਆ ਗਿਆ ਹੈ ਜਦਕਿ ਤੀਸਰੇ ਮੁੱਖ ਸਾਥੀ ਲਖਵਿੰਦਰ ਸਿੰਘ ਉਰਫ ਗੋਲਡੀ ਪੁੱਤਰ ਮੁਖਤਿਆਰ ਸਿੰਘ ਵਾਸੀ ਜੰਡਿਆਲਾ ਗੁਰੂ, ਜਿਸ ਨੂੰ ਗੋਇੰਦਵਾਲ ਸਾਹਿਬ ਜੇਲ੍ਹ 'ਚੋਂ ਪ੍ਰੋਟੈਕਸ਼ਨ ਵਾਰੰਟ 'ਤੇ ਲਿਆ, ਇਸ ਮਾਮਲੇ ਵਿਚ ਨਾਮਜ਼ਦ ਕਰ ਲਿਆ ਗਿਆ ਹੈ। ਉਨ੍ਹਾਂ ਦੱਸਿਆ ਕਿ ਗ੍ਰਿਫਤਾਰ ਕੀਤੇ ਗਏ ਤਿੰਨਾਂ ਮੁਲਜ਼ਮਾਂ ਪਾਸੋਂ ਵਾਰਦਾਤ ਵਿਚ ਵਰਤੇ ਗਏ ਤੇਜ਼ਧਾਰ ਚਾਕੂ ਨੂੰ ਬਰਾਮਦ ਕਰ ਲਿਆ ਗਿਆ ਹੈ ਜਦਕਿ ਵਾਰਦਾਤ ਵਿਚ ਵਰਤੇ ਗਏ ਮੋਟਰਸਾਈਕਲ ਦੀ ਭਾਲ ਸਬੰਧੀ ਪੁਲਸ ਵੱਲੋਂ ਮਾਨਯੋਗ ਅਦਾਲਤ ਪਾਸੋਂ ਦੋ ਦਿਨਾਂ ਰਿਮਾਂਡ ਹਾਸਲ ਕਰ ਲਿਆ ਗਿਆ ਹੈ। ਉਨ੍ਹਾਂ ਦੱਸਿਆ ਕਿ ਗੁਰਸਿੱਖ ਔਰਤ ਗੁਰਪ੍ਰੀਤ ਕੌਰ ਜੋ ਘਰ 'ਚ ਪੈਸੇ ਫਾਇਨਾਂਸ ਕਰਨ ਦਾ ਕੰਮ ਵੀ ਕਰਦੀ ਸੀ ਨੂੰ ਲੁੱਟ ਦੀ ਨੀਅਤ ਨਾਲ ਕਤਲ ਕੀਤਾ ਗਿਆ ਸੀ। ਇਸ ਮੌਕੇ ਉਨ੍ਹਾਂ ਨਾਲ ਸਬ ਇੰਸਪੈਕਟਰ ਜਸਪਾਲ ਸਿੰਘ, ਸਬ ਇੰਸਪੈਕਟਰ ਬਲਜੀਤ ਕੌਰ, ਏ.ਐੱਸ.ਆਈ ਸੁਰਜੀਤ ਸਿੰਘ, ਏ.ਐੱਸ.ਆਈ ਭੁਪਿੰਦਰ ਸਿੰਘ ਤੋਂ ਇਲਾਵਾ ਹੋਰ ਕਰਮਚਾਰੀ ਮੌਜੂਦ ਸਨ।

## ਪੁੱਤ ਕਰਨ ਲੱਗਾ ਨਸ਼ਾ ਤਸਕਰੀ, ਪਿਓ ਨੂੰ ਲੱਗਾ ਪਤਾ ਤਾਂ ਨਾ ਸਹਾਰ ਸਕਿਆ ਨਮੋਸ਼ੀ

ਨੈਸ਼ਨਲ ਡੈਸਕ 30 ਅਪ੍ਰੈਲ। ਮਹਾਰਾਸ਼ਟਰ ਤੋਂ ਇਕ ਬੇਹੱਦ ਸਨਸਨੀਖੇਜ਼ ਖ਼ਬਰ ਸਾਹਮਣੇ ਆ ਰਹੀ ਹੈ, ਜਿੱਥੋਂ ਦੀ ਨਵੀਂ ਮੁੰਬਈ 'ਚ ਇਕ ਮਸ਼ਹੂਰ ਬਿਲਡਰ ਨੇ ਆਪਣੀ ਜੀਵਨਲੀਲਾ ਸਮਾਪਤ ਕਰ ਲਈ ਹੈ। ਜਾਣਕਾਰੀ ਅਨੁਸਾਰ ਉਸ ਨੇ ਇਹ ਕਦਮ ਇਸ ਲਈ ਚੁੱਕਿਆ, ਕਿਉਂਕਿ ਉਸ ਦਾ ਨਾਂ ਇਕ ਵੱਡੇ ਨਸ਼ਾ ਤਸਕਰਾਂ ਦੇ ਗਿਰੋਹ 'ਚ ਸ਼ਾਮਲ ਦੱਸਿਆ ਜਾ ਰਿਹਾ ਸੀ। ਮ੍ਰਿਤਕ ਦੀ ਪਛਾਣ ਗੁਰੂ ਚਿਚਕਾਰ ਵਜੋਂ ਹੋਈ ਹੈ, ਜਿਸ ਨੇ ਆਪਣੇ ਪੁੱਤਰ ਦਾ ਨਾਂ ਇਕ ਨਸ਼ਾ ਤਸਕਰੀ ਦੇ ਗਿਰੋਹ 'ਚ ਸ਼ਾਮਲ ਹੋਣ ਦਾ ਸੁਣ ਕੇ ਆਪਣੇ ਲਾਈਸੈਂਸੀ ਹਥਿਆਰ ਨਾਲ ਖ਼ੁਦ ਨੂੰ ਗੋਲ?ੀ ਮਾਰ ਕੇ ਆਪਣੀ ਜੀਵਨਲੀਲਾ ਸਮਾਪਤ ਕਰ ਲਈ। ਮਾਮਲੇ ਦੀ ਜਾਣਕਾਰੀ ਦਿੰਦਿਆਂ ਅਧਿਕਾਰੀਆਂ ਨੇ ਦੱਸਿਆ ਕਿ ਮ੍ਰਿਤਕ ਗੁਰੂ ਚਿਚਕਾਰ ਦਾ ਪੁੱਤਰ ਨਵੀਨ ਚਿਚਕਾਰ ਇਸ ਅੰਤਰਰਾਸ਼ਟਰੀ ਨਸ਼ਾ ਤਸਕਰੀ ਗਿਰੋਹ ਦਾ ਮੈਂਬਰ ਹੈ, ਜਿਸ ਦੀ ਭਾਲ ਨਾਰਕੋਟਿਸ ਕੰਟਰੋਲ ਬਿਊਰੋ ਵੱਲੋਂ ਕੀਤੀ ਜਾ ਰਹੀ ਹੈ। ਅੰਦਾਜ਼ਾ ਲਗਾਇਆ ਜਾ ਰਿਹਾ ਹੈ ਕਿ ਉਹ ਦੇਸ਼ ਛੱਡ ਕੇ ਕਿਸੇ ਦੂਜੇ ਮੁਲਕ 'ਚ ਪਹੁੰਚ ਗਿਆ ਹੈ। ਉਨ੍ਹਾਂ ਅੱਗੇ ਦੱਸਿਆ ਕਿ ਜਦੋਂ ਉਨ੍ਹਾਂ ਨੂੰ ਗੁਰੂ ਦੇ ਖ਼ੁਦ ਨੂੰ ਗੋਲ?ੀ ਮਾਰ ਲਏ ਜਾਣ ਦੀ ਜਾਣਕਾਰੀ ਮਿਲੀ ਤਾਂ ਉਹ ਮੌਕੇ 'ਤੇ ਪੁਹੰਚੇ ਤੇ ਜਾ ਕੇ ਜਾਂਚ ਸ਼ੁਰੂ ਕਰ ਦਿੱਤੀ। ਇਸ ਦੌਰਾਨ ਉਨ੍ਹਾਂ ਨੂੰ ਇਕ ਸੁਸਾਈਡ ਨੋਟ ਮਿਲਿਆ, ਜਿਸ 'ਚ ਉਸ ਨੇ ਆਪਣੀ ਮੌਤ ਦਾ ਕਾਰਨ ਆਪਣੇ ਪੁੱਤਰ ਨੂੰ ਦੱਸਿਆ। ਫਿਲਹਾਲ ਪੁਲਸ ਨੇ ਹਥਿਆਰ ਤੇ ਲਾਸ਼ ਨੂੰ ਕਬਜ਼ੇ 'ਚ ਲੈ ਕੇ ਅਗਲੇਰੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ ਤੇ ਘਟਨਾ ਵਾਲੀ ਜਗ?ਹਾ ਨੂੰ ਸੀਲ ਕਰ ਦਿੱਤਾ ਹੈ।

# ਕਮਿਸ਼ਨਰੇਟ ਪੁਲਸ ਜਲੰਧਰ ਨੇ ਚਲਾਈ 'ਯੁੱਧ ਨਸ਼ਿਆਂ ਵਿਰੁੱਧ' ਤਹਿਤ ਵਿਸ਼ੇਸ਼ ਸਰਚ ਮੁਹਿੰਮ

ਜਲੰਧਰ 30 ਅਪ੍ਰੈਲ। ਚੱਲ ਰਹੀ ਪਹਿਲਕਦਮੀ ÷ਯੁੱਧ ਨਸ਼ਿਆਂ ਵਿਰੁੱਧ÷ ਤਹਿਤ ਕਮਿਸ਼ਨਰੇਟ ਪੁਲਿਸ ਜਲੰਧਰ ਵੱਲੋਂ ਪੁਲਸ ਕਮਿਸ਼ਨਰ ਸ਼੍ਰੀਮਤੀ ਧਨਪ੍ਰੀਤ ਕੌਰ, ਸੰਯੁਕਤ ਪੁਲਸ ਕਮਿਸ਼ਨਰ ਸੰਦੀਪ ਸ਼ਰਮਾ, ਏਡੀਸੀਪੀ ਹੈੱਡਕੁਆਰਟਰ ਸੁਖਵਿੰਦਰ ਸਿੰਘ ਅਤੇ ਏ.ਸੀ.ਪੀ ਵੈਸਟ ਸਰਵਨਜੀਤ ਸਿੰਘ ਦੀ ਅਗਵਾਈ ਵਿੱਚ ਸ਼ਹਿਰ ਭਰ ਵਿੱਚ ਵੱਖ-ਵੱਖ ਰਣਨੀਤਕ ਥਾਵਾਂ 'ਤੇ ਵਿਸ਼ੇਸ਼ ਨਿਰੀਖਣ ਅਤੇ ਤਲਾਸ਼ੀ ਮੁਹਿੰਮ ਚਲਾਈ ਗਈ। ਆਪ੍ਰੇਸ਼ਨ ਦੇ ਵੇਰਵੇ ਦਿੰਦਿਆਂ ਸੀ.ਪੀ.ਜਲੰਧਰ ਨੇ ਦੱਸਿਆ ਕਿ ਇਸ ਪਹਿਲਕਦਮੀ ਦਾ ਮੁੱਢਲਾ ਉਦੇਸ਼ ਗੈਰ-ਕਾਨੂੰਨੀ ਨਸ਼ਿਆਂ ਦੇ ਵਪਾਰ 'ਤੇ ਸ਼ਿਕੰਜਾ ਕੱਸਣਾ ਅਤੇ ਸ਼ਹਿਰ ਦੀਆਂ ਹੱਦਾਂ ਅੰਦਰ ਗੈਰ-ਕਾਨੂੰਨੀ ਗਤੀਵਿਧੀਆਂ ਨੂੰ ਨੱਥ ਪਾਉਣਾ ਸੀ। ਇਸ ਕਾਰਵਾਈ ਵਿੱਚ ਉੱਚ ਸੰਵੇਦਨਸ਼ੀਲਤਾ ਵਾਲੇ ਖੇਤਰਾਂ ਜਿਵੇਂ ਕਿ ਬੱਸ ਸਟੈਂਡ, ਰੇਲਵੇ ਸਟੇਸ਼ਨ, ਸਪਾ ਸੈਂਟਰਾਂ ਅਤੇ ਥਾਣਾ ਬਸਤੀ ਬਾਵਾ ਖੇਲ ਦੇ ਅਧਿਕਾਰ ਖੇਤਰ ਵਿੱਚ ਆਉਂਦੇ ਖੇਤਰ ਦੀ ਜਾਂਚ ਕੀਤੀ ਗਈ।



ਸੀ.ਪੀ.ਜਲੰਧਰ ਨੇ ਲੋਕਾਂ ਨੂੰ ਵੀ ਅਪੀਲ ਕੀਤੀ ਕਿ ਉਹ ਨਸ਼ੇ ਦੇ ਸੌਦਾਗਰਾਂ ਸਬੰਧੀ ਜਾਣਕਾਰੀ ਸਾਂਝੀ ਕਰਕੇ ਪੁਲਸ ਦਾ ਸਾਥ ਦੇਣ ਲਈ ਸਰਗਰਮ ਭੂਮਿਕਾ ਨਿਭਾਉਣ। ਉਨ੍ਹਾਂ ਭਰੋਸਾ ਦਿਵਾਇਆ ਕਿ ÷ਸੇਫ਼ ਪੰਜਾਬ÷ ਪਹਿਲਕਦਮੀ ਤਹਿਤ ਸੂਚਨਾ ਦੇਣ ਵਾਲਿਆਂ ਦੀ ਪਛਾਣ ਅਤੇ ਫੋਨ ਨੰਬਰਾਂ ਨੂੰ ਪੂਰੀ ਤਰ੍ਹਾਂ ਗੁਪਤ ਰੱਖਿਆ ਜਾਵੇਗਾ। ਇਹ ਦ੍ਰਿੜ ਸੰਕਲਪ ਕਾਰਵਾਈ ਨਸ਼ੀਲੇ ਪਦਾਰਥਾਂ ਦੇ ਗੈਰ-ਕਾਨੂੰਨੀ ਨੈਟਵਰਕ ਨੂੰ ਖਤਮ ਕਰਨ ਅਤੇ ਜਨਤਕ ਸੁਰੱਖਿਆ ਨੂੰ ਬਰਕਰਾਰ ਰੱਖਣ ਲਈ ਜਲੰਧਰ ਪੁਲਸ ਦੀ ਅਟੁੱਟ ਵਚਨਬੱਧਤਾ ਨੂੰ ਦਰਸਾਉਂਦੀ ਹੈ। ਇਹ ਆਪ੍ਰੇਸ਼ਨ ਨਾਗਰਿਕਾਂ ਦੀ ਸਿਹਤ ਅਤੇ ਤੰਦਰੁਸਤੀ ਦੀ ਰਾਖੀ ਅਤੇ ਜਲੰਧਰ ਭਰ ਵਿੱਚ ਕਾਨੂੰਨ ਵਿਵਸਥਾ ਨੂੰ ਮਜ਼ਬੂਤ ਕਰਨ ਵੱਲ ਇੱਕ ਹੋਰ ਮਹੱਤਵਪੂਰਨ ਕਦਮ ਹੈ।

## ਜਲੰਧਰ ਦਿਹਾਤੀ ਪੁਲਸ ਨੇ 110 ਗੁੰਮ ਹੋਏ ਮੋਬਾਇਲਾਂ ਦੀ ਭਾਲ ਕਰਕੇ ਵਾਰਸਾਂ ਨੂੰ ਦਿੱਤੇ

ਜਲੰਧਰ 30 ਅਪ੍ਰੈਲ। ਜਲੰਧਰ ਦੀ ਦਿਹਾਤੀ ਪੁਲਸ ਨੇ ਗੁੰਮ ਹੋਏ ਮੋਬਾਇਲਾਂ ਦੀਆਂ ਸ਼ਿਕਾਇਤਾਂ 'ਤੇ ਕਾਰਵਾਈ ਕਰਦੇ ਹੋਏ 110 ਗੁੰਮ ਹੋਏ ਮੋਬਾਇਲ ਫੋਨ ਲੱਭੇ ਅਤੇ ਵਾਰਸਾਂ ਨੂੰ ਵਾਪਸ ਕਰ ਦਿੱਤੇ। ਮਾਮਲੇ ਦੀ ਜਾਣਕਾਰੀ ਦਿੰਦੇ ਹੋਏ ਐੱਸ. ਐੱਸ. ਪੀ. ਹਰਵਿੰਦਰ ਸਿੰਘ ਵਿਰਕ ਨੇ ਕਿਹਾ ਕਿ ਉਨ੍ਹਾਂ ਨੂੰ ਲੰਬੇ ਸਮੇਂ ਤੋਂ ਗੁੰਮ ਹੋਏ ਮੋਬਾਇਲਾਂ ਦੀਆਂ ਸ਼ਿਕਾਇਤਾਂ ਮਿਲ ਰਹੀਆਂ ਸਨ। ਤਕਨੀਕੀ ਸੈੱਲ ਉਨ੍ਹਾਂ ਨੂੰ ਲੱਭਣ ਲਈ ਕੰਮ ਕਰ ਰਿਹਾ ਸੀ। ਤਕਨੀਕੀ ਸੈੱਲ ਦੀ ਸਖ਼ਤ ਮਿਹਨਤ ਸਦਕਾ 110 ਮੋਬਾਇਲ ਫੋਨ ਟਰੇਸ ਕੀਤੇ ਗਏ ਹਨ। ਉਨ੍ਹਾਂ ਕਿਹਾ ਕਿ ਇਹ ਉਹ ਮੋਬਾਇਲ ਹਨ, ਜੋ ਕਿਸੇ ਤੋਂ



ਅਚਾਨਕ ਗੁੰਮ ਹੋ ਜਾਂਦੇ ਹਨ। ਫਿਰ ਇਹ ਕਿਸੇ ਅਣਜਾਣ ਵਿਅਕਤੀ ਨੂੰ ਮਿਲ ਜਾਂਦੇ ਹਨ। 110 ਮੋਬਾਇਲਾਂ ਦੀ ਭਾਲ ਕਰਕੇ ਉਨ੍ਹਾਂ ਦੇ ਮਾਲਕਾਂ ਨੂੰ ਵਾਪਸ ਕਰ ਦਿੱਤੇ ਗਏ। ਐੱਸ. ਐੱਸ. ਪੀ. ਨੇ ਇਹ ਵੀ ਕਿਹਾ ਕਿ ਜੇਕਰ ਕਿਸੇ ਦਾ ਮੋਬਾਇਲ ਗੁੰਮ ਹੋ ਜਾਂਦਾ ਹੈ ਜਾਂ ਕੋਈ ਇਸ ਨੂੰ ਲੁੱਟ ਲੈਂਦਾ ਹੈ ਤਾਂ ਉਸ ਨੂੰ ਤੁਰੰਤ ਆਪਣਾ ਸਿਮ ਡੀਐਕਟੀਵੇਟ ਕਰਨਾ ਚਾਹੀਦਾ ਹੈ ਅਤੇ ਪੁਲਸ ਨੂੰ ਰਿਪੋਰਟ ਕਰਨੀ ਚਾਹੀਦੀ ਹੈ ਤਾਂ ਜੋ ਪੁਲਸ ਤਕਨੀਕੀ ਤਰੀਕਿਆਂ ਨਾਲ ਮੋਬਾਇਲ ਲੱਭ ਸਕੇ ਅਤੇ ਉਨ੍ਹਾਂ ਨੂੰ ਵਾਪਸ ਕਰ ਸਕੇ।

## ਹਲਕਾ ਭੋਆ ਦੀਆ ਸਰਬਸਮੰਤੀ ਨਾਲ ਚੁਣੀਆਂ ਗਈਆਂ ਪੰਚਾਇਤਾਂ ਨੂੰ ਕੈਬਨਿਟ ਮੰਤਰੀ ਨੇ ਵੰਡੇ ਚੈੱਕ

ਭੋਆ/ਦੀਨਾਨਗਰ 30 ਅਪ੍ਰੈਲ। ਪੰਜਾਬ ਸਰਕਾਰ ਵੱਲੋਂ ਪੰਚਾਇਤੀ ਚੋਣਾਂ ਦੌਰਾਨ ਪਿੰਡਾਂ ਅੰਦਰ ਜੋ ਲੋਕ ਆਪਣੀ ਸਰਬਸੰਮਤੀ ਨਾਲ ਪੰਚਾਇਤ ਦੀ ਚੋਣ ਕਰਨ ਗਏ ਉਨ੍ਹਾਂ ਨੂੰ 5 ਲੱਖ ਰੁਪਏ ਦੇਣ ਦਾ ਐਲਾਨ ਕੀਤਾ ਸੀ ਜਿਸ ਤਹਿਤ ਅੱਜ ਇਹ ਵਾਆਦਾ ਸਰਕਾਰ ਵੱਲੋਂ ਪੂਰਾ ਕੀਤਾ ਗਿਆ ਹੈ। ਵਿਧਾਨ ਸਭਾ ਹਲਕਾ ਭੋਆ ਅਧੀਨ ਆਉਂਦੇ ਸੱਤ ਪਿੰਡ ਐਮਾ ਗੁੱਜਰਾ, ਭਟੋਆ, ਜਸਵਾਲੀ, ਕੋਟਲੀ ਜਵਾਹਰ, ਕੋਟ ਭਾਟੀਆ, ਮਾਜਰੀ ਰਾਜਪੂਤ ਅਤੇ ਸਾਹੂਚੱਕ ਦੀਆਂ ਪੰਚਾਇਤਾਂ ਨੂੰ ਅੱਜ ਕੈਬਨਿਟ ਮੰਤਰੀ ਪੰਜਾਬ ਲਾਲ ਚੰਦ



ਕਟਾਰੂਚੱਕ ਵੱਲੋਂ ਪੰਜ -ਪੰਜ ਲੱਖ ਦੇ ਚੈੱਕ ਦਿੱਤੇ ਗਏ। ਇਸ ਮੌਕੇ ਗੱਲਬਾਤ ਕਰਦੇ ਹੋਏ ਕੈਬਨਿਟ ਮੰਤਰੀ ਕਟਾਰੂਚੱਕ ਨੇ ਦੱਸਿਆ ਕਿ ਪੰਜਾਬ ਸਰਕਾਰ ਨੇ ਚੋਣਾਂ ਦੌਰਾਨ ਵਾਅਦਾ ਕੀਤਾ ਸੀ ਕਿ ਜਿਨ੍ਹਾਂ ਪਿੰਡਾਂ 'ਚ ਲੋਕ ਆਪਸ 'ਚ ਬੈਠ ਮਿਲ ਕੇ ਪੰਚਾਇਤ ਦੀ ਚੋਣ ਸਰਬਸੰਮਤੀ ਨਾਲ ਚੋਣ ਕਰ ਲੈਣਗੇ। ਉਨ੍ਹਾਂ ਨੂੰ ਸਰਕਾਰ ਵੱਲੋਂ ਪਿੰਡ ਦੇ ਵਿਕਾਸ ਲਈ ਪੰਜ ਲੱਖ ਰੁਪਏ ਦਿੱਤਾ ਜਾਣਗੇ ਜੋ ਅੱਜ ਵਾਅਦਾ ਪੂਰਾ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਮੈਂ ਆਪਣੇ ਹਲਕੇ ਅੰਦਰ ਵਿਕਾਸ ਦੇ ਕੰਮਾਂ ਦੀ ਕਿਸੇ ਤਰ੍ਹਾਂ ਦੀ ਕੋਈ ਕਸਰ ਨਹੀਂ ਛੱਡਾਂਗਾ ਅਤੇ ਹਰ ਪਿੰਡ ਵਿੱਚ ਵਿਕਾਸ ਦੇ ਕੰਮ ਪਹਿਲ ਦੇ ਅਧਾਰ ਤੇ ਬਿਨਾਂ ਪੱਖਪਾਤ ਕੀਤੇ ਜਾਣਗੇ। ਇਸ ਮੌਕੇ ਵੱਡੀ ਗਿਣਤੀ ਵਿੱਚ ਆਪ ਦੇ ਵਰਕਰ ਹਾਜ਼ਰ ਸਨ।

# ਦੁਕਾਨ 'ਤੇ ਜਾ ਰਹੀ ਕੁੜੀ ਨੂੰ ਚੁੱਕ ਕੇ ਲੈ ਗਿਆ ਗੁਆਂਢੀ

ਨੈਸ਼ਨਲ ਡੈਸਕ 30 ਅਪ੍ਰੈਲ। ਬਿਹਾਰ ਦੇ ਵੈਸ਼ਾਲੀ ਜ਼ਿਲ੍ਹੇ ਵਿੱਚ ਇੱਕ ਵਿਅਕਤੀ ਨੂੰ 6 ਸਾਲ ਦੀ ਬੱਚੀ ਨਾਲ ਜਬਰ-ਜ਼ਨਾਹ ਕਰਨ ਦੇ ਦੋਸ਼ ਵਿੱਚ ਗ੍ਰਿਫ਼ਤਾਰ ਕੀਤਾ ਗਿਆ ਹੈ। ਦੋਸ਼ੀ ਦੀ ਪਛਾਣ ਲਾਲਬਾਬੂ ਰਾਮ (40) ਵਜੋਂ ਹੋਈ ਹੈ, ਜੋ ਪੀੜਤਾ ਦਾ ਗੁਆਂਢੀ ਹੈ। ਇਸ ਘਟਨਾ ਦੀ ਪੁਸ਼ਟੀ ਕਰਦੇ ਹੋਏ, ਮਹੂਆ ਰੇਂਜ ਦੀ ਸਟੇਟ ਸਬਆਰਡੀਨੇਟ ਪੁਲਸ ਅਫਸਰ ਕੁਮਾਰੀ ਦੁਰਗਾ ਸ਼ਕਤੀ ਨੇ ਕਿਹਾ: "ਅਸੀਂ ਦੋਸ਼ੀ ਵਿਰੁੱਧ ਕਾਨੂੰਨੀ ਕਾਰਵਾਈ ਕਰ ਰਹੇ ਹਾਂ। ਭਾਰਤੀ ਦੰਡ ਸੰਹਿਤਾ ਅਤੇ (ਅਗਵਾ ਅਤੇ ਬਲਾਤਕਾਰ) ਐਕਟ ਦੀਆਂ ਸੰਬੰਧਿਤ ਧਾਰਾਵਾਂ ਦੇ ਤਹਿਤ ਬਾਲੀਗਾਓਂ ਪੁਲਸ ਸਟੇਸ਼ਨ ਵਿੱਚ ਇੱਕ ਦਰਜ ਕੀਤੀ ਗਈ। ਦੋਸ਼ੀ ਨੂੰ ਅਪਰਾਧ ਕਰਨ ਦੇ 24 ਘੰਟਿਆਂ ਦੇ ਅੰਦਰ-ਅੰਦਰ ਗ੍ਰਿਫ਼ਤਾਰ ਕਰ ਲਿਆ ਗਿਆ। ਐੱਸਡੀਪੀਓ ਸ਼ਕਤੀ ਨੇ ਕਿਹਾ, ÷ਅਸੀਂ ਅਪਰਾਧ ਸਥਾਨ ਦੀ ਜਾਂਚ ਕੀਤੀ ਹੈ ਅਤੇ ਸਾਡੀ ਫੋਰੈਂਸਿਕ ਸਾਇੰਸ ਲੈਬਾਰਟਰੀ (ਐੱਫਐੱਸਐੱਲ) ਟੀਮ ਨੇ ਨਮੂਨੇ ਇਕੱਠੇ ਕੀਤੇ ਹਨ। ਅਸੀਂ ਪੀੜਤ ਦੀ ਡਾਕਟਰੀ ਜਾਂਚ ਵੀ ਕਰਵਾਈ ਹੈ, ਜਿਸ ਵਿੱਚ ਜਿਨਸੀ ਹਮਲੇ ਦੀ ਪੁਸ਼ਟੀ ਹੋਈ



ਹੈ।÷ ਅਧਿਕਾਰੀ ਦੇ ਅਨੁਸਾਰ, ਇਹ ਘਟਨਾ ਉਦੋਂ ਵਾਪਰੀ ਜਦੋਂ ਪੀੜਤਾ 10 ਰੁਪਏ ਲੈ ਕੇ ਬਿਸਕੁਟ ਖਰੀਦਣ ਲਈ ਨੇੜਲੀ ਦੁਕਾਨ 'ਤੇ ਜਾ ਰਹੀ ਸੀ। ਦੋਸ਼ੀ ਨੇ ਕਥਿਤ ਤੌਰ 'ਤੇ ਕੁੜੀ ਨੂੰ ਲਾਲਚ ਦੇ ਕੇ ਅਗਵਾ ਕਰ ਲਿਆ। ਉਹ ਉਸਨੂੰ ਮੱਕੀ ਦੇ ਖੇਤ ਵਿੱਚ ਲੈ ਗਿਆ, ਜਿੱਥੇ ਉਸਨੇ ਕੁੜੀ ਨਾਲ ਜਬਰ-ਜ਼ਨਾਹ ਕੀਤਾ। ਮੁਲਜ਼ਮ ਨੇ ਕੁੜੀ ਦਾ ਮੋਬਾਈਲ ਫੋਨ ਵੀ ਖੋਹ ਲਿਆ ਅਤੇ ਸੁੱਟ ਦਿੱਤਾ। ਪੁਲਸ ਜਾਂਚ ਤੋਂ ਪਤਾ ਲੱਗਾ ਹੈ ਕਿ ਲਾਲਬਾਬੂ ਰਾਮ ਪਹਿਲਾਂ ਵੀ ਦੋ ਵਾਰ ਇਸੇ ਤਰ੍ਹਾਂ ਦੇ ਜਬਰ-ਜ਼ਨਾਹ ਦੇ ਮਾਮਲਿਆਂ ਵਿੱਚ ਸ਼ਾਮਲ ਹੋ ਚੁੱਕਾ ਹੈ ਪਰ ਪੁਲਸ ਕੋਲ ਪਹੁੰਚ ਕੀਤੇ ਬਿਨਾਂ ਹੀ ਮਾਮਲੇ ਸਮਾਜਿਕ ਤੌਰ 'ਤੇ ਹੱਲ ਕਰ ਲਏ ਗਏ ਸਨ। ਹਾਲਾਂਕਿ, ਇਸ ਵਾਰ ਮਾਮਲਾ ਰਸਮੀ ਤੌਰ 'ਤੇ ਰਿਪੋਰਟ ਕੀਤਾ ਗਿਆ ਅਤੇ ਪੁਲਸ ਨੇ ਤੁਰੰਤ ਕਾਰਵਾਈ ਕੀਤੀ। ਦੋਸ਼ੀ ਤੋਂ ਇਸ ਵੇਲੇ ਪੁੱਛਗਿੱਛ ਕੀਤੀ ਜਾ ਰਹੀ ਹੈ ਅਤੇ ਪੁਲਸ ਉਸ ਵਿਰੁੱਧ ਕਿਸੇ ਵੀ ਹੋਰ ਸ਼ਿਕਾਇਤ ਦੀ ਜਾਂਚ ਕਰ ਰਹੀ ਹੈ।


**NAME CHANGE**
I, NO-17007475L Rank-NK Name-JITENDRA GANGWAR S/O LATE NIRANJAN LAL GANGWAR R/O WARD NO-11, MOHALLA GYASPUR, NEAR BANGALI BABA MANDIR, BILASPUR, PILIBHIT, UTTAR PRADESH-262201 have changed my minor son's name from DAKSH GANGWAR to YASH GANGWAR for all future purposes vide Affidavit Dated 05/09/2023 before Notary Public, Delhi.

**NAME CHANGE**
I, ANITA BANSAL W/O PAWAN BANSAL residing at B-504, MAYUR-DHWAJ APARTMENT, I.P EXTN. EAST DELHI-110092 have Change my name to ANITA RANI BANSAL for all future purpose.

**PUBLIC NOTICE**
I Jyoti pal W/O Sunil Kumar R/O WZ-125, Village Begumpur, North West Delhi , -110086.declare that name of mine has been wrongly written as Jyoti in my minor Daughter Yashika aged 14 years in her school cords and birth certificate no MCDOLR09368299 .The actual my name is Jyoti Pal.

**NAME CHANGE**
I, PUNNAM DEVI Wife of No-14913053K Rank-HAV Name-NARENDER SINGH R/O C-7, LAXMI GARDEN, NAJAFGARH, NEW DELHI-110043 have changed my name from PUNNAM DEVI to POONAM DEVI for all future purposes vide Affidavit Dated 30/09/2023 before Executive Magistrate, Delhi.

**NAME CHANGE**
I, NEETAS DEVI Wife of No-3204848W Rank-HAV Name-DHARMENDRA SINGH R/O VILL-BISHUNDAS, PO-MURSAN, DISTT-HATHRAS, U.P-204213 have changed my name from NEETAS DEVI to NITESH DEVI for all future purposes vide Affidavit Dated 30/09/2023 before Notary Public, Delhi.

**NAME CHANGE**
I, SANTOSH KUMAR S/O VISHVA NATH PRASAD residing at PLOT NO-58&59, FLAT NO-B-2, STREET NO-5, HAVENS GARDEN MATIALA, DELHI-110059 have changed my name to SANTOSH KUMAR GUPTA for all future purposes

**PUBLIC NOTICE**
Information is given to general public at large that our client M/s Aspire Buildwell through prop. Mr. Karan Dudeja S/o Mr. Satish Kumar Dudeja is the owner of Freehold Residential Plot area measuring 309.49 sq. mtrs., out of Khata No. 195, Khasra No. 233K (87 sq. mtrs.,), & Khasra No. 236 (222.5 sq. mtrs.,), & Plot area measuring 108.69 sq. mtrs., out of Khasra No. 232Kh, Situated at Village - Jalpura, Pargana & Tehsil Dadri, Distt. Gautam Budh Nagar, U.P: Vide Sale Deed dated 03/05/2023 duly registered in the office of SR Dadri, as Doc No. 15787, Book No. 01, Vol No. 23442, Page Nos. 309-330 & Sale Deed dated 03/05/2023 duly registered in the office of SR Dadri, as Doc No. 15786, Book No. 01, Vol No. 23442, Page Nos. 287-308, it is stated that Mr. Rakesh Chandra Aggarwal & Mr. Rakesh Baranwal had purchased above said property as HUF but further they have sold invaluably, now our client is declaring that any other person does not have any right over the said property, which is to be financed by ICICI Home Finance Co. Ltd. Branch: Laxmi Nagar, Delhi. If any person(s) have any objection(s) or claim(s) with respect to the right, title or interest in the Said Property then contact us within 07 days from the date of Publication of this notice and or the same to the undersigned if found by any one. Thereafter no claim shall be entertained
**[NAVEEN KUMAR VERMA]**
Advocate
F-211, Sector-3,
Vaishali, Ghaziabad,
Uttar Pradesh-201010
(Contact at 09958871432)

**PUBLIC NOTICE**
It is for general information that I, BALJEET SINGH S/o GURCHARAN SINGH R/o 12/32, Geeta Colony, East Delhi-110031 declare that name of mine, my wife and my minor daughter has been wrongly written as BALJEET SINGH CHUGH, GURPREET KAUR CHUGH, JASLEEN KAUR CHUGH in my minor daughter JASLEEN KAUR aged 16 years in her 10th class Educational Documents. The actual name of mine, my wife and my minor daughter are BALJEET SINGH, GURPREET KAUR and JASLEEN KAUR respectively, which may be amended accordingly.

**NAME CHANGE**
I, Kulsum w/o Rozuddin R/o B-17, Gali No.3A, Near Mohalla Dilshad Masjid, Old Mustafabad, Delhi-110094, have changed my name to Kulsoom for all future purposes.

**NAME CHANGE**
I Swaran Kaur Sawhney W/o Prith Pal Singh R/o 10C/80 SFS Flats Green View Appartment Mayapuri Road Hari Nagar West Delhi-110064 Have Changed My Name to Swaran Kaur for all purpose.

**NAME CHANGE**
I Tajinder Kaur W/o Jaspreet Singh Baweja R/o 52/43 Ramjas Road Karol Bagh Delhi -110005 Have Changed My Name To Tajinder Kaur Baweja For All Purpose.

**NAME CHANGE**
I Sarve Preet Kaur Kochhar W/o Manpreet Singh Kochhar R/o 10C/80 SFS Flats Green View Appartment Mayapuri Road Hari Nagar West Delhi-110064 Have Change My Given Name Sarvepreet kaur and Surname Kochhar for all purpose.

**NAME CHANGE**
I, ABDUL TAWWAB S/O Shri Abdul Rehman Resident of House No. C-16, Abhimanyu Gali, Near Babu Ram Chowk, Arjun Mohalla, Moujpur, Delhi-110053 have changed my name ABDUL TAUWAB to ABDUL TAWWAB for all future purposes.

**NAME CHANGE**
I, SIDDHARATH RANA S/O BHAGWAN RANA residing at H NO-1074, SIRASPUR, DELHI-110042 have changed my name to SIDDHARTH RANA for all future purpose.

**NAME CHANGE**
I Kapil Kumar Yadav S/o Dinesh Yadav R/o House No-523 P, Sector-14,Gurgaon,Haryana-122001, Have Changed My Name To Kapil Yadav For All Purpose

**NAME CHANGE**
I, Pradeep Kumar S/o Prem Chand R/o D-754/A, Gali No.1, Ashok Nagar, Shahdara, Delhi-110093 have changed the name of my minor son from Arjun to Arjun Vaidwan.

**NAME CHANGE**
I, Anupama D/o Pradeep Kumar R/o D-754/A, Gali No.1, Ashok Nagar, Shahdara, Delhi-110093 have changed my name to Anupama Chaudhary.

**NAME CHANGE**
I, VINOD KUMAR S/O UDAY SINGH residing at FLAT NO-G-3/8, NEAR DDA WATER TANK, SECTOR-4, ROHINI, DELHI-110085 have changed my name to VINOD KUMAR KUSHWAHA for all future purpose.

**NAME CHANGE**
I Manoj Ram S/o Ram Bilash Ram R/o Flat No-6, Tower-8,Hamelia Street,IRIS,Vatika City, Sector-49, Gurgaon, Haryana-122018, Have Changed My Name To Manoj Kumar For All Purpose

**NAME CHANGE**
I Taran Preet Singh Kochhar S/o Manpreet Singh Kochhar R/o 10C/80 SFS Flats Green View Appartment Mayapuri Road Hari Nagar West Delhi-110064 Have Change My Given Name Taranpreet Singh and Surname Kochhar for all purpose.

**NAME CHANGE**
I, SH AUTAR SINGH Father of JC-413677X Rank-SUB MAJ Name-BHAGAT SINGH presently residing at VILL-BILTIYA SUKOLI TALLI, PO-DHAUNTIYAL, DIST-PAURI GARHWAL, UTTARAKHAND-246155 have changed my name from SH AUTAR SINGH to AVTAR SINGH for all future purposes vide affidavit dated 12/03/2024 before Notary Public, Delhi.

**NAME CHANGE**
I, D BABU father of NO-14842224Y Rank HAV/MT Name-ANOOP B R/O AALAYAM, VILL –KEEZHTHON-NAKKAL, PO-POTHENCODE, DIST-TRIVANDRUM, KERALA-695584 have changed my name from D BABU to BABU D for all future purposes vide Affidavit Dated 12/03/2024 before Notary Public, Delhi.

**NAME CHANGE**
I Jaspreet Singh S/o Jagdeep Singh R/o 52/43 Ramjas Road Near Khalsa college Karol Bagh Delhi -110005 Have Changed My Name To Jaspreet Singh Baweja For All Purpose.

**NAME CHANGE**
I Sandeep Ved S/o Khushi Ram Ved R/o H.No-139/1,B-Block, Street No-3,Qutub Vihar Phase-2,Dwarka,Delhi-110071, Have Changed My Name To Sandeep Vaid For All Purpose

**NAME CHANGE**
I Rohini Bhatnagar W/o Amitabh Bhatnagar R/o M- 7075, Devinder Vihar, Gurgaon sector 56, Gurgaon Haryana-122011,Have Changed My Name To Rohini Dhanraj Bhatnagar For All Purpose

**NAME CHANGE**
I, Anil Balakrishna Panicker s/o Angakattil Narayan Balakrishna Panicker R/o A-6/334-A, Janta Flats, Paschim Vihar, Delhi-110063, have changed my name to Anil Bala Panicker permanently.

**NAME CHANGE**
I, Rekha W/O Prem Singh R/O B 278, South MOTI BAGH NEW DELHI 110021 have changed my name from Rekha to Rekha Rawat for all future purpose.

**PUBLIC NOTICE**
My client Narender Kumar Chauhan S/o Pooran Singh R/o H.No.376, Chauhan Mohalla, Madanpur Khadar, Sarita Vihar, Delhi-76, has severed all relations and disowned his son Harsh Chauhan and his wife Preeti Rani from his all movable-immovable properties due to their Vihar, Delhi-76, has severed all relations and disowned his disobedience. My client Shall not be responsible for their acts.
**ARJUN BIDHURI Advocate**
CH. NO.536, Saket Courts
New Delhi-110017.

**NAME CHANGE**
I, KRISHAN KANTA W/o IC-29820P (Late) Col SHIV KUMAR (Retd.) R/O H-104, VIVEK VIHAR, NEAR KENDRIYA VIHAR-2, SEC-82, NOIDA, SALARPUR, GAUTAM BUDDHA NAGAR, UTTAR PRADESH-201304 have changed my name from KRISHAN KANTA to KRISHAN KANTA RANDEV for all future purposes vide Affidavit Dated 12/03/2024 before Notary Public, Delhi.

**NAME CHANGE**
I, MEENA DEVI wife of JC-493248F Rank-NB/SUB Name-RAVINDER KUMAR R/O VPO-MURTHAL, TEH-SONIPAT, DISTT-SONIPAT, HARYANA-131027 have changed my name from MEENA DEVI to MEENA for all future purposes vide Affidavit Dated 11/03/2024 before Notary Public, Delhi.

**NAME CHANGE**
I, ANITA W/o NO- 2806617A HAV TANGADKAR SUBHASH SITARAM R/o VPO-GHARGAON, TEH-SANGAMNER, DISTT-AHMADNAGAR, MAHARASHTRA-422620, have changed my name from ANITA to ANITA SUBHASH TANGADKAR for all future purposes vide Affidavit dated 29/11/2022 before Notary Public Delhi.

**NAME CHANGE**
I, DATTATRAY NAGOJI PATIL father of NO-JC-379904X SUB MAJ PATIL MAHENDRA DATTATRAY R/O VILL-BONJURDI, PO-ADKUR, TEH-CHANDGAD, DISTT-KOLHAPUR, MH-416509, have changed my name from DATTATRAY NAGOJI PATIL to DATTA NAGOJI PATIL for all future purposes and in my son's service record my date of birth wrongly mentioned as 01/07/1953 instead of my correct date of birth as 17/01/1950 Vide Affidavit dated 29/11/2022 Before Notary Public, Delhi.

**PUBLIC NOTICE**
MY CLIENT NARENDER PAL AGARWAL, S/O, LATE SARDARI LAL AGARWAL AND NEETU AGARWAL W/O NARENDER PAL AGARWAL BOTH R/O H.NO. 49, NARELA ROAD, BAWANA, NEAR STATE BANK OF INDIA, NEW DELHI, PRESENTLY AT H.NO.122, WHITE HOUSE APARTMENT, SECTOR-13, ROHINI, NEW DELHI- 110085, HAVE DEBARRED THEIR SON NIKHIL AGARWAL AND HIS WIFE ANCHAL AGARWAL FROM THEIR ALL MOVABLE- IMMOVABLE PROPERTIES AND SHALL NOT HAVE ANY RIGHT, TITLE OR INTEREST IN MOVEABLE AND IMMOVABLE PROPERTIES AND SEVERED ALL THEIR RELATION DUE TO MISCONDUCT AND DISOBEDIENT. ANYBODY DEALING WITH THEM SHALL BEAR AT THEIR OWN COST, RISK & CONSEQUENCES
**PINKI LAMBA MANN**
ADVOCATE
OFF. A-205A, NORTH EX.MALL, SECTOR-9,
ROHINI, NEW DELHI

# ਸਿਖਿਆ ਮੰਤਰੀ ਮਹੀਪਾਲ ਢਾਂਡਾ ਨੇ ਡਾ. ਬੀ.ਆਰ. ਅੰਬੇਦਕਰ ਕੌਮੀ ਵਿਧੀ ਯੂਨੀਵਰਸਿਟੀ ਵਿੱਚ ਸਵਾਮੀ ਵਿਵੇਕਾਨੰਦ ਦੀ ਪ੍ਰਤਿਮਾ ਦਾ ਕੀਤਾ ਉਦਘਾਟਨ



**ਚੰਡੀਗੜ੍ਹ, 30 ਅਪ੍ਰੈਲ**
**-ਕੌਮੀ ਪੱਤ੍ਰਿਕਾ ਬਿਊਰੋ-**

ਹਰਿਆਣਾ ਦੇ ਸਿਖਿਆ ਮੰਤਰੀ ਸ੍ਰੀ ਮਹੀਪਾਲ ਢਾਂਡਾ ਨੇ ਅੱਜ ਰਾਜੀਵ ਗਾਂਧੀ ਏਜੁਕੇਸ਼ਨ ਸਿਟੀ ਰਾਈ, ਸੋਨੀਪਤ ਸਥਿਤ ਡਾ. ਬੀ.ਆਰ. ਅੰਬੇਦਕਰ ਕੌਮੀ ਵਿਧੀ ਯੂਨੀਵਰਸਿਟੀ ਵਿੱਚ ਸਵਾਮੀ ਵਿਵੇਕਾਨੰਦ ਦੀ ਪ੍ਰਤਿਮਾ ਦਾ ਉਦਘਾਟਨ ਕੀਤਾ। ਇਸ ਦੇ ਬਾਅਦ ਉਨ੍ਹਾਂ ਨੇ ਯੂਨੀਵਰਸਿਟੀ ਦੇ ਸਥਾਪਨਾ ਦਿਵਸ ਸਮਾਰੋਹ ਵਿੱਚ ਮੁੱਖ ਮਹਿਮਾਨ ਵਜੋ ਦੀਪ ਪ੍ਰਜਵੱਲਤ ਕਰ ਪ੍ਰੋਗਰਾਮ ਦੀ ਵਿਧੀਵਤ ਸ਼ੁਰੂਆਤ ਕੀਤੀ।

ਵਿਦਿਆਰਥੀਆਂ ਨੂੰ ਸੰਬੋਧਿਤ ਕਰਦੇ ਹੋਏ ਸਿਖਿਆ ਮੰਤਰੀ ਸ੍ਰੀ ਮਹੀਪਾਲ ਢਾਂਡਾ ਨੇ ਕਿਹਾ ਕਿ ਭਾਰਤ ਨੂੰ ਵਿਸ਼ਵ ਧਰੋਹਰ, ਆਤਮਨਿਰਭਰ ਅਤੇ ਵਿਕਸਿਤ ਰਾਸ਼ਟਰ ਬਨਾਉਣ ਦੇ ਸੰਕਲਪ ਦੇ ਨਾਲ ਕੇਂਦਰ ਸਰਕਾਰ ਪ੍ਰਧਾਨ ਮੰਤਰੀ ਸ੍ਰੀ ਨਰੇਂਦਰ ਮੋਦੀ ਦੀ ਅਗਵਾਈ ਹੇਠ ਅਤੇ ਹਰਿਆਣਾ ਸਰਕਾਰ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਨੀ ਦੀ ਅਗਵਾਈ ਹੇਠ ਲਗਾਤਾਰ ਕੰਮ ਕਰ ਰਹੀ ਹੈ।

ਉਨ੍ਹਾਂ ਨੇ ਨੌਜੁਆਨਾਂ ਨੂੰ ਅਪੀਲ ਕੀਤੀ ਕਿ ਉਹ ਇਸ ਸੰਕਲਪ ਵਿੱਚ ਸਹਿਭਾਗੀ ਬਣੇ ਅਤੇ ਦੇਸ਼ ਦੇ ਵਿਕਾਸ ਵਿੱਚ ਸਰਗਰਮ ਭੂਕਿਮਾ ਨਿਭਾਉਣ। ਉਨ੍ਹਾਂ ਨੇ ਕਿਹਾ ਕਿ ਨਿਆਂ ਪ੍ਰਕ੍ਰਿਆ ਵਿੱਚ ਨਵਾਚਾਰ ਖੋਜਣ ਦਾ ਸਤਨ ਕਰਨ ਜਿਸ ਨਾਲ ਰਾਸ਼ਟਰ ਦੇ ਵਿਕਾਸ ਨੂੰ ਗਤੀ ਮਿਲ ਸਕੇ।

ਮੰਰੀ ਸ੍ਰੀ ਮਹੀਪਾਲ ਢਾਂਡਾ ਨੇ ਕਿਹਾ ਕਿ ਵਿਸ਼ਵ ਵਿੱਚ ਜਿੱਥੇ ਕਈ ਦੇਸ਼ ਅਸਥਿਰਤਾ ਨਾਲ ਜੂਝ ਰਹੇ ਹਨ, ਉੱਥੇ ਭਾਰਤ ਆਪਣੀ ਕੂਟਨੀਤਿਕ ਨੀਤੀਆਂ ਦੇ ਚਲਦੇ ਵਿਕਾਸ ਦੇ ਪੱਥ 'ਤੇ ਅਗਰਸਰ ਹੈ।

ਉਨ੍ਹਾਂ ਨੇ ਕਿਹਾ ਕਿ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਦੀ ਅਗਵਾਈ ਹੇਠ ਭਾਰਤ ਨੇ ਨੀਤੀਆਂ ਵਿੱਚ ਬਦਲਾਅ ਕਰ ਵਿਦੇਸ਼ੀ ਨਿਵੇਸ਼ਕਾਂ ਨੂੰ ਸੁਰੱਖਿਆ ਪ੍ਰਦਾਨ ਕੀਤੀ, ਜਿਸ ਨਾਲ ਅੱਜ ਦੁਨੀਆ ਦੀ ਪ੍ਰਮੁੱਖ ਕੰਪਨੀਆਂ ਭਾਰਤ ਵਿੱਚ ਨਿਵੇਸ਼ ਕਰਨਾ ਚਾਹੁੰਦੀ ਹੈ।

ਉਨ੍ਹਾਂ ਨੇ ਕਿਹਾ ਕਿ ਹਰਿਆਣਾ ਦੇਸ਼ ਦਾ ਪਹਿਲਾ ਸੂਬਾ ਹੈ ਜਿਸ ਨੇ ਕੌਮੀ ਸਿਖਿਆ ਨੀਤੀ 2020 ਲਾਗੂ ਕੀਤੀ। ਇਸ ਦੇ ਤਹਿਤ ਕੋਰਸਾਂ ਵਿੱਚ ਵਿਆਪਕ ਬਦਲਾਅ ਕਰ ਬੱਚਿਆਂ ਨੂੰ ਆਪਣੀ ਪਸੰਦ ਦੀ ਭਾਸ਼ਾ ਵਿੱਚ ਪੜਾਈ ਕਰਨ ਦੀ ਸੁਤੰਤਰਤਾ ਦਿੱਤੀ ਗਈ ਹੈ।

ਨਾਲ ਹੀ ਸਰਕਾਰ ਸਕੂਲੀ ਸਿਖਿਆ ਵਿੱਚ ਉਦਮਤਾ ਵਿਸ਼ਾ ਨੂੰ ਸ਼ਾਮਿਲ ਕਰਨ ਲਈ ਕਾਰਜ ਕਰ ਰਹੀ ਹੈ ਤਾ ਜੋ ਬੱਚੇ ਆਤਮਨਿਰਭਰ ਬਣੇ ਸਕਣ।

ਸਿਖਿਆ ਮੰਤਰੀ ਨੇ ਕਿਹਾ ਕਿ ਉਨ੍ਹਾਂ ਨੇ ਯੂਨੀਵਰਸਿਟੀ ਦੇ ਵਿਦਿਆਰਥੀਆਂ ਵਿੱਚ ਰਾਸ਼ਟਰ ਨਿਰਮਾਣ ਦੀ ਦਿਸ਼ਾ ਵਿੱਚ ਸਕਰਾਤਮਕ ਉਰਜਾ ਅਤੇ ਸਮਰਪਣ ਦਿਖਦਾ ਹੈ। ਉਨ੍ਹਾਂ ਨੇ ਵਿਦਿਆਰਥੀਆਂ ਨੂੰ ਅਪੀਲ ਕੀਤੀ ਕਿ ਉਹ ਪੰਚਾਇਤੀ ਨਿਆਂ ਪ੍ਰਨਾਲੀ ਦੀ ਨਿਰਪੱਖਤਾ ਤੋਂ ਸੀਖ ਲੈਣ ਅਤੇ ਗ੍ਰਾਮੀਣ ਖੇਤਰਾਂ ਵਿੱਓ ਜਾ ਕੇ ਕਾਨੂੰਨੀ ਜਾਗਰੁਕਤਾ ਮੁਹਿੰਮ ਚਲਾਉਣ।

# ਵਿਧਾਇਕ ਰੁਪਿੰਦਰ ਸਿੰਘ ਹੈਪੀ ਨੇ ਬਸੀ ਪਠਾਣਾਂ ਸ਼ਹਿਰ ਵਿਖੇ ਬਣਨ ਵਾਲੇ ਉਪ ਮੰਡਲ ਕੰਪਲੈਕਸ ਦਾ ਨੀਂਹ ਪੱਥਰ ਰੱਖਿਆ



**ਫ਼ਤਹਿਗੜ੍ਹ ਸਾਹਿਬ, 30 ਅਪ੍ਰੈਲ**
**-ਕੌਮੀ ਪੱਤ੍ਰਿਕਾ ਬਿਊਰੋ-**

ਮੁੱਖ ਮੰਤਰੀ, ਪੰਜਾਬ, ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਅਧੀਨ ਹਲਕਾ ਬਸੀ ਪਠਾਣਾਂ ਵਿੱਚ ਸਰਬਪੱਖੀ ਵਿਕਾਸ ਕਾਰਜ ਕਰਵਾਏ ਜਾ ਰਹੇ ਹਨ ਤੇ ਹਲਕੇ ਨੂੰ ਨਮੂਨੇ ਦਾ ਹਲਕਾ ਬਣਾਉਣ ਵਿੱਚ ਕੋਈ ਕਸਰ ਬਾਕੀ ਨਹੀਂ ਛੱਡੀ ਜਾ ਰਹੀ।

ਇਹ ਪ੍ਰਗਟਾਵਾ ਹਲਕਾ ਬਸੀ ਪਠਾਣਾਂ ਦੇ ਵਿਧਾਇਕ ਸ. ਰੁਪਿੰਦਰ ਸਿੰਘ ਹੈਪੀ ਨੇ ਬਸੀ ਪਠਾਣਾਂ ਸ਼ਹਿਰ ਵਿਖੇ 8.62 ਕਰੋੜ ਦੀ ਲਾਗਤ ਨਾਲ ਕਰੀਬ 03.54 ਏਕੜ ਵਿੱਚ ਬਣਨ ਵਾਲੇ ਉਪ ਮੰਡਲ ਕੰਪਲੈਕਸ ਦਾ ਨੀਂਹ ਪੱਥਰ ਰੱਖਣ ਮੌਕੇ ਕੀਤਾ। ਉਨ੍ਹਾਂ ਦੱਸਿਆ ਕਿ ਇਹ ਕੰਪਲੈਕਸ ਇੱਕ ਵਰੇ ਅੰਦਰ ਮੁਕੰਮਲ ਹੋਵੇਗਾ ਅਤੇ ਇਸ ਦੇ ਬਣਨ ਨਾਲ ਨਾਗਰਿਕਾਂ ਨੂੰ ਵੱਡੀ ਸੌਗਾਤ ਮਿਲੇਗੀ। ਉਹਨਾਂ ਦੱਸਿਆ ਕਿ ਕੰਪਲੈਕਸ ਦੀ ਇਮਾਰਤ ਦਾ ਕਵਰਡ ਏਰੀਆ 27850 ਸੁਕੇਅਰ ਫੁੱਟ ਹੈ।

ਹਲਕਾ ਵਿਧਾਇਕ ਨੇ ਕਿਹਾ ਕਿ ਪੁਰਾਣਾ ਉਪ ਮੰਡਲ ਕੰਪਲੈਕਸ ਸ਼ਹਿਰ ਦੇ ਅੰਦਰ ਅਤੇ ਬੱਸ ਸਟੈਂਡ ਤੋਂ ਦੂਰ ਹੋਣ ਕਰ ਕੇ ਆਮ ਜਨਤਾ ਨੂੰ ਪ੍ਰਸ਼ਾਸਨਿਕ ਕੰਮ ਕਰਵਾਉਣ ਸਬੰਧੀ ਖੇਚਲ ਝੱਲਣੀ ਪੈਂਦੀ ਸੀ ਅਤੇ ਉਹ ਇਮਾਰਤ ਪੁਰਾਣੀ ਹੋਣ ਕਰ ਕੇ ਵੀ ਠੀਕ ਨਹੀਂ ਸੀ, ਜਿਸ ਕਰ ਕੇ ਪੰਜਾਬ ਵਿੱਚ ਆਮ ਆਦਮੀ ਪਾਰਟੀ ਦੀ ਸਰਕਾਰ ਬਣਦਿਆਂ ਹੀ ਉਹਨਾਂ ਵੱਲੋਂ ਸਭ ਤੋਂ ਪਹਿਲੀ ਮੰਗ ਵੱਖੋ-ਵੱਖ ਸਰਕਾਰੀ ਦਫਤਰਾਂ ਲਈ ਨਵੀਂ ਬਿਲਡਿੰਗ ਮਨਜ਼ੂਰ ਕਰਵਾਉਣ ਦੀ ਸੀ ਤਾਂ ਜੋ ਲੋਕਾਂ ਨੂੰ ਵੱਧ ਤੋਂ ਵੱਧ ਪ੍ਰਸ਼ਾਸਨਿਕ ਸੁਵਿਧਾਵਾਂ ਇੱਕੋ ਛੱਤ ਹੇਠਾਂ ਉਪਲਬਧ ਹੋ ਸਕਣ। ਹਲਕਾ ਵਿਧਾਇਕ ਨੇ ਦੱਸਿਆ ਕਿ ਇਸ ਦੀ ਮਨਜ਼ੂਰੀ ਸਰਕਾਰ ਪਾਸੋਂ 2023 ਵਿੱਚ ਹੀ ਕਰਵਾ ਲਈ ਗਈ ਸੀ, ਪ੍ਰੰਤੂ ਪੁਰਾਣੀ ਬਿਲਡਿੰਗ ਵਾਲੀ ਜਗ੍ਹਾ ਹੀ ਇਸ ਨੂੰ ਬਣਾਇਆ ਜਾਣਾ ਸੀ ਅਤੇ ਇਸ ਕਰਕੇ ਉਹਨਾਂ ਵੱਲੋਂ ਕੀਤਾ ਗਿਆ ਇਹ ਉਪਰਾਲਾ ਪੂਰਨ ਨਹੀਂ ਹੋਣਾ ਸੀ। ਇਸ ਲਈ ਬੱਸ ਸਟੈਂਡ ਨੇੜਲੀ ਇਹ ਜਗ੍ਹਾ ਮਨਜ਼ੂਰ ਕਰਵਾਉਣ ਦੇ ਵਿੱਚ ਸਮਾਂ ਲੱਗਿਆ। ਹਲਕਾ ਵਿਧਾਇਕ ਨੇ ਦੱਸਿਆ ਕਿ ਇਸ ਵਿੱਚ ਦਫਤਰ ਉਪ ਮੰਡਲ ਮੈਜਿਸਟਰੇਟ, ਤਹਿਸੀਲਦਾਰ ਦਫਤਰ, ਫਰਦ ਕੇਂਦਰ ਸਮੇਤ ਵੱਖੋ-ਵੱਖ ਵਿਭਾਗਾਂ ਦੇ ਦਫਤਰ ਹੋਣਗੇ। ਇਸ ਮੌਕੇ ਡਾਇਰੈਕਟਰ ਲੇਬਰ ਵੈਲਫੇਅਰ ਬੋਰਡ ਸ਼੍ਰੀ ਰਾਜ ਪੁਰੀ, ਮੈਂਬਰ ਮੰਡੀ ਬੋਰਡ ਇੰਦਰਜੀਤ ਸਿੰਘ, ਮਾਰਕਿਟ ਕਮੇਟੀ ਚੇਅਰਮੈਨ ਮਨਪ੍ਰੀਤ ਸਿੰਘ ਸੋਮਲ, ਪ੍ਰੀਤੀ ਅਰੋੜਾ ਮਹਿਲਾ ਸੈੱਲ ਜ਼ਿਲ੍ਹਾ ਪ੍ਰਧਾਨ, ਡੀ.ਐਸ.ਪੀ. ਰਾਜ ਕੁਮਾਰ, ਕਸ਼ਮੀਰ ਸਿੰਘ, ਅੰਮ੍ਰਿਤ ਬਾਜਵਾ, ਅਰੁਣ ਕੁਮਾਰ, ਰਾਜਵੀਰ ਮਾਨ ਸਰਪੰਚ, ਦਵਿੰਦਰ ਸਿੰਘ, ਸਮੇਤ ਵੱਖੋ ਵੱਖ ਸ਼ਖਸੀਅਤਾਂ ਤੇ ਸ਼ਹਿਰ ਵਾਸੀ ਹਾਜ਼ਰ ਸਨ।

# ਰੂਪਨਗਰ ਦੀ ਜ਼ਿਲ੍ਹਾ ਪੱਧਰੀ ਸਕੂਲ ਟੂਰਨਾਮੈਂਟ ਕਮੇਟੀ ਤੇ ਜੋਨ ਪੱਧਰੀ ਟੂਰਨਾਮੈਂਟ ਕਮੇਟੀਆਂ ਦੀ ਚੋਣ ਸਰਬ ਸੰਮਤੀ ਨਾਲ ਹੋਈ



**ਰੂਪਨਗਰ, 30 ਅਪ੍ਰੈਲ**
**-ਕੌਮੀ ਪੱਤ੍ਰਿਕਾ ਬਿਊਰੋ-**

ਸਥਾਨਕ ਕੰਨਿਆ ਸੀਨੀਅਰ ਸੈਕੰਡਰੀ ਸਕੂਲ ਰੂਪਨਗਰ ਵਿਖੇ ਜ਼ਿਲ੍ਹਾ ਅਤੇ ਜ਼ੋਨ ਸਕੂਲ ਟੂਰਨਾਮੈਂਟ ਕਮੇਟੀਆਂ ਦਾ ਗਠਨ ਕਰਨ ਲਈ ਇੱਕ ਮੀਟਿੰਗ ਕੀਤੀ ਗਈ ਤਾਂ ਜੋ ਜ਼ਿਲ੍ਹੇ ਵਿੱਚ ਖੇਡਾਂ ਨੂੰ ਸੁਚਾਰੂ ਢੰਗ ਨਾਲ਼ ਨੇਪਰੇ ਚਾੜ੍ਹਿਆ ਜਾ ਸਕੇ।

ਜ਼ਿਲ੍ਹਾ ਸਪੋਰਟਸ ਕਮੇਟੀ ਦੇ ਪ੍ਰਧਾਨ ਅਤੇ ਜ਼ਿਲੇ ਦੇ ਮਾਨਯੋਗ ਜ਼ਿਲ੍ਹਾ ਸਿੱਖਿਆ ਅਫਸਰ ਸ੍ਰੀ ਪ੍ਰੇਮ ਕੁਮਾਰਮਿੱਤਲ ਦੀ ਅਗਵਾਈ ਹੇਠ ਕਮੇਟੀ ਦੇ ਸੀਨੀਅਰ ਮੀਤ ਪ੍ਰਧਾਨ ਪ੍ਰਿੰਸੀਪਲ ਕੁਲਵਿੰਦਰ ਸਿੰਘ, ਜਨਰਲ ਸਕੱਤਰ ਸਰਦਾਰ ਜਗਤਾਰ ਸਿੰਘ ਪ੍ਰਿੰਸੀਪਲ, ਪ੍ਰਬੰਧਕੀ ਅਤੇ ਵਿੱਤ ਸਕੱਤਰ ਸ਼੍ਰੀਮਤੀ ਸ਼ਰਨਜੀਤ ਕੌਰ ਜ਼ਿਲ੍ਹਾ ਖੇਡ ਕੋਆਰਡੀਨੇਟਰ, ਸਹਾਇਕ ਸਕੱਤਰ ਸਰਦਾਰ ਹਰਮਨਦੀਪ ਸਿੰਘ ਡੀਪੀ, ਐਡੀਟਰ ਸਰਦਾਰ ਇਕਬਾਲ ਸਿੰਘ ਡੀਪੀ, ਟੈਕਨੀਕਲ ਮੈਂਬਰ ਸਰਦਾਰ ਬਲਜਿੰਦਰ ਸਿੰਘ ਲੈਕਚਰਾਰ, ਮੈਂਬਰ ਸਰਦਾਰ ਰਣਜੀਤ ਸਿੰਘ ਡੀਪੀਈ ਮੈਂਬਰ ਸ੍ਰੀਮਤੀ ਹਰਬੀਰ ਕੌਰ ਪੀਟੀਆਈ ਨੂੰ ਚੁਣਿਆ ਗਿਆ।

ਇੱਥੇ ਇਹ ਜਿਕਰਯੋਗ ਹੈ ਕਿ ਜ਼ਿਲ੍ਹੇ ਵਿੱਚ ਕੁੱਲ 10 ਜ਼ੋਨ ਹਨ ਜਿਨ੍ਹਾਂ ਦੀਆਂ ਵੱਖਰੀਆਂ -2 ਕਮੇਟੀਆਂ ਬਣਾਈਆਂ ਗਈਆਂ ਹਨ।

ਇਸ ਮੀਟਿੰਗ ਵਿੱਚ ਜਿਲ੍ਹੇ ਦੇ ਪ੍ਰਿੰਸੀਪਲ ਸਾਹਿਬਾਨ ਹਾਜ਼ਰ ਸਨ। ਜਿਨਾਂ ਵਿੱਚ ਸਰਦਾਰ ਜਗਤਾਰ ਸਿੰਘ, ਸਰਦਾਰ ਰਜਿੰਦਰ ਸਿੰਘ, ਸਰਦਾਰ ਮੇਜਰ ਸਿੰਘ, ਸਰਦਾਰ ਜਗਤਾਰ ਸਿੰਘ ਧਮਾਣਾ, ਸਰਦਾਰ ਕੁਲਵਿੰਦਰ ਸਿੰਘ, ਮੈਡਮ ਸੰਦੀਪ ਕੌਰ, ਮੈਡਮ ਪੂਜਾ ਗੋਇਲ, ਮੈਡਮ ਅਨੀਤਾ ਸ਼ਰਮਾ, ਮੈਡਮ ਇੰਦੂ ਬਾਲਾ ਆਦਿ ਅਤੇ ਮੁੱਖ ਅਧਿਆਪਕ ਵੀ ਹਾਜ਼ਰ ਸਨ ਜਿਨਾਂ ਵਿੱਚ ਰਮੇਸ਼ ਕੁਮਾਰ ,ਅਨੂ ਅਗਰਵਾਲ ਜੀ, ਅਨੁ ਅਗਰਵਾਲ, ਅਨੂਹੰਸ, ਹਰਪ੍ਰੀਤ ਕੌਰ, ਮੰਜੂ ਮੱਤਾ ਅਤੇ ਤਰਸੇਮ ਕੌਰ ਆਦਿ ਅਤੇ ਸਮੂਹ ਲੈਕਚਰਾਰ ਸਾਹਿਬਾਨ ਸਰੀਰਕ ਸਿੱਖਿਆ, ਡੀਪੀਈ ਅਤੇ ਪੀਟੀਆਈ ਸਾਹਿਬਾਨ ਹਾਜਰ ਸਨ। ਮੰਚ ਤੇ ਸਮਾਰਟ ਸਕੂਲ ਕੋਆਰਡੀਨੇਟਰ ਵਰਿੰਦਰ ਸ਼ਰਮਾਂ ਵੀ ਹਾਜ਼ਰ ਸਨ ।

ਜਿਲਾ ਸਪੋਰਟਸ ਕੋਆਰਡੀਨੇਟਰ ਮੈਡਮ ਸ਼ਰਨਜੀਤ ਕੌਰ ਨੇ ਸਾਰੇ ਪ੍ਰੋਗਰਾਮ ਦਾ ਬਾਖੂਬੀ ਪ੍ਰਬੰਧ ਕੀਤਾ। ਉਕਤ ਸਾਰੀ ਜਾਣਕਾਰੀ ਜਿਲਾ ਮੀਡੀਆ ਕੋਆਰਡੀਨੇਟਰ ਸਤਪਾਲ ਸ਼ਰਮਾ ਨੇ ਸਾਂਝੀ ਕੀਤੀ ।

# ਵਿਧਾਇਕ ਜਿੰਪਾ ਨੇ ਸਿਵਲ ਹਸਪਤਾਲ ਹੁਸ਼ਿਆਰਪੁਰ ਦਾ ਦੌਰਾ ਕਰਕੇ ਡਾਕਟਰਾਂ ਨਾਲ ਕੀਤੀ ਮੀਟਿੰਗ



**ਹੁਸ਼ਿਆਰਪੁਰ, 30 ਅਪ੍ਰੈਲ**
**-ਕੌਮੀ ਪੱਤ੍ਰਿਕਾ ਬਿਊਰੋ-**

ਸਥਾਨਕ ਵਿਧਾਇਕ ਬ੍ਰਮ ਸ਼ੰਕਰ ਜਿੰਪਾ ਨੇ ਸਿਵਲ ਹਸਪਤਾਲ ਹੁਸ਼ਿਆਰਪੁਰ ਦਾ ਦੌਰਾ ਕੀਤਾ ਅਤੇ ਹਸਪਤਾਲ ਦੇ ਡਾਕਟਰਾਂ ਨਾਲ ਇਕ ਮਹੱਤਵਪੂਰਨ ਮੀਟਿੰਗ ਕੀਤੀ। ਇਸ ਮੀਟਿੰਗ ਦਾ ਉਦੇਸ਼ ਹਸਪਤਾਲ ਵਿਚ ਮਰੀਜਾਂ ਨੂੰ ਪ੍ਰਦਾਨ ਕੀਤੀਆਂ ਜਾ ਰਹੀਆਂ ਸਿਹਤ ਸੇਵਾਵਾਂ ਦੀ ਸਥਿਤੀ ਦਾ ਜਾਇਜ਼ਾ ਲੈਣਾ ਅਤੇ ਉਨ੍ਹਾਂ ਨੂੰ ਹੋਰ ਬਿਹਤਰ ਬਣਾਉਣ ਲਈ ਜ਼ਰੂਰੀ ਕਦਮ ਉਠਾਉਣਾ ਸੀ। ਇਸ ਦੌਰਾਨ ਉਨ੍ਹਾਂ ਨਾਲ ਸਿਵਲ ਸਰਜਨ ਡਾ. ਪਵਨ ਕੁਮਾਰ ਵੀ ਮੌਜੂਦ ਸਨ।

ਇਸ ਮੌਕੇ ਵੱਖ-ਵੱਖ ਵਿਭਾਗਾਂ ਦੇ ਡਾਕਟਰਾਂ ਨੇ ਮਰੀਜ਼ਾਂ ਨੂੰ ਬਿਹਤਰ ਸੁਵਿਧਾਵਾਂ ਪ੍ਰਦਾਨ ਕਰਨ ਲਈ ਜ਼ਰੂਰੀ ਉਪਕਰਨਾਂ ਦੀ ਮੰਗ ਵਿਧਾਇਕ ਅੱਗੇ ਰੱਖੀ। ਇਨ੍ਹਾਂ ਮੰਗਾਂ ਵਿਚ ਆਧੁਨਿਕ ਇਲਾਜ ਉਪਕਰਨ, ਵਾਧੂ ਸਟਾਫ਼ ਅਤੇ ਬੁਨਿਆਦੀ ਢਾਂਚੇ ਦੇ ਅਪਗ੍ਰੇਡੇਸ਼ਨ ਵਰਗੇ ਨੁਕਤੇ ਸ਼ਾਮਲ ਸਨ। ਵਿਧਾਇਕ ਜਿੰਪਾ ਨੇ ਸਾਰੇ ਵਿਭਾਗਾਂ ਨੂੰ ਨਿਰਦੇਸ਼ ਦਿੱਤੇ ਕਿ ਉਹ ਆਪਣੀਆਂ ਮੰਗਾਂ ਦੀ ਵਿਸਥਾਰ ਸੂਚੀ ਤਿਆਰ ਕਰਨ ਤਾਂ ਜੋ ਇਨ੍ਹਾਂ ਜ਼ਰੂਰਤਾਂ ਨੂੰ ਜਲਦ ਪੂਰਾ ਕਰਨ ਲਈ ਉਚਿਤ ਪ੍ਰਬੰਧ ਕੀਤੇ ਜਾ ਸਕਣ। ਉਨ੍ਹਾਂ ਜੋਰ ਦੇ ਕੇ ਕਿਹਾ ਕਿ ਮਰੀਜਾਂ ਨੂੰ ਉਚ ਕੁਆਲਟੀ ਵਾਲੀਆਂ ਸਿਹਤ ਸੇਵਾਵਾਂ ਉਪਲਬੱਧ ਕਰਵਾਉਣਾ ਉਨ੍ਹਾਂ ਦੀ ਪਹਿਲ ਹੈ। ਵਿਧਾਇਕ ਨੇ ਵਿਸ਼ਵਾਸ ਦੁਆਇਆ ਕਿ ਹਸਪਤਾਲ ਵਿਚ ਉਪਕਰਨਾਂ ਦੀ ਕਮੀ ਨੂੰ ਦੂਰ ਕਰਨ ਅਤੇ ਮਰੀਜਾਂ ਨੂੰ ਬਿਹਤਰ ਸੁਵਿਧਾਵਾਂ ਪ੍ਰਦਾਨ ਕਰਨ ਲਈ ਹਰ ਸੰਭਵ ਯਤਨ ਕੀਤੇ ਜਾਣਗੇ। ਉਨ੍ਹਾਂ ਇਹ ਵੀ ਕਿਹਾ ਕਿ ਮੰਗਾਂ ਨੂੰ ਪਹਿਲ ਦੇ ਆਧਾਰ 'ਤੇ ਪੂਰਾ ਕਰਨ ਲਈ ਰਾਜ ਸਰਕਾਰ ਅਤੇ ਸਬੰਧਤ ਵਿਭਾਗਾਂ ਨਾਲ ਤਾਲਮੇਲ ਕੀਤਾ ਜਾਵੇਗਾ। ਇਸ ਦੌਰੇ ਦੌਰਾਨ ਵਿਧਾਇਕ ਨੇ ਹਸਪਤਾਲ ਦੇ ਵੱਖ-ਵੱਖ ਵਾਰਡਾਂ ਦਾ ਨਿਰੀਖਣ ਵੀ ਕੀਤਾ ਅਤੇ ਮਰੀਜਾਂ ਨਾਲ ਉਨ੍ਹਾਂ ਦੀਆਂ ਸਮੱਸਿਆਵਾਂ ਬਾਰੇ ਗੱਲਬਾਤ ਕੀਤੀ। ਉਨ੍ਹਾਂ ਹਸਪਤਾਲ ਪ੍ਰਸ਼ਾਸਨ ਨੂੰ ਸਾਫ਼-ਸਫਾਈ, ਸਮੇਂ ਸਿਰ ਦਵਾਈਆਂ ਦੀ ਉਪਲਬੱਧਤਾ ਅਤੇ ਮਰੀਜਾਂ ਨਾਲ ਸਨਮਾਨਯੋਗ ਵਿਵਹਾਰ ਯਕੀਨੀ ਬਣਾਉਣ ਦੇ ਨਿਰਦੇਸ਼ ਦਿੱਤੇ।

ਵਿਧਾਇਕ ਜਿੰਪਾ ਨੇ ਕਿਹਾ ਕਿ ਹੁਸ਼ਿਆਰਪੁਰ ਦੇ ਲੋਕਾਂ ਨੂੰ ਬਿਹਤਰ ਸਿਹਤ ਸੁਵਿਧਾਵਾਂ ਉਪਲਬੱਧ ਕਰਵਾਉਣਾ ਸਾਡੀ ਜ਼ਿੰਮੇਵਾਰੀ ਹੈ। ਸਿਵਲ ਹਸਪਤਾਲ ਨੂੰ ਹੋਰ ਬਿਹਤਰ ਬਣਾਉਣ ਲਈ ਕੋਈ ਕਸਰ ਨਹੀਂ ਛੱਡਾਂਗੇ।

ਇਸ ਮੌਕੇ ਜ਼ਿਲ੍ਹਾ ਟੀਕਾਕਰਨ ਅਫ਼ਸਰ ਡਾ. ਸੀਮਾ ਗਰਗ, ਡੀ.ਡੀ.ਐਚ.ਓ. ਡਾ. ਮਨਿੰਦਰ ਕੌਰ, ਡੀ.ਐਫ.ਪੀ.ਓ. ਡਾ. ਰਣਜੀਤ ਸਿੰਘ, ਡੀ.ਐਮ.ਸੀ. ਡਾ. ਸਵਿਤਾ, ਸੀਨੀਅਰ ਮੈਡੀਕਲ ਅਫ਼ਸਰ ਡਾ. ਸਵਾਤੀ ਸ਼ਿਮਾਰ ਅਤੇ ਡਾ. ਕੁਲਦੀਪ ਸਿੰਘ ਸਮੇਤ ਹਸਪਤਾਲ ਦੇ ਸਾਰੇ ਡਾਕਟਰ ਮੌਜੂਦ ਸਨ।

# ਪੰਜਾਬ ਦੀ ਜਵਾਨੀ, ਕਿਸਾਨੀ ਅਤੇ ਆਰਥਿਕਤਾ ਨੂੰ ਬਚਾਉਣ ਲਈ ਸਰਕਾਰ ਤਤਪਰ : ਵਿਧਾਇਕ ਜਗਰੂਪ ਗਿੱਲ



**ਬਠਿੰਡਾ, 30 ਅਪ੍ਰੈਲ**
**-ਕੌਮੀ ਪੱਤ੍ਰਿਕਾ ਬਿਊਰੋ-**

ਮੁੱਖ ਮੰਤਰੀ ਪੰਜਾਬ ਸ. ਭਗਵੰਤ ਸਿੰਘ ਮਾਨ ਦੀ ਯੋਗ ਅਗਵਾਈ ਵਾਲੀ ਸੂਬਾ ਸਰਕਾਰ ਪੰਜਾਬ ਦੀ ਜਵਾਨੀ, ਕਿਸਾਨੀ ਅਤੇ ਆਰਥਿਕਤਾ ਨੂੰ ਬਚਾਉਣ ਲਈ ਤਤਪਰ ਹੈ। ਇਨ੍ਹਾਂ ਗੱਲਾਂ ਦਾ ਪ੍ਰਗਟਾਵਾ ਵਿਧਾਇਕ ਬਠਿੰਡਾ (ਸ਼ਹਿਰੀ) ਸ. ਜਗਰੂਪ ਸਿੰਘ ਗਿੱਲ ਨੇ ਸਥਾਨਕ ਬਲਵੰਤ ਗਾਰਗੀ ਆਡੀਟੋਰੀਅਮ ਵਿਖੇ ਸਿਵਲ ਤੇ ਪੁਲਿਸ ਪ੍ਰਸ਼ਾਸਨ ਵਲੋਂ ਕਰਵਾਏ ਪ੍ਰੋਗਰਾਮ ÷ਯੁੱਧ ਨਸ਼ਿਆਂ ਵਿਰੁੱਧ÷ ਸਮਾਗਮ ਦੌਰਾਨ ਸੰਬੋਧਨ ਕਰਦਿਆਂ ਕੀਤਾ। ਇਸ ਮੌਕੇ ਵਿਧਾਇਕ ਮੌੜ ਸ ਸੁਖਬੀਰ ਸਿੰਘ ਮਾਈਸਰਖਾਨਾ, ਡਿਪਟੀ ਕਮਿਸ਼ਨਰ ਸ਼੍ਰੀ ਸ਼ੌਕਤ ਅਹਿਮਦ ਪਰੇ, ਡੀਆਈਜੀ ਬਠਿੰਡਾ ਰੇਂਜ ਸ ਹਰਜੀਤ ਸਿੰਘ ਕਮਿਸ਼ਨਰ ਨਗਰ ਨਿਗਮ ਸ੍ਰੀ ਅਜੇ ਅਰੋੜਾ, ਐਸਐਸਪੀ ਮੈਡਮ ਅਮਨੀਤ ਕੌਂਡਲ ਵਿਸ਼ੇਸ਼ ਤੌਰ 'ਤੇ ਮੌਜੂਦ ਰਹੇ। ਇਸ ਮੌਕੇ ਨਸ਼ਿਆਂ ਵਿਰੁੱਧ ਸਹੁੰ ਵੀ ਚੁਕਾਈ ਗਈ।ਇਸ ਦੌਰਾਨ ਵਿਧਾਇਕ ਜਗਰੂਪ ਸਿੰਘ ਗਿੱਲ ਨੇ ਸੰਬੋਧਨ ਕਰਦਿਆਂ ਕਿਹਾ ਕਿ ਸੂਬਾ ਸਰਕਾਰ ਲੋਕਾਂ ਨਾਲ ਸਿਹਤ, ਸਿੱਖਿਆ ਅਤੇ ਨਸ਼ੇ ਨੂੰ ਜੜੋਂ ਖਤਮ ਕਰਨ ਲਈ ਕੀਤੇ ਹਰ ਇੱਕ ਵਾਅਦੇ 'ਤੇ ਖਰੀ ਉਤਰ ਰਹੀ ਹੈ। ਉਨ੍ਹਾਂ ਪੰਚਾਂ ਸਰਪੰਚਾਂ ਅਤੇ ਚੌਂਕੀਦਾਰਾਂ ਨੂੰ ਪੁਰਜੋਰ ਅਪੀਲ ਕਰਦਿਆਂ ਕਿਹਾ ਕਿ ਸਾਡੀਆਂ ਆਉਣ ਵਾਲੀਆਂ ਪੀੜੀਆਂ ਨੂੰ ਬਚਾਉਣ ਲਈ ਸਾਨੂੰ ਇਕੱਠੇ ਹੋ ਕੇ ਹੰਭਲਾ ਮਾਰਨ ਦੀ ਲੋੜ ਹੈ। ਇਸ ਦੌਰਾਨ ਵਿਧਾਇਕ ਮੌੜ ਸ. ਸੁਖਬੀਰ ਸਿੰਘ ਮਾਈਸਰਖਾਨਾ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸ਼ੁਰੂ ਕੀਤੀ ਗਈ ਮੁਹਿੰਮ ÷ਯੁੱਧ ਨਸ਼ਿਆਂ ਵਿਰੁੱਧ÷ ਦੇ ਸਾਰਥਕ ਨਤੀਜੇ ਸਾਹਮਣੇ ਆ ਰਹੇ ਹਨ। ਉਨ੍ਹਾਂ ਇਹ ਵੀ ਕਿਹਾ ਕਿ ਨਸ਼ੇ ਦੀ ਦਲਦਲ ਵਿੱਚ ਧਸੇ ਨੌਜਵਾਨਾਂ ਨੂੰ ਨਸ਼ੇ ਦੀ ਗ੍ਰਿਫਤ ਤੋਂ ਕੱਢਣ ਲਈ ਸਰਕਾਰ ਹਰ ਤਰ੍ਹਾਂ ਦੇ ਯਤਨ ਕਰ ਰਹੀ ਹੈ।

ਉਨ੍ਹਾਂ ਇਹ ਵੀ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸਨ ਦੇ ਵੱਲੋਂ ਵੀ ਉਨ੍ਹਾਂ ਦੇ ਇਲਾਜ ਲਈ ਢੁਕਵੇਂ ਪ੍ਰਬੰਧ ਕੀਤੇ ਹੋਏ ਹਨ। ਉਨ੍ਹਾਂ ਜ਼ਿਲ੍ਹੇ ਦੇ ਵੱਖ ਵੱਖ ਪਿੰਡਾਂ ਚੋਂ ਆਏ ਪੰਚ ਸਰਪੰਚ ਅਤੇ ਹੋਰ ਪ੍ਰਮੁੱਖ ਸ਼ਖਸ਼ੀਅਤਾਂ ਨੂੰ ਪੁਰਜ਼ੋਰ ਅਪੀਲ ਕਰਦਿਆਂ ਕਿਹਾ ਕਿ ਉਹ ਨਸ਼ੇ ਨੂੰ ਰੋਕਣ ਵਿੱਚ ਆਪਣਾ ਪੂਰਨ ਸਹਿਯੋਗ ਦੇਣ ਤਾਂ ਜੋ ਪੰਜਾਬ ਨੂੰ ਮੁੜ ਤੋਂ ਰੰਗਲਾ ਪੰਜਾਬ ਬਣਾਇਆ ਜਾ ਸਕੇ।

ਇਸ ਮੌਕੇ ਡੀਆਈਜੀ ਬਠਿੰਡਾ ਰੇਂਜ ਸ ਹਰਜੀਤ ਸਿੰਘ ਨੇ ਕਿਹਾ ਕਿ ਸਿਵਲ ਅਤੇ ਪੁਲਿਸ ਪ੍ਰਸ਼ਾਸਨ ਵੱਲੋਂ ਸਾਂਝੇ ਤੌਰ 'ਤੇ ਨਸ਼ੇ ਨੂੰ ਠੱਲ੍ਹ ਪਾਉਣ ਲਈ ਨਿਰੰਤਰ ਉਪਰਾਲੇ ਕੀਤੇ ਜਾ ਰਹੇ ਹਨ। ਇਸ ਮੌਕੇ ਉਨ੍ਹਾਂ ਇਹ ਵੀ ਕਿਹਾ ਕਿ 1 ਮਾਰਚ ਤੋਂ ਲੈ ਕੇ ਹੁਣ ਤੱਕ 250 ਦੇ ਕਰੀਬ ਐਨਡੀਪੀਐਸ ਐਕਟ ਤਹਿਤ ਮੁਕੱਦਮੇ ਦਰਜ ਕੀਤੇ ਗਏ ਹਨ, ਇਸ ਤੋਂ ਇਲਾਵਾ 300 ਤੋਂ ਵੱਧ ਵਿਅਕਤੀਆਂ ਨੂੰ ਗ੍ਰਿਫਤਾਰ ਕੀਤਾ ਜਾ ਚੁੱਕਾ ਹੈ। ਉਨ੍ਹਾਂ ਇਹ ਵੀ ਕਿਹਾ ਕਿ ਪਿਛਲੇ ਇੱਕ ਮਹੀਨੇ ਸੇਫ ਪੰਜਾਬ ਅਧੀਨ ਜਾਰੀ ਕੀਤੇ ਵਟਸਐਪ ਨੰਬਰ 'ਤੇ ਆਮ ਲੋਕਾਂ ਵੱਲੋਂ ਕੀਤੀਆਂ ਗਈਆਂ ਸ਼ਿਕਾਇਤਾਂ ਦੇ ਤਹਿਤ 14 ਐਫਆਈਆਰਜ਼ ਵੀ ਦਰਜ ਕੀਤੀਆਂ ਗਈਆਂ ਹਨ।ਉਨ੍ਹਾਂ ਆਮ ਲੋਕਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਜੇਕਰ ਪਿੰਡਾਂ ਜਾਂ ਸ਼ਹਿਰਾਂ ਚ ਤੁਹਾਡੇ ਆਲੇ-ਦੁਆਲੇ ਕੋਈ ਵੀ ਤਸਕਰ ਨਸ਼ਾ ਵੇਚਦਾ ਹੈ ਤਾਂ ਉਹ ਵਟਸਐਪ ਨੰਬਰ 9779-100-200 'ਤੇ ਸੂਚਨਾ ਦੇ ਸਕਦੇ ਹਨ। ਨਸ਼ੇ ਦੇ ਸੌਦਾਗਰ ਦਾ ਪਤਾ ਦੱਸਣ ਵਾਲੇ ਵਿਅਕਤੀ ਦੀ ਪਹਿਚਾਣ ਤੇ ਨਾਮ ਗੁਪਤ ਰੱਖਿਆ ਜਾਵੇਗਾ।

ਇਸ ਮੌਕੇ ਨਗਰ ਸੁਧਾਰ ਟਰੱਸਟ ਦੇ ਚੇਅਰਮੈਨ ਸ ਜਤਿੰਦਰ ਸਿੰਘ ਭੱਲਾ ਨੇ ਕਿਹਾ ਕਿ ਪੰਜਾਬ ਗੁਰੂਆਂ ਪੀਰਾਂ ਅਤੇ ਪੈਗੰਬਰਾਂ ਦੀ ਧਰਤੀ ਹੈ। ਸੂਬਾ ਸਰਕਾਰ ਵੱਲੋਂ ਪੰਜਾਬ ਨੂੰ ਮੁੜ ਤੋਂ ਰੰਗਲਾ ਪੰਜਾਬ ਬਣਾਉਣ ਲਈ ਉਪਰਾਲੇ ਲਗਾਤਾਰ ਜਾਰੀ ਹਨ। ਇਸ ਦੌਰਾਨ ਉਨ੍ਹਾਂ ਨਸ਼ਿਆਂ ਖਿਲਾਫ ਪੇਸ਼ ਕੀਤੇ ਗਏ ਨਾਟਕਾਂ ਦੀ ਸ਼ਲਾਂਘਾ ਕਰਦਿਆਂ ਕਿਹਾ ਕਿ ਇਹੋ-ਜਿਹੇ ਨਾਟਕਾਂ ਨੂੰ ਜ਼ਿਲ੍ਹੇ ਦੇ ਹਰ ਇੱਕ ਪਿੰਡ ਵਿੱਚ ਦਿਖਾਇਆ ਜਾਵੇਗਾ ਤਾਂ ਜੋ ਆਮ ਲੋਕਾਂ ਨੂੰ ਨਸ਼ਿਆਂ ਦੇ ਮਾਰੂ ਪ੍ਰਭਾਵਾਂ ਬਾਰੇ ਜਾਗਰੂਕ ਕੀਤਾ ਜਾ ਸਕੇ।

ਇਸ ਤੋਂ ਪਹਿਲਾਂ ਨਸ਼ਿਆਂ

# ਜ਼ਿਲ੍ਹੇ ਵਿੱਚ ਲੋੜੀਂਦੀ ਮਾਤਰਾ ਵਿੱਚ ਡੀ ਏ ਪੀ ਖਾਦ ਉਪਲੱਬਧ, ਕਿਸਾਨਾਂ ਨੂੰ ਘਬਰਾਉਣ ਦੀ ਕੋਈ ਲੋੜ ਨਹੀਂ- ਮੁੱਖ ਖੇਤੀਬਾੜੀ ਅਫਸਰ



**ਮੋਗਾ, 30 ਅਪ੍ਰੈਲ**
**-ਕੌਮੀ ਪੱਤ੍ਰਿਕਾ ਬਿਊਰੋ-**

ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ, ਪੰਜਾਬ ਜ਼ਿਲ੍ਹਾ ਮੋਗਾ ਵਿੱਚ ਕਿਸਾਨਾਂ ਨੂੰ ਉਚ ਮਿਆਰ ਦੀਆਂ ਖਾਦਾਂ ਸਮੇਂ ਸਿਰ ਨਿਰਧਾਰਤ ਰੇਟ ਤੇ ਮੁੱਹਈਆ ਕਰਾਉਣ ਲਈ ਵਚਨਬੱਧ ਹੈ। ਕਿਸਾਨਾਂ ਨੂੰ ਡੀ ਏ ਪੀ ਜਾਂ ਹੋਰ ਖਾਦਾਂ ਦੀ ਕਿੱਲਤ ਬਾਰੇ ਚਿੰਤਤ ਹੋਣ ਦੀ ਕੋਈ ਲੋੜ ਨਹੀਂ ਹੈ ਕਿਉਕਿ ਜ਼ਿਲ੍ਹੇ ਵਿੱਚ ਲੋੜ ਮੁਤਾਬਿਕ ਖਾਦ ਲਗਾਤਾਰ ਪਹੁੰਚ ਰਹੀ ਹੈ। ਜਿਲ੍ਹੇ ਵਿਚ ਤਕਰੀਬਨ 1000 ਐਮ ਟੀ ਡੀ.ਏ.ਪੀ.ਖਾਦ ਉਪਲੱਬਧ ਹੈ ਜਿਸ ਵਿਚੋਂ 537 ਐਮ ਟੀ ਸਹਿਕਾਰੀ ਸਭਾਵਾਂ ਕੋਲ ਮੌਜੂਦ ਹੈ।

ਇਹਨਾਂ ਸ਼ਬਦਾਂ ਦਾ ਪ੍ਰਗਟਾਵਾ ਮੁੱਖ ਖੇਤੀਬਾੜੀ ਅਫ਼ਸਰ ਮੋਗਾ ਡਾ ਗੁਰਪ੍ਰੀਤ ਸਿੰਘ ਨੇ ਕੀਤਾ। ਉਹਨਾਂ ਦੱਸਿਆ ਕਿ ਪੰਜਾਬ ਖੇਤੀਬਾੜੀ ਯੂਨੀਵਰਸਿਟੀ ਦੀ ਸਿਫਾਰਸ਼ ਅਨੁਸਾਰ ਜੇਕਰ ਕਣਕ ਦੀ ਫਸਲ ਨੂੰ ਡੀ.ਏ.ਪੀ.ਖ਼ਾਦ ਦੀ ਮਾਤਰਾ ਪਾਈ ਹੋਵੇ ਤਾਂ ਝੋਨੇ ਦੀ ਫਸਲ ਲਈ ਡੀ.ਏ.ਪੀ.ਖ਼ਾਦ ਦੀ ਜ਼ਰੂਰਤ ਨਹੀਂ ਹੈ। ਇਸ ਸਮੇਂ ਜ਼ਿਲ੍ਹੇ ਵਿਚ ਉਕਤ ਖਾਦ ਤੋਂ ਇਲਾਵਾ 19857 ਐਮ ਟੀ ਯੂਰੀਆ, 1417 ਐਮ ਟੀ ਐਨ.ਪੀ.ਕੇ ਅਤੇ 3113 ਐਮ ਟੀ ਸੁਪਰਫਾਸਫੇਟ ਖਾਦ ਮੌਜੂਦ ਹੈ। ਸਾਉਣੀ ਸੀਜ਼ਨ ਲਈ ਲੋੜੀਂਦੀ ਯੂਰੀਆ ਖਾਦ ਲਗਾਤਾਰ ਪਹੁੰਚ ਰਹੀ ਹੈ ਅਤੇ ਕਿਸਾਨਾਂ ਨੂੰ ਖਾਦ ਦੀ ਕੋਈ ਕਿੱਲਤ ਨਹੀਂ ਆਵੇਗੀ। ਜੇਕਰ ਕਿਸਾਨ ਖਾਦਾਂ ਦੀ ਵਰਤੋਂ ਮਿੱਟੀ ਪਰਖ ਕਰਵਾ ਕੇ ਕਰਨ ਤਾਂ ਖਾਦ ਦੀ ਕਿੱਲਤ ਕਦੀ ਵੀ ਨਹੀਂ ਆਵੇਗੀ

ਉਹਨਾਂ ਅੱਗੇ ਦੱਸਿਆ ਕਿ ਖੇਤੀਬਾੜੀ ਵਿਭਾਗ ਵੱਲੋ ਲਗਾਤਾਰ ਖਾਦਾਂ ਦੀਆਂ ਦੁਕਾਨਾਂ ਦੀ ਚੈਕਿੰਗ ਕੀਤੀ ਜਾ ਰਹੀ ਹੈ ਅਤੇ ਲਗਾਤਾਰ ਕਿਸਾਨ ਸਿਖਲਾਈ ਕੈਂਪਾਂ, ਨਿੱਜੀ ਤਾਲਮੇਲਾਂ ਰਾਹੀਂ ਕਿਸਾਨਾਂ ਨੂੰ ਮਿੱਟੀ ਟੈਸਟ ਕਰਨ ਦੀ ਅਪੀਲ ਕੀਤੀ ਜਾ ਰਹੀ ਹੈ ਤਾਂ ਜੋ ਟੈਸਟ ਰਿਪੋਰਟਾਂ ਦੇ ਅਧਾਰ ਤੇ ਕਿਸਾਨ ਖਾਦਾਂ ਦੀ ਸੁੱਚਜੀ ਵਰਤੋਂ ਕਰਨ ਅਤੇ ਬੇਲੋੜੀਆਂ ਖਾਦਾਂ ਦੀ ਵਰਤੋਂ ਨਾ ਕਰਨ। ਜ਼ਿਲ੍ਹਾ ਮੋਗਾ ਵਿਚ ਬਹਾਰ ਰੁੱਤ ਦੀ ਮੱਕੀ 4127 ਹੈਕਟੇਅਰ ਅਤੇ ਗਰਮ ਰੁੱਤ ਦੀ ਮੂੰਗੀ 4015 ਹੈਕਟੇਅਰ ਰਕਬੇ ਵਿਚ ਬੀਜੀ ਗਈ ਹੈ।ਉਨ੍ਹਾਂ ਅੱਗੇ ਦੱਸਿਆ ਕਿ ਜੇਕਰ ਕਿਸੇ ਕਿਸਾਨ ਨੂੰ ਖਾਦ ਸਬੰਧੀ ਕੋਈ ਵੀ ਸ਼ਿਕਾਇਤ ਹੈ ਜਾਂ ਕੋਈ ਖਾਦ ਵਿਕਰੇਤਾ ਖਾਦ ਦੇ ਨਾਲ ਕੋਈ ਹੋਰ ਸਮੱਗਰੀ ਦੀ ਵਿਕਰੀ ਕਰਦਾ ਹੈ ਤਾਂ ਬਲਾਕ ਖੇਤੀਬਾੜੀ ਅਫਸਰ ਜਾਂ ਜ਼ਿਲ੍ਹਾ ਖੇਤੀਬਾੜੀ ਦਫ਼ਤਰ ਨਾਲ ਸੰਪਰਕ ਕੀਤਾ ਜਾਵੇ। ਨਿਰਧਾਰਤ ਮੁੱਲ ਤੋਂ ਵੱਧ ਰੇਟ ਤੇ ਜਾਂ ਖਾਦ ਦੇ ਨਾਲ ਜੇਕਰ ਕੋਈ ਖਾਦ ਵਿਕਰੇਤਾ ਹੋਰ ਸਮੱਗਰੀ ਦੀ ਵਿਕਰੀ ਕਰਦਾ ਫੜਿਆ ਗਿਆ ਤਾਂ ਉਸ ਡੀਲਰ ਦੇ ਵਿਰੁੱਧ ਸਖਤ ਕਾਰਵਾਈ ਕੀਤੀ ਜਾਵੇਗੀ।

# ਚੇਅਰਮੈਨ ਰਮਨ ਬਹਿਲ ਦੀਆਂ ਕੋਸ਼ਿਸ਼ਾਂ ਸਦਕਾ ਪੰਜਾਬ ਸਰਕਾਰ ਨੇ ਸਰਕਾਰੀ ਕਾਲਜ ਗੁਰਦਾਸਪੁਰ ਵਿੱਚ ਮਨਜ਼ੂਰ ਕੀਤਾ ਸੀ.ਐੱਮ. ਸਟੇਟ ਸੈਂਟਰ ਫਾਰ ਕੰਪੀਟੀਟਿਵ ਇਗਜ਼ੈਮੀਨੇਸ਼ਨ



**ਗੁਰਦਾਸਪੁਰ, 30 ਅਪ੍ਰੈਲ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਹੈਲਥ ਸਿਸਟਮਜ਼ ਕਾਰਪੋਰੇਸ਼ਨ ਦੇ ਚੇਅਰਮੈਨ ਸ੍ਰੀ ਰਮਨ ਬਹਿਲ ਦੇ ਯਤਨਾ ਸਦਕਾ ਗੁਰਦਾਸਪੁਰ ਨੂੰ ਇੱਕ ਹੋਰ ਵੱਡਾ ਤੋਹਫ਼ਾ ਮਿਲਿਆ ਹੈ। ਪੰਜਾਬ ਸਰਕਾਰ ਵੱਲੋਂ ਸਰਕਾਰੀ ਕਾਲਜ ਗੁਰਦਾਸਪੁਰ ਵਿੱਚ ਸੀ.ਐੱਮ. ਸਟੇਟ ਸੈਂਟਰ ਫਾਰ ਕੰਪੀਟੀਟਿਵ ਇਗਜ਼ੈਮੀਨੇਸ਼ਨ ਮਨਜ਼ੂਰ ਕੀਤਾ ਗਿਆ ਹੈ ਜੋ ਕਿ ਜਲਦੀ ਹੀ ਸ਼ੁਰੂ ਹੋ ਜਾਵੇਗਾ।

ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਚੇਅਰਮੈਨ ਸ੍ਰੀ ਰਮਨ ਬਹਿਲ ਨੇ ਦੱਸਿਆ ਕਿ ਸਰਹੱਦੀ ਜ਼ਿਲ੍ਹੇ ਗੁਰਦਾਸਪੁਰ ਦੇ ਵਸਨੀਕਾਂ, ਖਾਸ ਕਰਕੇ ਨੌਜਵਾਨਾਂ ਅਤੇ ਵਿਦਿਆਰਥੀਆਂ ਨੂੰ ਅੱਗੇ ਵੱਧਣ ਦੇ ਵੱਧ ਤੋਂ ਵੱਧ ਮੌਕੇ ਮਿਲਣ, ਇਸ ਲਈ ਉਹ ਹਮੇਸ਼ਾਂ ਕਾਰਜਸ਼ੀਲ ਰਹੇ ਹਨ। ਉਨ੍ਹਾਂ ਦੱਸਿਆ ਕਿ ਸਾਡੇ ਨੌਜਵਾਨਾਂ ਜਦੋਂ ਆਪਣੀ ਗਰੈਜੂਏਸ਼ਨ ਦੀ ਪੜ੍ਹਾਈ ਪੂਰੀ ਕਰ ਲੈਂਦੇ ਹਨ ਤਾਂ ਆਈ.ਏ.ਐੱਸ./ ਆਈ.ਪੀ.ਐੱਸ./ਪੀ.ਸੀ.ਐੱਸ. ਵਰਗੇ ਮੁਕਾਬਲੇ ਦੇ ਇਮਤਿਹਾਨਾਂ ਦੀ ਤਿਆਰੀ ਲਈ ਯੋਗ ਕੋਚਿੰਗ ਦਾ ਪ੍ਰਬੰਧ ਨਾ ਹੋਣ ਕਾਰਨ ਅਕਸਰ ਹੀ ਸਾਡੇ ਨੌਜਵਾਨ ਇਨ੍ਹਾਂ ਇਮਤਿਹਾਨਾਂ ਵਿੱਚ ਪੱਛੜ ਜਾਂਦੇ ਸਨ। ਉਨ੍ਹਾਂ ਕਿਹਾ ਕਿ ਸਾਡੇ ਨੌਜਵਾਨਾਂ ਵਿੱਚ ਬਹੁਤ ਕਾਬਲੀਅਤ ਹੈ ਬੱਸ ਉਨ੍ਹਾਂ ਨੂੰ ਸਹੀ ਮਾਰਗਦਰਸ਼ਨ ਤੇ ਸਹਾਇਤਾ ਦੀ ਲੋੜ ਹੈ।

ਸ੍ਰੀ ਰਮਨ ਬਹਿਲ ਨੇ ਕਿਹਾ ਕਿ ਨੌਜਵਾਨਾਂ ਦੀ ਇਸ ਜ਼ਰੂਰਤ ਨੂੰ ਮੁੱਖ ਰੱਖਦੇ ਹੋਏ ਉਨ੍ਹਾਂ ਨੇ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਅਤੇ ਉਚੇਰੀ ਸਿੱਖਿਆ ਮੰਤਰੀ ਸ. ਹਰਜੋਤ ਸਿੰਘ ਬੈਂਸ ਕੋਲ ਪਹੁੰਚ ਕਰਕੇ ਗੁਰਦਾਸਪੁਰ ਲਈ ਇੱਕ ਸੀ.ਐੱਮ. ਸਟੇਟ ਸੈਂਟਰ ਫਾਰ ਕੰਪੀਟੀਟਿਵ ਇਗਜ਼ੈਮੀਨੇਸ਼ਨ ਦੀ ਮੰਗ ਕੀਤੀ ਸੀ। ਸ੍ਰੀ ਬਹਿਲ ਨੇ ਕਿਹਾ ਕਿ ਉਨ੍ਹਾਂ ਨੂੰ ਦੱਸਦੇ ਹੋਏ ਬਹੁਤ ਖੁਸ਼ੀ ਹੋ ਰਹੀ ਹੈ ਕਿ ਪੰਜਾਬ ਸਰਕਾਰ ਨੇ ਉਨ੍ਹਾਂ ਦੀ ਮੰਗ ▼ਤੇ ਸਰਕਾਰੀ ਕਾਲਜ ਗੁਰਦਾਸਪੁਰ ਵਿਖੇ ਸੀ.ਐੱਮ. ਸਟੇਟ ਸੈਂਟਰ ਫਾਰ ਕੰਪੀਟੀਟਿਵ ਇਗਜ਼ੈਮੀਨੇਸ਼ਨ ਮਨਜ਼ੂਰ ਕਰ ਦਿੱਤਾ ਹੈ ਅਤੇ ਬਹੁਤ ਜਲਦੀ ਇਸ ਸੈਂਟਰ ਵਿੱਚ ਕੋਚਿੰਗ ਕਲਾਸਾਂ ਸ਼ੁਰੂ ਹੋ ਜਾਣਗੀਆਂ।

ਚੇਅਰਮੈਨ ਸ੍ਰੀ ਰਮਨ ਬਹਿਲ ਨੇ ਦੱਸਿਆ ਕਿ ਇਸ ਸੀ.ਐੱਮ. ਸਟੇਟ ਸੈਂਟਰ ਫਾਰ ਕੰਪੀਟੀਟਿਵ ਇਗਜ਼ੈਮੀਨੇਸ਼ਨ ਵਿੱਚ ਰਾਜ ਸਰਕਾਰ ਵੱਲੋਂ ਕੋਚਿੰਗ ਬਿਲਕੁੱਲ ਮੁਫ਼ਤ ਦਿੱਤੀ ਜਾਵੇਗੀ। ਇਸ ਤੋਂ ਇਲਾਵਾ ਕੋਚਿੰਗ ਲੈਣ ਵਾਲੇ ਵਿਦਿਆਰਥੀਆਂ ਨੂੰ ਮੁਫ਼ਤ ਹੋਸਟਲ ਦੀ ਸੁਵਿਧਾ ਦੇ ਨਾਲ ਪਾਕਿਟ ਮਨੀਂ ਵੀ ਦਿੱਤੀ ਜਾਵੇਗੀ। ਉਨ੍ਹਾਂ ਕਿਹਾ ਕਿ ਇਸ ਸੈਂਟਰ ਵਿੱਚ 500 ਦੇ ਕਰੀਬ ਸੀਟਾਂ ਹੋਣਗੀਆਂ ਅਤੇ ਗੁਰੂ ਨਾਨਕ ਦੇਵ ਯੂਨੀਵਰਸਿਟੀ ਵੱਲੋਂ ਇਸ ਕੋਚਿੰਗ ਸੈਂਟਰ ਲਈ ਦਾਖ਼ਲਾ ਪ੍ਰੀਖਿਆ ਲਈ ਜਾਵੇਗੀ। ਉਨ੍ਹਾਂ ਕਿਹਾ ਕਿ ਇਸ ਸੈਂਟਰ ਵਿੱਚ ਦਾਖਲਾ ਕੇਵਲ ਉਨ੍ਹਾਂ ਵਿਦਿਆਰਥੀਆਂ ਨੂੰ ਹੀ ਮਿਲੇਗਾ ਜਿਨ੍ਹਾਂ ਨੇ ਆਪਣੀ ਪੜ੍ਹਾਈ ਸਰਕਾਰੀ ਸਕੂਲ ਜਾਂ ਸਰਕਾਰੀ ਕਾਲਜ ਤੋਂ ਕੀਤੀ ਹੋਵੇਗੀ। ਉਨ੍ਹਾਂ ਦੱਸਿਆ ਕਿ ਗੁਰੂ ਨਾਨਕ ਦੇਵ ਯੂਨੀਵਰਸਿਟੀ, ਅੰਮ੍ਰਿਤਸਰ ਅਤੇ ਹੋਰ ਕਾਲਜਾਂ ਦੇ ਮਾਹਿਰ ਅਧਿਆਪਕਾਂ ਵੱਲੋਂ ਇਸ ਕੋਚਿੰਗ ਸੈਂਟਰ ਵਿੱਚ ਨੌਜਵਾਨਾਂ ਨੂੰ ਮੁਕਾਬਲੇ ਦੀਆਂ ਪ੍ਰੀਖਿਆਵਾਂ ਦੀ ਤਿਆਰੀ ਕਰਵਾਈ ਜਾਵੇਗੀ।

ਚੇਅਰਮੈਨ ਸ੍ਰੀ ਰਮਨ ਬਹਿਲ ਨੇ ਕਿਹਾ ਕਿ ਹੁਣ ਜ਼ਿਲ੍ਹਾ ਗੁਰਦਾਸਪੁਰ ਦੇ ਨੌਜਵਾਨਾਂ ਨੂੰ ਆਈ.ਏ.ਐੱਸ./ਆਈ.ਪੀ.ਐੱਸ./ ਪੀ.ਸੀ.ਐੱਸ. ਵਰਗੇ ਮੁਕਾਬਲੇ ਦੇ ਇਮਤਿਹਾਨਾਂ ਦੀ ਤਿਆਰੀ ਲਈ ਕੋਟਾ ਅਤੇ ਹੋਰ ਦੂਰ ਦੇ ਸ਼ਹਿਰਾਂ ਵਿੱਚ ਨਹੀਂ ਜਾਣਾ ਪਵੇਗਾ, ਕਿਉਂਕਿ ਇਹ ਕੋਚਿੰਗ ਹੁਣ ਉਨ੍ਹਾਂ ਨੂੰ ਸਰਕਾਰੀ ਕਾਲਜ ਗੁਰਦਾਸਪੁਰ ਵਿਖੇ ਸ਼ੁਰੂ ਹੋਣ ਜਾ ਰਹੇ ਸੀ.ਐੱਮ. ਸਟੇਟ ਸੈਂਟਰ ਫਾਰ ਕੰਪੀਟੀਟਿਵ ਇਗਜ਼ੈਮੀਨੇਸ਼ਨ ਵਿਖੇ ਹੀ ਮਿਲੇਗੀ। ਉਨ੍ਹਾਂ ਨੌਜਵਾਨਾਂ ਨੂੰ ਅਪੀਲ ਕੀਤੀ ਹੈ ਕਿ ਉਹ ਇਸ ਕੋਚਿੰਗ ਸੈਂਟਰ ਵਿੱਚ ਦਾਖਲਾ ਲੈ ਕੇ ਕੋਚਿੰਗ ਹਾਸਲ ਕਰਦੇ ਹੋਏ ਉੱਚ ਅਹੁਦਿਆਂ ਦੀਆਂ ਨੌਕਰੀਆਂ ਪ੍ਰਾਪਤ ਕਰਕੇ ਆਪਣੇ ਸੁਪਨਿਆਂ ਨੂੰ ਹਕੀਕੀ ਰੂਪ ਦੇਣ। ਨੌਜਵਾਨਾਂ ਦੀ ਇਹ ਬੇਹੱਦ ਅਹਿਮ ਮੰਗ ਪੂਰੀ ਹੋਣ ▼ਤੇ ਚੇਅਰਮੈਨ ਸ੍ਰੀ ਰਮਨ ਬਹਿਲ ਨੇ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਅਤੇ ਉਚੇਰੀ ਸਿੱਖਿਆ ਮੰਤਰੀ ਸ. ਹਰਜੋਤ ਸਿੰਘ ਬੈਂਸ ਦਾ ਧੰਨਵਾਦ ਕੀਤਾ ਹੈ।

# ਫਾਜ਼ਿਲਕਾ ਫਿਰੋਜ਼ਪੁਰ ਸੜਕ ਨੂੰ ਚਹੁੰ ਮਾਰਗੀ ਕਰਨ ਦੀ ਪ੍ਰਕਿਰਿਆ ਹੋਈ ਤੇਜ



**ਫਾਜ਼ਿਲਕਾ, 30 ਅਪ੍ਰੈਲ**
**-ਕੌਮੀ ਪੱਤ੍ਰਿਕਾ ਬਿਊਰੋ-**

ਫਾਜ਼ਿਲਕਾ ਤੋਂ ਫਿਰੋਜ਼ਪੁਰ ਸੜਕ ਦੇ ਚਹੁੰ ਮਾਰਗੀ ਕਰਨ ਲਈ ਪ੍ਰਕਿਰਿਆਵਾਂ ਤੇਜ਼ ਹੋ ਗਈਆਂ ਹਨ। ਪੰਜਾਬ ਦੇ ਲੋਕ ਨਿਰਮਾਣ ਮੰਤਰੀ ਸ਼੍ਰੀ ਹਰਭਜਨ ਸਿੰਘ ਈਟੀਓ ਦੇ ਨਿਰਦੇਸ਼ਾਂ ਤੇ ਲੋਕ ਨਿਰਮਾਣ ਵਿਭਾਗ (ਨੈਸ਼ਨਲ ਹਾਈਵੇ ਵਿੰਗ) ਦੇ ਨਿਗਰਾਨ ਇੰਜੀਨੀਅਰ ਦੀ ਅਗਵਾਈ ਵਿੱਚ ਇੱਕ ਟੀਮ ਫਾਜ਼ਿਲਕਾ ਪਹੁੰਚੀ ਅਤੇ ਉਨਾਂ ਨੇ ਵਿਧਾਇਕ ਨਰਿੰਦਰ ਪਾਲ ਸਿੰਘ ਸਵਨਾ ਨੂੰ ਇਸ ਸਬੰਧੀ ਕੀਤੀਆਂ ਜਾ ਰਹੀਆਂ ਕਾਰਵਾਈਆਂ ਤੋਂ ਜਾਣੂ ਕਰਵਾਇਆ। ਜਿਕਰਯੋਗ ਹੈ ਕਿ ਹਲਕਾ ਵਿਧਾਇਕ ਇਸ ਸੜਕ ਨੂੰ ਚਹੁੰ ਮਾਰਗੀ ਕਰਨ ਦੀ ਮੰਗ ਨੂੰ ਜ਼ੋਰਦਾਰ ਤਰੀਕੇ ਨਾਲ ਉਠਾ ਰਹੇ ਸਨ ਅਤੇ ਹੁਣ ਇਸ ਸਬੰਧੀ ਕਾਰਵਾਈ ਤੇਜੀ ਨਾਲ ਅੱਗੇ ਵਧਣ ਲੱਗੀ ਹੈ।ਇਸ ਸਬੰਧੀ ਹੋਰ ਜਾਣਕਾਰੀ ਦਿੰਦਿਆਂ ਵਿਧਾਇਕ ਸ੍ਰੀ ਨਰਿੰਦਰ ਪਾਲ ਸਿੰਘ ਸਵਨਾ ਨੇ ਦੱਸਿਆ ਕਿ ਕੇਂਦਰੀ ਸੜਕ ਅਤੇ ਪਰਿਵਾਹਨ ਮੰਤਰੀ ਸ਼੍ਰੀ ਨਿਤਨ ਗਟਕਰੀ ਦੇ ਪੰਜਾਬ ਦੌਰੇ ਸਮੇਂ ਪੰਜਾਬ ਦੇ ਲੋਕ ਨਿਰਮਾਣ ਮੰਤਰੀ ਸ਼੍ਰੀ ਹਰਭਜਨ ਸਿੰਘ ਈਟੀਓ ਨੇ ਉਹਨਾਂ ਕੋਲ ਇਸ ਸੜਕ ਦਾ ਮੁੱਦਾ ਉਠਾਇਆ ਸੀ ਅਤੇ ਇਸ ਤੋਂ ਬਾਅਦ ਹੁਣੇ ਜਿਹੇ ਉਹ ਦਿੱਲੀ ਜਾ ਕੇ ਵੀ ਉਹਨਾਂ ਕੋਲ ਇਸ ਸੜਕ ਸਬੰਧੀ ਮਿਲੇ ਹਨ। ਜਿਸ ਤੋਂ ਬਾਅਦ ਕੇਂਦਰ ਸਰਕਾਰ ਵੱਲੋਂ ਇਸ ਸੜਕ ਨੂੰ ਦੇਸ਼ ਦੇ ਸਰਹੱਦੀ ਖੇਤਰ ਦੀ ਸੁਰੱਖਿਆ ਦ੍ਰਿਸ਼ਟੀ ਤੋਂ ਮਹੱਤਵਪੂਰਨ ਮੰਨਦਿਆਂ ਇਸ ਦਾ ਕੇਸ ਭੇਜਣ ਲਈ ਕਿਹਾ ਹੈ ।

ਵਿਧਾਇਕ ਨੇ ਦੱਸਿਆ ਕਿ ਇਸੇ ਸੰਦਰਭ ਵਿੱਚ ਅਧਿਕਾਰੀਆਂ ਦੀ ਟੀਮ ਵੱਲੋਂ ਸਾਰਾ ਕੇਸ ਤਿਆਰ ਕਰਕੇ ਭਾਰਤ ਸਰਕਾਰ ਨੂੰ ਭੇਜਿਆ ਜਾ ਰਿਹਾ ਹੈ ਅਤੇ ਕੇਂਦਰ ਸਰਕਾਰ ਤੋਂ ਇਸ ਸਬੰਧੀ ਹਰੀ ਝੰਡੀ ਮਿਲ ਚੁੱਕੀ ਹੈ । ਉਹਨਾਂ ਨੇ ਕਿਹਾ ਕਿ ਇਹ ਸੜਕ ਦੀ ਲੰਬਾਈ 84 ਕਿਲੋਮੀਟਰ ਹੋਵੇਗੀ।

# ਰੂਪਨਗਰ 'ਚ ਸਫਲਤਾ ਵੱਲ ਵੱਧ ਰਹੀ ਹੈ ਸੀਐਮ ਦੀ ਯੋਗਸ਼ਾਲਾ



**ਰੂਪਨਗਰ, 30 ਅਪ੍ਰੈਲ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਸਰਕਾਰ ਵੱਲੋਂ ਅਪ੍ਰੈਲ 2023 ਵਿੱਚ ਸ਼ੁਰੂ ਕੀਤੀ ਗਈ 'ਸੀਐਮ ਯੋਗਸ਼ਾਲਾ' ਮੁਹਿੰਮ ਰੂਪਨਗਰ ਵਿੱਚ ਲਗਾਤਾਰ ਸਫਲਤਾ ਵੱਲ ਵਧ ਰਹੀ ਹੈ। ਇਸ ਲੋਕ ਭਲਾਈ ਪਹਿਲਕਦਮੀ ਵਿੱਚ ਹਰ ਰੋਜ਼ ਸ਼ਹਿਰ ਦੇ ਲਗਭਗ 1500 ਤੋਂ ਵੱਧ ਲੋਕ ਲਾਭ ਲੈ ਰਹੇ ਹਨ।

ਜ਼ਿਲ੍ਹਾ ਕੋਆਰਡੀਨੇਟਰ ਸ਼੍ਰੀ ਸੁਰਿੰਦਰ ਝਾਅ ਨੇ ਜਾਣਕਾਰੀ ਦਿੰਦੇ ਹੋਏ ਕਿਹਾ ਕਿ ਰੂਪਨਗਰ ਦੇ ਲਗਭਗ ਸਾਰੇ ਖੇਤਰਾਂ ਵਿੱਚ ਇਹ ਯੋਗਸ਼ਾਲਾਵਾਂ ਸਫਲਤਾਪੂਰਵਕ ਚਲਾਈਆਂ ਜਾ ਰਹੀਆਂ ਹਨ। ਇਸ ਦੇ ਨਾਲ ਹੀ ਪੇਂਡੂ ਖੇਤਰਾਂ ਵਿੱਚ ਵੀ ਲੋਕਾਂ ਦਾ ਭਾਰੀ ਉਤਸ਼ਾਹ ਦੇਖਣ ਨੂੰ ਮਿਲ ਰਿਹਾ ਹੈ ਅਤੇ ਯੋਗਸ਼ਾਲਾਵਾਂ ਨੂੰ ਚੰਗਾ ਸਮਰਥਨ ਮਿਲ ਰਿਹਾ ਹੈ।ਸ਼੍ਰੀ ਝਾਅ ਨੇ ਕਿਹਾ ਕਿ 'ਸੀਐਮ ਦੀ ਯੋਗਸ਼ਾਲਾ' ਵਿੱਚ ਹਿੱਸਾ ਲੈਣ ਵਾਲੇ ਨਾਗਰਿਕਾਂ ਨੂੰ ਸਿਹਤ ਦੇ ਖੇਤਰ ਵਿੱਚ ਵਿਸ਼ੇਸ਼ ਲਾਭ ਪ੍ਰਾਪਤ ਹੋਏ ਹਨ। ਸ਼ੂਗਰ, ਹਾਈ ਬਲੱਡ ਪ੍ਰੈਸ਼ਰ, ਸਰਵਾਈਕਲ, ਪਿੱਠ ਦਰਦ, ਨਸਾਂ ਦੀਆਂ ਸਮੱਸਿਆਵਾਂ, ਗੋਡਿਆਂ ਦੇ ਦਰਦ ਅਤੇ ਪੇਟ ਨਾਲ ਸਬੰਧਤ ਕਈ ਬਿਮਾਰੀਆਂ ਵਿੱਚ ਵੱਡੀ ਰਾਹਤ ਮਿਲੀ ਹੈ।

ਉਨ੍ਹਾਂ ਦੱਸਿਆ ਕਿ ਸਮੇਂ-ਸਮੇਂ ਸਿਰ ਰੂਪਨਗਰ ਵਿੱਚ ਵਿਸ਼ੇਸ਼ ਯੋਗਾ ਕੈਂਪ ਅਤੇ ਸਿਹਤ ਕੈਂਪ ਵੀ ਲਗਾਏ ਜਾਂਦੇ ਹਨ, ਜਿਸ ਵਿੱਚ ਸਿਖਲਾਈ ਪ੍ਰਾਪਤ ਯੋਗਾ ਅਧਿਆਪਕਾਂ ਦੁਆਰਾ ਸਰੀਰਕ ਅਤੇ ਮਾਨਸਿਕ ਤੌਰ 'ਤੇ ਤੰਦਰੁਸਤ ਰਹਿਣ ਲਈ ਮਾਰਗਦਰਸ਼ਨ ਦਿੱਤਾ ਜਾਂਦਾ ਹੈ।ਜ਼ਿਲ੍ਹਾ ਕੋਆਰਡੀਨੇਟਰ ਨੇ ਦੱਸਿਆ ਕਿ 'ਸੀਐਮ ਦੀ ਯੋਗਸ਼ਾਲਾ' ਹੁਣ ਹਰ ਪਿੰਡ ਵਿੱਚ ਪਹੁੰਚ ਕਰ ਰਹੀ ਹੈ ਅਤੇ ਇਹ ਆਮ ਲੋਕਾਂ ਤੋਂ ਭਾਰੀ ਸਮਰਥਨ ਪ੍ਰਾਪਤ ਕਰ ਰਹੀ ਹੈ।

ਇਸ ਮੁਹਿੰਮ ਦਾ ਮੁੱਖ ਉਦੇਸ਼ ਇੱਕ ਸਿਹਤਮੰਦ ਅਤੇ ਜਾਗਰੂਕ ਸਮਾਜ ਦੀ ਸਿਰਜਣਾ ਕਰਨਾ ਹੈ। ਲੋਕਾਂ ਦਾ ਸਕਾਰਾਤਮਕ ਹੁੰਗਾਰਾ ਦਰਸਾਉਂਦਾ ਹੈ ਕਿ ਹੁਣ ਸਮਾਜ ਕੁਦਰਤੀ ਅਤੇ ਸੰਪੂਰਨ ਸਿਹਤ ਪ੍ਰਣਾਲੀਆਂ ਵੱਲ ਵਧ ਰਿਹਾ ਹੈ।ਉਨ੍ਹਾਂ ਕਿਹਾ ਕਿ ਯੋਗਸ਼ਾਲਾ ਵਿੱਚ ਹਿੱਸਾ ਲੈਣ ਦੇ ਇੱਛੁਕ ਨਾਗਰਿਕ ਟੋਲ ਫ੍ਰੀ ਨੰਬਰ **GFFID@@E@@** Óਤੇ ਸੰਪਰਕ ਕਰ ਸਕਦੇ ਹਨ ਅਤੇ ਆਪਣੇ ਖੇਤਰ ਵਿੱਚ ਯੋਗਾ ਦੇ ਲਾਭ ਪ੍ਰਾਪਤ ਕਰ ਸਕਦੇ ਹਨ।

# ਵਿਧਾਇਕ ਸ੍ਰੀ ਨਰਿੰਦਰ ਪਾਲ ਸਿੰਘ ਸਵਨਾ ਨੇ ਸਾਲਾਸਰ ਸਰਧਾਮ ਜਾ ਕੇ ਬਾਲਾ ਜੀ ਮਹਾਰਾਜ ਦੇ ਮੰਦਰ ਵਿਖੇ ਮੱਥਾ ਟੇਕਿਆ



**ਫਾਜ਼ਿਲਕਾ, 30 ਅਪ੍ਰੈਲ**
**-ਕੌਮੀ ਪੱਤ੍ਰਿਕਾ ਬਿਊਰੋ-**

ਹਲਕਾ ਫਾਜ਼ਿਲਕਾ ਦੇ ਵਿਧਾਇਕ ਸ੍ਰੀ ਨਰਿੰਦਰ ਪਾਲ ਸਿੰਘ ਸਵਨਾ ਨੇ ਸਾਲਾਸਰ ਸਰਧਾਮ ਜਾ ਕੇ ਸ੍ਰੀ ਬਾਲਾ ਜੀ ਮਹਾਰਾਜ ਦੇ ਮੰਦਰ ਵਿਖੇ ਮੱਥਾ ਟੇਕਿਆ। ਇਸ ਮੌਕੇ ਉਨਾਂ ਦੀ ਧਰਮ ਪਤਨੀ ਸ੍ਰੀ ਖੁਸ਼ਬੂ ਸਾਵਨਸੁੱਖਾ ਸਵਨਾ ਨਾਲ ਵਿਸ਼ੇਸ਼ ਤੌਰ ਤੇ ਮੌਜੂਦ ਸਨ ।

ਵਿਧਾਇਕ ਫਾਜ਼ਿਲਕਾ ਸ੍ਰੀ ਨਰਿੰਦਰ ਪਾਲ ਸਿੰਘ ਸਵਨਾ ਨੇ ਕਿਹਾ ਕਿ ਸਾਲਾਸਰ ਧਾਮ ਸ੍ਰੀ ਬਾਲਾਜੀ ਮਹਾਰਾਜ ਜੀ ਦੇ ਚਰਨਾਂ ਵਿਚ ਮੱਥਾ ਟੇਕ ਕੇ ਉਨ੍ਹਾਂ ਫਾਜ਼ਿਲਕਾ ਦੀ ਸੁੱਖ ਸ਼ਾਂਤੀ ਅਤੇ ਤਰੱਕੀ ਲਈ ਅਰਦਾਸ ਕੀਤੀ। ਉਹਨਾਂ ਕਿਹਾ ਕਿ ਫਾਜ਼ਿਲਕਾ ਦੇ ਲੋਕਾਂ ਨੇ ਉਨਾਂ ਨੂੰ ਚੋਣਾਂ ਵਿੱਚ ਜਿਤਾ ਕੇ ਵਿਧਾਨ ਸਭਾ ਵਿੱਚ ਭੇਜਿਆ ਹੈ। ਉਹ ਅੱਜ ਜੇਕਰ ਵਿਧਾਇਕ ਬਣੇ ਹਨ ਤਾਂ ਇਹਨਾਂ ਲੋਕਾਂ ਦੀ ਖਾਤਰ ਹੀ ਬਣੇ ਹਨ, ਇਸ ਕਰਕੇ ਉਹ ਫਾਜ਼ਿਲਕਾ ਦੇ ਲੋਕਾਂ ਦੀ ਖੁਸ਼ਹਾਲੀ ਮੰਗਦੇ ਹਨ । ਉਨਾਂ ਬਾਲਾ ਜੀ ਸ਼੍ਰੀ ਨਰਿੰਦਰ ਪਾਲ ਸਿੰਘ ਸਵਨਾ ਨੇ ਕਿਹਾ ਕਿ ਸਾਲਾਸਰ ਧਾਮ ਸ਼੍ਰੀ ਬਾਲਾਜੀ ਮਹਾਰਾਜ ਜੀ ਦੇ ਚਰਨਾਂ ਵਿਚ ਮੱਥਾ ਟੇਕ ਕੇ ਉਨ੍ਹਾਂ ਫਾਜ਼ਿਲਕਾ ਦੀ ਸੁੱਖ ਸ਼ਾਂਤੀ ਅਤੇ ਤਰੱਕੀ ਲਈ ਅਰਦਾਸ ਕੀਤੀ।ਉਹਨਾਂ ਕਿਹਾ ਕਿ ਫਾਜ਼ਿਲਕ ਮੰਦਰ ਵਿਖੇ ਫਾਜਿਲਕਾ ਦੇ ਲੋਕਾਂ ਦੀ ਤੰਦਰੁਸਤੀ ਅਤੇ ਤਰੱਕੀ ਦੀ ਕਾਮਨਾ ਕੀਤੀ।

# ਰਾਗ ਨਾਦ ਸਬਦਿ ਸੋਹਣੇ 16

ਇਕਵਾਕ ਸਿੰਘ ਪੱਟੀ

ਸਮੁੱਚੀ ਮਾਨਵਤਾ ਦੇ ਸਰਬ ਸਾਂਝੇ ਸ੍ਰੀ ਗੁਰੂ ਗ੍ਰੰਥ ਸਾਹਿਬ ਵਿਚ ਪੰਜਵੇਂ ਨਾਨਕ ਗੁਰੂ ਅਰਜਨ ਦੇਵ ਜੀ ਵੱਲੋਂ ਭਾਈ ਗੁਰਦਾਸ ਜੀ ਕੋਲੋਂ ਦਰਜ ਕਰਵਾਈ ਗਈ ਬਾਣੀ ਰਾਗਾਂ ਦੇ ਅਧੀਨ ਹੈ। ਗੁਰੂ ਗ੍ਰੰਥ ਸਾਹਿਬ ਵਿਚ ਕੁਝ ਬਾਣੀ ਰਾਗ ਮੁਕਤ ਵੀ ਹੈ ਪਰ ਜ਼ਿਆਦਾਤਰ ਬਾਣੀ ਰਾਗਾਂ ਦੇ ਅਧੀਨ ਹੈ। ਸਭ ਤੋਂ ਸ੍ਰੇਸ਼ਟ ਰਾਗ ਬਾਰੇ ਗੁਰੂ ਰਾਮਦਾਸ ਜੀ ਫੁਰਮਾਉਂਦੇ ਹਨ, 'ਸਭਨਾ ਰਾਗਾਂ ਵਿਚਿ ਸੋ ਭਲਾ ਭਾਈ ਜਿਤੁ ਵਸਿਆ ਮਨਿ ਆਇ॥' ਭਾਵ ਉਹੀ ਰਾਗ ਸਫ਼ਲ ਹੈ ਜਿਸ ਨੂੰ ਸੁਣਦਿਆਂ-ਪੜ੍ਹਦਿਆਂ, ਗਾਉਂਦਿਆਂ ਹੋਇਆਂ ਸ੍ਰਿਸ਼ਟੀ ਦਾ ਕਰਤਾ ਪਰਮਾਤਮਾ ਚੇਤੇ ਆ ਜਾਵੇ। ਅੱਜ ਜਾਣਦੇ ਹਾਂ ਗੁਰੂ ਸਾਹਿਬ ਵੱਲੋਂ ਉਚਾਰੇ 31 ਰਾਗਾਂ ਵਿੱਚੋਂ 16ਵੇਂ ਸਥਾਨ 'ਤੇ ਆਉਣ ਵਾਲੇ ਰਾਗ 'ਬਿਲਾਵਲੁ' ਬਾਰੇ...



## ਰਾਗ ਬਿਲਾਵਲੁ

ਸ੍ਰੀ ਗੁਰੂ ਗ੍ਰੰਥ ਸਾਹਿਬ ਵਿਚਲੀ ਰਾਗ ਤਰਤੀਬ 'ਚ ਗੁਰੂ ਅਰਜਨ ਦੇਵ ਜੀ ਵੱਲੋਂ ਬਿਲਾਵਲੁ ਰਾਗ ਸੋਲਵੇਂ ਨੰਬਰ 'ਤੇ ਦਰਜ ਕੀਤਾ ਗਿਆ ਹੈ। ਇਹ ਸ੍ਰੀ ਗੁਰੂ ਗ੍ਰੰਥ ਸਾਹਿਬ ਦੇ ਪੰਨਾ ਨੰਬਰ 795 ਤੋਂ 858 ਤਕ ਦਰਜ ਹੈ। ਗੁਰਬਾਣੀ ਅਨੁਸਾਰ ਬਿਲਾਵਲੁ ਦਾ ਅਰਥ ਪੂਰਨ ਖਿੜਾਉ ਅਤੇ ਆਤਮਕ ਅਨੰਦ ਦੇ ਤੌਰ 'ਤੇ ਲਿਆ ਗਿਆ ਹੈ। ਬਿਲਾਵਲੁ ਕੀ ਵਾਰ ਅਧੀਨ ਚੌਥੇ ਪਾਤਸ਼ਾਹ ਗੁਰੂ ਰਾਮਦਾਸ ਜੀ ਫੁਰਮਾਉਂਦੇ ਹਨ :

**ਹਰਿ ਉਤਮੁ ਹਰਿ ਪ੍ਰਭੁ ਗਾਵਿਆ ਕਰਿ ਨਾਦੁ ਬਿਲਾਵਲੁ ਰਾਗੁ॥**
**ਉਪਦੇਸੁ ਗੁਰੂ ਸੁਣਿ ਮੰਨਿਆ ਧੁਰਿ ਮਸਤਕਿ ਪੂਰਾ ਭਾਗੁ॥**

ਇਸ ਰਾਗ ਦੀਆਂ ਦੋ ਕਿਸਮਾਂ 'ਬਿਲਾਵਲੁ ਦੱਖਣੀ' ਅਤੇ 'ਬਿਲਾਵਲੁ ਮੰਗਲ' ਇਸ ਰਾਗ ਦੇ ਅੰਤਰਗਤ ਮਿਲਦੀਆਂ ਹਨ। ਇਸ ਰਾਗ ਵਿਚ ਗੁਰੂ ਨਾਨਕ ਦੇਵ ਜੀ, ਗੁਰੂ ਅਮਰਦਾਸ ਜੀ, ਗੁਰੂ ਰਾਮਦਾਸ ਜੀ, ਗੁਰੂ ਅਰਜਨ ਦੇਵ ਜੀ ਅਤੇ ਗੁਰੂ ਤੇਗ ਬਹਾਦਰ ਸਾਹਿਬ ਦੀ ਬਾਣੀ ਦਰਜ ਹੈ। ਭਗਤ ਸਾਹਿਬਾਨਾਂ ਵਿੱਚੋਂ ਭਗਤ ਨਾਮਦੇਵ ਜੀ, ਰਵਿਦਾਸ ਜੀ ਅਤੇ ਭਗਤ ਸਧਨਾ ਜੀ ਦੀ ਪਵਿੱਤਰ ਬਾਣੀ ਸ਼ਾਮਲ ਹੈ।

ਇਤਿਹਾਸਕ ਅਤੇ ਸੰਗੀਤਕ ਪੱਖ ਤੋਂ ਰਾਗ ਬਿਲਾਵਲ ਦੀਆਂ ਦਰਜਨ ਤੋਂ ਵੱਧ ਕਿਸਮਾਂ ਪ੍ਰਚਲਿਤ ਹਨ। ਇਸ ਰਾਗ ਨੂੰ ਜ਼ਿਆਦਾਤਰ ਗਰਮੀਆਂ ਵਿਚ ਗਾਉਣ ਦਾ ਰੁਝਾਨ ਹੈ। ਇਹ ਸਵੇਰ ਵੇਲੇ ਦਾ ਰਾਗ ਹੈ। ਸਿੱਖ ਕੌਮ ਦੇ ਮਹਾਨ ਵਿਦਵਾਨ ਭਾਈ ਕਾਨ੍ਹ ਸਿੰਘ ਨਾਭਾ ਆਪਣੀ ਰਚਨਾ 'ਮਹਾਨ ਕੋਸ਼' ਵਿਚ ਇਸ ਰਾਗ ਬਾਰੇ ਜ਼ਿਕਰ ਕਰਦੇ ਹੋਏ ਪੰਨਾ ਨੰਬਰ 876 'ਤੇ ਲਿਖਦੇ ਹਨ, 'ਇਹ ਸੰਪੂਰਣ ਜਾਤੀ ਦਾ ਰਾਗ ਹੈ, ਸਾਰੇ ਸੁਰ ਸ਼ੁੱਧ ਹਨ। ਵਾਦੀ ਸੜਜ ਅਤੇ ਸੰਵਾਦੀ ਪੰਚਮ ਹੈ। ਇਸ ਦੇ ਗਾਉਣ ਦਾ ਵੇਲਾ ਦਿਨ ਦੇ ਦੂਜੇ ਪਹਿਰ ਦਾ ਆਰੰਭ ਹੈ। ਅਨੰਦ ਮੰਗਲ ਵੇਲੇ ਇਸ ਰਾਗ ਨੂੰ ਗਾਉਣ ਦੀ ਰੀਤ ਹੈ।•

98150-24920

# ਜੁੰਮੇ ਦੀ ਅਹਿਮੀਅਤ

ਜੁੱਮਾ ਕਹਿੰਦੇ ਹਨ ਸ਼ੁੱਕਰਵਾਰ ਨੂੰ, ਇਸਲਾਮੀ ਰਾਜਾਂ ਵਿਚ ਇਸ ਦਿਨ ਦੀ ਛੁੱਟੀ ਹੁੰਦੀ ਹੈ। ਜੁੰਮੇ ਨੂੰ ਇਸਲਾਮੀ ਸ਼ਰੀਅਤ ਅਤੇ ਸੂਫ਼ੀ ਵਿਚਾਰਧਾਰਾ ਵਿਚ ਬੇਹੱਦ ਅਹਿਮੀਅਤ ਹੈ। ਐਸੀ ਮਾਨਤਾ ਹੈ ਕਿ ਜੁੰਮੇ ਦੇ ਦਿਨ ਹਜ਼ਰਤ ਆਦਮ ਨੂੰ ਪੈਦਾ ਕੀਤਾ ਗਿਆ, ਇਸੇ ਦਿਨ ਜੰਨਤ ਵਿਚ ਦਾਖ਼ਲ ਕੀਤਾ ਗਿਆ, ਇਸੇ ਦਿਨ ਜੰਨਤ ਵਿੱਚੋਂ ਕੱਢ ਕੇ ਧਰਤੀ ਉੱਤੇ ਭੇਜਿਆ ਗਿਆ। ਇਸੇ ਦਿਨ ਉਸ ਦੀ ਵਫ਼ਾਤ ਹੋਈ। ਜੁੰਮੇ ਦੇ ਦਿਨ ਹੀ ਕਿਆਮਤ ਵਾਪਰੇਗੀ। ਜੁੰਮੇ ਦੇ ਦਿਨ ਦੌਰਾਨ ਐਸਾ ਟਾਈਮ ਵੀ ਹੁੰਦਾ ਹੈ ਕਿ ਰੱਬ ਕੋਲੋਂ ਜੋ ਮੰਗੋ ਮਿਲ ਜਾਂਦਾ ਹੈ। ਜੁੰਮੇ ਦੇ ਦਿਨ ਜਮਾਤ ਨਾਲ ਨਮਾਜ਼ ਪੜ੍ਹਨ ਅਤੇ ਇਮਾਮ ਕੋਲੋਂ ਖ਼ੁਤਬਾ ਸੁਣਨ ਦਾ ਬੇਹੱਦ ਅਜਰ-ਸਵਾਬ ਹੈ। ਹਦੀਸ ਸ਼ਰੀਫ਼ ਵਿਚ ਵੀ ਜੁੰਮੇ ਦੇ ਦਿਨ ਅਤੇ ਜੁੰਮੇ ਦੀ ਰਾਤ ਜੋ ਸ਼ੁੱਕਰਵਾਰ ਦੇ ਦਿਨ ਤੋਂ ਪਹਿਲੀ ਰਾਤ ਹੁੰਦੀ ਹੈ, ਦੀ ਫ਼ਜ਼ੀਲਤ ਬਿਆਨ ਕੀਤੀ ਗਈ ਹੈ। ਕੁਰਆਨ ਮਜੀਦ ਦੀ ਇਕ ਸੂਰਤ ਦਾ ਨਾਂ ਵੀ 'ਸੂਰਹਾ ਅਲ-ਜੁਮੁਆ' ਹੈ, ਜਿਸ ਵਿਚ ਜੁੰਮੇ ਦੀ ਨਮਾਜ਼ ਲਈ ਹਦਾਇਤ ਕੀਤੀ ਗਈ ਹੈ।

• ਪ੍ਰਿੰ. ਗੁਰਚਰਨ ਸਿੰਘ ਤਲਵਾੜਾ
94634-63193

# ਸ਼ਹੀਦੀ ਸਾਕਾ ਗੁਰਦੁਆਰਾ ਸ੍ਰੀ ਪਾਉਂਟਾ ਸਾਹਿਬ

ਧਰਮਿੰਦਰ ਸਿੰਘ ਚੱਬਾ

ਗੁਰਦੁਆਰਾ ਸ੍ਰੀ ਪਾਉਂਟਾ ਸਾਹਿਬ (ਪਾਂਵਟਾ ਸਾਹਿਬ) ਉਹ ਪਵਿੱਤਰ ਅਸਥਾਨ ਹੈ, ਜਿੱਥੇ ਕਲਗੀਧਰ ਪਿਤਾ ਸ੍ਰੀ ਗੁਰੂ ਗੋਬਿੰਦ ਸਿੰਘ ਜੀ 17 ਵੈਸਾਖ, 20 ਅਪ੍ਰੈਲ 1685 ਈਸਵੀ ਨੂੰ ਨਾਹਨ ਰਿਆਸਤ ਦੇ ਰਾਜੇ ਮੇਦਨੀ ਪ੍ਰਕਾਸ਼ ਦੇ ਬੇਨਤੀ 'ਤੇ ਨਾਹਨ ਪੁੱਜੇ ਸਨ। ਇਹ ਗੁਰਦੁਆਰਾ ਸਾਹਿਬ ਨਾਹਨ, ਜ਼ਿਲ੍ਹਾ ਸਿਰਮੌਰ ਵਿਖੇ ਜਮੁਨਾ ਨਦੀ ਦੇ ਤੱਟ 'ਤੇ ਸਥਿਤ ਹੈ। ਭਾਈ ਕਾਨ੍ਹ ਸਿੰਘ ਨਾਭਾ ਦੀ ਕ੍ਰਿਤ ਮਹਾਨ ਕੋਸ਼ ਵਿਚ ਪਾਂਵਟਾ ਦਾ ਅਰਥ ਹੈ, 'ਜਿੱਥੇ ਪੈਰ ਅਟਕ ਜਾਵੇ' ਲਿਖਿਆ ਗਿਆ ਹੈ। ਗੁਰੂ ਜੀ ਰਾਜਾ ਮੇਦਨੀ ਪ੍ਰਕਾਸ਼ ਨਾਲ ਸੈਰ 'ਤੇ ਜਾ ਰਹੇ ਸਨ ਕਿ ਅਚਾਨਕ ਘੋੜੇ ਦਾ ਪੈਰ ਅਟਕ ਗਿਆ। ਉਹ ਚੁੱਪਚਾਪ ਖਲੋਤਾ ਰਿਹਾ। ਗੁਰੂ ਜੀ ਨੇ ਰਮਣੀਕ ਥਾਂ ਜਾਣ ਕੇ ਇਥੇ ਟਿਕਾਣਾ ਕੀਤਾ। ਸਿੰਘਾਂ ਲਈ ਟ੍ਰੇਨਿੰਗ ਕੈਂਪ ਇਥੇ ਹੀ ਲਗਾਇਆ ਗਿਆ। ਗੁਰੂ ਸਾਹਿਬ ਕ੍ਰਿਸ਼ਨਾਵਤਾਰ (ਦਸਮ ਗ੍ਰੰਥ) ਵਿਚ ਫੁਰਮਾਉਂਦੇ ਹਨ :

**ਨਗਰ ਪਾਂਵਟਾ ਸੁਭ ਕਰਨ**
**ਜਮੁਨਾ ਬਹੈ ਸਮੀਪੈ॥**

ਗੁਰੂ ਗੋਬਿੰਦ ਸਿੰਘ ਜੀ ਨੇ ਰਾਜਾ ਨਾਹਨ ਤੋਂ ਕਿਆਰ ਦੂਨ (ਵਾਦੀ) 'ਚ ਜ਼ਮੀਨ ਲੈ ਕੇ ਸੰਮਤ 1742 ਵਿਚ ਕਿਲ੍ਹਾ ਬਣਵਾਇਆ, ਜਿਸ ਦਾ ਨਾਂ ਪਾਂਵਟਾ ਰੱਖਿਆ। ਭੰਗਾਣੀ ਦੀ ਜੰਗ ਇਸ ਕਿਲ੍ਹੇ 'ਚ ਰਹਿਣ ਸਮੇਂ ਹੋਈ ਸੀ, ਜਿਸ ਦਾ ਜ਼ਿਕਰ ਬਚਿਤ੍ਰ ਨਾਟਕ ਵਿਚ ਹੈ। ਗੁਰਦੁਆਰਾ ਸਾਹਿਬ ਦਾ ਜ਼ਿਕਰ ਕਰਦੇ ਭਾਈ ਸੰਤੋਖ ਸਿੰਘ ਜੀ ਲਿਖਦੇ ਹਨ :

**ਪਾਵ ਟਿਕਯੋ ਸਤਗੁਰੂ ਕੋ**
**ਆਨਦਪੁਰ ਤੇ ਆਇ।**
**ਨਾਮ ਧਰਯੋ ਇਸ ਪਾਂਵਟਾ**
**ਸਭ ਦੇਸਨ ਪ੍ਰਗਟਾਇ।**

ਗੁਰਦੁਆਰਾ ਸਾਹਿਬ ਦੇ ਨਜ਼ਦੀਕ ਹੋਰ ਵੀ ਗੁਰਦੁਆਰੇ ਹਨ, ਜਿਨ੍ਹਾਂ 'ਚ ਗੁਰਦੁਆਰਾ ਕਵੀ ਦਰਬਾਰ ਸਾਹਿਬ, ਜਿੱਥੇ ਗੁਰੂ ਘਰ ਦੇ 52 ਕਵੀਆਂ ਵੱਲੋਂ ਲਿਖਤਾਂ ਰਾਹੀਂ ਗੁਰੂ ਸਾਹਿਬ ਦੀ ਮਹਿਮਾ ਦਾ ਗੁਣਗਾਨ ਕੀਤਾ ਜਾਂਦਾ ਸੀ। ਗੁਰਦੁਆਰਾ ਦਸਤਾਰ ਅਸਥਾਨ ਸਾਹਿਬ, ਜਿੱਥੇ ਸੁੰਦਰ ਦਸਤਾਰਾਂ ਸਜਾਉਣ ਦੇ ਮੁਕਾਬਲੇ ਕਰਵਾਏ ਜਾਂਦੇ ਸਨ। ਗੁਰਦੁਆਰਾ ਸ਼ੀਸ਼ ਮਹਿਲ ਸਾਹਿਬ, ਗੁਰਦੁਆਰਾ ਭੰਗਾਣੀ ਸਾਹਿਬ, ਗੁਰਦੁਆਰਾ ਬੀਬੀ ਵੀਰੋ ਜੀ, ਗੁਰਦੁਆਰਾ ਬਾਬਾ ਗੁਰਦਿੱਤਾ ਜੀ, ਗੁਰਦੁਆਰਾ ਸਾਹਿਬ ਅਮਰਕੋਟ, ਗੁਰਦੁਆਰਾ ਧਰੀ ਸਾਹਿਬ, ਗੁਰਦੁਆਰਾ ਸ੍ਰੀ ਅਕਾਲਗੜ੍ਹ ਸਾਹਿਬ, ਗੁਰਦੁਆਰਾ ਸ਼ੇਰਗਾਹ ਸਾਹਿਬ ਨਿਹਾਲਗੜ੍ਹ, ਗੁਰਦੁਆਰਾ ਸ਼ਿਵਪੁਰ, ਗੁਰਦੁਆਰਾ ਸ੍ਰੀ ਕ੍ਰਿਪਾਲ ਸ਼ਿਲਾ ਤੇ ਹੋਰ ਕਈ ਗੁਰਦੁਆਰੇ ਸੁਸ਼ੋਭਿਤ ਹਨ, ਪਰ ਵੱਡਾ ਗੁਰਦੁਆਰਾ ਸ੍ਰੀ ਪਾਉਂਟਾ ਸਾਹਿਬ ਹੀ ਹੈ। ਇਸ ਅਸਥਾਨ ਦੀ ਨੀਂਹ ਗੁਰੂ ਸਾਹਿਬ ਨੇ ਬਾਬਾ ਬੁੱਢਾ ਜੀ ਦੀ ਵੰਸ਼ ਵਿੱਚੋਂ ਭਾਈ ਰਾਮ ਕੰਵਰ ਜੀ ਪਾਸੋਂ 28 ਅਪ੍ਰੈਲ 1685 ਈਸਵੀ ਨੂੰ ਰਖਵਾਈ। ਇਤਿਹਾਸ 'ਚ ਆਉਂਦਾ ਹੈ ਕਿ 12 ਦਿਨਾਂ ਵਿਚ ਹੀ ਗੁਰੂ ਗੋਬਿੰਦ ਸਿੰਘ ਜੀ ਦੀ ਨਿਗਰਾਨੀ ਹੇਠ ਕਿਲ੍ਹੇ ਦੀ ਸ਼ਕਲ ਵਿਚ ਇਸ ਪਾਵਨ ਅਸਥਾਨ ਦੀ ਉਸਾਰੀ ਕਰਵਾਈ ਗਈ ਸੀ। 'ਮਹਿਮਾ ਪ੍ਰਕਾਸ਼' ਦੇ ਲਿਖਾਰੀ ਅਨੁਸਾਰ ਗੁਰੂ ਗੋਬਿੰਦ ਸਿੰਘ ਜੀ ਨੇ ਬਹੁਤ ਸਾਰੇ ਵਿਦਵਾਨਾਂ ਨੂੰ ਸੰਦੇਸ਼ੇ ਭੇਜ ਕੇ ਇਸ ਜਗ੍ਹਾ ਬੁਲਾਇਆ :

**ਆਗਿਆ ਕੀਨੀ ਸਤਿਗੁਰ ਦਇਆਲ,**
**ਬਿਦਿਆਬਨ ਪੰਡਤ ਲੇਹ ਭਾਲ।**
**ਸਤਿਗੁਰ ਕੇ ਆਇ ਇੱਕਤ੍ਰ ਭਏ,**
**ਬਹੁ ਆਦਰ ਸਤਿਗੁਰ ਜੋ ਦਏ।**

ਗੁਰੂ ਸਾਹਿਬ ਇਥੇ ਚਾਰ ਸਾਲ ਰਹੇ। ਇਸ ਜਗ੍ਹਾ ਪਰ ਹੀ ਪੀਰ ਬੁੱਧੂ ਸ਼ਾਹ ਜੀ ਨੇ ਆਪਣੇ ਚਾਰ ਬੇਟੇ ਸਤਿਗੁਰਾਂ ਦੇ ਚਰਨਾਂ ਤੋਂ ਕੁਰਬਾਨ ਕਰ ਕੇ ਕੰਘੇ 'ਚ ਅੜੇ ਕੇਸਾਂ ਦੀ ਦਾਤ ਕੰਘੇ ਸਮੇਤ ਮੰਗੀ ਸੀ। ਹਾਜ਼ਰ ਸਿੱਖਾਂ ਨੇ ਇਸ ਬਾਰੇ ਭਾਈ ਨੰਦ ਲਾਲ ਜੀ ਨੂੰ ਪੁੱਛਿਆ ਸੀ ਕਿ 'ਪੀਰ ਜੀ ਨੇ ਗੁਰੂ ਜੀ ਤੋਂ ਕੋਈ ਧੰਨ ਦੌਲਤ ਕਿਉਂ ਨਹੀ ਮੰਗੀ,। ਕੰਘੇ 'ਚ ਅੜੇ ਕੇਸਾਂ ਸਮੇਤ ਕੰਘੇ ਦੀ ਦਾਤ ਹੀ ਕਿਉਂ ਮੰਗੀ ਹੈ? ਭਾਈ ਨੰਦ ਲਾਲ ਜੀ ਨੇ ਸਿੱਖਾਂ ਨੂੰ ਸਮਝਾਇਆ ਕਿ 'ਗੁਰੂ ਜੀ ਦਾ ਇਕ-ਇਕ ਕੇਸ ਸੱਚਖੰਡ ਪਹੁੰਚਣ ਵਾਸਤ ਮੰਨੋ ਪੁਲ ਦਾ ਕੰਮ ਕਰਦਾ ਹੈ। ਪੀਰ ਜੀ ਨੇ ਇਹ ਦਾਤ ਮੰਗ ਕੇ ਸਭ ਕੁਝ ਮੰਗ ਲਿਆ ਹੈ।'





ਅੱਜ ਤੋਂ 54 ਵਰ੍ਹੇ ਪਿਛਾਹ ਯਾਨੀ 1964 ਵੱਲ ਝਾਤੀ ਮਾਰੀਏ ਤਾਂ ਇਤਿਹਾਸ ਇਸ ਗੱਲ ਦੀ ਗਵਾਹੀ ਭਰਦਾ ਹੈ ਕਿ ਜਦੋਂ ਮਹੰਤ ਗੁਰਦੁਆਰਿਆਂ 'ਚ ਮਨ-ਆਈਆਂ ਕਰ ਰਹੇ ਸਨ ਤਾਂ ਪੰਥ ਦਰਦੀਆਂ, ਗੁਰਸਿੱਖਾਂ, ਨਿਹੰਗ ਸਿੰਘਾਂ, ਧਾਰਮਿਕ ਸੰਸਥਾਵਾਂ ਤੇ ਸਿੱਖ ਸੰਗਤ ਵੱਲੋਂ ਗੁਰਦੁਆਰਿਆਂ ਦਾ ਪ੍ਰਬੰਧ ਮਹੰਤਾਂ ਕੋਲੋਂ ਪੰਥਕ ਹੱਥਾਂ ਵਿਚ ਦੇਣ ਦਾ ਗੁਰਮਤਾ ਪਾਸ ਕੀਤਾ ਗਿਆ ਸੀ। ਉਸ ਸਮੇਂ ਗੁਰਦੁਆਰਾ ਪਾਉਂਟਾ ਸਾਹਿਬ ਦੀ ਸਾਂਭ ਸੰਭਾਲ ਮਹੰਤ ਲਹਿਣਾ ਸਿੰਘ ਕੋਲ ਸੀ। ਲਹਿਣਾ ਸਿੰਘ ਇਕ ਚੰਗਾ ਇਨਸਾਨ ਸੀ। ਜਦ ਉਸ ਨੂੰ ਇਸ ਗੁਰਮਤੇ ਬਾਰੇ ਪਤਾ ਲੱਗਾ ਤਾਂ ਉਹ ਆਪਣੇ ਆਪ ਗੁਰਦੁਆਰਾ ਪਾਉਂਟਾ ਸਾਹਿਬ ਦੀਆਂ ਚਾਬੀਆਂ ਲੈ ਕੇ ਸ਼੍ਰੋਮਣੀ ਕਮੇਟੀ ਕੋਲ ਸ੍ਰੀ ਅੰਮ੍ਰਿਤਸਰ ਸਾਹਿਬ ਪਹੁੰਚ ਗਿਆ। ਉਸ ਦੀ ਇਸ ਇਮਾਨਦਾਰੀ ਨੂੰ ਮੁੱਖ ਰੱਖਦਿਆਂ ਪ੍ਰਬੰਧਕਾਂ ਨੇ ਵੱਖਰਾ ਮਤਾ ਪਾਸ ਕਰਕੇ ਗੁਰਦੁਆਰਾ ਪਾਉਂਟਾ ਸਾਹਿਬ ਦੀ ਸਾਂਭ ਸੰਭਾਲ ਦਾ ਜ਼ਿੰਮਾ ਮਹੰਤ ਲਹਿਣਾ ਸਿੰਘ ਪਾਸ ਹੀ ਰਹਿਣ ਦਿੱਤਾ।

ਮਹੰਤ ਲਹਿਣਾ ਸਿੰਘ ਤੋਂ ਬਾਦ ਉਸ ਦਾ ਪੁੱਤਰ ਗੁਰਦਿਆਲ ਸਿੰਘ ਗੁਰਦੁਆਰਾ ਪਾਉਂਟਾ ਸਾਹਿਬ ਦਾ ਮਹੰਤ ਬਣਿਆ।।ਉਹ ਚੰਗਾ ਇਨਸਾਨ ਨਹੀ ਸੀ। ਉਹ ਗੁਰਦੁਆਰਾ ਸਾਹਿਬ ਵਿਚ ਭੈੜੀਆਂ ਕਰਤੂਤਾਂ ਕਰਨ ਲੱਗਾ।।ਉਹ ਸਰਕਾਰੇ-ਦਰਬਾਰੇ ਆਪਣੀ ਪਹੁੰਚ ਵਧਾਉਣ ਲੱਗਾ।।ਜਦ ਪ੍ਰਬੰਧਕਾਂ ਨੇ ਚਾਬੀਆਂ ਵਾਪਸ ਮੰਗੀਆਂ ਤਾਂ ਉਸ ਨੇ ਨਾਂਹ-ਨੁੱਕਰ ਕੀਤੀ ਤੇ ਉਲਟਾ ਪ੍ਰਬੰਧਕਾਂ ਨੂੰ ਧਮਕਾਉਣ ਲੱਗਾ। ਗੁਰਦੁਆਰਾ ਪਾਉਂਟਾ ਸਾਹਿਬ ਦੇ ਆਸ-ਪਾਸ ਸਿੱਖ ਸੰਗਤਾਂ ਮਹੰਤ ਦੇ ਕਾਰਨਾਮਿਆਂ ਤੋਂ ਦੁਖੀ ਸਨ। ਸੰਗਤਾਂ ਇਕੱਠੀਆਂ ਹੋ ਕੇ ਮਿਸਲ ਸ਼ਹੀਦਾਂ ਤਰਨਾ ਦਲ ਗੁਰਦੁਆਰਾ ਹਰੀਆਂ ਵੇਲਾਂ ਵਾਲੇ ਬਾਬਾ ਹਰਭਜਨ ਸਿੰਘ ਤੇ ਬੁੱਢਾ ਦਲ ਦੇ ਜਥੇਦਾਰ ਬਾਬਾ ਚੇਤ ਸਿੰਘ ਪਾਸ ਪਹੁੰਚੀਆਂ ਤੇ ਦੋਵੇਂ ਜਥੇਦਾਰਾਂ ਨੂੰ ਮਹੰਤ ਗੁਰਦਿਆਲ ਸਿੰਘ ਦੀਆਂ ਕਰਤੂਤਾਂ ਬਾਰੇ ਜਾਣਕਾਰੀ ਦਿੱਤੀ ਤੇ ਗੁਰਦੁਆਰਾ ਸਾਹਿਬ ਨੂੰ ਮਹੰਤ ਦੇਕਬਜ਼ੇ 'ਚੋਂ ਆਜ਼ਾਦ ਕਰਵਾਉਣ ਲਈ ਬੇਨਤੀ ਕੀਤੀ। ਜਥੇਦਾਰਾਂ ਨੇ ਸੰਗਤਾਂ ਨੂੰ ਭਰੋਸਾ ਦਿੱਤਾ ਕਿ ਜਲਦ ਹੀ ਗੁਰਦੁਆਰਾ ਸਾਹਿਬ ਨੂੰ ਮਹੰਤ ਤੋਂ ਗੁਰੂ ਸਾਹਿਬ ਦੀ ਕ੍ਰਿਪਾ ਨਾਲ ਆਜ਼ਾਦ ਕਰਵਾ ਲਿਆ ਜਾਵੇਗਾ।

ਹੋਲੇ ਮਹੱਲੇ ਤੋਂ ਬਾਦ 10 ਮਾਰਚ 1964 ਨੂੰ ਉਥੇ ਪਹੁੰਚ ਕੇ ਗੁਰਦੁਆਰਾ ਸਾਹਿਬ ਦੀ ਪਵਿੱਤਰਤਾ ਲਈ 101 ਸ੍ਰੀ ਅਖੰਡ ਪਾਠਾਂ ਦੀ ਲੜੀ ਅਰੰਭ ਕਰ ਦਿੱਤੀ ਗਈ। ਬਾਬਾ ਜੀ ਵੱਲੋਂ ਸੰਗਤਾਂ ਨੂੰ ਸ਼ਾਂਤਮਈ ਰੋਸ ਪ੍ਰਦਰਸ਼ਨ ਕਰਨ ਲਈ ਬੇਨਤੀ ਕੀਤੀ ਗਈ। ਸਰਕਾਰ ਨੇ ਬਾਬਾ ਹਰਭਜਨ ਸਿੰਘ ਨੂੰ ਧੋਖੇ ਨਾਲ ਇਸ ਮੁੱਦੇ 'ਤੇ ਗੱਲਬਾਤ ਕਰਨ ਲਈ ਰੈਸਟ ਹਾਊਸ ਬੁਲਾ ਕੇ ਗ੍ਰਿਫ਼ਤਾਰ ਕਰ ਲਿਆ। ਇਧਰ ਮਹੰਤ ਦਾ ਸਾਥ ਦੇਣ ਲਈ ਸਰਕਾਰ ਨੇ ਗੁਰਦੁਆਰਾ ਸਾਹਿਬ ਨੂੰ ਘੇਰਾ ਪਾ ਲਿਆ। ਗੁਰਦੁਆਰਾ ਸਾਹਿਬ ਅੰਦਰ 15 ਕੁ ਸਿੰਘ ਸਨ। ਉਸ ਸਮੇਂ ਤਕ 22 ਸ੍ਰੀ ਅਖੰਡ ਪਾਠਾਂ ਦੇ ਭੋਗ ਪੈ ਚੁੱਕੇ ਸਨ ਤੇ 23ਵਾਂ ਸ੍ਰੀ ਅਖੰਡ ਪਾਠ ਸਾਹਿਬ ਆਰੰਭ ਸੀ।

22 ਮਈ 1964 ਨੂੰ ਪੁਲਿਸ ਗੁਰਦੁਆਰਾ ਸਾਹਿਬ ਦੇ ਦਰਵਾਜ਼ੇ ਤੋੜ ਕੇ ਅੰਦਰ ਦਾਖ਼ਲ ਹੋਈ। ਉੱਥੋਂ ਦੇ ਡੀਸੀ ਆਰਕੇ ਚੰਡੇਲ ਨੇ ਸਿੰਘਾਂ ਉੱਪਰ ਗੋਲੀ ਚਲਾਉਣ ਦਾ ਹੁਕਮ ਦੇ ਦਿੱਤਾ। ਪੁਲਿਸ ਦੀਆਂ ਗੋਲੀਆਂ ਨਾਲ ਗੁਰਦੁਆਰਾ ਹਰੀਆਂ ਵੇਲਾਂ ਦੇ 11 ਨਿਹੰਗ ਸਿੰਘ ਸ਼ਹੀਦ ਹੋ ਗਏ ਤੇ ਬਾਕੀ ਜ਼ਖ਼ਮੀ ਹੋ ਗਏ। ਸਰਕਾਰ ਦੀ ਇਸ ਕਰਤੂਤ ਦਾ ਪਤਾ ਜਦ ਸਿੱਖ ਸੰਗਤਾਂ ਨੂੰ ਚੱਲਿਆ ਤਾਂ ਗੁਰੂ ਦਾ ਖ਼ਾਲਸਾ ਗੁਰਦੁਆਰਾ ਪਾਉਂਟਾ ਸਾਹਿਬ ਨੂੰ ਆਜ਼ਾਦ ਕਰਵਾਉਣ ਲਈ ਇਕਜੁੱਟ ਹੋ ਕੇ ਸਰਕਾਰ ਦੇ ਖ਼ਿਲਾਫ਼ ਡਟ ਗਿਆ। ਜਥੇਦਾਰਾਂ ਤੇ ਸਿੱਖ ਸੰਗਤ ਦੇ ਰੋਹ ਅੱਗੇ ਸਰਕਾਰ ਨੂੰ ਝੁਕਣਾ ਪਿਆ ਤੇ ਗੁਰਦੁਆਰਾ ਪਾਉਂਟਾ ਸਾਹਿਬ ਨੂੰ ਸਰਕਾਰ ਅਤੇ ਮਹੰਤ ਦੇ ਕਬਜ਼ੇ ਤੋਂ ਆਜ਼ਾਦ ਕਰਵਾ ਲਿਆ।

ਮਿਸਲ ਸ਼ਹੀਦਾਂ ਤਰਨਾ ਦਲ ਹਰੀਆਂ ਵੇਲਾਂ ਦੇ 11 ਸ਼ਹੀਦ ਨਿਹੰਗ ਸਿੰਘਾਂ ਦੀ ਯਾਦ ਨੂੰ ਸਮਰਪਿਤ 54ਵਾਂ ਸ਼ਹੀਦੀ ਜੋੜ ਮੇਲਾ ਜਥੇਦਾਰ ਬਾਬਾ ਨਿਹਾਲ ਸਿੰਘ ਹਰੀਆਂ ਵੇਲਾਂ ਵਾਲਿਆਂ ਦੀ ਰਹਿਨੁਮਾਈ ਹੇਠ 22 ਮਈ ਮੰਗਲਵਾਰ ਨੂੰ ਸ਼ਰਧਾ ਭਾਵਨਾ ਨਾਲ ਮਨਾਇਆ ਜਾ ਰਿਹਾ ਹੈ। ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ 22 ਮਈ ਨੂੰ ਪਾਏ ਜਾਣਗੇ। ਕਥਾ ਕੀਰਤਨ ਦੇ ਪ੍ਰਵਾਹ ਚੱਲਣਗੇ। ਇਨ੍ਹਾਂ ਸਮਾਗਮਾਂ ਵਿਚ ਨਿਹੰਗ ਸਿੰਘ ਜਥੇਬੰਦੀਆਂ, ਜਥੇਦਾਰ ਸਾਹਿਬ ਤੇ ਸਿੱਖ ਸੰਗਤਾਂ ਹੁੰਮ-ਹੁਮਾ ਕੇ 22 ਮਈ ਨੂੰ ਗੁਰਦੁਆਰਾ ਸ੍ਰੀ ਪਾਉਂਟਾ ਸਾਹਿਬ ਵਿਖੇ ਪਹੁੰਚ ਰਹੀਆਂ ਹਨ।•




**ਸ਼੍ਰੋਮਣੀ ਕਮੇਟੀ ਨੂੰ ਇਨ੍ਹਾਂ ਸਮਾਗਮਾਂ ਮੌਕੇ ਦੁਨੀਆ 'ਚ ਵਸਦੀਆਂ ਗੁਰੂ ਨਾਨਕ ਨਾਮ ਲੇਵਾ ਸੰਗਤਾਂ, ਖ਼ਾਸ ਕਰਕੇ ਦੂਜੇ ਸੂਬਿਆਂ 'ਚ ਵੱਸਦੇ ਸਿਕਲੀਗਰ ਸਿੱਖਾਂ, ਵਣਜਾਰਿਆਂ, ਸਤਨਾਮੀਆਂ, ਜੌਹਰੀਆਂ ਤੇ ਸਿੰਧੀਆ ਨੂੰ ਵੀ ਪੰਥਕ ਧਾਰਾ ਨਾਲ ਜੋੜਨ ਦਾ ਉਪਰਾਲਾ ਕਰਨਾ ਚਾਹੀਦਾ ਹੈ...**

# 550 ਸਾਲਾ ਪ੍ਰਕਾਸ਼ ਪੁਰਬ ਦਾ ਸੁਨੇਹਾ

ਸਿਮਰਨ ਕੌਰ

ਸਿੱਖ ਧਰਮ ਦੇ ਮੋਢੀ ਸ੍ਰੀ ਗੁਰੂ ਨਾਨਕ ਦੇਵ ਜੀ ਨੇ ਹਮੇਸ਼ਾ ਅਧਿਆਤਮਕ ਮਾਰਗ 'ਤੇ ਚਲਣ ਵਾਸਤੇ ਜਿੱਥੇ ਮਨੁੱਖਤਾ ਨੂੰ ਸਾਂਝੀਵਾਲਤਾ ਤੇ ਆਪਸੀ ਭਾਈਚਾਰੇ ਦਾ ਉਪਦੇਸ਼ ਦਿੱਤਾ ਉੱਥੇ ਨਾਮ ਜਪੋ, ਕਿਰਤ ਕਰੋ ਤੇ ਵੰਡ ਛਕੋ ਦੇ ਸਿਧਾਂਤਕ ਉਪਦੇਸ਼ ਨੂੰ ਵੀ ਉਭਾਰਿਆ। ਇਸ ਨਾਲ ਵੱਖ-ਵੱਖ ਧਰਮਾਂ, ਜਾਤਾਂ ਤੇ ਫ਼ਿਰਕਿਆ ਦੇ ਲੋਕ ਵੱਡੀ ਗਿਣਤੀ ਵਿਚ ਗੁਰੂ ਨਾਨਕ ਨਾਮ ਲੇਵਾ ਸੰਗਤ ਦੇ ਰੂਪ 'ਚ ਗੁਰੂ ਨਾਨਕ ਦੇਵ ਜੀ ਦੇ ਧਰਮ ਨਿਰਪੱਖਤਾ ਵਾਲੇ ਮਿਸ਼ਨ ਨਾਲ ਜੁੜੇ। ਇਸ ਲਈ ਗੁਰੂ ਸਾਹਿਬ ਜੀ ਨੂੰ ਸ਼ਰਧਾ ਤੇ ਸਤਿਕਾਰ ਵਜੋਂ 'ਜਗਤ ਗੁਰੂ' ਦਾ ਦਰਜਾ ਵੀ ਦਿੱਤਾ ਜਾਂਦਾ ਹੈ।

ਅਸੀ ਬੜੇ ਵਡਭਾਗੀ ਹਾਂ ਕਿ ਸੰਨ 2019 ਵਿਚ ਜਗਤ ਗੁਰੂ ਸਾਹਿਬ ਸ੍ਰੀ ਗੁਰੂ ਨਾਨਕ ਦੇਵ ਜੀ ਦੀ 550 ਸਾਲਾ ਪ੍ਰਕਾਸ਼ ਪੁਰਬ ਸ਼ਤਾਬਦੀ ਮਨਾ ਰਹੇ ਹਾਂ। ਇਸ ਸਬੰਧੀ ਸਿੱਖ ਪੰਥ ਦੀ ਸਿਰਮੌਰ ਧਾਰਮਿਕ ਸੰਸਥਾ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਤੇ ਪੰਜਾਬ ਸਰਕਾਰ ਵੱਲੋਂ ਆਪੋ-ਆਪਣੇ ਢੰਗਾਂ ਨਾਲ ਇਨ੍ਹਾਂ ਸ਼ਤਾਬਦੀ ਸਮਾਗਮਾਂ ਨੂੰ ਮਨਾਉਣ ਦਾ ਰਸਮੀ ਐਲਾਨ ਕੀਤਾ ਜਾ ਚੁੱਕਾ ਹੈ। ਜਿੱਥੋਂ ਤਕ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਗੱਲ ਹੈ, ਉਸ ਵੱਲੋਂ ਪਿਛਲੇ ਸਮੇਂ ਦੌਰਾਨ ਮਨਾਈਆਂ ਗਈਆਂ ਵੱਖ-ਵੱਖ ਸ਼ਤਾਬਦੀਆਂ ਦੀ ਤਰ੍ਹਾਂ ਸ੍ਰੀ ਗੁਰੂ ਨਾਨਕ ਦੇਵ ਜੀ ਦੇ 550 ਸਾਲਾ ਪ੍ਰਕਾਸ਼ ਪੁਰਬ ਨੂੰ ਯਾਦਗਾਰੀ ਢੰਗ ਨਾਲ ਮਨਾਉਣ ਲਈ ਤਿਆਰੀਆਂ ਦੀ ਸ਼ੁਰੂਆਤ ਕੀਤੀ ਜਾ ਚੁੱਕੀ ਹੈ ਤੇ ਸਮੂਹ ਸਿੱਖ ਜੱਥੇਬੰਦੀਆਂ, ਧਾਰਮਿਕ ਤੇ ਸੇਵਾ ਸੁਸਾਇਟੀਆਂ, ਨਿਹੰਗ ਜੱਥੇਬੰਦੀਆਂ ਅਤੇ ਸੰਤ ਸਮਾਜ ਦਾ ਸਹਿਯੋਗ ਪ੍ਰਾਪਤ ਕਰ ਕੇ ਗੁਰੂ ਸਾਹਿਬ ਦੀ ਚਰਨ ਛੋਹ ਪ੍ਰਾਪਤ ਇਤਿਹਾਸਕ ਸ਼ਹਿਰ ਸੁਲਤਾਨਪੁਰ ਲੋਧੀ ਵਿਖੇ 550 ਸਾਲਾ ਸ਼ਤਾਬਦੀ ਨੂੰ ਸਮਰਪਿਤ ਗੁਰਮਤਿ ਸਮਾਗਮਾਂ, ਸੈਮੀਨਰਾਂ ਸਮੇਤ ਗੁਰੂ ਸਾਹਿਬ ਦੇ ਇਤਿਹਾਸਕ ਅਸਥਾਨਾਂ ਤੋਂ ਸਜਾਏ ਜਾਣ ਵਾਲੇ ਨਗਰ ਕੀਰਤਨਾਂ ਦੀ ਰੂਪ-ਰੇਖਾ ਸਬੰਧੀ ਪ੍ਰਾਜੈਕਟਾਂ ਦੀਆਂ ਤਿਆਰੀਆਂ ਜ਼ੋਰ-ਸ਼ੋਰ ਨਾਲ ਜਾਰੀ ਹਨ।



ਸ਼੍ਰੋਮਣੀ ਕਮੇਟੀ ਦੇ ਅਧਿਕਾਰੀਆਂ ਦਾ ਮੁੱਖ ਨਿਸ਼ਾਨਾ ਪ੍ਰਕਾਸ਼ ਪੁਰਬ ਸ਼ਤਾਬਦੀ ਸਮਾਗਮਾਂ ਨੂੰ ਅਲੌਕਿਕ ਢੰਗ ਨਾਲ ਮਨਾਉਣਾ ਤੇ ਸ੍ਰੀ ਗੁਰੂ ਨਾਨਕ ਦੇਵ ਜੀ ਦੀਆਂ ਸਿੱਖਿਆਵਾਂ, ਫਲਸਫ਼ੇ ਤੇ ਵਿਚਾਰਧਾਰਾ ਨੂੰ ਵੱਧ ਤੋਂ ਵੱਧ ਮਨੁੱਖਾਂ ਤਕ ਪਹੁੰਚਾਉਣਾ ਹੈ ਤਾਂ ਕਿ ਸੰਸਾਰ ਅੰਦਰ ਸ਼ਾਂਤੀ, ਧਰਮ ਨਿਰਪੱਖਤਾ ਤੇ ਸਾਂਝੀਵਾਲਤਾ ਦਾ ਮਾਹੌਲ ਕਾਇਮ ਕੀਤਾ ਜਾ ਸਕੇ। ਉਕਤ ਕਾਰਜਾਂ ਨੂੰ ਸਹੀ ਅਰਥਾਂ ਵਿਚ ਮਿਸਾਲੀ ਬਣਾਉਣਾ ਤਦ ਹੀ ਸਾਰਥਿਕ ਸਿੱਧ ਹੋ ਸਕਦਾ ਹੈ ਜੇ ਸ਼੍ਰੋਮਣੀ ਕਮੇਟੀ ਹੁਣ ਤਕ ਮਨਾਏ ਗਏ ਵੱਖ-ਵੱਖ ਸ਼ਤਾਬਦੀ ਸਮਾਗਮਾਂ ਤੋਂ ਸੇਧ ਲੈ ਕੇ ਪੰਥਕ ਏਕਤਾ ਨੂੰ ਬਰਕਰਾਰ ਰੱਖਦੇ ਹੋਏ ਸੰਸਾਰ ਭਰ 'ਚ ਵੱਸਦੀਆ ਗੁਰੂ ਨਾਨਕ ਨਾਮ ਲੇਵਾ ਸੰਗਤਾਂ, ਖ਼ਾਸ ਕਰਕੇ ਦੂਜੇ ਸੂਬਿਆਂ 'ਚ ਵੱਸਦੇ ਲੱਖਾਂ ਸਿਕਲੀਗਰ ਸਿੱਖਾਂ, ਵਣਜਾਰਿਆਂ, ਸਤਨਾਮੀਆਂ, ਜੌਹਰੀਆਂ ਤੇ ਸਿੰਧੀਆ ਨੂੰ ਵੀ ਆਪਣੀ ਪਿਆਰ ਭਰੀ ਗਲਵਕੜੀ 'ਚ ਲੈ ਕੇ ਉਨ੍ਹਾਂ ਨੂੰ ਮੁੱਖ ਪੰਥਕ ਧਾਰਾ ਨਾਲ ਜੋੜਨ ਦਾ ਜ਼ੋਰਦਾਰ ਉਪਰਾਲਾ ਕਰੇ। ਤਾਂ ਕਿ ਗੁਰੂ ਨਾਨਕ ਦੇਵ ਜੀ ਦੇ ਸਿੱਖ ਅਖਵਾਉਣ 'ਚ ਫ਼ਖ਼ਰ ਮਹਿਸੂਸ ਕਰਨ ਵਾਲੇ ਇਹ ਭੁੱਲੇ-ਵਿਸਰੇ ਲੋਕ ਖ਼ੁਦ ਨੂੰ ਪੰਥ ਦਾ ਹਿੱਸਾ ਸਮਝ ਸਕਣ।

ਇਸ ਦੇ ਨਾਲ ਹੀ ਸਮਾਜ ਅੰਦਰ ਗੁਰਬਤ ਭਰੀ ਜ਼ਿੰਦਗੀ ਜਿਉ ਰਹੇ ਗੁਰੂ ਨਾਨਕ ਨਾਮ ਲੇਵਾ ਇਨ੍ਹਾਂ ਸਿਕਲੀਗਰਾਂ, ਵਣਜਾਰਿਆਂ, ਸਤਨਾਮੀਆ, ਜੌਹਰੀਆ ਆਦਿ ਦੇ ਜੀਵਨ ਪੱਧਰ ਨੂੰ ਉੱਚਾ ਚੁੱਕਣ ਤੇ ਉਨ੍ਹਾਂ ਨੂੰ ਸਮੇਂ ਦੇ ਹਾਣੀ ਬਣਾਉਣ ਲਈ ਉਨ੍ਹਾਂ ਦੇ ਬੱਚਿਆਂ ਨੂੰ ਵਿੱਦਿਆ ਦਾ ਚਾਨਣ ਦਿਵਾਉਣ 'ਚ ਨਿਸ਼ਕਾਮ ਸੇਵਾ ਕਰ ਰਹੀਆਂ ਦੇਸ਼-ਵਿਦੇਸ਼ ਦੀਆਂ ਜੱਥੇਬੰਦੀਆ ਨੂੰ ਵੀ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕਰਨ ਦਾ ਉਪਰਾਲਾ ਕੀਤਾ ਜਾਣਾ ਚਾਹੀਦਾ ਹੈ।

ਪੰਜਾਬ ਸਰਕਾਰ ਨੂੰ ਵੀ ਸਿਆਸਤ ਤੋਂ ਉੱਪਰ ਉੱਠ ਕੇ ਇਨ੍ਹਾਂ ਸ਼ਤਾਬਦੀ ਸਮਾਗਮਾਂ ਨੂੰ ਪੂਰੇ ਉਤਸ਼ਾਹ ਨਾਲ ਮਨਾਉਣ ਲਈ ਵਿਉਂਤਬੰਦੀ ਭਰੇ ਸੁਹਿਰਦ ਪ੍ਰੋਗਰਾਮ ਕਰਵਾਉਣ ਦੇ ਯਤਨ ਕਰਨੇ ਚਾਹੀਦੇ ਹਨ ਤਾਂ ਕਿ ਗੁਰੂ ਸਾਹਿਬ ਦੀ ਮਨੁੱਖੀ ਭਲਾਈ ਵਾਲੀ ਵਿਚਾਰਧਾਰਾ ਦਾ ਵੱਧ ਤੋਂ ਵੱਧ ਪ੍ਰਚਾਰ ਹੋ ਸਕੇ। ਇਸ ਦੇ ਨਾਲ ਹੀ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਪੰਜਾਬ ਸਰਕਾਰ ਵੱਲੋਂ ਉਲੀਕੇ ਗਏ ਪ੍ਰੋਗਰਾਮਾਂ ਦੀ ਸਫਲਤਾ ਲਈ ਆਪਸੀ ਤਾਲਮੇਲ ਤੇ ਸਹਿਯੋਗ ਕਾਇਮ ਰੱਖਣਾ ਸਮੇਂ ਦੀ ਮੁੱਖ ਮੰਗ ਹੈ। ਇਸ ਨਾਲ ਪੰਜਾਬ ਸਰਕਾਰ ਦੀ ਸ਼ਾਨ ਵਿਚ ਹੋਰ ਵਾਧਾ ਹੋਵੇਗਾ।

ਸ਼ਤਾਬਦੀ ਸਬੰਧੀ ਪੰਜਾਬ ਸਮੇਤ ਦੇਸ਼ ਦੇ ਦੂਜੇ ਰਾਜਾਂ 'ਚ ਸਥਿਤ ਸ੍ਰੀ ਗੁਰੂ ਨਾਨਕ ਦੇਵ ਜੀ ਨਾਲ ਸਬੰਧਤ ਇਤਿਹਾਸਕ ਗੁਰਧਾਮਾਂ ਦੇ ਦਰਸ਼ਨਾਂ ਲਈ ਜਾਣ ਵਾਲੀਆਂ ਸੰਗਤਾਂ ਲਈ ਜਿੱਥੇ ਪੰਜਾਬ ਸਰਕਾਰ ਨੂੰ ਵਿਸ਼ੇਸ਼ ਬੱਸਾਂ ਚਲਾਉਣ ਦਾ ਪ੍ਰਬੰਧ ਕਰਨਾ ਚਾਹੀਦਾ ਹੈ, ਉੱਥੇ ਕੇਂਦਰ ਸਰਕਾਰ ਨਾਲ ਰਾਬਤਾ ਕਾਇਮ ਕਰ ਕੇ ਪਾਕਿਸਤਾਨ ਸਥਿਤ ਗੁਰੂ ਨਾਨਕ ਦੇਵ ਜੀ ਦੇ ਇਤਿਹਾਸਕ ਗੁਰਧਾਮਾਂ ਦੇ ਦਰਸ਼ਨਾਂ ਲਈ ਜਾਣ ਵਾਲੀਆ ਸੰਗਤਾਂ ਦੇ ਲਈ ਸਰਲ ਵੀਜ਼ਾ ਪ੍ਰਣਾਲੀ ਸ਼ੁਰੂ ਕਰਵਾਉਣ ਤੇ ਡੇਰਾ ਬਾਬਾ ਨਾਨਕ ਤੋਂ ਸ੍ਰੀ ਕਰਤਾਰਪੁਰ ਸਾਹਿਬ (ਪਾਕਿਸਤਾਨ) ਤਕ ਦੇ ਲਾਂਘੇ ਨੂੰ ਖੁੱਲ੍ਹਵਾਉਣ ਲਈ ਵੀ ਜ਼ੋਰਦਾਰ ਉਪਰਾਲੇ ਕੀਤੇ ਜਾਣੇ ਚਾਹੀਦੇ ਹਨ। ਇਸ ਨਾਲ ਦੋਵਾਂ ਦੇਸ਼ਾਂ ਦੇ ਸਬੰਧਾਂ 'ਚ ਸੁਧਾਰ ਤੇ ਭਾਈਚਾਰਕ ਸਾਂਝ ਮਜ਼ਬੂਤ ਹੋਵੇਗੀ ਅਤੇ ਦੋਵਾਂ ਦੇਸ਼ਾਂ 'ਚ ਵੱਸਦੀਆਂ ਗੁਰੂ ਨਾਨਕ ਨਾਮ ਲੇਵਾ ਸੰਗਤਾਂ ਤਕ ਇਨ੍ਹਾਂ ਸ਼ਤਾਬਦੀ ਸਮਾਗਮਾਂ ਦਾ ਸੁਨੇਹਾ ਵੀ ਸਹੀ ਅਰਥਾਂ ਵਿਚ ਪਹੁੰਚ ਸਕੇਗਾ ਅਤੇ ਗੁਰੂ ਸਾਹਿਬ ਦਾ ਸੰਦੇਸ਼ ਸਾਰਥਕ ਰੂਪ 'ਚ ਦੁਨੀਆ 'ਚ ਪਹੁੰਚ ਸਕੇਗਾ।•

93572-53728

# ਰਹਿਮਤਾਂ, ਬਰਕਤਾਂ ਤੇ ਨੇਕੀਆਂ ਦਾ ਤਿਉਹਾਰ ਰਮਜ਼ਾਨ

ਸ਼ਹਿਨਾਜ਼ ਅਲੀ

ਰਮਜ਼ਾਨ ਦਾ ਮਹੀਨਾ ਰਹਿਮਤਾਂ, ਬਰਕਤਾਂ ਤੇ ਨੇਕੀਆਂ ਦਾ ਤਿਉਹਾਰ ਹੈ। ਰਮਜ਼ਾਨ ਮਹੀਨਾ ਮੁਸਲਮਾਨਾਂ ਲਈ ਕਿਸੇ ਤਿਉਹਾਰ ਤੋਂ ਘੱਟ ਨਹੀ ਹੁੰਦਾ। ਅਰਬੀ ਭਾਸ਼ਾ 'ਚ ਗਰਮੀ ਤੇ ਧੁੱਪ ਨਾਲ ਤਪਦੀ ਜ਼ਮੀਨ ਨੂੰ 'ਰਮਜ਼ਾ' ਕਿਹਾ ਜਾਂਦਾ ਹੈ। ਰਮਜ਼ਾਨ-ਉਲ-ਮੁਬਾਰਕ ਦਾ ਮਹੀਨਾ ਸਖ਼ਤ ਗਰਮੀ 'ਚ ਆਉਂਦਾ ਹੈ। ਲੋਕ ਰੂਹਾਨੀ ਉਮੀਦਾਂ ਨਾਲ ਇਸ ਮਹੀਨੇ ਦਾ ਇਸਤਕਬਾਲ ਕਰਦੇ ਹਨ। ਰਮਜ਼ਾਨ ਸਬਰ ਦਾ ਮਹੀਨਾ ਹੈ ਤੇ ਸਬਰ ਦਾ ਫ਼ਲ ਜੰਨਤ ਹੈ। ਪੈਗ਼ੰਬਰ ਹਜ਼ਰਤ ਮੁਹੰਮਦ ਸਾਹਿਬ ਨੇ ਫਰਮਾਇਆ ਹੈ ਕਿ ਰਮਜ਼ਾਨ ਮਹੀਨੇ ਦਾ ਸ਼ੁਰੂ ਦਾ ਹਿੱਸਾ ਰਹਿਮਤ, ਦੂਜਾ ਮਗਫ਼ੀਰਤ ਤੇ ਤੀਜਾ ਹਿੱਸਾ ਜਹੰਨਮ ਦੀ ਅੱਗ ਤੋਂ ਆਜ਼ਾਦੀ ਦਿਵਾਉਂਦਾ ਹੈ। ਮੁਸਲਿਮ ਲਈ ਰਮਜ਼ਾਨ ਮਹੀਨੇ ਰੋਜ਼ੇ ਰੱਖਣਾ ਭਾਵ ਭੁੱਖੇ ਰਹਿਣਾ ਹੀ ਰੋਜ਼ਾ ਰੱਖਣਾ ਨਹੀ ਹੈ, ਬਲਕਿ ਇਸ ਦੇ ਨਿਯਮਾਂ 'ਤੇ ਚਲਦੇ ਹੋਏ, ਇਮਾਨਦਾਰੀ ਨਾਲ ਖ਼ੁਦਾ ਦੀ ਸੇਵਾ ਕਰਨਾ ਹੈ।

ਸਾਲ ਦੇ ਬਾਰ੍ਹਾਂ ਮਹੀਨਿਆਂ 'ਚ ਰਮਜ਼ਾਨ ਦਾ ਮਹੀਨਾ ਮੁਸਲਮਾਨਾਂ ਲਈ ਖ਼ਾਸ ਅਰਥ ਰੱਖਦਾ ਹੈ। ਇਹ ਮਹੀਨਾ ਸਬਰ ਤੇ ਸਮਰਪਣ ਨਾਲ ਖ਼ੁਦਾ ਦੀ ਇਬਾਦਤ ਦਾ ਮਹੀਨਾ ਹੈ। ਜਿਸ 'ਚ ਹਰ ਆਦਮੀ ਆਪਣੀ ਰੂਹ ਨੂੰ ਪਵਿੱਤਰ ਕਰਨ ਦੇ ਨਾਲ-ਨਾਲ ਦੁਨੀਆਦਾਰੀ ਦੀ ਹਰ ਹਰਕਤ ਨੂੰ ਪੂਰੀ ਇਮਾਨਦਾਰੀ ਨਾਲ ਕਾਬੂ 'ਚ ਰੱਖਦਾ ਹੋਇਆ ਅੱਲ੍ਹਾ ਦੀ ਇਬਾਦਤ ਕਰਦਾ ਹੈ। ਜਿਸ ਖ਼ੁਦਾ ਨੇ ਆਦਮੀ ਨੂੰ ਪੈਦਾ ਕੀਤਾ ਹੈ ਉਸ ਲਈ ਤਿਆਗ ਮਜਬੂਰੀ ਨਹੀ, ਫ਼ਰਜ਼ ਬਣ ਜਾਂਦਾ ਹੈ। ਇਸ ਲਈ ਰਮਜ਼ਾਨ ਦੇ ਮਹੀਨੇ ਰੋਜ਼ੇ ਰੱਖੇ ਜਾਂਦੇ ਹਨ।

ਦੁਨੀਆ ਦੇ ਹਰ ਧਰਮ ਰੋਜ਼ਾ ਪ੍ਰਚਿਤ ਹੈ। ਹਿੰਦੂ ਧਰਮ 'ਚ ਨਵਰਾਤਰਿਆਂ ਦੇ ਉਪਵਾਸ, ਜੈਨ ਤੇ ਈਸਾਈ ਧਰਮ 'ਚ ਫਾਸਟਿੰਗ ਫੈਸਟੀਵਲ ਮਨਾਏ ਜਾਂਦੇ ਹਨ। ਠੀਕ ਉਸੇ ਤਰ੍ਹਾਂ ਇਸਲਾਮ ਧਰਮ 'ਚ ਰੋਜ਼ਾ (ਸੂਰਜ ਨਿਕਲਣ ਤੋਂ ਕੁਝ ਸਮਾਂ ਪਹਿਲਾਂ ਤੇ ਸੂਰਜ ਅਸਤ ਹੋਣ ਤੋਂ ਬਾਅਦ ਕੁਝ ਵੀ ਖਾਣ-ਪੀਣ ਤੋਂ ਪਰਹੇਜ਼ ਕਰਨਾ ਹੈ) ਬਹੁਤ ਅਹਮੀਅਤ ਰੱਖਦਾ ਹੈ।

ਇਸਲਾਮ 'ਚ ਰੋਜ਼ਾ, ਮਜ਼ਹਬ ਦਾ ਸਤੰਭ ਵੀ ਹੈ ਤੇ ਰੂਹ ਦਾ ਸਕੂਨ ਵੀ। ਰੋਜ਼ਾ ਰੱਖਣਾ ਹਰ ਮੁਸਲਿਮ ਦਾ ਫ਼ਰਜ਼ ਹੈ। ਪਵਿੱਤਰ ਕੁਰਾਨ 'ਚ ਆਦੇਸ਼ ਹਨ-ਰੋਜ਼ਾ ਰੱਖਣਾ ਤੁਹਾਡੇ ਲਈ ਸਬਾਬ ਦਾ ਕੰਮ ਹੈ, ਇਹ ਹਰ ਮੁਸਲਿਮ ਲਈ ਰੱਖਣਾ ਇਕ ਪੱਕਾ ਆਦੇਸ਼ ਹੈ। ਰੋਜ਼ਾ ਸਬਰ ਕਰਨਾ ਸਿਖਾਉਂਦਾ ਹੈ, ਇਸ ਲਈ ਪਹਿਲਾ ਰੋਜ਼ਾ ਈਮਾਨ ਦੀ ਪਹਿਲ ਹੈ।

ਸਵੇਰੇ ਸ਼ਹਿਰੀ ਕਰਕੇ ਦਿਨ ਭਰ ਕੁਝ ਨਾ ਖਾਣਾ-ਪੀਣਾ ਜਾਂ ਸੌਂਦੇ ਰਹਿ ਕੇ ਸ਼ਾਮ ਨੂੰ ਇਫ਼ਤਾਰ ਕਰਨਾ ਰੋਜ਼ਾ ਨਹੀ ਹੈ। ਭਾਵ ਰੋਜ਼ਾ ਸਿਰਫ਼ ਭੁੱਖ ਪਿਆਸ 'ਤੇ ਕੰਟਰੋਲ ਦਾ ਨਾਂ ਨਹੀ ਹੈ ਬਲਕਿ ਹਰ ਕਿਸਮ ਦੀ ਬੁਰਾਈ 'ਤੇ ਨਿਯੰਤਰਣ ਦਾ ਨਾਂ ਹੈ। ਸੇਹਰੀ ਨਾਲ ਰੋਜ਼ਾ ਸ਼ੁਰੂ ਹੁੰਦਾ ਹੈ। ਨੀਅਤ ਨਾਲ ਰੱਖਿਆ ਜਾਂਦਾ ਹੈ। ਇਫ਼ਤਾਰ ਤੋਂ ਪਹਿਲਾਂ ਮੁਕੰਮਲ ਹੁੰਦਾ ਹੈ।

**ਸਾਲ ਦੇ ਬਾਰ੍ਹਾਂ ਮਹੀਨਿਆਂ 'ਚ ਰਮਜ਼ਾਨ ਦਾ ਮਹੀਨਾ ਮੁਸਲਮਾਨਾਂ ਲਈ ਖ਼ਾਸ ਅਰਥ ਰੱਖਦਾ ਹੈ। ਇਹ ਮਹੀਨਾ ਸਬਰ ਤੇ ਸਮਰਪਣ ਨਾਲ ਖ਼ੁਦਾ ਦੀ ਇਬਾਦਤ ਦਾ ਮਹੀਨਾ ਹੈ...**

ਕਹਿੰਦੇ ਹਨ ਕਿ ਇਨਸਾਨ ਗ਼ਲਤੀਆਂ ਦੀ ਪੁਤਲਾ ਹੈ। ਇਨ੍ਹਾਂ ਗ਼ਲਤੀਆਂ ਨੂੰ ਸੁਧਾਰਨ ਦਾ ਮੌਕਾ ਵੀ ਰਮਜ਼ਾਨ ਮਹੀਨੇ ਮਿਲਦਾ ਹੈ। ਗ਼ਲਤੀਆਂ ਤੋਂ ਤੌਬਾ ਕਰਨ ਤੇ ਚੰਗਿਆਈਆਂ ਦੇ ਬਦਲੇ ਬਰਕਤ ਪ੍ਰਾਪਤ ਕਰਨ ਲਈ ਵੀ ਹਰ ਮਹੀਨੇ ਇਬਾਦਤ ਦਾ ਮਹੱਤਵ ਹੈ। ਇਸ ਲਈ ਇਨ੍ਹੀ ਦਿਨੀ ਜ਼ਕਾਤ ਦੇਣ ਦਾ ਖ਼ਾਸ ਮਹੱਤਵ ਹੈ। ਜ਼ਕਾਤ ਤੋਂ ਭਾਵ ਹੈ ਕਿ ਆਪਣੀ ਕਮਾਈ ਦਾ ਢਾਈ ਫ਼ੀਸਦੀ ਗਰੀਬਾਂ 'ਚ ਵੰਡਣਾ। ਜ਼ਕਾਤ ਦੇਣ ਨਾਲ ਕਾਰੋਬਾਰ 'ਚ ਖ਼ੁਦਾ ਬਰਕਤ ਪਾਉਂਦਾ ਹੈ। ਉਨ੍ਹਾਂ ਨੇ ਕਿਹਾ ਕਿ ਇਸਲਾਮ 'ਚ ਰੋਜ਼ੇ, ਜ਼ਕਾਤ ਅਤੇ ਹੱਜ ਉਨ੍ਹਾਂ ਤਿੰਨਾ ਦਾ ਫ਼ਰਜ਼ ਹੈ, ਮਜਬੂਰੀ ਨਹੀ। ਈਦ ਤੋਂ ਪਹਿਲਾਂ ਫ਼ਿਤਰਾ ਕੀਤਾ ਜਾਂਦਾ ਹੈ, ਜਿਸ 'ਚ ਪਰਿਵਾਰ ਦਾ ਹਰ ਵਿਅਕਤੀ ਢਾਈ ਕਿੱਲੋ ਦੇ ਹਿਸਾਬ ਨਾਲ ਕਣਕ ਜਾਂ ਉਸ ਦੀ ਕੀਮਤ ਇਕੱਠੀ ਕਰ ਕੇ ਜ਼ਰੂਰਤਮੰਦ ਲੋਕਾਂ 'ਚ ਵੰਡਦਾ ਹੈ।



ਪਹਿਲੇ ਰੋਜ਼ੇ 'ਚ ਪਵਿੱਤਰ ਕੁਰਾਨ 'ਚ ਰੋਜ਼ਾਦਾਰ ਨੂੰ ਕਈ ਚੀਜ਼ਾਂ ਦੀ ਪਾਲਣਾ ਕਰਨ ਨੂੰ ਕਿਹਾ ਹੈ, ਇਨ੍ਹਾਂ ਨਿਯਮਾਂ ਦੀ ਪਾਲਣਾ ਸਿਰਫ਼ ਰਮਜ਼ਾਨ ਮਹੀਨੇ ਹੀ ਨਹੀ ਬਲਕਿ ਹਰ ਸਮੇਂ ਕਰਨੀ ਚਾਹੀਦੀ ਹੈ। ਰੋਜ਼ਾ ਰੱਖਣ ਤੋਂ ਪਹਿਲਾਂ ਸਾਨੂੰ ਇਨ੍ਹਾਂ ਸਾਰੀਆਂ ਚੀਜ਼ਾਂ ਦੀ ਪਾਲਣਾ ਕਰਨੀ ਪੈਂਦੀ ਹੈ। ਪੰਜ ਸਮੇਂ ਨਮਾਜ਼ ਅਤੇ ਕੁਰਾਨ ਪੜ੍ਹਨਾ ਇਨ੍ਹੀ ਦਿਨੀ ਜ਼ਰੂਰੀ ਹੋ ਜਾਂਦਾ ਹੈ।

**ਅੱਖ ਦਾ ਰੋਜ਼ਾ** - ਇਸ 'ਚ ਅੱਖ ਦਾ ਰੋਜ਼ਾ ਭਾਵ ਕਿਸੇ ਗ਼ੈਰ ਵੱਲ ਨਾ ਤੱਕਣਾ।

**ਜ਼ੁਬਾਨ ਦਾ ਰੋਜ਼ਾ** - ਬੁਰਾ ਨਾ ਬੋਲਣਾ, ਬੁਰਾਈ ਨਾ ਕਰਨਾ ਆਦਿ ਹੁੰਦਾ ਹੈ।

**ਕੰਨ ਦਾ ਰੋਜ਼ਾ** - ਭਾਵ ਕਿਸੇ ਦੀ ਬੁਰਾਈ ਨਾ ਸੁਣਨਾ ਤੇ ਕੋਈ ਵੀ ਸੰਗੀਤ ਨਾ ਸੁਣਨਾ।

**ਹੱਥ ਦਾ ਰੋਜ਼ਾ** - ਸਾਡੇ ਹੱਥੋਂ ਕੋਈ ਬੁਰਾਈ ਨਾ ਹੋਣਾ, ਜਾਂ ਸਾਡੇ ਹੱਥਾਂ ਦੁਆਰਾ ਕਿਸੇ ਨੂੰ ਤਕਲੀਫ਼ ਨਾ ਪਹੁੰਚਣਾ।

### ਪੈਰਾਂ ਦਾ ਰੋਜ਼ਾ

ਭਾਵ ਸਾਡੇ ਪੈਰ ਬੁਰੇ ਕੰਮਾਂ ਵੱਲ ਚੱਲ ਕੇ ਨਾ ਜਾਣ। ਰੋਜ਼ੇ 'ਚ ਖਾਣ ਪੀਣ ਤੋਂ ਬਚਣ ਤੋਂ ਇਲਾਵਾ ਇਨ੍ਹਾਂ ਸਾਰੀਆਂ ਬੁਰਾਈਆਂ ਤੋਂ ਬਚ ਕੇ ਹੀ ਅਸੀ ਆਪਣੇ ਅਸਲੀ ਉਦੇਸ਼ ਤਕ ਪਹੁੰਚ ਸਕਾਂਗੇ।

### ਪਹਿਲਾ ਰੋਜ਼ਾ - ਰੂਹ ਦੀ ਸਫ਼ਾਈ

ਮੁਸਲਿਮ ਧਰਮ ਵਿਚ ਰੋਜ਼ਾ, ਸਤੰਭ ਵੀ ਹੈ ਅਤੇ ਰੂਹ ਦਾ ਸਕੂਨ ਵੀ। ਰੋਜ਼ਾ ਰੱਖਣਾ ਹਰ ਮੁਸਲਿਮ ਦਾ ਫ਼ਰਜ਼ ਹੈ। ਮਜ਼ਹਬੀ ਨਜ਼ਰੀਏ ਤੋਂ ਰੋਜ਼ਾ ਰੂਹ ਦੀ ਸਫ਼ਾਈ ਹੈ। ਰੂਹਾਨੀ ਨਜ਼ਰੀਏ ਤੋਂ ਰੋਜ਼ਾ ਈਮਾਨ ਦੀ ਗਹਿਰਾਈ ਹੈ। ਸਮਾਜਿਕ ਨਜ਼ਰੀਏ ਤੋਂ ਰੋਜ਼ਾ ਇਨਸਾਨ ਦੀ ਚੰਗਿਆਈ ਹੈ।

### ਦੂਜਾ ਰੋਜ਼ਾ - ਸਬਰ

ਰੋਜ਼ਾ ਇਮਾਨ ਦੀ ਕਸਾਵਟ ਹੈ। ਰੋਜ਼ਾ ਸੱਚਾਈ ਦੀ ਤਰਾਵਟ ਤੇ ਦੁਨਿਆਵੀ ਖ਼ੁਾਹਿਸ਼ਾਂ 'ਤੇ ਰੁਕਾਵਟ ਹੈ। ਰੋਜ਼ੇ ਨੂੰ ਸਮਝਣਾ ਸਭ ਤੋਂ ਵੱਡੀ ਗੱਲ ਹੈ। ਇਸ ਸਮੇਂ ਗੁੱਸੇ, ਲਾਲਚ ਆਦਿ ਬੁਰੀਆਂ ਚੀਜ਼ਾਂ 'ਤੇ ਕਾਬੂ ਰੱਖਣਾ ਹੀ ਸੱਚਾ ਰੋਜ਼ਾ ਹੈ। ਇਹ ਰੋਜ਼ਾ ਸਾਨੂੰ ਸਬਰ 'ਤੇ ਸੰਜਮ ਸਿਖਾਉਂਦਾ ਹੈ।

### ਤੀਜਾ ਰੋਜ਼ਾ - ਮੁਕਤੀ ਦਾ ਰਸਤਾ

ਮੰਜ਼ਿਲ 'ਤੇ ਪਹੁੰਚਣਾ ਉਸ ਸਮੇਂ ਆਸਾਨ ਹੋ ਜਾਂਦਾ ਹੈ ਜਦੋਂ ਰਾਹ ਸਿੱਧਾ ਹੋਵੇ। ਮਜ਼ਹਬੇ-ਇਸਲਾਮ 'ਚ ਰੋਜ਼ਾ ਰਹਿਮਤ ਤੇ ਰਾਹਤ ਦਾ ਰਾਹਬਰ ਹੈ। ਰਹਿਮਤ ਤੋਂ ਮੁਰਾਦ ਅੱਲ੍ਹਾ ਦੀ ਮਿਹਰਬਾਨੀ ਨਾਲ ਹੈ ਅਤੇ ਰਾਹਤ ਤੋਂ ਭਾਵ ਦਿਲ ਦੇ ਸਕੂਨ ਤੋਂ ਹੈ। ਰੱਬ ਦੀ ਰਹਿਮਤ ਹੁੰਦੀ ਹੈ ਤਾਂ ਦਿਲ ਨੂੰ ਸਕੂਨ ਮਿਲਦਾ ਹੈ। ਦਿਲ ਦੇ ਸਕੂਨ ਦਾ ਨੇਕੀ ਅਤੇ ਨੇਕ ਅਮਲ ਤੋਂ ਹੈ। ਇਸ ਲਈ ਜ਼ਰੂਰੀ ਹੈ ਕਿ ਆਦਮੀ ਨੇਕੀ ਦੇ ਰਸਤੇ 'ਤੇ ਚੱਲੇ। ਰੋਜ਼ਾ ਬੁਰਾਈਆਂ 'ਤੇ ਰੋਕ ਲਗਾਉਂਦਾ ਹੈ ਤੇ ਸਿੱਧੇ ਰਸਤੇ ਚਲਾਉਂਦਾ ਹੈ। ਨੇਕ ਨੀਯਤ 'ਚ ਰੱਖਿਆ ਗਿਆ ਰੋਜ਼ਾ ਨੂਰ ਦਾ ਨਿਸ਼ਾਨ ਹੈ। ਚੰਗੇ ਤੇ ਸੱਚੇ ਮੁਸਲਮਾਨ ਦੀ ਪਛਾਣ ਹੈ।

### ਚੌਥਾ ਰੋਜ਼ਾ - ਹਿਫ਼ਾਜ਼ਤ

ਜਿਸ ਤਰ੍ਹਾਂ ਛੱਤਰੀ ਬਾਰਿਸ਼ ਜਾਂ ਧੁੱਪ ਤੋਂ ਹਿਫ਼ਾਜ਼ਤ ਕਰਦੀ ਹੈ ਉਸੇ ਤਰ੍ਹਾਂ ਰੋਜ਼ਾ ਵੀ ਰੋਜ਼ਾਦਾਰ ਦੀ ਹਿਫ਼ਾਜ਼ਤ (ਸੁਰੱਖਿਆ) ਕਰਦਾ ਹੈ। ਸ਼ਰਤ ਇਹ ਹੈ ਕਿ ਰੋਜ਼ਾ ਧਾਰਮਿਕ ਤਰੀਕੇ ਨਾਲ ਹੀ ਰੱਖਿਆ ਜਾਵੇ। ਜਦੋਂ ਕੋਈ ਵਿਅਕਤੀ ਨੇਕ ਨੀਯਤ ਤੇ ਚੰਗੇ ਜਜ਼ਬੇ ਨਾਲ ਰੋਜ਼ਾ ਰੱਖਦਾ ਹੈ ਤਾਂ ਉਸ 'ਚ ਪਾਕੀਜ਼ਗੀ-ਏ-ਖ਼ਿਆਲਾਤ ਪੈਦਾ ਹੁੰਦੀ ਹੈ ਜੋ ਨੇਕ-ਅਮਲ ਜ਼ਰੀਏ ਰੋਜ਼ੇ ਨੂੰ ਉਸ ਦਾ ਪੈਰੋਕਾਰ ਬਣਾਉਂਦੀਆਂ ਹਨ।

### ਪੰਜਵਾਂ ਰੋਜ਼ਾ - ਨਿਯਮਾਂ ਦੀ ਪਾਲਣਾ

ਦੁਨੀਆ ਦੇ ਹਰ ਮਜ਼ਹਬ 'ਚ ਆਪਣੇ-ਆਪਣੇ ਮਜ਼ਹਬੀ ਤਰੀਕਿਆਂ ਨਾਲ ਲੋਕ ਰੋਜ਼ਾ ਰੱਖਦੇ ਹਨ। ਹਰ ਵਿਅਕਤੀ ਆਪਣੇ ਆਪਣੇ ਮਜ਼ਹਬ ਤਹਿਤ ਕਾਨੂੰਨ ਜਾਂ ਨਿਯਮਾਂ ਦੀ ਪਾਲਣਾ ਕਰਦਾ ਹੈ।

### ਛੇਵਾਂ ਰੋਜ਼ਾ- ਰਹਿਮ ਦਾ ਹਰਕਾਰਾ

ਨੇਕ ਨੀਯਤ ਤੇ ਪਾਕੀਜ਼ਗੀ ਨਾਲ ਰੱਖੇ ਰੋਜ਼ੇ ਦਾ ਨੂਰ ਵੱਖ ਹੀ ਚਮਕਦਾ ਹੈ। ਜਜ਼ਬਾ-ਏ-ਰਹਿਮ ਰੋਜ਼ੇਦਾਰ ਦੀ ਪਾਕੀਜ਼ਾ ਦੌਲਤ ਹੈ ਤੇ ਜਜ਼ਬਾ-ਏ-ਸਬਰ ਰੋਜ਼ੇਦਾਰ ਦੀ ਰੂਹਾਨੀ ਤਾਕਤ ਹੈ। ਰੋਜ਼ਾ ਇਮਤਿਹਾਨ ਵੀ ਹੈ ਤੇ ਇੰਤਜ਼ਾਮ ਵੀ। ਇਹ ਰੋਜ਼ਾ ਰਹਿਮ ਦਾ ਹਰਕਾਰਾ ਤੇ ਸਬਰ ਹੈ।

### ਸੱਤਵਾਂ ਰੋਜ਼ਾ- ਸਮਰਪਣ

ਰਮਜ਼ਾਨ ਮਹੀਨੇ ਦੇ ਪਹਿਲੇ ਦਸ ਰੋਜ਼ੇ ਅੱਲ੍ਹਾ ਦੀ ਰਹਿਮਤ ਦੇ ਮੰਨੇ ਜਾਂਦੇ ਹਨ। ਰੋਜ਼ਾ ਖ਼ੁਦਾ ਦੇ ਪ੍ਰਤੀ ਸਮਰਪਣ ਹੈ।

### ਅੱਠਵਾਂ ਰੋਜ਼ਾ- ਅੱਲ੍ਹਾ ਦਾ ਅਦਬ

ਰੋਜ਼ਾ ਰੋਸ਼ਨੀ ਦੀ ਲਕੀਰ ਤੇ ਨੇਕੀ ਦੀ ਨਜ਼ੀਰ (ਮਿਸਾਲ) ਹੈ। ਰਮਜ਼ਾਨ ਦਾ ਤਾਂ ਹਰ ਰੋਜ਼ਾ ਖ਼ੁਸ਼ਹਾਲੀ ਦਾ ਖ਼ਜ਼ਾਨਾ ਅਤੇ ਪਾਕੀਜ਼ਗੀ ਦਾ ਪੈਮਾਨਾ ਹੈ। ਰਮਜ਼ਾਨ ਦੀਆ ਬਰਕਤਾਂ ਦੀ ਲਹਿਰ ਸ਼ੁਰੂ ਹੋ ਜਾਂਦੀ ਹੈ। ਰੋਜ਼ਾ ਅੱਲ੍ਹਾ ਦਾ ਅਦਬ ਵੀ ਹੈ ਅਤੇ ਫ਼ਜ਼ਲ ਵੀ। ਇੱਥੇ ਦੋ ਗੱਲਾਂ ਨੂੰ ਸਮਝਣਾ ਬਹੁਤ ਜ਼ਰੂਰੀ ਹੈ ਭਾਵ ਕਿਸੇ ਦਾ ਅਦਬ ਅਸੀ ਦੋ ਵਜ੍ਹਾ ਨਾਲ ਕਰਦੇ ਹਾਂ। ਇਕ ਤਾਂ 'ਡਰ' ਨਾਲ ਅਤੇ ਦੂਜਾ 'ਪਿਆਰ' ਨਾਲ। ਅੱਲ੍ਹਾ ਮਹਾਨ ਤੇ ਪਵਿੱਤਰ ਹੈ ਇਸ ਲਈ ਅਜ਼ੀਮ ਤੇ ਪਾਕੀਜ਼ਾ ਤੋਂ 'ਡਰਨਾ' ਦਰਅਸਲ 'ਪਿਆਰ' ਜਾਂ 'ਮੁਹੱਬਤ' ਕਰਨਾ ਹੀ ਹੈ। ਇਸ ਲਈ ਇਕ ਰੋਜ਼ਾਦਾਰ ਜਦੋਂ ਰੋਜ਼ਾ ਰੱਖਦਾ ਹੈ ਤਾਂ ਉਸ ਦੇ ਦਿਲ 'ਚ ਖ਼ੌਫ਼-ਏ-ਖ਼ੁਦਾ ਤੇ ਮੁਹੱਬਤ ਦਾ ਸਬਬ ਤਾਂ ਹੁੰਦਾ ਹੀ ਹੈ ਨਾਲ ਹੀ ਅੱਲ੍ਹਾ ਦਾ ਅਦਬ ਵੀ ਹੁੰਦਾ ਹੈ।

### ਨੌਵਾਂ ਰੋਜ਼ਾ - ਜ਼ਕਾਤ ਰੋਜ਼ੇ ਦੀ ਤਾਕਤ ਹੈ

ਜ਼ਕਾਤ (ਦਾਨ) ਦਾ ਜ਼ਿਕਰ ਹਰ ਮਜ਼ਹਬ 'ਚ ਹੈ। ਇਸਲਾਮ 'ਚ ਜ਼ਕਾਤ ਦੀ ਵੱਡੀ ਅਹਿਮੀਅਤ ਹੈ। ਜ਼ਕਾਤ ਦੋਸਤੀ ਦਾ ਦਸਤਾਵੇਜ਼ ਵੀ ਹੈ ਤੇ ਰੋਜ਼ੇ ਦਾ ਜੇਵਰ ਵੀ। ਜ਼ਕਾਤ ਦਾ ਜੇਵਰ ਰੋਜ਼ੇ ਦੀ ਜ਼ੇਬ-ਓ-ਜ਼ੀਨਤ ਨੂੰ ਵਧਾਉਂਦਾ ਹੈ। ਜ਼ਕਾਤ 'ਚ ਦਿਖਾਵਾ ਨਹੀ ਹੋਣਾ ਚਾਹੀਦਾ। ਜ਼ਕਾਤ ਦਾ ਦਿਖਾਵਾ, 'ਦਿਖਾਵੇ' ਦੀ ਜ਼ਕਾਤ ਬਣ ਜਾਂਦਾ ਹੈ। ਦਿਖਾਵਾ ਸ਼ੈਤਾਨੀਅਤ ਦਾ ਨਿਸ਼ਾਨ ਹੈ, ਇਹ ਇਨਸਾਨੀਅਤ ਦੀ ਪਛਾਣ ਨਹੀ ਹੈ।


### ਦਸਵਾਂ ਰੋਜ਼ਾ- ਰਹਿਮਤ

ਰਮਜ਼ਾਨ ਮਹੀਨੇ ਦੇ ਤੀਹ ਰੋਜ਼ੇ ਦਰਅਸਲ ਤਿੰਨ ਅੱਖਰਾਂ 'ਤੇ ਆਧਾਰਿਤ ਹਨ। ਸ਼ੁਰੂਆਤੀ ਦਸ ਦਿਨਾਂ ਭਾਵ ਰੋਜ਼ੇ ਦਾ ਮਤਲਬ 'ਮਗ਼ਫ਼ਿਰਤ' ਦਾ ਅਤੇ ਆਖ਼ਰੀ ਦਸ ਰੋਜ਼ੇ ਦਾ ਅਸ਼ਰਾ 'ਨਰਕ' ਤੋਂ 'ਨਿਜ਼ਾਤ' ਦਾ ਹੈ। ਇਹ ਰੋਜ਼ਾ ਰਹਿਮਤ ਦਾ ਸ਼ਾਮਿਆਨਾ ਅਤੇ ਬਰਕਤ ਦਾ ਆਸ਼ਿਆਨਾ ਹੈ।•



# ਮਨੁੱਖਤਾ ਦੇ ਮਸੀਹਾ ਸਨ ਸੰਤ ਬ੍ਰਹਮ ਨਾਥ

ਮਦਨ ਬੰਗੜ



ਬ੍ਰਹਮਲੀਨ ਮਹਾਨ ਤਪੱਸਵੀ ਮਨੁੱਖਤਾ ਦੇ ਮਸੀਹਾ ਸੰਤ ਬਾਬਾ ਫੂਲ ਨਾਥ, ਸੰਤ ਬ੍ਰਹਮ ਨਾਥ ਮਹਾਰਾਜ ਦੀ ਵਰਸੋਈ ਹੋਈ ਧਰਤੀ ਹੈ ਪਿੰਡ ਚਹੇੜੂ। ਪਿੰਡ ਚਹੇੜੂ ਜ਼ਿਲ੍ਹਾ ਕਪੂਰਥਲਾ ਦੀ ਤਹਿਸੀਲ ਫਗਵਾੜਾ ਵਿਖੇ ਜੀਟੀ ਰੋਡ ਉੱਪਰ ਸਥਿਤ ਹੈ। ਪਿੰਡ ਚਹੇੜੂ ਵਿਖੇ ਸਥਿਤ ਡੇਰਾ ਬਾਬਾ ਫੂਲ ਨਾਥ ਜੀ ਦੁਨੀਆ ਭਰ ਵਿਚ ਏਕਤਾ, ਭਾਈਚਾਰੇ ਤੇ ਰੂਹਾਨੀਅਤ ਦਾ ਕੇਂਦਰ ਹੈ, ਜਿੱਥੇ ਲੱਖਾਂ ਦੀ ਗਿਣਤੀ 'ਚ ਸ਼ਰਧਾਲੂ ਨਤਮਸਤਕ ਹੋ ਕੇ ਸਰਬ ਸਾਂਝੇ ਪ੍ਰਭੂ ਪਰਮਾਤਮਾ ਦੀਆ ਬਖ਼ਸ਼ਿਸ਼ਾਂ ਪ੍ਰਾਪਤ ਕਰਦੇ ਹਨ। ਵਰਤਮਾਨ ਸਮੇਂ ਸੰਤ ਕ੍ਰਿਸ਼ਨ ਨਾਥ ਮਹਾਰਾਜ ਗੱਦੀ-ਨਸ਼ੀਨ ਹਨ।

ਇਹ ਡੇਰਾ ਜਗਤ ਗੁਰੂ ਰਵਿਦਾਸ ਜੀ ਮਹਾਰਾਜ ਦੇ ਜੀਵਨ ਸੰਘਰਸ਼ ਤੇ ਉਨ੍ਹਾਂ ਦੀਆਂ ਸਿੱਖਿਆਵਾਂ ਨੂੰ ਪੂਰੀ ਦੁਨੀਆ ਵਿਚ ਪੁੱਜਦਾ ਕਰਨ 'ਚ ਅਹਿਮ ਭੂਮਿਕਾ ਨਿਭਾ ਰਿਹਾ ਹੈ। ਸਮਾਜਿਕ ਕਾਰਜਾਂ ਦੇ ਨਾਲ-ਨਾਲ ਇਸ ਡੇਰੇ ਵੱਲੋਂ ਸ੍ਰੀ ਗੁਰੂ ਰਵਿਦਾਸ ਜੀ ਦੀ ਬਾਣੀ ਅਨੁਸਾਰ ਵਿੱਦਿਆ ਦਾ ਚਾਨਣ ਵੀ ਫੈਲਾਇਆ ਜਾ ਰਿਹਾ ਹੈ ਅਤੇ ਇਸ ਕੜੀ ਤਹਿਤ ਪਿੰਡ ਜੈਤੇਵਾਲੀ ਵਿਖੇ ਸ੍ਰੀ ਗੁਰੂ ਰਵਿਦਾਸ ਜੀ ਦੇ ਨਾਂ 'ਤੇ ਸਕੂਲ ਵੀ ਚਲਾਇਆ ਜਾ ਰਿਹਾ ਹੈ।

ਬ੍ਰਹਮਲੀਨ ਸੰਤ ਬਾਬਾ ਫੂਲ ਨਾਥ ਜੀ ਦੇ ਸੰਸਾਰ ਤੋਂ ਰੁਖ਼ਸਤ ਹੋਣ ਤੋਂ ਬਾਅਦ ਡੇਰੇ ਦੀ ਵਾਗਡੋਰ ਉਨ੍ਹਾਂ ਦੇ ਪਰਮ ਸ਼ਿਸ਼ ਸੰਤ ਬ੍ਰਹਮ ਨਾਥ ਨੇ ਸੰਭਾਲੀ। ਉਨ੍ਹਾਂ ਨੇ ਆਪਣੇ ਪੂਜਨੀਕ ਗੁਰੂ ਦੇ ਆਦਰਸ਼ਾਂ 'ਤੇ ਚੱਲਦਿਆ ਡੇਰੇ ਨੂੰ ਚੜ੍ਹਦੀ ਕਲਾ 'ਚ ਲਿਜਾਣ ਦਾ ਵੱਡਾ ਕਾਰਜ ਕੀਤਾ। ਉਹ ਸੰਗਤ ਨੂੰ ਨਾਮ ਜਪਣ, ਕਿਰਤ ਕਰਨ ਤੇ ਸੱਚ ਦੇ ਮਾਰਗ 'ਤੇ ਚੱਲਣ ਦਾ ਉਪਦੇਸ਼ ਦਿਆ ਕਰਦੇ ਸਨ। ਲੰਮੀ ਆਯੂ ਭੋਗਦੇ ਹੋਏ ਸੰਤ ਬ੍ਰਹਮ ਨਾਥ 25 ਮਈ 2005 ਨੂੰ ਸੱਚਖੰਡ ਜਾ ਬਿਰਾਜੇ। ਮੌਜੂਦਾ ਸਮੇਂ ਡੇਰੇ ਦਾ ਸੰਚਾਲਨ ਗੱਦੀ ਨਸ਼ੀਨ ਸੰਤ ਕ੍ਰਿਸ਼ਨ ਨਾਥ ਮਹਾਰਾਜ ਦੇਸ਼ ਵਿਦੇਸ਼ ਦੀਆਂ ਸੰਗਤਾਂ ਦੇ ਸਹਿਯੋਗ ਨਾਲ ਚਲਾ ਰਹੇ ਹਨ। ਸੰਤ ਕ੍ਰਿਸ਼ਨ ਨਾਥ ਮਹਾਰਾਜ ਵੀ ਅਜਿਹੇ ਸੰਤ ਮਹਾਂਪੁਰਸ਼ ਹਨ ਜੋ ਕਹਿਣੀ-ਕਥਨੀ ਤੇ ਕਰਨੀ ਦੇ ਪੱਕੇ ਹਨ ਅਤੇ ਸਾਹਿਬ ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਦੇ ਦਰਸਾਏ ਸੱਚ ਦੇ ਮਾਰਗ ਤੇ ਚੱਲਣ ਦੇ ਨਾਲ-ਨਾਲ ਭਗਤੀ, ਕਿਰਤ ਕਰਨ, ਵਿੱਦਿਆ ਦੇ ਪ੍ਰਚਾਰ-ਪਸਾਰ ਲਈ ਹਮੇਸ਼ਾ ਤੱਤਪਰ ਰਹਿੰਦੇ ਹਨ। ਉਨ੍ਹਾਂ ਦੀ ਅਗਵਾਈ ਵਿਚ ਸੰਤ ਬ੍ਰਹਮ ਨਾਥ ਮਹਾਰਾਜ ਦੀ ਬਰਸੀ ਸੰਤ ਬਾਬਾ ਫੂਲ ਨਾਥ ਜੀ ਨਾਨਕ ਨਗਰੀ ਚਹੇੜੂ ਵਿਖੇ ਸ਼ਰਧਾ ਭਾਵਨਾ ਨਾਲ 26 ਮਈ ਨੂੰ ਮਨਾਈ ਜਾ ਰਹੀ ਹੈ।•

95015-75511

**ਸੰਤ ਬ੍ਰਹਮ ਨਾਥ ਨੇ ਆਪਣੇ ਗੁਰੂ ਦੇ ਆਦਰਸ਼ਾਂ 'ਤੇ ਚੱਲਦਿਆਂ ਡੇਰੇ ਨੂੰ ਚੜ੍ਹਦੀ ਕਲਾ 'ਚ ਲਿਜਾਣ ਦਾ ਵੱਡਾ ਕਾਰਜ ਕੀਤਾ। ਉਨ੍ਹਾਂ ਸੰਗਤ ਨੂੰ ਨਾਮ ਜਪਣ, ਕਿਰਤ ਕਰਨ ਤੇ ਸੱਚ ਦੇ ਮਾਰਗ 'ਤੇ ਚੱਲਣ ਦਾ ਉਪਦੇਸ਼ ਦਿੱਤਾ...**

## ਸੰਪਾਦਕੀ

### ਪਾਕਿਸਤਾਨ ਵੱਲੋਂ "ਨਿਰਪੱਖ, ਪਾਰਦਰਸ਼ੀ ਤੇ ਭਰੋਸੇਯੋਗ" ਜਾਂਚ ਵਿਚ ਸਹਿਯੋਗ ਕਰਨ ਦੀ ਪੇਸ਼ਕਸ਼

ਬੀਤੇ ਦਿਨੀਂ ਪਹਿਲਗਾਮ 'ਚ ਹੋਏ ਕਤਲੇਆਮ 'ਤੇ ਚੁਫੇਰਿਓਂ ਘਿਰੇ ਪਾਕਿਸਤਾਨ ਨੇ ਹੁਣ ਕਿਸੇ ਵੀ "ਨਿਰਪੱਖ, ਪਾਰਦਰਸ਼ੀ ਤੇ ਭਰੋਸੇਯੋਗ" ਜਾਂਚ ਵਿਚ ਸਹਿਯੋਗ ਕਰਨ ਦੀ ਪੇਸ਼ਕਸ਼ ਕੀਤੀ ਹੈ। ਸ਼ਰਤਾਂ ਸਹਿਤ ਕੀਤੀ ਇਹ ਪੇਸ਼ਕਸ਼ ਦਰਸਾਉਂਦੀ ਹੈ ਕਿ ਇਸਲਾਮਾਬਾਦ ਕੋਲ ਜਾਂਚ 'ਚ ਖਾਮੀਆਂ ਕੱਢਣ ਦੀ ਖੁੱਲ੍ਹ ਹੋਵੇਗੀ ਤੇ ਜੇਕਰ ਕੁਝ ਇਤਰਾਜ਼ਯੋਗ ਤੱਥ ਸਾਹਮਣੇ ਆਉਂਦੇ ਹਨ ਤਾਂ ਮਾਮਲੇ ਦੀਆਂ ਲੱਭਤਾਂ ਨੂੰ ਨਕਾਰਿਆ ਵੀ ਜਾ ਸਕਦਾ ਹੈ। ਪਾਕਿਸਤਾਨ ਦੇ ਸਿਵਲ-ਫ਼ੌਜੀ ਸ਼ਾਸਨ ਵੱਲੋਂ ਇਸ ਤਰ੍ਹਾਂ ਦੇ ਮਾਮਲਿਆਂ ਵਿਚ ਇਨਕਾਰੀ ਹੋਣਾ ਕੋਈ ਨਵੀਂ ਗੱਲ ਨਹੀਂ ਹੈ। ਪਹਿਲਾਂ ਵੀ ਭਾਰਤੀ ਜ਼ਮੀਨ 'ਤੇ ਅਤਿਵਾਦੀ ਹਮਲਿਆਂ 'ਚ ਆਪਣੇ ਕਥਿਤ ਰੋਲ ਤੋਂ ਇਹ ਮੁੱਕਰਦਾ ਰਿਹਾ ਹੈ। ਜੇ ਕੁਝ ਨਵਾਂ ਹੈ ਤਾਂ ਉਹ ਪ੍ਰਧਾਨ ਮੰਤਰੀ ਸ਼ਾਹਬਾਜ਼ ਸ਼ਰੀਫ ਦੀ ਇਹ ਟਿੱਪਣੀ ਹੈ ਕਿ ਉਹ "ਹਮੇਸ਼ਾ ਦੀ ਇਹ ਦੂਸ਼ਣਬਾਜ਼ੀ" ਤੋਂ ਛੁਟਕਾਰਾ ਚਾਹੁੰਦੇ ਹਨ। ਹਾਲਾਂਕਿ ਵਰਤਮਾਨ ਮਾਮਲੇ 'ਚ ਆਪਣੇ ਦੇਸ਼ ਨੂੰ "ਨਿਰਦੋਸ਼" ਸਾਬਿਤ ਕਰਨ 'ਚ ਉਹ ਸਪੱਸ਼ਟ ਤੌਰ 'ਤੇ ਸੰਘਰਸ਼ ਕਰ ਰਹੇ ਹਨ ਤੇ ਕੌਮਾਂਤਰੀ ਭਾਈਚਾਰੇ ਨੂੰ ਭਰੋਸੇ 'ਚ ਲੈਣ ਵਿਚ ਨਾਕਾਮ ਰਹੇ ਹਨ। ਪੁਰਾਣੇ ਕੇਸਾਂ 'ਚ ਪਾਕਿਸਤਾਨ ਦੇ ਕਥਿਤ ਸਹਿਯੋਗ ਦਾ ਜੋ ਨਤੀਜਾ ਨਿਕਲਿਆ ਹੈ, ਉਹ ਜ਼ਿਆਦਾ ਭਰੋਸਾ ਪੈਦਾ ਨਹੀਂ ਕਰਦਾ। ਜੈਸ਼-ਏ-ਮੁਹੰਮਦ ਦੇ ਅਤਿਵਾਦੀਆਂ ਵੱਲੋਂ ਪਠਾਨਕੋਟ ਏਅਰਬੇਸ 'ਤੇ 2016 ਦੇ ਹਮਲੇ ਤੋਂ ਬਾਅਦ, ਆਈਐੱਸਆਈ ਮੈਂਬਰਾਂ ਤੇ ਹੋਰਨਾਂ ਦੀ ਇਕ ਜਾਂਚ ਟੀਮ ਭਾਰਤ ਆਈ ਸੀ ਤੇ ਰਾਸ਼ਟਰੀ ਜਾਂਚ ਏਜੰਸੀ (ਐੱਨਆਈਏ) ਦੇ ਨਾਲ ਸਬੂਤ ਦਰਜ ਕੀਤੇ ਸਨ। ਉਸ ਹਮਲੇ ਨੇ ਤਤਕਾਲੀ ਪ੍ਰਧਾਨ ਮੰਤਰੀ ਨਵਾਜ਼ ਸ਼ਰੀਫ ਨੂੰ ਕਾਫ਼ੀ ਨਮੋਸ਼ੀ ਦਾ ਸਾਹਮਣਾ ਕਰਾਇਆ ਸੀ ਕਿਉਂਕਿ ਇਹ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੇ ਅਚਾਨਕ ਲਾਹੌਰ ਰੁਕਣ ਤੋਂ ਬਸ ਹਫ਼ਤੇ ਬਾਅਦ ਹੀ ਹੋ ਗਿਆ ਸੀ। ਉਹ ਆਪਣੇ ਪਾਕਿਸਤਾਨੀ ਹਮਰੁਤਬਾ ਨੂੰ "ਜਨਮ ਦਿਨ" ਮੁਬਾਰਕ ਕਹਿਣ ਲਈ ਰੁਕੇ ਸਨ। ਹਾਲਾਂਕਿ ਸਾਂਝੀ ਜਾਂਚ ਦਾ ਕੋਈ ਠੋਸ ਨਤੀਜਾ ਨਹੀਂ ਨਿਕਲਿਆ, ਇੱਥੋਂ ਤੱਕ ਕਿ ਨਵਾਜ਼ ਦੀ ਅਗਵਾਈ ਵਾਲੀ ਸਰਕਾਰ ਨੇ ਵੀ ਖ਼ੁਦ ਨੂੰ ਕੁਝ ਕੁ ਜੈਸ਼ ਮੈਂਬਰਾਂ ਦੀ ਗ੍ਰਿਫ਼ਤਾਰੀ ਤੱਕ ਸੀਮਤ ਕਰ ਲਿਆ। ਇਸ ਤੋਂ ਇਲਾਵਾ ਪਾਕਿਸਤਾਨ ਦੇ ਟਾਲ-ਮਟੋਲ ਵਾਲੇ ਰਵੱਈਏ ਕਾਰਨ ਐੱਨਆਈਏ ਦੀ ਟੀਮ ਦੇ ਉੱਧਰਲੇ ਦੌਰੇ ਦਾ ਵੀ ਕੋਈ ਠੋਸ ਸਿੱਟਾ ਨਹੀਂ ਨਿਕਲਿਆ। ਉਨ੍ਹਾਂ ਭਾਰਤ ਨਾਲ ਸਬੂਤ ਸਾਂਝੇ ਕਰਨ ਵਿਚ ਵੀ ਹਿਚਕ ਹੀ ਦਿਖਾਈ। ਸਾਲ 2016 ਦੇ ਉੜੀ ਹਮਲੇ ਤੋਂ ਬਾਅਦ ਭਾਰਤ ਨੇ ਅਤਿਵਾਦੀਆਂ ਦੇ ਡੀਐੱਨਏ ਸੈਂਪਲਾਂ ਦੀ ਜਾਣਕਾਰੀ ਨਾਲ ਇਕ ਨਿਆਂਇਕ ਬੇਨਤੀ ਪਾਕਿਸਤਾਨ ਨੂੰ ਭੇਜੀ, ਪਰ ਇਸਲਾਮਾਬਾਦ ਨੇ ਇਸ ਨੂੰ ਗੌਰ ਨਾਲ ਤੱਕਿਆ ਤੱਕ ਨਹੀਂ। ਸਾਲ 2019 ਦੇ ਪੁਲਵਾਮਾ ਹਮਲੇ ਦੀ ਜਾਂਚ ਤੋਂ ਵੀ ਪਾਕਿਸਤਾਨ ਭੱਜਦਾ ਰਿਹਾ ਹੈ। ਜਿਸ ਫੁਰਤੀ ਨਾਲ ਸ਼ਾਹਬਾਜ਼ ਸਰਕਾਰ ਨੇ 26/11 ਹਮਲਿਆਂ ਦੇ ਮੁਲਜ਼ਮ ਤਹੱਵੁਰ ਰਾਣਾ ਨੂੰ ਤਿਆਗਿਆ ਹੈ, ਉਹ ਇਹ ਦਿਖਾਉਂਦਾ ਹੈ ਕਿ ਬੁਨਿਆਦੀ ਵਿਤਰਤ ਕਦੇ ਨਹੀਂ ਬਦਲ ਸਕਦੀ। ਤਹੱਵੁਰ ਰਾਣਾ ਨੂੰ ਹਾਲ ਹੀ ਵਿਚ ਅਮਰੀਕਾ ਨੇ ਭਾਰਤ ਨੂੰ ਸੌਂਪਿਆ ਹੈ। ਜ਼ਿੰਮੇਵਾਰੀ ਹੁਣ ਜਾਂਚ ਏਜੰਸੀ ਐੱਨਆਈਏ ਉੱਤੇ ਹੈ ਕਿ ਉਹ ਜਾਂਚ ਨੂੰ ਤੇਜ਼ ਕਰੇ ਅਤੇ ਅਜਿਹੇ ਸਬੂਤ ਪੇਸ਼ ਕਰੇ ਜਿਨ੍ਹਾਂ ਤੋਂ ਮੁੱਕਰਿਆ ਨਾ ਜਾ ਸਕੇ, ਪਹਿਲਗਾਮ ਕਤਲੇਆਮ 'ਚ ਪਾਕਿਸਤਾਨ ਦੀ ਮਿਲੀਭੁਗਤ ਸਾਹਮਣੇ ਆ ਸਕੇ।

### ਦੇਸ਼ ਦੀਆਂ ਜੇਲ੍ਹਾਂ ਦਾ ਅਤਿ ਦਰਜੇ ਦਾ ਮਾੜਾ ਹਾਲ

ਦੇਸ਼ ਦੀਆਂ ਜੇਲ੍ਹਾਂ ਸੰਕਟ ਵਿੱਚ ਹਨ। ਉਹ ਡੂੰਘੇ ਵਿੱਚ ਖਚਾਖਚ ਭਰੇ ਵੇਅਰਹਾਊਸਾਂ ਦਾ ਭੁਲੇਖਾ ਪਾਉਂਦੀਆਂ ਹਨ। ਇੰਡੀਆ ਜਸਟਿਸ ਰਿਪੋਰਟ 2025 ਇਸ ਸਮੱਸਿਆ ਦੇ ਪੈਮਾਨੇ ਦਾ ਪਤਾ ਦਿੰਦੀ ਹੈ। ਸਾਲ 2022 ਵਿੱਚ ਭਾਰਤ ਦੀਆਂ ਜੇਲ੍ਹਾਂ ਵਿੱਚ 5.73 ਕੈਦੀ ਤੁੰਨੇ ਹੋਏ ਸਨ ਜਦੋਂਕਿ ਇਨ੍ਹਾਂ ਜੇਲ੍ਹਾਂ ਵਿੱਚ 4.36 ਲੱਖ ਕੈਦੀ ਰੱਖਣ ਦੀ ਸਜ਼ਾ ਜਾਂ ਸਮੱਰਥਾ ਹੈ। ਇਸ ਲਿਹਾਜ਼ ਨਾਲ ਜੇਲ੍ਹਾਂ ਵਿੱਚ ਸਮੱਰਥਾ ਨਾਲੋਂ 31 ਫ਼ੀਸਦੀ ਜ਼ਿਆਦਾ ਕੈਦੀ ਰੱਖੇ ਗਏ ਹਨ। 2030 ਤੱਕ ਜੇਲ੍ਹਾਂ ਵਿੱਚ ਕੈਦੀਆਂ ਦੀ ਗਿਣਤੀ ਵਧ ਕੇ 6 ਲੱਖ 80 ਹਜ਼ਾਰ ਹੋ ਜਾਣ ਦਾ ਅਨੁਮਾਨ ਹੈ ਜਦੋਂਕਿ ਜੇਲ੍ਹਾਂ ਦੀ ਸਮੱਰਥਾ 5.15 ਲੱਖ ਕੈਦੀਆਂ ਨੂੰ ਹੀ ਰੱਖਣ ਜੋਗੀ ਹੋ ਸਕੇਗੀ। ਜੇਲ੍ਹਾਂ ਦਾ ਸੰਕਟ ਜਗ੍ਹਾ ਤੱਕ ਹੀ ਮਹਿਦੂਦ ਨਹੀਂ ਹੈ ਸਗੋਂ ਇਸ ਤੋਂ ਕਿਤੇ ਵੱਧ ਗਹਿਰਾ ਹੈ। ਅਸਲ ਵਿਚ ਇਹ ਮਨੁੱਖੀ ਅਧਿਕਾਰਾਂ ਦੀ ਐਮਰਜੈਂਸੀ ਦੀ ਸਥਿਤੀ ਹੈ। ਸਮੁੱਚੇ ਕੈਦੀਆਂ ਲਈ ਸਿਰਫ਼ 25 ਮਨੋਚਕਿਤਸਕ ਹਨ। ਕੈਦੀਆਂ ਅੰਦਰ ਮਾਨਸਿਕ ਬਿਮਾਰੀਆਂ ਦਾ ਰੁਝਾਨ 2012 ਤੋਂ ਬਾਅਦ ਹੁਣ ਤੱਕ ਦੁੱਗਣਾ ਹੋ ਚੁੱਕਿਆ ਹੈ। ਇਨ੍ਹਾਂ 'ਚੋਂ ਜ਼ਿਆਦਾਤਰ ਪੀੜਤ ਵਿਚਾਰ ਅਧੀਨ ਕੈਦੀ ਹਨ ਜਿਨ੍ਹਾਂ ਦੇ ਕੇਸਾਂ ਦਾ ਹਾਲੇ ਤੱਕ ਕੋਈ ਫ਼ੈਸਲਾ ਨਹੀਂ ਕੀਤਾ ਗਿਆ ਹੁੰਦਾ। ਕਾਨੂੰਨੀ ਕਾਰਵਾਈ ਵਿੱਚ ਦੇਰੀ ਕਰ ਕੇ ਉਨ੍ਹਾਂ ਨੂੰ ਕਈ ਕਈ ਸਾਲ ਇਹ ਸੰਤਾਪ ਭੁਗਤਣਾ ਪੈਂਦਾ ਹੈ। ਇਸ ਤੋਂ ਇਲਾਵਾ ਮੈਡੀਕਲ ਸੁਵਿਧਾਵਾਂ ਦਾ ਸੰਕਟ ਵੀ ਇੰਨਾ ਹੀ ਗੰਭੀਰ ਹੈ। ਜੇਲ੍ਹਾਂ ਵਿੱਚ ਮੈਡੀਕਲ ਅਫ਼ਸਰ ਦੀਆਂ 43 ਫ਼ੀਸਦੀ ਅਸਾਮੀਆਂ ਖਾਲੀ ਪਈਆਂ ਹਨ। ਦਿੱਲੀ ਵਿੱਚ 206 ਕੈਦੀਆਂ ਪਿੱਛੇ ਮਹਿਜ਼ ਇੱਕ ਡਾਕਟਰ ਹੈ। ਇਸ ਤਰ੍ਹਾਂ ਕੈਦੀਆਂ ਨੂੰ ਮੈਡੀਕਲ ਸੁਵਿਧਾਵਾਂ ਦੀ ਅਣਹੋਂਦ ਵਿੱਚ ਚੁੱਪ-ਚਾਪ ਮਾਨਸਿਕ ਤੇ ਜਿਸਮਾਨੀ ਸੰਤਾਪ ਝੱਲਣਾ ਪੈਂਦਾ ਹੈ।

ਇਹ ਅਣਦੇਖੀ ਨਵੀਂ ਨਹੀਂ ਹੈ। ਸੁਪਰੀਮ ਕੋਰਟ ਵੱਲੋਂ ਅਕਸਰ ਜੇਲ੍ਹਾਂ ਦੀ ਦੀਰਘਕਾਲੀ ਯੋਜਨਾਬੰਦੀ ਕਰਨ ਲਈ ਕਿਹਾ ਜਾਂਦਾ ਰਿਹਾ ਹੈ ਪਰ ਇਸ ਦੇ ਬਾਵਜੂਦ ਰਾਜਕੀ ਕਾਰਵਾਈ ਬਹੁਤ ਮੱਠੀ ਅਤੇ ਬੇਲਾਗ਼ ਬਣੀ ਹੋਈ ਹੈ। ਜੇਲ੍ਹ ਅਮਲੇ ਦੀ ਬਹੁਤ ਭਾਰੀ ਘਾਟ ਹੈ। ਕੁਝ ਖੇਤਰਾਂ ਵਿੱਚ ਖਾਲੀ ਅਸਾਮੀਆਂ ਦੀ ਦਰ 60 ਫ਼ੀਸਦੀ ਤਕ ਚਲੀ ਗਈ ਹੈ। ਮਿਸਾਲ ਦੇ ਤੌਰ 'ਤੇ ਦਿੱਲੀ ਦੀਆਂ ਜੇਲ੍ਹਾਂ ਵਿੱਚ ਕੈਦੀਆਂ ਦੀ ਸੰਖਿਆ ਸਮੱਰਥਾ ਨਾਲੋਂ 250 ਫ਼ੀਸਦੀ ਤੋਂ ਜ਼ਿਆਦਾ ਹੈ। ਜੇਲ੍ਹਾਂ ਵਿੱਚ ਦਲਿਤਾਂ, ਕਬਾਇਲੀਆਂ ਅਤੇ ਮੁਸਲਮਾਨਾਂ ਦੀ ਸੰਖਿਆ ਉਨ੍ਹਾਂ ਦੇ ਅਨੁਪਾਤ ਨਾਲੋਂ ਕਈ ਗੁਣਾ ਵੱਧ ਹੈ। ਇਸ ਤੋਂ ਪਤਾ ਚਲਦਾ ਹੈ ਕਿ ਨਿਆਂ ਪ੍ਰਬੰਧ ਵਿੱਚ ਕਿੰਨੀਆਂ ਅਸਮਾਨਤਾਵਾਂ ਮੌਜੂਦ ਹਨ।

ਜੇਲ੍ਹਾਂ ਦੇ ਇਸ ਸੰਕਟ ਨੂੰ ਮੁਖ਼ਾਤਿਬ ਹੋਣ ਲਈ ਸਿਆਸੀ ਇੱਛਾ ਸ਼ਕਤੀ ਦਰਕਾਰ ਹੈ। ਫਾਸਟ ਟਰੈਕ ਕੋਰਟਾਂ ਅਤੇ ਬਦਲਵੇਂ ਵਿਵਾਦ ਨਿਬੇੜੂ ਪ੍ਰਬੰਧਾਂ ਨਾਲ ਵਿਚਾਰ ਅਧੀਨ ਕੈਦੀਆਂ ਦੀ ਗਿਣਤੀ ਵਿੱਚ ਕਮੀ ਲਿਆਂਦੀ ਜਾ ਸਕਦੀ ਹੈ। ਕੈਦੀਆਂ ਦੀ ਗਿਣਤੀ ਦੇ ਅਨੁਪਾਤ ਵਿੱਚ ਬੁਨਿਆਦੀ ਢਾਂਚੇ ਦੇ ਸੁਧਾਰ ਲਈ ਨਿਵੇਸ਼ ਦੀ ਲੋੜ ਹੈ। ਇਸ ਤੋਂ ਇਲਾਵਾ ਹੋਰ ਜ਼ਿਆਦਾ ਡਾਕਟਰਾਂ, ਮਨੋਚਕਿਤਸਕਾਂ ਅਤੇ ਜੇਲ੍ਹ ਸਟਾਫ਼ ਦੀ ਭਰਤੀ ਦੀ ਫੌਰੀ ਲੋੜ ਹੈ। ਕਾਨੂੰਨੀ ਸਹਾਇਤਾ ਤੱਕ ਰਸਾਈ ਯਕੀਨੀ ਬਣਾਉਣ ਨਾਲ ਗ਼ਰੀਬ ਕੈਦੀਆਂ ਨੂੰ ਰਾਹਤ ਮਿਲ ਸਕਦੀ ਹੈ। ਜੇਲ੍ਹਾਂ ਲੰਮੀਆਂ ਸਜ਼ਾਵਾਂ ਦੀਆਂ ਥਾਵਾਂ ਨਹੀਂ ਹੋਣੀਆਂ ਚਾਹੀਦੀਆਂ ਸਗੋਂ ਸੁਧਾਰ ਦੇ ਕੇਂਦਰ ਹੋਣੀਆਂ ਚਾਹੀਦੀਆਂ ਹਨ। ਕੈਦੀਆਂ ਨਾਲ ਸਨਮਾਨਜਨਕ ਢੰਗ ਨਾਲ ਪੇਸ਼ ਆਉਣ ਅਤੇ ਉਨ੍ਹਾਂ ਦੀ ਦੇਖਭਾਲ ਸਾਡੇ ਲੋਕਤੰਤਰ ਦੀ ਮਜ਼ਬੂਤੀ ਨੂੰ ਦਰਸਾਉਂਦੀ ਹੈ। ਇਹ ਕੋਈ ਰਿਆਇਤ ਦੀ ਗੱਲ ਨਹੀਂ ਸਗੋਂ ਸਾਡਾ ਸੰਵਿਧਾਨਕ ਫ਼ਰਜ਼ ਹੈ।

# ਸੁਖਰਾਮ ਸਿੰਘ ਬਣੇ ਪੰਜਾਬ ਸਾਫਟਬਾਲ ਐਸੋਸੀਏਸ਼ਨ ਦੇ ਸਕੱਤਰ



**ਪਟਿਆਲਾ, 30 ਅਪ੍ਰੈਲ**
**-ਕੌਮੀ ਪੱਤ੍ਰਿਕਾ ਬਿਊਰੋ-**

ਸ਼ਾਹੀ ਸ਼ਹਿਰ ਪਟਿਆਲਾ ਦੇ ਸ਼ਰੋਯਾ ਹੋਟਲ ਵਿਖੇ ਸਾਫਟਬਾਲ ਐਸੋਸੀਏਸ਼ਨ ਆਫ ਇੰਡੀਆ ਦੇ ਸੈਕਟਰੀ ਡਾ. ਪ੍ਰਵੀਨ ਅਨੰਦ ਜੀ, ਜੁਆਇੰਟ ਸੈਕਟਰੀ - ਸ੍ਰੀ ਵਸੀਮ ਰਾਜਾ ਖਾਨ, ਪੰਜਾਬ ਸੈਕਟਰੀ ਸ੍ਰੀ ਪੀ.ਐਨ ਪਾਸੀ ਦੀ ਅਗਵਾਈ ਵਿਚ ਪੰਜਾਬ ਦੇ ਵੱਖ-ਵੱਖ ਜ਼ਿਲਿਆਂ ਤੋਂ ਪ੍ਰਧਾਨ - ਸਕੱਤਰ -ਸਾਫ਼ਟਬਾਲ ਐਸੋਸੀਏਸ਼ਨ ਦੇ ਅਹੁੱਦੇਦਾਰ ਪਹੁੰਚੇ। ਜਿਨ੍ਹਾਂ ਨੇ ਪਹੁੰਚ ਕੇ ਵੋਟਿੰਗ ਪ੍ਰਕਿਰਿਆ ਰਾਹੀਂ ਚੋਣ ਕੀਤੀ। ਜਿਸ ਵਿਚ ਸ. ਸੁਖਰਾਮ ਸਿੰਘ ਜੀ ਨੂੰ ਸਾਫਟਬਾਲ ਐਸੋਸੀਏਸ਼ਨ ਪੰਜਾਬ ਦੇ ਸਕੱਤਰ ਜਨਰਲ, ਡਾ ਸੁਖਦੀਪ ਸਿੰਘ ਜੀ ਨੂੰ ਪ੍ਰਧਾਨ ਅਤੇ ਸ੍ਰੀ ਦਵਿੰਦਰ ਸ਼ਰਮਾ ਨੂੰ ਕੈਸ਼ੀਅਰ ਦੇ ਅਹੁੱਦੇ ਤੇ ਨਿਵਾਜਿਆ ਗਿਆ। ਸਾਰੀ ਚੋਣ ਪ੍ਰਕਿਰਿਆ ਰਿਟਰਨਿੰਗ ਅਫ਼ਸਰ ਸ੍ਰੀ ਲਲਿਤ ਕੁਮਾਰ ਸਿੰਗਲਾ ਜੀ - ਰਿਟਾਇਰਡ ਸੈਸ਼ਨ ਜੱਜ ਸਾਬ ਨੇ ਕਾਨੂੰਨੀ ਤਰੀਕੇ ਨਾਲ ਕੀਤੀ। ਇਸ ਮੌਕੇ ਆਲ ਇੰਡੀਆ ਸਾਫਟਬਾਲ ਐਸੋਸੀਏਸ਼ਨ ਦੇ ਅਹੁੱਦੇਦਾਰ ਅਤੇ ਪੰਜਾਬ ਦੇ ਨਵੇਂ ਬਣੇ ਅਹੁੱਦੇਦਾਰਾਂ ਨੇ ਪੰਜਾਬ ਸਾਫ਼ਟਬਾਲ ਐਸੋਸੀਏਸ਼ਨ ਦੇ ਅਧਿਕਾਰੀਆਂ - ਮੈਂਬਰਾਂ ਦੀ ਚੋਣ ਕੀਤੀ ਜਿਸ ਵਿਚ ਮੀਤ ਪ੍ਰਧਾਨ -ਸ੍ਰੀ ਭਰਤ ਦੁਆ ਲੁਧਿਆਣਾ, ਸ. ਨਿਰਮਲ ਸਿੰਘ ਮੋਹਾਲੀ, ਸ.ਰਵਿੰਦਰ ਸਿੰਘ ਮਲੇਰਕੋਟਲਾ, ਸ. ਅਮਰਜੀਤ ਸਿੰਘ ਜਲੰਧਰ, ਜੁਆਇੰਟ ਸੈਕਟਰੀ - ਸ. ਰਣਜੀਤ ਸਿੰਘ ਫਤਹਿਗੜ੍ਹ ਸਾਹਿਬ, ਸ. ਚਮਕੌਰ ਸਿੰਘ ਸੰਗਰੂਰ, ਸ੍ਰੀ ਪਵਨ ਕੁਮਾਰ ਮਲੇਰਕੋਟਲਾ, ਮੈਡਮ ਰੁਪਿੰਦਰ ਕੌਰ ਗੁਰਦਾਸਪੁਰ, ਸ੍ਰੀ ਗੌਰਵ ਮਾਨਸਾ, ਮੈਂਬਰ - ਸ੍ਰੀ ਰਮੇਸ਼ ਲਾਲ ਫਾਜ਼ਿਲਕਾ, ਸ. ਮਨਦੀਪ ਸਿੰਘ ਗੁਰਦਾਸਪੁਰ, ਮੈਡਮ ਨਵਕਿਰਨ ਕੌਰ ਬਠਿੰਡਾ, ਸ. ਗੁਰਿੰਦਰ ਸਿੰਘ ਫਿਰੋਜ਼ਪੁਰ, ਸ੍ਰੀ ਸੰਜੀਵ ਕੁਮਾਰ ਮੋਗਾ ਨੂੰ ਥਾਪਿਆ ਗਿਆ। ਇਸ ਸਮੇਂ ਪੰਜਾਬ ਤੋਂ ਸਾਫ਼ਟਬਾਲ ਦੇ ਕੋਚ - ਅਧਿਆਪਕ ਸਾਹਿਬਾਨ ਹਾਜ਼ਰ ਰਹੇ।

# ਆਮ ਆਦਮੀ ਪਾਰਟੀ ਦੀ ਸਰਕਾਰ ਹਰ ਪੱਖੋਂ ਹੋਈ ਫੇਲ੍ਹ: ਭਾਜਪਾ ਆਗੂ

**ਮਾਛੀਵਾੜਾ ਸਾਹਿਬ, 30 ਅਪ੍ਰੈਲ**
**-ਕੌਮੀ ਪੱਤ੍ਰਿਕਾ ਬਿਊਰੋ-**

ਮਾਸਟਰ ਸਤੀਸ਼ ਕੁਮਾਰ ਹਲਕਾ ਸਮਰਾਲਾ ਦੇ ਬੀ.ਜੇ.ਪੀ. ਵਰਕਰਾਂ ਦੀ ਇੱਕ ਵਿਸ਼ੇਸ਼ ਮੀਟਿੰਗ ਮਾਛੀਵਾੜਾ ਸਾਹਿਬ ਵਿਖੇ ਹੋਈ। ਇਸ ਮੀਟਿੰਗ ਵਿੱਚ ਪੰਜਾਬ ਦੇ ਵਾਈਸ ਪ੍ਰਧਾਨ ਜਤਿੰਦਰ ਮਿੱਤਲ ਅਤੇ ਭੁਪਿੰਦਰ ਸਿੰਘ ਚੀਮਾ ਪ੍ਰਧਾਨ ਖੰਨਾ ਵਿਸ਼ੇਸ਼ ਤੌਰ ਤੇ ਪਹੁੰਚੇ। ਪ੍ਰੈਸ ਨੂੰ ਜਾਣਕਾਰੀ ਦਿੰਦਿਆਂ ਵਾਈਸ ਪ੍ਰਧਾਨ ਜ਼ਿਲ੍ਹਾ ਖੰਨਾ ਸੰਜੀਵ ਲੀਹਲ ਨੇ ਦੱਸਿਆ ਕਿ ਅੱਜ ਬੀ.ਜੇ.ਪੀ. ਸਮੂਹ ਵਰਕਰਾਂ ਦੀ ਮੀਟਿੰਗ ਮਾਛੀਵਾੜਾ ਸਾਹਿਬ ਵਿਖੇ ਬੁਲਾਈ ਗਈ ,ਜਿਸ ਵਿੱਚ ਹਲਕਾ ਸਮਰਾਲਾ ਦੇ ਪੰਜ ਮੰਡਲ ਪ੍ਰਧਾਨ ਨਿਯੁਕਤ ਕੀਤੇ ਗਏ। ਜਿਸ ਵਿੱਚ ਸੁਖਵਿੰਦਰ ਲਾਲ ਸ਼ਰਮਾ ਮੰਡਲ ਪ੍ਰਧਾਨ ਮਾਛੀਵਾੜਾ ਸਾਹਿਬ, ਰਾਮਪਾਲ ਜੋਧਵਾਲ ਮੰਡਲ ਪ੍ਰਧਾਨ, ਸੰਦੀਪ ਭਾਰਤੀ ਸਮਰਾਲਾ ਮੰਡਲ ਪ੍ਰਧਾਨ, ਸਨੀ ਸਿੰਘ ਮੰਡਲ ਪ੍ਰਧਾਨ ਝਾੜ ਸਾਹਿਬ, ਅੰਮ੍ਰਿਤ ਮੋਦਗਿੱਲ ਬਰਧਾਲਾਂ ਮੰਡਲ ਪ੍ਰਧਾਨ ਨਿਯੁਕਤ ਕੀਤੇ ਗਏ। ਉਹਨਾਂ ਨੇ ਕਿਹਾ ਕਿ ਮੋਦੀ ਸਰਕਾਰ ਦੀਆਂ ਨੀਤੀਆਂ ਨੂੰ ਲੈ ਕੇ ਲੋਕ ਆਪ ਮੁਹਾਰੇ ਬੀ.ਜੇ.ਪੀ. ਨਾਲ ਜੁੜ ਰਹੇ ਹਨ। ਪ੍ਰਧਾਨ ਮੰਤਰੀ ਨਰਿੰਦਰ ਮੋਦੀ ਵੱਲੋਂ ਹਰ ਇੱਕ ਵਰਗ ਲਈ ਨਿਧੜਕ ਹੋ ਕੇ ਫੈਸਲੇ ਲਏ ਜਾ ਰਹੇ ਹਨ। ਪੰਜਾਬ ਵਿੱਚ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਨੂੰ ਲੈ ਕੇ ਬੀ.ਜੇ.ਪੀ. ਵਰਕਰਾਂ ਨੂੰ ਵੱਡੀਆਂ ਜ਼ਿੰਮੇਵਾਰੀਆਂ ਦਿੱਤੀਆਂ ਜਾ ਰਹੀਆਂ ਹਨ। ਵਾਈਸ ਪ੍ਰੈਜ਼ੀਡੈਂਟ ਪੰਜਾਬ ਜਤਿੰਦਰ ਮਿੱਤਲ ਨੇ ਕਿਹਾ ਕਿ 2027 ਵਿੱਚ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਵਿੱਚ ਬੀ

ਜੇ.ਪੀ. ਆਪਣੇ ਦਮ ਤੇ ਚੋਣਾਂ ਲੜੇਗੀ ਅਤੇ ਪੰਜਾਬ ਵਿੱਚ ਬੀ.ਜੇ.ਪੀ. ਦਾ ਹੀ ਮੁੱਖ ਮੰਤਰੀ ਬਣੇਗਾ। ਉਹਨਾਂ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਹਰ ਪੱਖੋਂ ਫੇਲ੍ਹ ਹੁੰਦੀ ਨਜ਼ਰ ਆ ਰਹੀ ਹੈ। ਕਾਨੂੰਨ ਵਿਵਸਥਾ ਦਿਨੋਂ ਦਿਨ ਵਿਗੜਦੀ ਹੀ ਜਾ ਰਹੀ ਹੈ।

ਜ਼ਿਲ੍ਹਾ ਪ੍ਰਧਾਨ ਭੁਪਿੰਦਰ ਸਿੰਘ ਚੀਮਾ ਨੇ ਸਾਰੇ ਆਗੂਆਂ ਦੇ ਵਰਕਰਾਂ ਨੂੰ 2027 ਲਈ ਹੁਣ ਤੋਂ ਇਹ ਤਿਆਰੀਆਂ ਆਰੰਭ ਕਰ ਦੇਣ ਦੀਆਂ ਹਦਾਇਤਾਂ ਜਾਰੀ ਕਰਦੇ ਹੋਏ ਕਿਹਾ ਕਿ ਪੰਜਾਬ ਭਰ ਵਿੱਚ ਭਾਜਪਾ ਦਾ ਕੱਦ ਬਹੁਤ ਛੇਤੀ ਉੱਚਾ ਹੁੰਦਾ ਜਾ ਰਿਹਾ ਹੈ। ਲੋਕ ਆਪ ਮੁਹਾਰੇ ਭਾਜਪਾ ਦੀਆਂ ਨੀਤੀਆਂ ਤੋਂ ਪ੍ਰਭਾਵਿਤ ਹੁੰਦੇ ਹੋਏ



# ਨਯਾਗਾਓਂ ਪੁਲਿਸ ਨੇ 10 ਸਕਿੰਟਾਂ ਚੋਰ ਨੂੰ ਫੜਿਆ - ਦੋ ਐਕਟਿਵਾ ਬਰਾਮਦ

**ਚੰਡੀਗੜ੍ਹ, 30 ਅਪ੍ਰੈਲ**
**-ਕੌਮੀ ਪੱਤ੍ਰਿਕਾ ਬਿਊਰੋ-**

ਨਯਾਗਾਓਂ ਵਿੱਚ ਦੋਪਹੀਆ ਵਾਹਨਾਂ ਦੀ ਚੋਰੀ ਦੀਆਂ ਲਗਾਤਾਰ ਸ਼ਿਕਾਇਤਾਂ ਮਿਲ ਰਹੀਆਂ ਸਨ। ਨਯਾਗਾਓਂ ਪੁਲਿਸ ਸਟੇਸ਼ਨ ਦੇ ਇੰਚਾਰਜ ਇੰਸਪੈਕਟਰ ਗੁਰਮੇਹਰ ਸਿੰਘ ਅਤੇ ਉਨ੍ਹਾਂ ਦੀ ਪੁਲਿਸ ਟੀਮ ਨੇ ਦੋ ਪਹੀਆ ਵਾਹਨ ਚੋਰ ਦੀ ਭਾਲ ਵਿੱਚ ਲਗਾਤਾਰ ਨਾਕੇ ਲਗਾਉਣੇ ਸ਼ੁਰੂ ਕਰ ਦਿੱਤੇ।ਉਸਦੀ ਭਾਲ ਕਰਦੇ ਹੋਏ, ਪੁਲਿਸ ਨੂੰ ਇੱਕ ਗੈਂਗ ਮੈਂਬਰ ਫੜ ਲਿਆ ਗਿਆ ਜੋ ਕੁਝ ਸਕਿੰਟਾਂ ਵਿੱਚ ਦੋਪਹੀਆ ਵਾਹਨ ਦਾ ਤਾਲਾ ਤੋੜ ਸਕਦਾ ਹੈ। ਇੰਨਾ ਹੀ ਨਹੀਂ, ਉਹ ਦੋਪਹੀਆ ਵਾਹਨ ਚੋਰੀ ਕਰਨ ਤੋਂ ਬਾਅਦ ਥੋੜ੍ਹੇ ਸਮੇਂ ਵਿੱਚ ਹੀ ਇਸਨੂੰ ਲੈ ਕੇ ਭੱਜ ਜਾਂਦਾ ਸੀ। ਨਯਾਗਾਓਂ ਪੁਲਿਸ ਸਟੇਸ਼ਨ ਦੇ ਇੰਚਾਰਜ ਇੰਸਪੈਕਟਰ ਗੁਰਮੇਹਰ ਸਿੰਘ ਨੇ ਕਿਹਾ ਕਿ ਜੇਕਰ ਤੁਸੀਂ ਮਹਿੰਗੀ ਬਾਈਕ ਅਤੇ ਐਕਟਿਵਾ ਸਕੂਟਰ ਖਰੀਦ ਰਹੇ ਹੋ ਤਾਂ ਸੁਰੱਖਿਆ ਦੇ ਪ੍ਰਬੰਧ ਵੀ ਕਰੋ। ਸ਼ਹਿਰ ਵਿੱਚ ਵਾਹਨ ਚੋਰੀ ਕਰਨ ਵਾਲੇ ਗਿਰੋਹ ਸਰਗਰਮ ਹਨ। ਪੁਲਿਸ ਨੇ ਇੱਕ ਅਜਿਹਾ ਗਿਰੋਹ ਫੜਿਆ ਹੈ ਜਿਸ ਵਿੱਚ ਇੱਕ ਚੋਰ ਜੋ ਕੁਝ ਸਕਿੰਟਾਂ ਵਿੱਚ ਤਾਲੇ ਤੋੜ ਸਕਦਾ ਸੀ, ਦੀ ਪਛਾਣ ਚੰਡੀਗੜ੍ਹ ਦੇ ਰਹਿਣ ਵਾਲੇ ਵਿਪਿਨ ਵਜੋਂ ਹੋਈ ਹੈ, ਜਿਸਨੂੰ ਨਯਾਗਾਓਂ ਪੁਲਿਸ ਨੇ ਇੱਕ ਨਾਕੇ 'ਤੇ ਫੜਿਆ ਸੀ। ਉਸ ਕੋਲੋਂ ਦੋ ਐਕਟਿਵਾ ਸਕੂਟਰ ਬਰਾਮਦ ਕੀਤੇ ਗਏ ਹਨ। ਉਸਨੂੰ ਅੱਜ ਮਨਯੋਗ ਅਦਾਲਤ ਵਿੱਚ ਪੇਸ਼ ਕੀਤਾ ਗਿਆ ਅਤੇ ਉਸਨੂੰ ਦੋ ਦਿਨ ਦਾ ਪੁਲਿਸ ਰਿਮਾਂਡ ਦਿੱਤਾ ਗਿਆ ਤਾਂ ਜੋ ਉਸਦੇ ਹੋਰ ਸਾਥੀਆਂ ਅਤੇ ਹੋਰ ਚੋਰੀ ਹੋਏ ਵਾਹਨਾਂ ਨੂੰ ਬਰਾਮਦ ਕੀਤਾ ਜਾ ਸਕੇ।



# ਪੂਰਵੀ ਸ਼ਰਮਾ ਨੇ ਸਕੂਲ ਨੈਸ਼ਨਲ ਰੈਸਲਿੰਗ ਚੈਂਪੀਅਨਸ਼ਿਪ ਵਿੱਚ ਜਿਤਿਆ ਬ੍ਰਾਊਜ ਮੈਡਲ



**ਚੰਡੀਗੜ੍ਹ, 30 ਅਪ੍ਰੈਲ**
**-ਕੌਮੀ ਪੱਤ੍ਰਿਕਾ ਬਿਊਰੋ-**

ਬੀਤੇ ਦਿਨੀਂ ਦਿੱਲੀ ਵਿੱਚ ਹੋਈ ਸਕੂਲ ਰੈਸਲਿੰਗ ਚੈਂਪੀਅਨਸ਼ਿਪ ਦੌਰਾਨ ਅਖਾੜਾ ਮੁੱਲਾਂਪੁਰ ਗਰੀਬਦਾਸ ਨਿਊ ਚੰਡੀਗੜ੍ਹ ਦੀ ਰੈਸਲਰ ਪੂਰਵੀ ਸ਼ਰਮਾ ਨੇ ਬ੍ਰਾਊਜ ਮੈਡਲ ਜਿੱਤ ਕੇ ਅਖਾੜਾ ਮੁੱਲਾਪੁਰ ਦਾ ਨਾਮ ਰੌਸ਼ਨ ਕੀਤਾ ਹੈ।ਇਸ ਸਬੰਧੀ ਜਾਣਕਾਰੀ ਸਾਂਝੀ ਕਰਦਿਆਂ ਕੁਲਤਾਰ ਪਹਿਲਵਾਨ ਨੇ ਦੱਸਿਆ ਕਿ ਦਾਸ ਐਸੋਸੀਏਟ ਦੇ ਸੰਚਾਲਕ ਸ੍ਰੀ ਰਵੀ ਸ਼ਰਮਾ ਦੀ ਭਤੀਜੀ ਅਤੇ ਅਖਾੜੇ ਦੇ ਸੰਚਾਲਕ ਗੋਲੂ ਪਹਿਲਵਾਨ ਦੀ ਹੋਣਹਾਰ ਬੇਟੀ ਪੂਰਵੀ ਸ਼ਰਮਾ ਨੇ ਬੀਤੇ ਦਿਨੀਂ ਦਿੱਲੀ ਵਿਖੇ ਹੋਈ 68ਵੀਂ ਸਕੂਲ ਰੈਸਲਿੰਗ ਚੈਂਪੀਅਨਸ਼ਿਪ ਵਿੱਚ ਚਿਤਕਾਰਾ ਇੰਟਰਨੈਸ਼ਨਲ ਸਕੂਲ ਚੰਡੀਗੜ੍ਹ ਵੱਲੋਂ ਭਾਗ ਲਿਆ।

ਇਸ ਚੈਂਪੀਅਨਸ਼ਿਪ ਵਿਚ ਲੜਕੀਆਂ ਅਤੇ ਲੜਕਿਆਂ ਦੇ ਫ੍ਰੀ ਸਟਾਇਲ ਮੁਕਾਬਲੇ ਕਰਵਾਏ ਗਏ। ਜਿਸ ਵਿੱਚ ਪੂਰਵੀ ਨੇ ਅੰਡਰ 17 ਦੇ 65 ਕਿਲੋਗ੍ਰਾਮ ਵਰਗ ਦੇ ਮੁਕਾਬਲਿਆਂ ਵਿੱਚ ਵਧੀਆ ਪ੍ਰਦਰਸ਼ਨ ਕਰਦਿਆਂ ਇਹ ਮੈਡਲ ਹਾਸਲ ਕੀਤਾ। ਕੁਲਤਾਰ ਪਹਿਲਵਾਨ ਨੇ ਦੱਸਿਆ ਕਿ ਪੂਰਵੀ ਦਾ ਪਹਿਲਾ ਮੁਕਾਬਲਾ ਫਰੀਦਕੋਟ ਅਖਾੜੇ ਦੀ ਪਹਿਲਵਾਨ ਨਾਲ ਸੀ ਜਿਸ ਨੂੰ ਹਰਾ ਕੇ ਪੂਰਵੀ ਅਗਲੇਰੇ ਮੁਕਾਬਲਿਆਂ ਵਿੱਚ ਥਾਂ ਬਣਾਈ ।ਦੂਜੀ ਕੁਸ਼ਤੀ ਵਿੱਚ ਤੇਲੰਗਾਨਾ ਦੀ ਰੈਸਲਰ ਨਾਲ ਬਾਏਫਾਲ ਹੋ ਗਈ।ਪਰ ਇਸ ਤੋਂ ਬਾਅਦ ਤੀਜੀ ਕੁਸ਼ਤੀ ਵਿੱਚ ਹਰਿਆਣਾ ਦੀ ਪਹਿਲਵਾਨ ਨੇ ਪੂਰਵੀ ਨੂੰ ਚਿੱਤ ਕਰ ਦਿੱਤਾ। ਜਿਸ ਵਿੱਚ 2-1 ਦੇ ਫਰਕ ਨਾਲ ਹਾਰਨ ਤੋਂ ਬਾਅਦ ਪੂਰਵੀ ਦਾ ਗੋਡਲ ਲੈਣ ਦਾ ਸਪਨਾ ਟੁਟ ਗਿਆ ਪਰ ਉਸ ਨੇ ਫਿਰ ਵੀ ਅਗਲੀਆਂ ਕੁਸ਼ਤੀਆਂ ਵਿਚ ਵਧੀਆ ਪ੍ਰਦਰਸ਼ਨ ਕੀਤਾ ।ਜਿਸ ਵਿੱਚ ਪੂਰਵੀ ਨੇ ਕਰਨਾਟਕ ਦੀ ਪਹਿਲਵਾਨ ਨੂੰ ਹਰਾ ਕੇ ਤੀਜੇ ਨੰਬਰ ਦੀ ਕੁਸ਼ਤੀ ਵਿੱਚ ਥਾ ਬਣਾਈ। ਫਾਈਨਲ ਮੁਕਾਬਲੇ ਵਿੱਚ ਪੂਰਵੀ ਨੇ ਸਾਰਧਾ ਸਕੂਲ ਰਾਜਸਥਾਨ ਦੀ ਪਹਿਲਵਾਨ ਨੂੰ ਚਿੱਤ ਕਰਕੇ ਬ੍ਰਾਊਜ ਮੈਡਲ ਜਿੱਤਿਆ।ਇਸ ਮੌਕੇ ਪੂਰਵੀ ਸ਼ਰਮਾ ਦੇ ਪਰਿਵਾਰ ਨੇ ਨੈਸ਼ਨਲ ਖੇਡਾਂ ਵਿੱਚ ਦੂਜੀ ਵਾਰ ਮੈਡਲ ਜਿੱਤਣ ਤੇ ਖੁਸ਼ੀਆਂ ਮਨਾਈਆਂ।ਇਸ ਮੌਕੇ ਅਖਾੜਾ ਮੁੱਲਾਂਪੁਰ ਗਰੀਬਦਾਸ ਦੇ ਪਹਿਲਵਾਨਾਂ ਵੱਲੋਂ ਵੀ ਪੂਰਵੀ ਸ਼ਰਮਾ ਨੂੰ ਵਧਾਈਆਂ ਦਿੱਤੀਆਂ ਗਈਆਂ।ਇਸ ਮੌਕੇ ਖੁਸ਼ੀ ਸਾਂਝੀ ਕਰਦਿਆਂ ਸਮਾਜ ਸੇਵੀ ਖੇਡ ਪ੍ਰਮੋਟਰ ਅਤੇ ਦਾਸ ਐਸੋਸੀਏਟ ਦੇ ਸੰਚਾਲਕ ਪੂਰਵੀ ਸ਼ਰਮਾ ਦੇ ਤਾਇਆ ਜੀ ਸ੍ਰੀ ਰਵੀ ਸ਼ਰਮਾ ਨੇ ਕਿਹਾ ਕਿ ਬੇਸ਼ੱਕ ਪਰਿਵਾਰ ਵਿੱਚ ਸ਼ੁਰੂ ਤੋਂ ਹੀ ਪਹਿਲਵਾਨੀ ਦਾ ਮਾਹੌਲ ਰਿਹਾ ਹੈ।ਪਰ ਪਰਿਵਾਰ ਦਾ ਓਲੰਪਿਕ ਖੇਡਾਂ ਵਿੱਚ ਮੈਡਲ ਜਿੱਤਣ ਦਾ ਸਪਨਾ ਅਜੇ ਪੂਰਾ ਨਹੀਂ ਹੋਇਆ। ਅਖਾੜਾ ਮੁੱਲਾਂਪੁਰ ਦਾ ਕੋਈ ਵੀ ਪਹਿਲਵਾਨ ਲੜਕਾ ਜਾਂ ਲੜਕੀ ਜਾਂ ਉਨ੍ਹਾਂ ਦੇ ਪਰਿਵਾਰ ਦਾ ਕੋਈ ਪਹਿਲਵਾਨ ਇੱਕ ਨਾ ਇੱਕ ਦਿਨ ਇਹ ਸਪਨਾ ਪੂਰਾ ਜ਼ਰੂਰ ਕਰੇਗਾ।ਇਸ ਮੌਕੇ ਅਖਾੜਾ ਮੁੱਲਾਂਪੁਰ ਵਿਚ ਪੂਰਵੀ ਸਮੇਤ ਹੋਰ ਵੀ ਕੁਝ ਇਲਾਕੇ ਦੀਆਂ ਧੀਆਂ ਸਖ਼ਤ ਮਿਹਨਤ ਕਰ ਰਹੀਆਂ ਹਨ। ਸਾਰਿਆਂ ਦੀ ਕੀਤੀ ਮਿਹਨਤ ਇੱਕ ਦਿਨ ਰੰਗ ਜ਼ਰੂਰ ਲਿਆਵੇਗੀ।

ਉਨ੍ਹਾਂ ਕਿਹਾ ਕਿ ਅਖਾੜਾ ਮੁੱਲਾਂਪੁਰ ਵਿਚ ਹੋਰਨਾਂ ਅਖਾੜਿਆਂ ਤੋਂ ਵੱਖ,, ਵਿਦੇਸ਼ਾਂ ਤੋਂ ਆਏ ਕੋਚ ਪਹਿਲਵਾਨਾਂ ਨੂੰ ਅਭਿਆਸ ਕਰਵਾਉਂਦੇ ਹਨ ਜਿਹੜੇ ਆਪ ਇੰਟਰਨੈਸ਼ਨਲ ਪੱਧਰ ਦੇ ਰੈਸਲਰ ਹਨ।ਇਹ ਹੀ ਆਸ ਹੈ ਕਿ ਉਹ ਦਿਨ ਦੂਰ ਨਹੀਂ ਜਦੋਂ ਇਸ ਅਖਾੜੇ ਦਾ ਕੋਈ ਨਾ ਕੋਈ ਪਹਿਲਵਾਨ ਦੇਸ਼ ਦੀ ਨੁਮਾਇੰਦਗੀ ਕਰੇਗਾ।ਇਸ ਮੌਕੇ ਉਨ੍ਹਾਂ ਤੋਂ ਇਲਾਵਾ ਕੁਲਤਾਰ ਪਹਿਲਵਾਨ, ਜਸਪੂਰਨ ਮੁੱਲਾਂਪੁਰ, ਹੈਪੀ ਮਹਿਰੋਲੀ, ਮਿਰਜ਼ਾ ਮੁੱਲਾਂਪੁਰ,ਰੇਜਾ ਮੁੱਲਾਂਪੁਰ, ਨੂਰ ਪਹਿਲਵਾਨ, ਇਰਫਾਨ ਮੁੱਲਾਂਪੁਰ ਨੇ ਵੀ ਪੂਰਵੀ ਨੂੰ ਨੈਸ਼ਨਲ ਰੈਸਲਿੰਗ ਚੈਂਪੀਅਨਸ਼ਿਪ ਵਿੱਚ ਮੈਡਲ ਜਿੱਤਣ ਤੇ ਵਧਾਈਆਂ ਦਿੱਤੀਆਂ।

# ਜੰਡ ਸਾਹਿਬ ਵਿਖੇ ਲੱਗਣ ਵਾਲੀ ਪੇਪਰ ਮਿੱਲ ਦੇ ਵਿਰੋਧ ਵਿੱਚ ਜਾਗਰੂਕਤਾ ਸੈਮੀਨਾਰ ਦਾ ਆਯੋਜਨ

**ਚਮਕੌਰ ਸਾਹਿਬ 30 ਅਪ੍ਰੈਲ**
**-ਕੌਮੀ ਪੱਤ੍ਰਿਕਾ ਬਿਊਰੋ-**

ਇਤਿਹਾਸਿਕ ਨਗਰੀ ਜੰਡ ਸਾਹਿਬ ਨੇੜੇ ਲੱਗ ਰਹੀ ਰੁਚੀਰਾ ਪੇਪਰ ਮਿੱਲ ਦੇ ਵਿਰੋਧ ਵਿੱਚ ਜਾਗਰੂਕਤਾ ਸੈਮੀਨਾਰ ਦਾ ਆਯੋਜਨ ਕੀਤਾ ਗਿਆ ਜਿਸ ਵਿੱਚ ਸ੍ਰੀ ਚਮਕੌਰ ਸਾਹਿਬ ਇਲਾਕੇ ਅਤੇ ਵੱਖੋ ਵੱਖਰੇ ਜਿਲਿਆਂ ਤੋਂ ਵੱਡੀ ਗਿਣਤੀ ਚ ਲੋਕਾਂ ਨੇ ਸ਼ਮੂਲੀਅਤ ਕੀਤੀ। ਪ੍ਰੈਸ ਨੂੰ ਜਾਣਕਾਰੀ ਦਿੰਦਿਆਂ ਹੋਇਆਂ

ਬੀਜੇਪੀ ਦੀ ਜ਼ਿਲ੍ਹਾ ਵਾਈਸ ਪ੍ਰਧਾਨ ਅਮਨਦੀਪ ਕੌਰ ਰਾਏ ਤੇ ਆਰਸੀ ਢੰਡ ਸਮਾਜ ਸੇਵੀ ਨੇ ਦੱਸਿਆ ਕਿ ਸ਼ਹੀਦਾਂ ਦੀ ਧਰਤੀ ਸ੍ਰੀ ਚਮਕੌਰ ਸਾਹਿਬ ਦੇ ਨਜ਼ਦੀਕੀ ਪਿੰਡ ਧੋਲਰਾਂ ਅਤੇ ਇਤਿਹਾਸਿਕ ਗੁਰਦੁਆਰਾ ਬੀੜ ਗੁਰੂ ਜੰਡ ਸਾਹਿਬ ਦੇ ਬਿਲਕੁਲ ਨਜਦੀਕ ਲੱਗਣ ਵਾਲੀ ਰੁਚੀਰਾ ਪੇਪਰ ਮਿਲ ਦੇ ਵਿਰੋਧ ਚ ਅੱਜ ਇਲਾਕੇ ਦੇ ਲੋਕਾਂ ਨੇ ਵੱਡੀ ਗਿਣਤੀ ਚ ਇੱਕਜੁੱਟ ਹੋ ਕੇ ਇਕੱਠ ਕੀਤਾ ਹੈ।

ਉਹਨਾਂ ਕਿਹਾ ਕਿ ਇਸ ਫੈਕਟਰੀ ਦੇ ਲੱਗਣ ਨਾਲ ਇਲਾਕੇ ਦੇ ਬਹੁਤ ਸਾਰੇ ਪਿੰਡ ਕੈਂਸਰ ਵਰਗੀਆਂ ਭਿਆਨਕ ਬਿਮਾਰੀਆਂ ਦੀ ਚਪੇਟ ਚ ਆ ਜਾਣਗੇ. ਅਤੇ ਪੂਰੇ ਇਲਾਕੇ ਦਾ ਪਾਣੀ ਦੂਸ਼ਿਤ ਹੋ ਜਾਵੇਗਾ. ਤੇ ਹਰਿਆ ਭਰਿਆ ਇਲਾਕਾ ਪ੍ਰਦੂਸ਼ਿਤ ਹੋ ਜਾਵੇਗਾ ਤੇ ਇਸੇ ਇਲਾਕੇ ਚ ਹਰਿਆ ਭਰਿਆ ਜੰਗਲ ਜਿਸ ਵਿੱਚ ਅਨੇਕਾਂ ਪਸ਼ੂ ਪੰਛੀਆਂ ਦਾ ਵੀ ਉਜਾੜਾ ਹੋਵੇਗਾ .ਉਹਨਾਂ ਇਹ ਵੀ ਕਿਹਾ ਕਿ ਅਸੀ ਇਸ ਮੋਰਚੇ ਦੇ ਨਾਲ ਡੱਟ ਕੇ ਖੜੇ ਹਾਂ।

ਭਰਮੇ ਇਕੱਠ ਨੂੰ ਸੰਬੋਧਨ ਕਰਦੇ ਹੋਏ ਪਹੁੰਚੇ ਲੱਖਾ ਸਿਧਾਣਾ ਅਤੇ ਅਮਿਤੋਜ ਮਾਨ ਨੇ ਇਸ ਫੈਕਟਰੀ ਤੋਂ ਹੋਣ ਵਾਲੇ ਨੁਕਸਾਨ ਬਾਰੇ ਲੋਕਾਂ ਨੂੰ ਜਾਗਰੂਕ ਕੀਤਾ ਉਹਨਾਂ ਦੱਸਿਆ ਕਿ ਆਉਣ ਵਾਲੀਆਂ ਨਸਲਾਂ ਨੂੰ ਬਚਾਉਣ ਲਈ ਵੱਡੀ ਗਿਣਤੀ ਚ ਇਕੱਠੇ ਹੋ ਕੇ ਲੱਗਣ ਵਾਲੀ ਇਸ ਪੇਪਰ ਮਿਲ ਦਾ ਵਿਰੋਧ ਕੀਤਾ ਜਾਵੇਗਾ ਉਹਨਾਂ ਨੇ 30 ਤਰੀਕ ਨੂੰ ਪ੍ਰਸ਼ਾਸਨ ਵੱਲੋਂ ਰੱਖੀ ਗਈ ਪਬਲਿਕ ਹੇਅਰਿੰਗ ਚ ਪੂਰੇ ਪੰਜਾਬ ਭਰ ਚੋਂ ਵਾਤਾਵਰਨ ਪ੍ਰੇਮੀਆਂ ਤੇ ਜਾਗਦੀਆਂ ਜਮੀਰਾਂ ਵਾਲਿਆਂ ਨੂੰ ਪਹੁੰਚਣ ਦੀ ਅਪੀਲ ਕੀਤੀ। ਇਸ ਮੌਕੇ ਭਾਰੀ ਗਿਣਤੀ ਵਿੱਚ ਲੋਕ ਹਾਜ਼ਰ ਸਨ।



# ਨਗਰ ਕੌਂਸਲ ਫਾਜ਼ਿਲਕਾ ਵੱਲੋਂ ਬੀਤੀ ਰਾਤ ਫਾਜ਼ਿਲਕਾ ਦੇ ਅੰਡਰਬ੍ਰਿਜ ਤੋਂ ਲੈ ਕੇ ਬੱਸ ਸਟੈਂਡ ਰੋਡ, ਮਲੋਟ ਚੌਕ ਤੱਕ ਕੀਤੀ ਗਈ ਸਾਫ ਸਫਾਈ

**ਫਾਜ਼ਿਲਕਾ, 30 ਅਪ੍ਰੈਲ**
**-ਕੌਮੀ ਪੱਤ੍ਰਿਕਾ ਬਿਊਰੋ-**

ਡਿਪਟੀ ਕਮਿਸ਼ਨਰ ਫਾਜ਼ਿਲਕਾ ਅਮਰਪ੍ਰੀਤ ਕੌਰ ਸੰਧੂ ਦੇ ਦਿਸ਼ਾ-ਨਿਰਦੇਸ਼ਾ ਅਤੇ ਵਧੀਕ ਡਿਪਟੀ ਕਮਿਸ਼ਨਰ (ਜ) ਡਾ. ਮਨਦੀਪ ਕੌਰ ਦੇ ਮਾਰਗਦਰਸ਼ਨ ਤੇ ਕਾਰਜਸਾਧਕ ਅਫਸਰ ਰੋਹਿਤ ਕੜਵਾਸਰਾ ਦੀ ਅਗਵਾਈ ਹੇਠ ਨਗਰ ਕੌਂਸਲ ਫਾਜ਼ਿਲਕਾ ਵੱਲੋਂ ਦਿਨ ਦੇ ਨਾਲ ਨਾਲ ਰਾਤਰੀ ਦੌਰਾਨ ਵੀ ਸਫਾਈ ਅਭਿਆਨ ਚਲਾਇਆ ਜਾ ਰਿਹਾ ਹੈ। ਇਸੇ ਤਹਿਤ ਹੀ ਬੀਤੀ ਰਾਤ ਨਗਰ ਕੌਂਸਲ ਫਾਜ਼ਿਲਕਾ ਵੱਲੋਂ ਫਾਜ਼ਿਲਕਾ ਦੇ ਅੰਡਰਬ੍ਰਿਜ ਤੋਂ ਲੈ ਕੇ ਬੱਸ ਸਟੈਂਡ ਰੋਡ, ਮਲੋਟ ਚੌਂਕ ਤੱਕ ਸਾਫ ਸਫਾਈ ਕੀਤੀ ਗਈ ਅਤੇ ਨਗਰ ਕੌਂਸਲ ਦੇ ਸਫਾਈ ਸੇਵਕਾਂ ਤੋਂ ਕੂੜਾ ਚੁਕਵਾਇਆ ਗਿਆ।

ਇਹ ਜਾਣਕਾਰੀ ਦਿੰਦਿਆਂ ਕਾਰਜ ਸਾਧਕ ਅਫਸਰ ਨਗਰ ਕੌਂਸਲ ਰੋਹਿਤ ਕੜਵਾਸਰਾ ਨੇ ਦੱਸਿਆ ਕਿ ਇਸ ਰੋਡ ਤੇ ਦਿਨ ਦੇ ਸਮੇਂ ਕਾਫੀ ਟ੍ਰੈਫਿਕ ਹੁੰਦਾ ਹੈ, ਜਿਸ ਨੂੰ ਦੇਖਦਿਆਂ ਰਾਤਰੀ ਸਮੇਂ ਇਹ ਸਫਾਈ ਕਾਰਜ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਹੁਣ ਇਸ ਤਰ੍ਹਾਂ ਸੜਕਾਂ ਤੇ ਆਲੇ ਦੁਆਲੇ ਦੀ ਸਾਫ ਸਫਾਈ ਨਾਲ ਲੋਕਾਂ ਨੂੰ ਸਵੇਰੇ ਸਾਫ ਤੇ ਸ਼ੁੱਧ ਵਾਤਾਵਰਨ ਮਿਲੇਗਾ। ਉਨ੍ਹਾਂ ਕਿਹਾ ਕਿ ਨਗਰ ਕੌਂਸਲ ਵੱਲੋਂ ਵਿਸ਼ੇਸ਼ ਟੀਮਾ ਤਾਇਨਾਤ ਕੀਤੀਆ ਗਈਆ ਹਨ ਜੋ ਰੋਜ਼ਾਨਾ ਰਾਤ ਨੂੰ ਸਾਫ਼-ਸਫ਼ਾਈ ਦਾ ਕੰਮ ਸੰਭਾਲ ਰਹੀਆਂ ਹਨ ਤਾਂ ਜੋ ਸ਼ਹਿਰ ਦੀ ਖੁਬਸੂਰਤੀ ਨੂੰ ਕਾਇਮ ਰੱਖਿਆ ਜਾ ਸਕੇ। ਉਨ੍ਹਾਂ ਸਹਿਰ ਵਾਸੀਆਂ ਨੂੰ ਖੁੱਲ੍ਹੇ ਵਿੱਚ ਕੂੜਾ ਤੇ ਹੋਰ ਗੰਦਗੀ ਨਾ ਸੁੱਟਣ ਦੀ ਅਪੀਲ ਕੀਤੀ ਗਈ।ਸੁਪਰਡੰਟ ਸ੍ਰੀ ਨਰੇਸ਼ ਖੇੜਾ ਅਤੇ ਸੈਨਟਰੀ ਇੰਸਪੈਕਟਰ ਜਗਦੀਪ ਸਿੰਘ ਨੇ ਸ਼ਹਿਰ ਵਾਸੀਆ ਨੂੰ ਅਪੀਲ ਕੀਤੀ ਕਿ ਉਹ ਆਪਣੇ ਘਰਾ ਅਤੇ ਦੁਕਾਨਾਂ ਦਾ ਕੂੜਾ ਗਿੱਲਾ ਅਤੇ ਸੁੱਕਾ ਵੱਖਰਾ ਵੱਖਰਾ ਕਰਕੇ ਹੀ ਸਫਾਈ ਸੇਵਕਾਂ ਨੂੰ ਦਿੱਤਾ ਜਾਵੇ। ਇਸ ਤੋਂ ਇਲਾਵਾ ਪਾਬੰਦੀਸ਼ੁਦਾ ਪਲਾਸਟਿਕ ਤੇ ਲਿਫਾਫਿਆਂ ਦੀ ਵਰਤੋਂ ਨਾ ਕੀਤੀ ਜਾਵੇ ਅਤੇ ਬਾਜ਼ਾਰ ਖਰੀਦਦਾਰੀ ਕਰਦੇ ਸਮੇਂ ਕੱਪੜੇ ਦਾ ਥੈਲਾ ਨਾਲ ਲੈ ਜਾਇਆ ਜਾਵੇ। ਉਨ੍ਹਾਂ ਕਿਹਾ ਕਿ ਇਹ ਅਭਿਆਨ ਲੋਕਾਂ ਦੇ ਸਹਿਯੋਗ ਨਾਲ ਹੀ ਸੰਭਵ ਹੋ ਸਕਦੇ ਹਨ ਇਸ ਕਰਕੇ ਨਗਰ ਕੌਂਸਲ ਦੇ ਸਫਾਈ-ਸੇਵਕਾਂ ਨਾਲ ਸਹਿਯੋਗ ਕਰਕੇ ਕੂੜਾ ਕਰਨ ਖੁੱਲ੍ਹੇ ਵਿੱਚ ਸੜਕਾਂ ਤੇ ਨਾ ਸੁੱਟਿਆ ਜਾਵੇ।



# ਸਰਕਾਰੀ ਬਿਕਰਮ ਕਾਲਜ ਆਫ਼ ਕਾਮਰਸ ਦਾ ਸਾਲਾਨਾ ਇਨਾਮ ਵੰਡ ਸਮਾਰੋਹ ਉਤਸ਼ਾਹ ਨਾਲ ਮਨਾਇਆ



**ਪਟਿਆਲਾ, 30 ਅਪ੍ਰੈਲ**
**-ਅਮਰਜੀਤ ਸਿੰਘ ਲਾਂਬਾ-**
**-ਕੌਮੀ ਪੱਤ੍ਰਿਕਾ ਬਿਊਰੋ-**

ਸਰਕਾਰੀ ਬਿਕਰਮ ਕਾਲਜ ਆਫ਼ ਕਾਮਰਸ ਦਾ ਸਾਲਾਨਾ ਇਨਾਮ ਵੰਡ ਸਮਾਰੋਹ ਬੜੇ ਉਤਸਾਹ ਨਾਲ ਆਯੋਜਿਤ ਕੀਤਾ ਗਿਆ। ਇਹ ਸਮਾਗਮ 80 ਸਾਲਾਂ ਦੀ ਅਕਾਦਮਿਕ ਉੱਤਮਤਾ ਦੇ ਜਸਨ ਨੂੰ ਸਮਰਪਿਤ ਸੀ। ਇਹ ਸਮਾਗਮ ਕਾਲਜ ਪ੍ਰਿੰਸੀਪਲ ਪ੍ਰੋ ਡਾ ਕੁਸਮ ਲਤਾ ਦੀ ਯੋਗ ਅਗਵਾਈ ਹੇਠ ਆਯੋਜਿਤ ਕੀਤਾ ਗਿਆ।ਇਸ ਸਮਾਗਮ ਵਿੱਚ ਸ੍ਰੀ ਪ੍ਰਵੀਨ ਚੰਦਰ ਪ੍ਰਸ਼ਾਦ ਖੇਤਰੀ ਪ੍ਰਬੰਧਕ ਐਸਬੀਆਈ,ਆਰ ਬੀ ਓ 3, ਪਟਿਆਲਾ ਦਾ ਮੁੱਖ ਮਹਿਮਾਨ ਅਤੇ ਸ੍ਰੀ ਚਮਨ ਕੁਮਾਰ ਸਰੋਆ ਮੁੱਖ ਪ੍ਰਬੰਧਕ ਐਸਬੀਆਈ,ਆਰ ਬੀ ਓ 3, ਵਿਸ਼ੇਸ਼ ਮਹਿਮਾਨ ਵਜੋਂ ਸ਼ਿਰਕਤ ਕੀਤੀ। ਪ੍ਰੋਗਰਾਮ ਦੀ ਸ਼ੁਰੂਆਤ ਸ਼ੁਭ ਜੋਤ ਰੋਸ਼ਨ ਕਰਨ ਅਤੇ ਰਵਾਇਤੀ ਕਾਲਜ ਧੁਰੀ ਨਾਲ ਹੋਈ ?। ਇਹ ਰਸਮਾਂ ਸੰਸਥਾ ਦੀ ਅਧਿਆਤਮਿਕ ਅਤੇ ਸਭਿਆਚਾਰਕ ਵਿਰਾਸਤ ਨੂੰ ਦਰਸਾਉਂਦੀਆਂ ਹਨ। ਮੁੱਖ ਮਹਿਮਾਨ ਦਾ ਸਵਾਗਤ ਜੀਵੰਤ ਪੌਦਾ ਦੇ ਕੇ ਕੀਤਾ ਗਿਆ। ਇਹ ਪ੍ਰਤੀਕਾਤਮਕ ਸੰਕੇਤ ਕਾਲਜ ਦੀ ਵਾਤਾਵਰਣ-ਚੇਤਨਾ ਪ੍ਰਤੀ ਵਚਨਬੱਧਤਾ ਨੂੰ ਦਰਸਾਉਂਦਾ ਹੈ ਇਸ ਮੌਕੇ ਪਹਿਲਗਾਮ ਵਿਚ ਅੱਤਵਾਦੀ ਹਮਲੇ ਨਾਲ ਸ਼ਹੀਦ ਹੋਏ ਟੂਰਿਸਟਾਂ ਨੂੰ ਸ਼ਰਧਾਂਜਲੀ ਦਿੱਤੀ ਗਈ।

ਕਾਲਜ ਦੀ ਸਾਲਾਨਾ ਰਿਪੋਰਟ ਪ੍ਰਿੰਸੀਪਲ ਪ੍ਰੋ. (ਡਾ.) ਕੁਸੁਮ ਲਤਾ ਦੁਆਰਾ ਪੇਸ਼ ਕੀਤੀ ਗਈ। ਉਨ੍ਹਾਂ ਨੇ ਸੰਸਥਾ ਦੀਆਂ ਅਕਾਦਮਿਕ ਸਭਿਆਚਾਰਕ ਅਤੇ ਪਾਠਕ੍ਰਮ ਤੋਂ ਬਾਹਰਲੀਆਂ ਪ੍ਰਾਪਤੀਆਂ ਨੂੰ ਉਜਾਗਰ ਕੀਤਾ। ਉਨ੍ਹਾਂ ਦੀ ਰਿਪੋਰਟ ਕਾਲਜ ਦੇ ਅਕਾਦਮਿਕਉੱਤਮਤਾ ਵਿਦਿਆਰਥੀਆਂ ਦੇ ਸੰਪੂਰਨ ਵਿਕਾਸ ਅਤੇ ਭਾਈਚਾਰਕ ਸੇਵਾ ਪ੍ਰਤੀ ਨਿਰੰਤਰ ਯਤਨਾਂ ਨੂੰ ਦਰਸਾਉਂਦੀ ਹੈ। ਅਕਾਦਮਿਕ ਖੇਤਰ ਵਿਚ ਮਾਣਮੱਤਾ ਸਥਾਨ ਪ੍ਰਾਪਤ ਕਰਨ ਵਾਲੇ 9 ਵਿਦਿਆਰਥੀਆਂ ਨੂੰ ਐਵਾਰਡ ਆਫ ਪੁਰਸਕਾਰ ਦਿੱਤੇ ਗਏ। ਸਤਰੰਜ ਵਿਚ ਸ਼ਾਨਦਾਰ ਪ੍ਰਦਰਸ਼ਨ ਲਈ ਖੇਡ ਸ਼੍ਰੇਣੀ ਵਿੱਚ ਇੱਕ ਵਿਦਿਆਰਥੀ ਨੂੰ ਰੋਲ ਆਫ ਆਨਰ ਦਿੱਤਾ ਗਿਆ। 5 ਵਿਦਿਆਰਥੀਆਂ ਨੂੰ ਐਨ ਐਸ ਐਸ ਖੇਡਾਂ ਅਤੇ ਸਭਿਆਚਾਰਕ ਗਤੀਵਿਧੀਆਂ ਵਿਚ ਮਹੱਤਵਪੂਰਨ ਯੋਗਦਾਨ ਲਈ ਕਾਲਜ ਕਲਰ ਪ੍ਰਦਾਨ ਕੀਤੇ ਗਏ। 107 ਵਿਦਿਆਰਥੀਆਂ ਮੈਰਿਟ ਸਰਟੀਫਿਕੇਟ ਵੰਡੇ ਗਏ ਜਿਨ੍ਹਾਂ ਨੇ ਆਪਣੇ -ਆਪਣੇ ਖੇਤਰਾਂ ਵਿਚ ਸ਼ਾਨਦਾਰ ਪ੍ਰਦਰਸ਼ਨ ਕੀਤਾ। ਵੱਖ ਵੱਖ ਸ਼੍ਰੇਣੀਆਂ ਵਿਚ ਸ਼ਾਨਦਾਰ ਯਤਨ ਅਤੇ ਪ੍ਰਗਤੀ ਦਾ ਪ੍ਰਦਰਸ਼ਨ ਕਰਨ ਵਾਲੇ 58 ਵਿਦਿਆਰਥੀਆਂ ਨੂੰ ਪ੍ਰਸ਼ੰਸਾ ਪੱਤਰ ਪ੍ਰਦਾਨ ਕੀਤੇ ਗਏ। ਇਸ ਦੇ ਨਾਲ ਹੀ ਪ੍ਰਧਾਨਗੀ ਮੰਡਲ ਦੁਆਰਾ ਸੈਸ਼ਨ 2025-2026 ਦਾ ਪ੍ਰਾਸਪੈਕਟ ਜਾਰੀ ਕੀਤਾ ਗਿਆ।ਮੁੱਖ ਮਹਿਮਾਨ ਖ਼ੇਤਰੀ ਪ੍ਰਬੰਧਕ ਸ੍ਰੀ ਪ੍ਰਵੀਨ ਚੰਦਰ ਪ੍ਰਸ਼ਾਦ ਨੇ ਆਪਣੇ ਸੰਬੋਧਨ ਵਿਚ ਕਾਲਜ ਦੇ ਸਮੁੱਚੇ ਵਿਕਾਸ ਅਤੇ ਜੀਵੰਤ ਭਾਵਨਾ ਲਈ ਪ੍ਰਸ਼ੰਸਾ ਕੀਤੀ ਉਨ੍ਹਾਂ ਨੇ ਪ੍ਰਿੰਸੀਪਲ ਫੈਕਲਟੀ ਅਤੇ ਵਿਦਿਆਰਥੀਆਂ ਦੇ ਅਣਥੱਕ ਯਤਨਾਂ ਦੀ ਸ਼ਲਾਘਾ ਕੀਤੀ ਅਤੇ ਅਕਾਦਮਿਕ ਪਾਠਕ੍ਰਮ ਤੋਂ ਇਲਾਵਾ ਹੋਰ ਗਤੀਵਿਧੀਆਂ ਵਿਚਕਾਰ ਸੰਤੁਲਨ ਬਣਾਈ ਰੱਖਣ ਦੀ ਮਹੱਤਤਾ ਤੇ ਜੋਰ ਦਿੱਤਾ।ਇਸ ਪ੍ਰੋਗਰਾਮ ਦਾ ਸੰਚਾਲਨ ਡਾ ਪਰਮਜੀਤ ਸਿੰਘ ਅਤੇ ਡਾ ਗੀਤੂ ਕਪੂਰ ਦੁਆਰਾ ਸ਼ਾਨਦਾਰ ਢੰਗ ਨਾਲ ਕੀਤਾ ਗਿਆ। ਪ੍ਰੋਗਰਾਮ ਦੇ ਸਿਖਰ ਤੇ ਡਾ ਜਸਪ੍ਰੀਤ ਕੌਰ ਦੁਆਰਾ ਆਏ ਮਹਿਮਾਨਾਂ ਅਤੇ ਪ੍ਰੋਗਰਾਮ ਨੂੰ ਸਪਾਂਸਰ ਕਰਨ ਵਾਲ਼ੀ ਸੰਸਥਾ ਐਸਬੀਆਈ ਦਾ ਧੰਨਵਾਦ ਕੀਤਾ ਗਿਆ। ਮੁੱਖ ਮਹਿਮਾਨ , ਵਿਸ਼ੇਸ਼ ਮਹਿਮਾਨ, ਪ੍ਰਿੰਸੀਪਲ, ਫੈਕਲਟੀ, ਵਿਦਿਆਰਥੀ ਅਤੇ ਹੋਰ ਸ਼ਾਰੇ ਪਤਵੰਤੇ ਮਹਿਮਾਨਾਂ ਨੇ ਸਾਲਾਨਾ ਇਨਾਮ ਵੰਡ ਸਮਾਰੋਹ ਨੂੰ ਇੱਕ ਸਫਲ ਪ੍ਰੋਗਰਾਮ ਬਨਾਉਣ ਵਿੱਚ ਯੋਗਦਾਨ ਪਾਇਆ। ਇਸ ਮੌਕੇ ਪੀ ਟੀ ਏ ਦੇ ਮੈਂਬਰ ਹਾਜ਼ਰ ਰਹੇ। ਪ੍ਰੋਗਰਾਮ ਦਾ ਸਮਾਪਨ ਰਾਸ਼ਟਰੀ ਗੀਤ ਨਾਲ ਹੋਇਆ। ਇਸ ਤੋਂ ਬਾਅਦ ਮਹਿਮਾਨਾਂ, ਸਟਾਫ ਅਤੇ ਵਿਦਿਆਰਥੀਆਂ ਲਈ ਰਿਫਰੈਸ਼ਮੈਂਟ ਦਾ ਪ੍ਰਬੰਧ ਕੀਤਾ ਗਿਆ।

# ਪਟਿਆਲਾ ਜ਼ਿਲ੍ਹੇ 'ਚ ਹੁਣ ਤੱਕ 834663 ਮੀਟ੍ਰਿਕ ਟਨ ਕਣਕ ਦੀ ਖਰੀਦ ਡੀ.ਸੀ.

**ਪਟਿਆਲਾ, 30 ਅਪ੍ਰੈਲ**
**-ਕੌਮੀ ਪੱਤ੍ਰਿਕਾ ਬਿਊਰੋ-**

ਪਟਿਆਲਾ ਜ਼ਿਲ੍ਹੇ ਦੀਆਂ ਮੰਡੀਆਂ ਵਿੱਚੋਂ ਇਸ ਰੱਬੀ ਸੀਜਨ ਦੌਰਾਨ ਬੀਤੀ ਸ਼ਾਮ ਤੱਕ 834665 ਮੀਟ੍ਰਿਕ ਟਨ ਕਣਕ ਦੀ ਖਰੀਦ ਹੋਈ ਹੈ। ਇਹ ਜਾਣਕਾਰੀ ਦਿੰਦਿਆਂ ਡਿਪਟੀ ਕਮਿਸ਼ਨਰ ਡਾ. ਪ੍ਰੀਤੀ ਯਾਦਵ ਨੇ ਦੱਸਿਆ ਕਿ ਮੰਡੀਆਂ ਵਿੱਚੋਂ ਖਰੀਦੀ ਕਣਕ ਦੀ ਲਿਫਟਿੰਗ ਵਿੱਚ ਤੇਜੀ ਲਿਆਂਦੀ ਗਈ ਹੈ। ਡਿਪਟੀ ਕਮਿਸ਼ਨਰ ਨੇ ਕਣਕ ਦੀ ਸਮੁੱਚੀ ਖਰੀਦ ਪ੍ਰਕ੍ਰਿਆ ਦਾ ਜਾਇਜ਼ਾ ਲੈਣ ਲਈ ਸਮੂਹ ਐਸ.ਡੀ.ਐਮਜ, ਜ਼ਿਲ੍ਹਾ ਖੁਰਾਕ ਤੇ ਸਿਵਲ ਸਪਲਾਈਜ਼ ਕੰਟਰੋਲਰ, ਜ਼ਿਲ੍ਹਾ ਮੰਡੀ ਅਫ਼ਸਰ, ਖਰੀਦ ਏਜੰਸੀਆਂ ਪਨਗ੍ਰੇਨ, ਮਾਰਕਫੈਡ, ਪਨਸਪ, ਵੇਅਰਹਾਊਸ ਤੇ ਐਫ.ਸੀ.ਆਈ ਦੇ ਜ਼ਿਲ੍ਹਾ ਮੈਨੇਜਰਾਂ ਨਾਲ ਮੀਟਿੰਗ ਕੀਤੀ।

ਡਾ. ਪ੍ਰੀਤੀ ਯਾਦਵ ਨੇ ਦੱਸਿਆ ਕਿ ਮੰਡੀਆਂ ਵਿੱਚੋਂ ਖਰੀਦੀ ਜਿਣਸ ਦੀ ਹੁਣ ਤੱਕ ਕਿਸਾਨਾਂ ਨੂੰ 1816.56 ਕਰੋੜ ਰੁਪਏ ਦੀ ਅਦਾਇਗੀ ਕੀਤੀ ਗਈ ਹੈ। ਉਨ੍ਹਾਂ ਦੱਸਿਆ ਕਿ ਬੀਤੀ ਸ਼ਾਮ ਤੱਕ ਪਟਿਆਲਾ ਜ਼ਿਲ੍ਹੇ ਦੀਆਂ ਮੰਡੀਆਂ 'ਚ 855010 ਮੀਟ੍ਰਿਕ ਟਨ ਕਣਕ ਦੀ ਆਮਦ ਹੋਈ ਸੀ, ਜਿਸ ਵਿੱਚੋਂ 834665 ਮੀਟ੍ਰਿਕ ਟਨ ਕਣਕ ਦੀ ਖਰੀਦ ਹੋ ਚੁੱਕੀ ਹੈ। ਉਨ੍ਹਾਂ ਦੱਸਿਆ ਕਿ ਰੋਜ਼ਾਨਾ 40 ਹਜ਼ਾਰ ਮੀਟ੍ਰਿਕ ਟਨ ਕਣਕ ਦੀ ਲਿਫਟਿੰਗ ਕੀਤੀ ਜਾ ਰਹੀ ਹੈ ਤੇ ਇਸ 'ਚ ਹੋਰ ਵੀ ਤੇਜੀ ਲਿਆਉਣ ਦੇ ਨਿਰਦੇਸ਼ ਜਾਰੀ ਕੀਤੇ ਗਏ ਹਨ ਏਜੰਸੀ ਵਾਰ ਕਣਕ ਦੀ ਖਰੀਦ ਦੇ ਵੇਰਵੇ ਦਿੰਦਿਆਂ ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਪਨਗ੍ਰੇਨ ਵੱਲੋਂ 270153 ਮੀਟ੍ਰਿਕ ਟਨ, ਮਾਰਕਫੈਡ ਵੱਲੋਂ 210720 ਮੀਟ੍ਰਿਕ ਟਨ, ਪਨਸਪ ਵੱਲੋਂ 170357 ਮੀਟ੍ਰਿਕ ਟਨ, ਪੰਜਾਬ ਵੇਅਰ ਹਾਊਸ ਵੱਲੋਂ 120457 ਮੀਟ੍ਰਿਕ ਟਨ ਅਤੇ ਵਪਾਰੀਆਂ ਵੱਲੋਂ 62978 ਮੀਟ੍ਰਿਕ ਟਨ ਕਣਕ ਦੀ ਖਰੀਦ ਕੀਤੀ ਗਈ ਹੈ।

# ਬੀਐਸਐਫ ਨੇ ਕਣਕ ਦੀ ਕਟਾਈ ਸਬੰਧੀ ਪਿੰਡਾਂ ਵਿੱਚ ਕੋਈ ਅਨਾਊਂਸਮੈਂਟ ਨਹੀਂ ਕਰਵਾਈ- ਡਿਪਟੀ ਕਮਿਸ਼ਨਰ

**ਅੰਮ੍ਰਿਤਸਰ, 30 ਅਪ੍ਰੈਲ**
**-ਕੌਮੀ ਪੱਤ੍ਰਿਕਾ ਬਿਊਰੋ-**

ਡਿਪਟੀ ਕਮਿਸ਼ਨਰ ਅੰਮ੍ਰਿਤਸਰ ਸ੍ਰੀਮਤੀ ਸਾਕਸ਼ੀ ਸਾਹਨੀ ਨੇ ਇਹ ਸਪਸ਼ਟ ਕੀਤਾ ਹੈ ਕਿ ਬੀਐਸਐਫ ਨੇ ਸਰਹੱਦੀ ਪਿੰਡਾਂ ਵਿੱਚ ਕਣਕ ਦੀ ਕਟਾਈ ਸਬੰਧੀ ਕੋਈ ਅਨਾਊਂਸਮੈਂਟ ਨਹੀਂ ਕਰਵਾਈ । ਉਹਨਾਂ ਨੇ ਦੱਸਿਆ ਕਿ ਇਸ ਸਬੰਧ ਵਿੱਚ ਮੇਰੀ ਆਈ ਜੀ ਬੀਐਸਐਫ ਨਾਲ ਗੱਲ ਹੋਈ ਹੈ।

# ਪੰਜਾਬ ਤੋਂ ਵਾਧੂ ਪਾਣੀ ਦੀ ਉਮੀਦ ਨਾ ਰੱਖੇ ਹਰਿਆਣਾ: ਭਗਵੰਤ ਮਾਨ

**ਭਾਖੜਾ ਬਿਆਸ ਮੈਨੇਜਮੈਂਟ ਬੋਰਡ ਦੀ ਉੱਚ ਪੱਧਰੀ ਮੀਟਿੰਗ ਦੌਰਾਨ ਅਧਿਕਾਰੀਆਂ 'ਚ ਤਲਖ਼ੀ**

**ਚੰਡੀਗੜ੍ਹ, 30 ਅਪ੍ਰੈਲ**
**-ਕੌਮੀ ਪੱਤ੍ਰਿਕਾ ਬਿਊਰੋ-**



ਮੁੱਖ ਮੰਤਰੀ ਭਗਵੰਤ ਮਾਨ ਨੇ ਅੱਜ ਹਰਿਆਣਾ ਨੂੰ ਵਾਧੂ ਪਾਣੀ ਦੇਣ ਤੋਂ ਸਾਫ਼ ਇਨਕਾਰ ਕਰਦਿਆਂ ਕਿਹਾ ਕਿ ਪੰਜਾਬ ਕੋਲ ਇੱਕ ਬੂੰਦ ਵੀ ਪਾਣੀ ਫ਼ਾਲਤੂ ਨਹੀਂ ਜਿਸ ਕਰਕੇ ਹਰਿਆਣਾ ਇਸ ਸਬੰਧੀ ਪੰਜਾਬ ਤੋਂ ਕੋਈ ਉਮੀਦ ਨਾ ਰੱਖੇ। ਉਨ੍ਹਾਂ ਕਿਹਾ ਕਿ ਪਾਕਿਸਤਾਨ ਦੇ ਦਰਿਆਵਾਂ ਨੂੰ ਜਾਣ ਵਾਲਾ ਪਾਣੀ ਪੰਜਾਬ ਦੇ ਡੈਮਾਂ ਵਿੱਚ ਛੱਡਿਆ ਜਾਵੇ ਤਾਂ ਹੀ ਉਹ ਪਾਣੀ ਹਰਿਆਣਾ ਨੂੰ ਦਿੱਤਾ ਜਾ ਸਕਦਾ ਹੈ।

ਉਨ੍ਹਾਂ ਭਾਜਪਾ ਨੂੰ ਪਾਣੀ ਦੇ ਮਾਮਲੇ 'ਤੇ ਕੋਝੀ ਸਿਆਸਤ ਕਰਨ ਤੋਂ ਬਾਜ਼ ਆਉਣ ਲਈ ਕਿਹਾ ਹੈ। ਭਗਵੰਤ ਮਾਨ ਨੇ ਕਿਹਾ ਕਿ ਭਾਜਪਾ ਬੀਬੀਐੱਮਬੀ ਦੇ ਜ਼ਰੀਏ ਪੰਜਾਬ 'ਤੇ ਦਬਾਅ ਬਣਾ ਰਹੀ ਹੈ ਪਰ ਪੰਜਾਬ ਕਿਸੇ ਵੀ ਦਬਾਅ ਅੱਗੇ ਝੁਕੇਗਾ ਨਹੀਂ।

ਉਨ੍ਹਾਂ ਕਿਹਾ ਕਿ ਹਰਿਆਣਾ ਦਰਿਆਵਾਂ ਦੇ ਪਾਣੀ 'ਚੋਂ ਆਪਣੇ ਬਣਦੇ ਹਿੱਸੇ ਤੋਂ ਜ਼ਿਆਦਾ 103 ਫ਼ੀਸਦੀ ਪਾਣੀ ਵਰਤ ਚੁੱਕਾ ਹੈ ਜਦੋਂ ਕਿ ਪੰਜਾਬ ਵਿੱਚ ਹੁਣ ਪਾਣੀ ਦੀ ਮੰਗ ਵਧ ਰਹੀ ਹੈ। ਉਨ੍ਹਾਂ ਕਿਹਾ ਕਿ ਪੁਰਾਣੀਆਂ ਸਰਕਾਰਾਂ ਸਮੇਂ ਹਰਿਆਣਾ ਨੂੰ ਪੰਜਾਬ ਵਾਧੂ ਪਾਣੀ ਦੇ ਦਿੰਦਾ ਸੀ ਪਰ ਹੁਣ ਪੰਜਾਬ ਸਰਕਾਰ ਲਈ ਆਪਣਾ ਸੂਬਾ ਤਰਜੀਹੀ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਪੰਜਾਬ ਇਨਸਾਨੀ ਅਧਾਰ 'ਤੇ ਪਹਿਲਾਂ ਹੀ ਪੀਣ ਵਾਲੇ ਪਾਣੀ ਵਾਸਤੇ ਹਰਿਆਣਾ ਨੂੰ ਚਾਰ ਹਜ਼ਾਰ ਕਿਊਸਿਕ ਪਾਣੀ ਦੇ ਰਿਹਾ ਹੈ ਪਰ ਹੁਣ ਹਰਿਆਣਾ ਹੋਰ ਪਾਣੀ ਦੀ ਪੰਜਾਬ ਤੋਂ ਉਮੀਦ ਨਾ ਰੱਖੇ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਨੇ ਆਪਣੇ ਪੁਰਾਣੇ ਰਜਵਾਹੇ ਮੁੜ ਸੁਰਜੀਤ ਕੀਤੇ ਹਨ ਜਿਸ ਕਰਕੇ ਖ਼ੁਦ ਪੰਜਾਬ ਵਿੱਚ ਪਾਣੀ ਦੀ ਮੰਗ ਵਧ ਗਈ ਹੈ। ਦੱਸਣਯੋਗ ਹੈ ਕਿ ਭਾਖੜਾ ਬਿਆਸ ਮੈਨੇਜਮੈਂਟ ਬੋਰਡ (22$2) ਦੀ ਉੱਚ ਪੱਧਰੀ ਮੀਟਿੰਗ ਵਿੱਚ ਲੰਘੇ ਕੱਲ੍ਹ ਹਰਿਆਣਾ ਨੇ ਪੰਜਾਬ ਤੋਂ 8500 ਕਿਊਸਿਕ ਪਾਣੀ ਦੀ ਮੰਗ ਕੀਤੀ ਸੀ ਪਰ ਪੰਜਾਬ ਸਰਕਾਰ ਨੇ ਮੀਟਿੰਗ ਵਿੱਚ ਇਹ ਪਾਣੀ ਦੇਣ ਤੋਂ ਸਾਫ਼ ਇਨਕਾਰ ਕਰ ਦਿੱਤਾ ਸੀ। ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਵੀ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨੂੰ ਇਸ ਬਾਰੇ ਇੱਕ ਪੱਤਰ ਲਿਖਿਆ ਸੀ।

# ਸੰਸਦੀ ਚੋਣਾਂ 'ਚ ਲਿਬਰਲ ਪਾਰਟੀ 7 ਸੀਟਾਂ ਨਾਲ ਸਪਸ਼ਟ ਬਹੁਮਤ ਤੋਂ ਖੁੰਝੀ

**ਵੱਡੇ ਫ਼ਰਕ ਨਾਲ ਜਿੱਤੇ ਮਾਰਕ ਕਾਰਨੀ ਬਣਾਉਣਗੇ ਘੱਟਗਿਣਤੀ ਸਰਕਾਰ; ਨਿਊ ਡੈਮੋਕਰੈਟਿਕ ਪਾਰਟੀ ਜਗਮੀਤ ਸਿੰਘ ਤੇ ਕੰਜ਼ਰਵੇਟਿਵ ਪਾਰਟੀ ਦੇ ਪੀਅਰ ਪੋਲਿਵਰ ਚੋਣ ਹਾਰੇ; ਜਗਮੀਤ ਵੱਲੋਂ ਅਸਤੀਫੇ ਦਾ ਐਲਾਨ; ਲਿਬਰਲ 167, ਕੰਜ਼ਰਵੇਟਿਵ 145, ਬਲਾਕ ਕਿਊਬਕਾ 23 ਤੇ ਐਨਡੀਪੀ 7 ਸੀਟਾਂ 'ਤੇ ਜਿੱਤੀ; ਭਾਰਤ ਦੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਵੱਲੋਂ ਮਾਰਕ ਕਾਰਨੀ ਨੂੰ ਵਧਾਈ**

## ਕੈਨੇਡਾ ਸੰਸਦੀ ਚੋਣਾਂ ਵਿਚ 22 ਪੰਜਾਬੀਆਂ ਨੇ ਗੱਡਿਆ ਜਿੱਤ ਦਾ ਝੰਡਾ

**ਵੈਨਕੂਵਰ, 30 ਅਪ੍ਰੈਲ**
**-ਕੌਮੀ ਪੱਤ੍ਰਿਕਾ ਬਿਊਰੋ-**



ਕੈਨੇਡਾ ਦੀਆਂ ਸੰਸਦੀ ਚੋਣਾਂ ਵਿਚ ਸੱਤਾਧਾਰੀ ਲਿਬਰਲਜ਼ ਪਾਰਟੀ 165 ਸੀਟਾਂ ਨਾਲ ਸਪਸ਼ਟ ਬਹੁਮਤ ਤੋਂ ਮਹਿਜ਼ ਸੱਤ ਸੀਟਾਂ ਨਾਲ ਖੁੰਝ ਗਈ। ਪ੍ਰਧਾਨ ਮੰਤਰੀ ਮਾਰਕ ਕਾਰਨੀ ਨੇ ਆਪਣੀ ਸੀਟ ਵੱਡੇ ਫਰਕ ਨਾਲ ਜਿੱਤ ਲਈ ਹੈ ਜਦੋਂਕਿ ਨਿਊ ਡੈਮੋਕਰੈਟਿਕ ਪਾਰਟੀ (©4♦) ਦੇ ਜਗਮੀਤ ਸਿੰਘ (ਬਰਨਬੀ ਸੈਂਟਰਲ) ਤੇ ਕੰਜ਼ਰਵੇਟਿਵ ਪਾਰਟੀ ਦੇ ਪੀਅਰ ਪੋਲਿਵਰ ਚੋਣ ਹਾਰ ਗਏ ਹਨ। ਜਗਮੀਤ ਨੇ ©4♦ ਨੂੰ ਚੋਣਾਂ ਵਿੱਚ ਲੱਗੇ ਵੱਡੇ ਖੋਰੇ ਅਤੇ ਖ਼ੁਦ ਚੋਣ ਨਾ ਜਿੱਤ ਸਕਣ ਕਰਕੇ ਪਾਰਟੀ ਆਗੂ ਵਜੋਂ ਅਸਤੀਫ਼ਾ ਦੇਣ ਦਾ ਐਲਾਨ ਕੀਤਾ ਹੈ। ਇਸ ਤੋਂ ਪਹਿਲਾਂ 2019 ਅਤੇ 2022 ਵਿੱਚ ਵੀ ਕਿਸੇ ਪਾਰਟੀ ਨੂੰ ਬਹੁਮਤ ਨਹੀਂ ਮਿਲਿਆ ਸੀ ਤੇ ਲਿਬਰਲ ਪਾਰਟੀ ਐਨਡੀਪੀ ਦੇ ਸਹਿਯੋਗ ਨਾਲ ਸਰਕਾਰ ਚਲਾਉਂਦੀ ਰਹੀ ਹੈ। ਅਮਰੀਕੀ ਰਾਸ਼ਟਰਪਤੀ ਡੋਨਲਡ ਟਰੰਪ ਵੱਲੋਂ ਕੈਨੇਡਾ ਦੇ ਅਮਰੀਕਾ ਵਿਚ ਰਲੇਵੇਂ ਦੀ ਧਮਕੀ ਤੇ ਵਪਾਰਕ ਜੰਗ ਨੇ ਲਿਬਰਲ ਪਾਰਟੀ ਦੀ ਜਿੱਤ ਵਿਚ ਅਹਿਮ ਭੂਮਿਕਾ ਨਿਭਾਈ।

ਪ੍ਰਧਾਨ ਮੰਤਰੀ ਨਰਿੰਦਰ ਮੋਦੀ ਵੱਲੋਂ ਮਾਰਕ ਕਾਰਨੀ ਨੂੰ ਵਧਾਈ ਭਾਰਤ ਦੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਆਪਣੇ ਕੈਨੇਡਿਆਈ ਹਮਰੁਤਬਾ ਮਾਰਕ ਕਾਰਨੀ ਤੇ ਉਨ੍ਹਾਂ ਦੀ ਪਾਰਟੀ ਨੂੰ ਸੰਘੀ ਚੋਣਾਂ ਵਿਚ ਮਿਲੀ ਜਿੱਤ ਲਈ ਵਧਾਈ ਦਿੱਤੀ ਹੈ। ਸ੍ਰੀ ਮੋਦੀ ਨੇ ਜਿੱਤ 'ਤੇ ਵਧਾਈ ਦਿੰਦਿਆਂ ਕਿਹਾ ਕਿ ਉਹ ਭਾਰਤ-ਕੈਨੇਡਾ ਦੁਵੱਲੇ ਸਬੰਧਾਂ ਨੂੰ ਮਜ਼ਬੂਤ ਕਰਨ ਅਤੇ ਦੋਵਾਂ ਦੇਸ਼ਾਂ ਦੇ ਲੋਕਾਂ ਲਈ ਵਧੇਰੇ ਮੌਕੇ ਖੋਲ੍ਹਣ ਦੀ ਉਮੀਦ ਕਰ ਰਹੇ ਹਨ।

ਸ੍ਰੀ ਮੋਦੀ ਨੇ ਐਕਸ 'ਤੇ ਆਪਣੇ ਵਧਾਈ ਸੰਦੇਸ਼ ਵਿੱਚ ਕਿਹਾ ਕਿ ਭਾਰਤ ਅਤੇ ਕੈਨੇਡਾ ਸਾਂਝੇ ਜਮਹੂਰੀ ਮੁੱਲਾਂ ਅਤੇ ਕਾਨੂੰਨ ਦੇ ਸ਼ਾਸਨ ਪ੍ਰਤੀ 'ਦ੍ਰਿੜ ਵਚਨਬੱਧਤਾ' ਨਾਲ ਬੱਝੇ ਹੋਏ ਹਨ। ਪ੍ਰਧਾਨ ਮੰਤਰੀ ਨੇ ਇਕ ਸੋਸ਼ਲ ਮੀਡੀਆ ਪੋਸਟ ਵਿਚ ਕਿਹਾ, "ਕੈਨੇਡਾ ਦੇ ਪ੍ਰਧਾਨ ਮੰਤਰੀ ਵਜੋਂ ਤੁਹਾਡੀ ਚੋਣ 'ਤੇ ਤੁਹਾਨੂੰ ਤੇ ਲਿਬਰਲ ਪਾਰਟੀ ਨੂੰ ਵਧਾਈਆਂ।"

ਕੈਨੇਡਾ ਦੀਆਂ ਸੰਸਦੀ ਚੋਣਾਂ ਵਿਚ ਐਤਕੀਂ ਹਾਊਸ ਆਫ਼ ਕਾਮਨਜ਼ ਲਈ ਰਿਕਾਰਡ 22 ਪੰਜਾਬੀ ਚੁਣੇ ਗਏ ਹਨ। ਇਸ ਤੋਂ ਪਹਿਲਾਂ 2021 ਵਿਚ 18 ਪੰਜਾਬੀਆਂ ਨੇ ਜਿੱਤ ਪ੍ਰਾਪਤ ਕੀਤੀ, ਜਦੋਂ ਕਿ 2019 ਦੀਆਂ ਚੋਣਾਂ ਵਿੱਚ 20 ਪੰਜਾਬੀ ਚੁਣੇ ਗਏ ਸਨ।

ਇਸ ਦੌਰਾਨ ਬਰੈਂਪਟਨ ਵਿੱਚ ਵੱਖ-ਵੱਖ ਪਾਰਟੀਆਂ ਤੋਂ ਪੰਜਾਬੀਆਂ ਨੇ ਪੰਜ ਸੀਟਾਂ ਜਿੱਤੀਆਂ ਹਨ। ਲਿਬਰਲ ਪਾਰਟੀ ਦੀ ਰੂਬੀ ਸਹੋਤਾ ਨੇ ਬਰੈਂਪਟਨ ਨੌਰਥ ਤੋਂ ਕੰਜ਼ਰਵੇਟਿਵ ਅਮਨਦੀਪ ਜੱਜ ਨੂੰ ਹਰਾਇਆ ਹੈ। ਲਿਬਰਲ ਉਮੀਦਵਾਰ ਮਨਿੰਦਰ ਸਿੱਧੂ ਨੇ ਬਰੈਂਪਟਨ ਈਸਟ ਤੋਂ ਕੰਜ਼ਰਵੇਟਿਵ ਉਮੀਦਵਾਰ ਬੌਬ ਦੋਸਾਂਝ ਨੂੰ ਹਰਾਇਆ ਹੈ। ਇਸ ਤੋਂ ਇਲਾਵਾ ਲਿਬਰਲ ਉਮੀਦਵਾਰ ਅਮਨਦੀਪ ਸੋਹੀ ਨੇ ਬਰੈਂਪਟਨ ਸੈਂਟਰ ਤੋਂ ਤਰਨ ਚਾਹਲ ਨੂੰ ਹਰਾਇਆ ਹੈ। ਉਧਰ ਇੱਥੋਂ 2 ਕੰਜ਼ਰਵੇਟਿਵ ਉਮੀਦਵਾਰਾਂ ਨੇ ਜਿੱਤ ਹਾਸਲ ਕੀਤੀ ਹੈ, ਜਿਨ੍ਹਾਂ ਵਿਚ ਕੰਜ਼ਰਵੇਟਿਵ ਉਮੀਦਵਾਰ ਸੁਖਦੀਪ ਕੰਗ ਨੇ ਬਰੈਂਪਟਨ ਸਾਊਥ ਤੋਂ ਲਿਬਰਲ ਉਮੀਦਵਾਰ ਸੋਨੀਆ ਸਿੱਧੂ ਨੂੰ ਅਤੇ ਅਮਰਜੀਤ ਗਿੱਲ ਨੇ ਬਰੈਂਪਟਨ ਵੈਸਟ ਤੋਂ ਮੌਜੂਦਾ ਮੰਤਰੀ ਕਮਲ ਖੇੜਾ ਨੂੰ ਹਰਾਇਆ ਹੈ।

ਹਾਲਾਂਕਿ ਇਕ ਵੱਡੇ ਰਾਜਨੀਤਿਕ ਘਟਨਾਕ੍ਰਮ ਵਿਚ ਐਨਡੀਪੀ ਪ੍ਰਧਾਨ ਅਤੇ ਦੋ ਵਾਰ ਮੌਜੂਦਾ ਸੰਸਦ ਮੈਂਬਰ ਜਗਮੀਤ ਸਿੰਘ ਆਪਣੀ ਬਰਨਬੀ ਸੈਂਟਰਲ ਰਾਈਡਿੰਗ ਵਿਚ ਬੁਰੀ ਤਰ੍ਹਾਂ ਹਾਰ ਗਏ ਅਤੇ ਤੀਜੇ ਸਥਾਨ 'ਤੇ ਰਹੇ। ਆਪਣੀ ਹਾਰ ਤੋਂ ਬਾਅਦ ਉਨ੍ਹਾਂ ਐਨਡੀਪੀ ਪ੍ਰਧਾਨ ਦੇ ਅਹੁਦੇ ਤੋਂ ਵੀ ਅਸਤੀਫ਼ਾ ਦੇ ਦਿੱਤਾ। ਇਸ ਤੋਂ ਇਲਾਵਾ ਸਿਹਤ ਮੰਤਰੀ ਅਤੇ ਦੋ ਵਾਰ ਦੇ ਸੰਸਦ ਮੈਂਬਰ ਕਮਲ ਖੇੜਾ ਬਰੈਂਪਟਨ ਵੈਸਟ ਰਾਈਡਿੰਗ ਵਿੱਚ ਅਮਰਜੀਤ ਗਿੱਲ ਤੋਂ ਹਾਰ ਗਏ ਹਨ।

ਲਿਬਰਲ ਪਾਰਟੀ ਦੇ ਪ੍ਰਮੁੱਖ ਜੇਤੂ
ਓਕਵਿਲ ਈਸਟ ਤੋਂ ਅਨੀਤਾ ਆਨੰਦ
ਵਾਟਰਲੂ ਤੋਂ ਬਰਦੀਸ਼ ਚੱਗਰ
ਡੋਰਵਲ ਲਾਚੀਨ ਤੋਂ ਅੰਜੂ ਢਿੱਲੋਂ
ਸਰੀ ਨਿਊਟਨ ਤੋਂ ਸੁਖ ਧਾਲੀਵਾਲ
ਮਿਸੀਸਾਗਾ ਮਾਲਟਨ ਤੋਂ ਇਕਵਿੰਦਰ ਸਿੰਘ ਗਹੀਰ
ਸਰੀ ਸੈਂਟਰ ਤੋਂ ਰਣਦੀਪ ਸਰਾਏ
ਫਲੀਟਵੁੱਡ ਪੋਰਟ ਕੈਲਸ ਤੋਂ ਗੁਰਬਕਸ਼ ਸੈਣੀ
ਰਿਚਮੰਡ ਈਸਟ ਸਟੀਵਨਸਟਨ ਤੋਂ ਪਰਮ ਬੈਂਸ

ਕੰਜ਼ਰਵੇਟਿਵ ਪਾਰਟੀ ਦੇ ਪ੍ਰਮੁੱਖ ਜੇਤੂ
ਕੈਲਗਰੀ ਈਸਟ ਤੋਂ ਜਸਰਾਜ ਹਾਲਾਂ
ਕੈਲਗਰੀ ਮੈਕਨਾਈਟ ਤੋਂ ਦਲਵਿੰਦਰ ਗਿੱਲ
ਕੈਲਗਰੀ ਸਕਾਈਵਿਊ ਤੋਂ ਅਮਨਪ੍ਰੀਤ ਗਿੱਲ
ਆਕਸਫੋਰਡ ਤੋਂ ਅਰਪਨ ਖੰਨਾ
ਐਡਮਿੰਟਨ ਗੇਟਵੇ ਤੋਂ ਟਿਮ ਉੱਪਲ
ਮਿਲਟਨ ਈਸਟ ਤੋਂ ਪਰਮ ਗਿੱਲ
ਐਬਟਸਫੋਰਡ ਸਾਊਥ ਲੈਂਗਲੀ ਤੋਂ ਸੁਖਮਨ ਗਿੱਲ
ਐਡਮਿੰਟਨ ਸਾਊਥਈਸਟ ਤੋਂ ਜਗਸ਼ਰਨ ਸਿੰਘ ਮਾਹਲ
ਵਿੰਡਸਰ ਵੈਸਟ ਤੋਂ ਹਰਬ ਗਿੱਲ

# ਪ੍ਰਧਾਨ ਮੰਤਰੀ ਮੋਦੀ ਨੇ ਸੁਰੱਖਿਆ ਬਾਰੇ ਕੈਬਨਿਟ ਕਮੇਟੀ ਦੀ ਮੀਟਿੰਗ ਸੱਦੀ

**ਸੁਰੱਖਿਆ, ਰੱਖਿਆ ਅਤੇ ਰਣਨੀਤਕ ਮਾਮਲਿਆਂ ਬਾਰੇ ਲਏ ਜਾਣਗੇ ਫੈਸਲੇਅਦਿਤੀ ਟੰਡਨ**

**ਨਵੀਂ ਦਿੱਲੀ, 30 ਅਪ੍ਰੈਲ**
**-ਕੌਮੀ ਪੱਤ੍ਰਿਕਾ ਬਿਊਰੋ-**

ਪ੍ਰਧਾਨ ਮੰਤਰੀ ਨਰਿੰਦਰ ਮੋਦੀ ਬੁੱਧਵਾਰ ਨੂੰ ਸੁਰੱਖਿਆ ਬਾਰੇ ਕੈਬਨਿਟ ਕਮੇਟੀ (CCS) ਦੀ ਮੀਟਿੰਗ ਦੀ ਪ੍ਰਧਾਨਗੀ ਕਰਨਗੇ ਤਾਂ ਜੋ ਦੱਖਣੀ ਕਸ਼ਮੀਰ ਵਿਚ 22 ਅਪਰੈਲ ਨੂੰ ਹੋਏ ਪਹਿਲਗਾਮ ਅਤਿਵਾਦੀ ਹਮਲੇ ਦੇ ਮੱਦੇਨਜ਼ਰ ਦੇਸ਼ ਦੀ ਸੁਰੱਖਿਆ ਨੂੰ ਲੈ ਕੇ ਅਹਿਮ ਫੈਸਲੇ ਲਏ ਜਾ ਸਕਣ। ਸੁਰੱਖਿਆ, ਰੱਖਿਆ ਅਤੇ ਰਣਨੀਤਕ ਮਾਮਲਿਆਂ ਬਾਰੇ ਸਿਖਰਲੇ ਫੈਸਲੇ ਲੈਣ ਵਾਲੀ ਸੰਸਥਾ ਦੀ ਇਹ ਦੂਜੀ ਮੀਟਿੰਗ ਹੋਵੇਗੀ। ਸੂਤਰਾਂ ਨੇ ਦੱਸਿਆ ਕਿ ਮੀਟਿੰਗ ਵਿਚ ਪਾਕਿਸਤਾਨ ਦੀ ਸਰਪ੍ਰਸਤੀ ਵਾਲੇ ਅਤਿਵਾਦ ਪ੍ਰਤੀ ਰਾਸ਼ਟਰੀ ਪ੍ਰਤੀਕਿਰਿਆ ਦੇ ਸਬੰਧ ਵਿਚ ਵਿਆਪਕ ਕਾਰਵਾਈ ਕੀਤੇ ਜਾਣ ਦੀ ਸੰਭਾਵਨਾ ਹੈ।

ਵਿਦੇਸ਼ ਮੰਤਰਾਲਾ ਰਸਮੀ ਤੌਰ 'ਤੇ ਇਨ੍ਹਾਂ ਫੈਸਲਿਆਂ ਦਾ ਐਲਾਨ ਕਰੇਗਾ। ਮੀਟਿੰਗ ਵਿਚ ਰੱਖਿਆ ਮੰਤਰੀ ਰਾਜਨਾਥ ਸਿੰਘ, ਵਿਦੇਸ਼ ਮੰਤਰੀ ਐੱਸ. ਜੈਸ਼ੰਕਰ, ਵਿੱਤ ਮੰਤਰੀ ਨਿਰਮਲਾ ਸੀਤਾਰਮਨ, ਗ੍ਰਹਿ ਮੰਤਰੀ ਅਮਿਤ ਸ਼ਾਹ, ਕੌਮੀ ਸੁਰੱਖਿਆ ਸਲਾਹਕਾਰ ਅਜੀਤ ਡੋਵਾਲ, ਪ੍ਰਧਾਨ ਮੰਤਰੀ ਦੇ ਪ੍ਰਮੁੱਖ ਸਕੱਤਰ, ਕੈਬਨਿਟ ਸਕੱਤਰ ਸਮੇਤ ਸਰਕਾਰ ਦੇ ਹੋਰ ਉੱਚ ਅਧਿਕਾਰੀ ਸ਼ਾਮਲ ਹੋਣਗੇ।

ਪਾਕਿਸਤਾਨੀ ਜਹਾਜ਼ਾਂ ਲਈ ਭਾਰਤੀ ਹਵਾਈ ਖੇਤਰ ਨੂੰ ਬੰਦ ਕਰਨ ਬਾਰੇ ਫੈਸਲਾ ਬੁੱਧਵਾਰ ਨੂੰ ਸੀਸੀਐੱਸ ਦੀ ਮੀਟਿੰਗ ਵਿਚ ਲਏ ਜਾਣ ਦੀ ਸੰਭਾਵਨਾ ਹੈ। ਪਹਿਲਗਾਮ ਹਮਲੇ ਤੋਂ ਬਾਅਦ ਪਹਿਲੀ ਸੀਸੀਐੱਸ ਮੀਟਿੰਗ 23 ਅਪਰੈਲ ਨੂੰ ਬੁਲਾਈ ਗਈ ਸੀ, ਜਿਸ ਦੌਰਾਨ ਪਾਕਿਸਤਾਨ ਵਿਰੁੱਧ ਵਿਆਪਕ ਸ਼ੁਰੂਆਤੀ ਕਾਰਵਾਈ ਕੀਤੀ ਗਈ ਅਤੇ ਛੇ ਦਹਾਕੇ ਪੁਰਾਣੀ ਸਿੰਧੂ ਜਲ ਸੰਧੀ 1960 ਨੂੰ ਮੁਲਤਵੀ ਕਰਨ ਦਾ ਫੈਸਲਾ ਕੀਤਾ ਗਿਆ ਸੀ।

# ਡੀ.ਆਈ.ਜੀ. ਮਨਦੀਪ ਸਿੰਘ ਸਿੱਧੂ ਦੀ 37 ਸਾਲਾਂ ਦੀ ਸ਼ਾਨਦਾਰ ਪੁਲਿਸ ਸੇਵਾ ਬਦਲੇ ਡੀ.ਜੀ.ਪੀ. ਗੌਰਵ ਯਾਦਵ ਨੇ ਰਾਜ ਪੱਧਰੀ ਮੀਟਿੰਗ ਵਿੱਚ ਕੇਕ ਕੱਟਕੇ ਕੀਤੀ ਸ਼ਲਾਘਾ

**ਪਟਿਆਲਾ, 30 ਅਪ੍ਰੈਲ**
**-ਅਮਰਜੀਤ ਸਿੰਘ ਲਾਂਬਾ-**
**-ਕੌਮੀ ਪੱਤ੍ਰਿਕਾ ਬਿਊਰੋ-**



ਪੰਜਾਬ ਪੁਲਿਸ ਦੇ ਡਾਇਰੈਕਟਰ ਜਨਰਲ ਗੌਰਵ ਯਾਦਵ ਨੇ ਅੱਜ ਪਟਿਆਲਾ ਰੇਂਜ ਦੇ ਡੀ.ਆਈ.ਜੀ. ਮਨਦੀਪ ਸਿੰਘ ਸਿੱਧੂ ਦੀ 37 ਸਾਲਾਂ ਦੀ ਸ਼ਾਨਦਾਰ ਪੁਲਿਸ ਸੇਵਾ ਬਦਲੇ ਸੀਨੀਅਰ ਪੁਲਿਸ ਅਧਿਕਾਰੀਆਂ ਦੀ ਇੱਕ ਰਾਜ ਪੱਧਰੀ ਬੈਠਕ ਮੌਕੇ ਕੇਕ ਕੱਟਕੇ ਸਨਮਾਨਤ ਕੀਤਾ। ਇਸ ਮੌਕੇ 2008 ਬੈਚ ਦੇ ਆਈਪੀਐਸ ਅਧਿਕਾਰੀ ਮਨਦੀਪ ਸਿੰਘ ਸਿੱਧੂ ਦੀ ਸ਼ਲਾਘਾ ਕਰਦਿਆਂ ਡੀ.ਜੀ.ਪੀ ਗੌਰਵ ਯਾਦਵ ਨੇ ਕਿਹਾ ਕਿ ਮਨਦੀਪ ਸਿੰਘ ਸਿੱਧੂ ਨੇ ਆਪਣੀ ਸੇਵਾ ਦੌਰਾਨ ਆਪਣੀ ਕਾਬਲੀਅਤ, ਪੇਸ਼ੇਵਰ ਪਹੁੰਚ ਨਾਲ ਪੇਚੀਦਾ ਮਾਮਲਿਆਂ ਨੂੰ ਵੀ ਸਹਿਜਤਾ ਨਾਲ ਹੱਲ ਕਰਕੇ ਪੰਜਾਬ ਪੁਲਿਸ ਦਾ ਮਾਣ ਵਧਾਇਆ ਹੈ। ਗੌਰਵ ਯਾਦਵ ਨੇ ਕਿਹਾ ਕਿ ਡੀ.ਆਈ.ਜੀ. ਮਨਦੀਪ ਸਿੰਘ ਸਿੱਧੂ ਆਪਣੇ ਨਾਲ ਕੰਮ ਕਰਦੇ ਅਧਿਕਾਰੀਆਂ ਤੇ ਮੁਲਾਜ਼ਮਾਂ ਨੂੰ ਇੱਕ ਟੀਮ ਦੀ ਤਰ੍ਹਾਂ ਨਾਲ ਲੈਕੇ ਚੱਲਦੇ ਸਨ, ਜਿਸਦੇ ਕਿ ਸ਼ਾਨਦਾਰ ਸਿੱਟੇ ਨਿਕਲੇ ਅਤੇ ਪੰਜਾਬ ਪੁਲਿਸ ਦਾ ਅਕਸ ਲੋਕ ਪੱਖੀ ਬਣਕੇ ਸਾਹਮਣੇ ਆਇਆ।ਉਨ੍ਹਾਂ ਨੇ ਨਸ਼ਾ ਵਿਰੋਧੀ ਮੁਹਿਮ ਵਿੱਚ ਸਾਈਕਲ ਰੈਲੀਆਂ ਕਰਵਾਈਆਂ ਤੇ ਨਵੇਂ ਰਿਕਾਰਡ ਕਾਇਮ ਕੀਤੇ ਅਤੇ ਆਪਣੀ ਕਾਰਜਸ਼ੈਲੀ ਨਾਲ ਬੇਗਾਨਿਆਂ ਨੂੰ ਵੀ ਆਪਣਾ ਬਣਾਇਆ। ਡੀ.ਜੀ.ਪੀ. ਨੇ ਹੋਰ ਕਿਹਾ ?ਕਿ ਸਿੱਧੂ ਨੇ ਆਪਣੇ ਕਰੀਅਰ ਦੌਰਾਨ ਕਈ ਜ਼ਿਲ੍ਹਿਆਂ ਦੇ ਐਸ.ਐਸ.ਪੀ., ਲੁਧਿਆਣਾ ਵਿੱਚ ਕਮਿਸ਼ਨਰ ਆਫ਼ ਪੁਲਿਸ ਅਤੇ ਪਟਿਆਲਾ ਵਿੱਚ ਡਿਪਟੀ ਇੰਸਪੈਕਟਰ ਜਨਰਲ ਵਰਗੀਆਂ ਪਦਵੀਆਂ ਸੰਭਾਲਦੇ ਹੋਏ, ਜਿੱਥੇ ਆਮ ਲੋਕਾਂ ਨਾਲ ਨੇੜਤਾ ਬਣਾਈ ਤੇ ਉਥੇ ਹੀ ਲੋਕਤੰਤਰ ਦੇ ਚੌਥੇ ਥੰਮ ਮੀਡੀਆ ਨਾਲ ਵੀ ਹਮੇਸ਼ਾ ਨਿਜੀ ਰਾਬਤਾ ਕੀਤਾ, ਜਿਸ ਨਾਲ ਪੰਜਾਬ 'ਚ ਕਾਨੂੰਨ ਵਿਵਸਥਾ ਅਤੇ ਸਮਾਜਿਕ ਵਿਕਾਸ ਲਈ ਉਨ੍ਹਾਂ ਨੇ ਆਪਣੀ ਮਹੱਤਵਪੂਰਨ ਭੂਮਿਕਾ ਨਿਭਾਈ। ਇਸ ਰਾਜ ਪੱਧਰੀ ਬੈਠਕ ਮੌਕੇ ਚੰਡੀਗੜ੍ਹ ਵਿਖੇ ਪੰਜਾਬ ਭਰ ਦੇ ਸੀਨੀਅਰ ਪੁਲਿਸ ਅਧਿਕਾਰੀ ਮੌਜੂਦ ਸਨ, ਜਿਨ੍ਹਾਂ ਨੇ ਡੀ.ਆਈ.ਜੀ. ਮਨਦੀਪ ਸਿੰਘ ਸਿੱਧੂ ਨੂੰ ਵਧਾਈ ਦਿੱਤੀ। ਮਨਦੀਪ ਸਿੰਘ ਸਿੱਧੂ ਨੇ ਡੀ.ਜੀ.ਪੀ. ਗੌਰਵ ਯਾਦਵ ਵੱਲੋਂ ਅੱਜ ਦੀ ਇਸ ਸ਼ਾਨਦਾਰ ਯਾਦਗਾਰ ਸੇਵਾ ਮੁਕਤੀ ਪਾਰਟੀ ਲਈ ਧੰਨਵਾਦ ਕਰਦਿਆਂ ਕਿਹਾ ਕਿ ਉਨ੍ਹਾਂ ਨੂੰ ਸੀਨੀਅਰ ਪੁਲਿਸ ਅਧਿਕਾਰੀਆਂ ਨੇ ਹਮੇਸ਼ਾ ਰਾਹ ਦਸੇਰਾ ਬਣਕੇ ਸਹਿਯੋਗ ਦਿੱਤਾ ਅਤੇ ਜੂਨੀਅਰ ਅਧਿਕਾਰੀਆਂ ਤੇ ਮੁਲਾਜ਼ਮਾਂ ਨੇ ਵੀ ਕਦੇ ਨਾਹ ਨਹੀਂ ਕੀਤੀ ਤੇ ਉਨ੍ਹਾਂ ਦੀ ਬਾਂਹ ਬਣਕੇ ਪੁਲਿਸਿੰਗ ਕਰਨ ਵਿੱਚ ਆਪਣਾ ਯੋਗਦਾਨ ਪਾਇਆ। ਜਿਕਰਯੋਗ ਹੈ ਕਿ ਨਸ਼ਾ ਵਿਰੋਧੀ ਉਪਰਾਲਿਆਂ ਤੋਂ ਇਲਾਵਾ, ਸਿੱਧੂ ਨੇ ਸਿੱਖਿਆ ਦੇ ਪ੍ਰਸਾਰ ਲਈ ਵੀ ਯੋਗਦਾਨ ਦਿੱਤਾ ਹੈ, 4,800 ਤੋਂ ਵੱਧ ਸਰਕਾਰੀ ਸਕੂਲਾਂ ਦੇ ਵਿਦਿਆਰਥੀਆਂ ਦੀ ਫੀਸ ਭਰਨ ਲਈ ਆਰਥਿਕ ਸਹਾਇਤਾ ਦਿੱਤੀ ਅਤੇ ਯੁਵਕਾਂ ਲਈ ਸਕੇਟਿੰਗ ਅਤੇ ਬਾਕਸਿੰਗ ਦੀਆਂ ਸਹੂਲਤਾਂ ਵਿੱਚ ਵਾਧਾ ਕੀਤਾ। ਉਨ੍ਹਾਂ ਦੀ ਬੇਮਿਸਾਲ ਸੇਵਾ ਨੂੰ ਕਈ ਪ੍ਰਸਿੱਧ ਇਨਾਮਾਂ ਨਾਲ ਸਨਮਾਨਿਤ ਕੀਤਾ ਗਿਆ ਹੈ, ਜਿਸ ਵਿੱਚ ਰਾਸ਼ਟਰਪਤੀ ਪੁਲਿਸ ਪਦਕ ਵਿਸ਼ਿਸ਼ਟ ਸੇਵਾ ਲਈ, ਮੁੱਖ ਮੰਤਰੀ ਪਦਕ, ਪ੍ਰਕ੍ਰਮ ਪਦਕ (ਅਤਿਵਾਦੀਆਂ ਦੇ ਖਿਲਾਫ ਕਾਰਵਾਈ ਦੌਰਾਨ ਘਾਇਲ ਹੋਣ ਲਈ, ਕਠਿਨ ਸੇਵਾ ਮੈਡਲ, ਡੀ.ਜੀ.ਪੀ. ਪ੍ਰਸ਼ੰਸਾ ਚਿੰਨ੍ਹ ਅਤੇ ਸਮਾਜਿਕ ਸੇਵਾ ਲਈ ਵਿਸ਼ੇਸ਼ ਸਨਮਾਨ ਸ਼ਾਮਲ ਹਨ।

# ਜ਼ਮੀਨੀ ਪੱਧਰ 'ਤੇ ਹੋਵੇਗਾ ਨਸ਼ਿਆਂ ਦਾ ਖਾਤਮਾ: ਡੀਜੀਪੀ ਗੌਰਵ ਯਾਦਵ ਵੱਲੋਂ ਨਸ਼ਿਆਂ ਵਿਰੁੱਧ ਜੰਗ ਦੌਰਾਨ ਸਪੱਸ਼ਟ ਸੰਦੇਸ਼



**ਚੰਡੀਗੜ੍ਹ, 30 ਅਪ੍ਰੈਲ**
**-ਕੌਮੀ ਪੱਤ੍ਰਿਕਾ ਬਿਊਰੋ-**

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਦੀ ਸੂਬੇ ਨੂੰ 'ਨਸ਼ਾ ਮੁਕਤ ਪੰਜਾਬ' ਬਣਾਉਣ ਦੀ ਵਚਨਬੱਧਤਾ ਦੀ ਪੁਸ਼ਟੀ ਕਰਦਿਆਂ, ਡਾਇਰੈਕਟਰ ਜਨਰਲ ਆਫ ਪੁਲਿਸ (ਡੀਜੀਪੀ) ਪੰਜਾਬ ਗੌਰਵ ਯਾਦਵ ਨੇ ਅੱਜ ਜ਼ਿਲ੍ਹਾ ਪੁਲਿਸ ਮੁਖੀਆਂ ਨੂੰ 31 ਮਈ ਤੱਕ ਜ਼ਮੀਨੀ ਪੱਧਰ 'ਤੇ ਨਸ਼ਿਆਂ ਦੀ ਉਪਲਬਧਤਾ ਨੂੰ ਜ਼ੀਰੋ ਕਰਨ ਬਾਰੇ ਸਖ਼ਤ ਅਲਟੀਮੇਟਮ ਦਿੰਦਿਆਂ ਕਿਹਾ ਕਿ ਅਜਿਹਾ ਕਰਨ ਵਿੱਚ ਅਸਫਲ ਰਹਿਣ 'ਤੇ ਸਟੇਸ਼ਨ ਹਾਊਸ ਅਫਸਰ (ਐਸਐਚਓ) ਪੱਧਰ ਤੱਕ ਦੇ ਸਾਰੇ ਅਧਿਕਾਰੀਆਂ ਦੀ ਜਵਾਬਦੇਹੀ ਤੈਅ ਕੀਤੀ ਜਾਵੇਗੀ।

ਡੀਜੀਪੀ ਵੱਲੋਂ ਅੱਜ ਸਪੈਸ਼ਲ ਡੀਜੀਪੀ ਅੰਦਰੂਨੀ ਸੁਰੱਖਿਆ ਆਰ.ਐਨ. ਢੋਕੇ, ਏਡੀਜੀਪੀ ਐਂਟੀ ਨਾਰਕੋਟਿਕਸ ਟਾਸਕ ਫੋਰਸ (ਏਐਨਟੀਐਫ) ਨੀਲਾਭ ਕਿਸ਼ੋਰ ਅਤੇ ਏਡੀਜੀਪੀ ਲਾਅ ਐਂਡ ਆਰਡਰ ਨਰੇਸ਼ ਅਰੋੜਾ ਨਾਲ ਸਾਰੇ ਰੇਂਜ ਇੰਸਪੈਕਟਰ ਜਨਰਲ ਆਫ਼ ਪੁਲਿਸ/ਡਿਪਟੀ ਇੰਸਪੈਕਟਰ ਜਨਰਲ (ਆਈਜੀਪੀਜ਼/ਡੀਆਈਜੀਜ਼) ਅਤੇ ਕਮਿਸ਼ਨਰ ਆਫ ਪੁਲਿਸ/ਸੀਨੀਅਰ ਸੁਪਰਡੈਂਟ ਆਫ ਪੁਲਿਸ (ਸੀਪੀਜ਼/ਐਸਐਸਪੀਜ਼) ਦੀ ਇੱਕ ਉੱਚ ਪੱਧਰੀ ਮੀਟਿੰਗ ਦੀ ਪ੍ਰਧਾਨਗੀ ਕੀਤੀ ਗਈ ਤਾਂ ਜੋ ਸੂਬੇ ਵਿੱਚੋਂ ਨਸ਼ਿਆਂ ਦੇ ਮੁਕੰਮਲ ਖਾਤਮੇ ਲਈ ਮੌਜੂਦਾ ਕਾਰਜ ਯੋਜਨਾ ਨੂੰ ਪੂਰੀ ਤਰ੍ਹਾਂ ਸੁਚਾਰੂ ਬਣਾਇਆ ਜਾ ਸਕੇ।

ਉਨ੍ਹਾਂ ਕਿਹਾ, ਅਸੀਂ ਮੀਟਿੰਗ ਦੌਰਾਨ ਕਈ ਮਹੱਤਵਪੂਰਨ ਫੈਸਲੇ ਲਏ ਹਨ ਜਿਸ ਵਿੱਚ ਅਧਿਕਾਰੀਆਂ ਦੀ ਜਵਾਬਦੇਹੀ ਤੈਅ ਕਰਨਾ ਸ਼ਾਮਲ ਹੈ। ਸੀਪੀਜ਼/ਐਸਐਸਪੀਜ਼, ਡੀਐਸਪੀਜ਼ ਅਤੇ ਐਸਐਚਓਜ਼ ਸਮੇਤ ਹਰੇਕ ਅਧਿਕਾਰੀ ਨੂੰ ਆਪੋ-ਆਪਣੇ ਖੇਤਰਾਂ ਵਿੱਚ ਜ਼ਮੀਨੀ ਪੱਧਰ 'ਤੇ ਨਸ਼ਿਆਂ ਦਾ ਸਫਾਇਆ ਕਰਨ ਵਿੱਚ ਅਸਫਲ ਰਹਿਣ ਲਈ ਜ਼ਿੰਮੇਵਾਰ ਅਤੇ ਜਵਾਬਦੇਹ ਠਹਿਰਾਇਆ ਜਾਵੇਗਾ।

ਉਨ੍ਹਾਂ ਕਿਹਾ ਕਿ 31 ਮਈ ਤੋਂ ਬਾਅਦ, ਸਾਰੇ ਅਧਿਕਾਰੀਆਂ ਦੀ ਕਾਰਗੁਜ਼ਾਰੀ ਦਾ ਮੁਲਾਂਕਣ ਪੇਸ਼ੇਵਰ ਮਾਪਦੰਡਾਂ, ਇੰਟੈਲੀਜੈਂਸ ਅਤੇ ਜਨਤਾ ਤੋਂ ਫੀਡਬੈਕ ਦੀ ਮਦਦ ਨਾਲ ਕੀਤਾ ਜਾਵੇਗਾ। ਉਨ੍ਹਾਂ ਕਿਹਾ, ਸਰਵੇਖਣ ਤੋਂ ਬਾਅਦ, ਵਧੀਆ ਕਾਰਗੁਜ਼ਾਰੀ ਵਾਲੇ ਅਧਿਕਾਰੀਆਂ ਨੂੰ ਇਨਾਮ ਦਿੱਤਾ ਜਾਵੇਗਾ, ਜਦੋਂ ਕਿ ਮਾੜੀ ਕਾਰਗੁਜ਼ਾਰੀ ਵਾਲੇ ਅਧਿਕਾਰੀਆਂ 'ਤੇ ਸਖ਼ਤ ਕਾਰਵਾਈ ਕੀਤੀ ਜਾਵੇਗੀ।

ਡੀਜੀਪੀ ਨੇ ਸਪੱਸ਼ਟ ਕੀਤਾ ਕਿ ਪੁਲਿਸ ਦਾ ਧਿਆਨ ਅੰਕੜੇ-ਅਧਾਰਤ ਟੀਚਿਆਂ 'ਤੇ ਨਹੀਂ ਹੈ, ਸਗੋਂ ਸੂਬੇ ਭਰ ਵਿੱਚ ਨਸ਼ਿਆਂ ਦੀ ਜ਼ੀਰੋ ਉਪਲਬਧਤਾ ਲਈ ਸਪਲਾਈ ਚੇਨਾਂ ਨੂੰ ਪੂਰੀ ਤਰ੍ਹਾਂ ਤੋੜਨਾ ਹੈ। ਉਨ੍ਹਾਂ ਅੱਗੇ ਕਿਹਾ ਕਿ ਸੀਪੀਜ਼/ਐਸਐਸਪੀਜ਼ ਨੂੰ ਪਹਿਲਾਂ ਹੀ ਨਿਰਦੇਸ਼ ਦਿੱਤੇ ਗਏ ਹਨ ਕਿ ਉਹ ਐਨਡੀਪੀਐਸ ਐਕਟ ਤਹਿਤ ਦਰਜ ਕੀਤੇ ਜਾ ਰਹੇ ਮਾਮਲਿਆਂ ਦੇ ਅਗਲੇ-ਪਿਛਲੇ ਸਬੰਧਾਂ ਦਾ ਪਤਾ ਲਗਾਉਣ ਅਤੇ ਪੂਰੇ ਨੈੱਟਵਰਕ ਦਾ ਪਰਦਾਫਾਸ਼ ਕਰਕੇ ਮਾਮਲਿਆਂ ਨੂੰ ਤਰਕਪੂਰਨ ਸਿੱਟੇ 'ਤੇ ਲੈ ਕੇ ਆਉਣ।

# ਹਿਮਾਚਲ ਦੇ ਮੰਡੀ ਵਿੱਚ ਬੱਸ ਹਾਦਸੇ ਦੌਰਾਨ 15 ਯਾਤਰੀ ਜ਼ਖਮੀ

**ਮੰਡੀ, 30 ਅਪ੍ਰੈਲ**
**-ਕੌਮੀ ਪੱਤ੍ਰਿਕਾ ਬਿਊਰੋ-**

ਮੰਡੀ ਜ਼ਿਲ੍ਹੇ ਦੇ ਭੋਲੂਘਾਟ ਨੇੜੇ ਜਾਹੂ-ਮੰਡੀ ਸੜਕ 'ਤੇ ਇਕ ਨਿੱਜੀ ਬੱਸ ਦੇ ਪਲਟਣ ਨਾਲ ਘੱਟੋ-ਘੱਟ 15 ਯਾਤਰੀ ਜ਼ਖਮੀ ਹੋ ਗਏ। ਘਟਨਾ ਉਪਰੰਤ ਜ਼ਖਮੀਆਂ ਵਿੱਚੋਂ ਪੰਜ ਨੂੰ ਇਲਾਜ ਲਈ ਬਲਦਵਾਰਾ ਦੇ ਸਿਵਲ ਹਸਪਤਾਲ ਵਿੱਚ ਭੇਜਿਆ ਗਿਆ, ਜਦੋਂ ਕਿ ਬਾਕੀਆਂ ਨੂੰ 108 ਐਂਬੂਲੈਂਸ ਸੇਵਾ ਰਾਹੀਂ ਹਾਦਸੇ ਵਾਲੀ ਥਾਂ 'ਤੇ ਮੁੱਢਲੀ ਸਹਾਇਤਾ ਦਿੱਤੀ ਗਈ। ਦੁਰਘਟਨਾ ਵਾਪਰਨ ਵੇਲੇ ਬੱਸ ਕੁੱਲੂ ਤੋਂ ਕਾਂਗੜਾ ਜਾ ਰਹੀ ਸੀ।

ਚਸ਼ਮਦੀਦਾਂ ਨੇ ਦੱਸਿਆ ਕਿ ਬੱਸ ਅਚਾਨਕ ਸੰਤੁਲਨ ਗੁਆ ਬੈਠੀ ਅਤੇ ਭੋਲੂਘਾਟ ਵਿਖੇ ਇਕ ਤਿੱਖੇ ਮੋੜ ਦੇ ਨੇੜੇ ਪਲਟ ਗਈ, ਜਿਸ ਕਾਰਨ ਯਾਤਰੀਆਂ ਵਿਚ ਹਫੜਾ-ਦਫੜੀ ਮਚ ਗਈ। ਸੂਚਨਾ ਮਿਲਣ 'ਤੇ ਪੁਲੀਸ ਮੌਕੇ ਨੇ ਮੌਕੇ 'ਤੇ ਪਹੁੰਚ ਕੇ ਰਾਹਤ ਕਾਰਜ ਸ਼ੁਰੂ ਕਰ ਦਿੱਤੇ ਤੇ ਸਥਾਨਕ ਨਿਵਾਸੀਆਂ ਦੀ ਸਹਾਇਤਾ ਨਾਲ ਫਸੇ ਯਾਤਰੀਆਂ ਨੂੰ ਬੱਸ ਵਿੱਚੋਂ ਸੁਰੱਖਿਅਤ ਬਾਹਰ ਕੱਢਣ ਅਤੇ ਤੁਰੰਤ ਡਾਕਟਰੀ ਸਹਾਇਤਾ ਦਾ ਪ੍ਰਬੰਧ ਕਰਨ ਵਿਚ ਕਾਮਯਾਬੀ ਹਾਸਲ ਕੀਤੀ। ਅਧਿਕਾਰੀਆਂ ਵੱਲੋਂ ਹਾਦਸੇ ਦੇ ਕਾਰਨਾਂ ਦੀ ਜਾਂਚ ਸ਼ੁਰੂ ਕਰ ਦਿੱਤੀ ਗਈ ਹੈ ਆਵਾਜਾਈ ਨੂੰ ਬਹਾਲ ਕਰਨ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ।

# ਚੀਨ ਵਿੱਚ ਰੈਸਟੋਰੈਂਟ 'ਚ ਅੱਗ ਲੱਗਣ ਨਾਲ 22 ਹਲਾਕ

**ਪੇਈਚਿੰਗ, 30 ਅਪ੍ਰੈਲ**
**-ਕੌਮੀ ਪੱਤ੍ਰਿਕਾ ਬਿਊਰੋ-**

ਚੀਨ ਦੇ ਲਿਆਓਨਿੰਗ ਸੂਬੇ ਦੇ ਲਿਆਓਯਾਂਗ ਸ਼ਹਿਰ ਵਿੱਚ ਮੰਗਲਵਾਰ ਨੂੰ ਇੱਕ ਰੈਸਟੋਰੈਂਟ ਵਿੱਚ ਭਿਆਨਕ ਅੱਗ ਲੱਗਣ ਨਾਲ 22 ਲੋਕਾਂ ਦੀ ਮੌਤ ਹੋ ਗਈ।

ਸਰਕਾਰੀ ਖ਼ਬਰ ਏਜੰਸੀ 'ਸ਼ਿਨਹੁਆ' ਦੀ ਰਿਪੋਰਟ ਅਨੁਸਾਰ ਅੱਗ ਦੁਪਹਿਰ 12:25 ਵਜੇ ਲੱਗੀ, ਜਿਸ ਵਿੱਚ 22 ਲੋਕਾਂ ਦੀ ਮੌਤ ਹੋ ਗਈ ਅਤੇ ਤਿੰਨ ਹੋਰ ਜ਼ਖਮੀ ਹੋ ਗਏ।

ਅੱਗ ਲੱਗਣ ਦੇ ਕਾਰਨਾਂ ਬਾਰੇ ਫ਼ੌਰੀ ਤੌਰ 'ਤੇ ਕੋਈ ਜਾਣਕਾਰੀ ਨਹੀਂ ਹੈ। ਰਿਪੋਰਟ ਵਿੱਚ ਕਿਹਾ ਗਿਆ ਹੈ ਕਿ ਚੀਨੀ ਰਾਸ਼ਟਰਪਤੀ ਸ਼ੀ ਜਿਨਪਿੰਗ ਨੇ ਜ਼ਖਮੀਆਂ ਦੇ ਇਲਾਜ ਲਈ ਹਰ ਸੰਭਵ ਯਤਨ ਕਰਨ ਦੀ ਅਪੀਲ ਕੀਤੀ।

# ਪਾਕਿਸਤਾਨ ਅਤਿਵਾਦ ਨੂੰ ਸਰਪ੍ਰਸਤੀ ਦੇਣ ਵਾਲਾ ਮੁਲਕ, ਕੁੱਲ ਆਲਮ ਅੱਖਾਂ ਮੀਟ ਕੇ ਨਹੀਂ ਰੱਖ ਸਕਦਾ: ਭਾਰਤ

**ਭਾਰਤ ਨੇ ਪਹਿਲਗਾਮ ਦਹਿਸ਼ਤੀ ਹਮਲੇ ਦੇ ਮੁੱਦੇ 'ਤੇ ਪਾਕਿਸਤਾਨ ਨੂੰ ਯੂਐੱਨ 'ਚ ਘੇਰਿਆ**

**ਨਵੀਂ ਦਿੱਲੀ, 30 ਅਪ੍ਰੈਲ**
**-ਸ਼ਿਵ ਨਰਾਇਣ ਜਾਂਗੜਾ-**
**-ਕੌਮੀ ਪੱਤ੍ਰਿਕਾ ਬਿਊਰੋ-**



ਭਾਰਤ ਨੇ ਮੰਗਲਵਾਰ ਨੂੰ ਸੰਯੁਕਤ ਰਾਸ਼ਟਰ ਵਿਚ ਪਹਿਲਗਾਮ ਦਹਿਸ਼ਤੀ ਹਮਲੇ ਦੇ ਹਵਾਲੇ ਨਾਲ ਪਾਕਿਸਤਾਨ ਨੂੰ ਘੇਰਿਆ। ਇਸ ਹਮਲੇ ਵਿਚ 26 ਸੈਲਾਨੀਆਂ ਦੀ ਗੋਲੀ ਮਾਰ ਕੇ ਹੱਤਿਆ ਕਰ ਦਿੱਤੀ ਗਈ ਸੀ। ਭਾਰਤ ਨੇ ਕਿਹਾ ਕਿ ਪਾਕਿਸਤਾਨ 'ਕੌਮਾਂਤਰੀ ਕਾਨੂੰਨਾਂ ਦੀ ਉਲੰਘਣਾ ਕਰਨ ਵਾਲਾ ਮੁਲਕ' ਹੈ, ਜੋ ਆਲਮੀ ਅਤਿਵਾਦ ਨੂੰ ਹਵਾ ਦੇਣ ਦੇ ਨਾਲ ਖੇਤਰ ਵਿਚ ਅਸਥਿਰਤਾ ਨੂੰ ਭੜਕਾਉਂਦਾ ਹੈ। ਉਨ੍ਹਾਂ ਕਿਹਾ ਕਿ ਕੁੱਲ ਆਲਮ ਹੁਣ ਅੱਖਾਂ ਮੀਟ ਕੇ ਨਹੀਂ ਰੱਖ ਸਕਦਾ।

ਯੂਐੱਨ ਵਿੱਚ ਅਤਿਵਾਦ ਪੀੜਤ ਐਸੋਸੀਏਸ਼ਨ ਨੈੱਟਵਰਕ (ਹ੍ਰਓ“1©) ਦੇ ਉਦਘਾਟਨ ਮੌਕੇ ਪਾਕਿਸਤਾਨੀ ਵਫ਼ਦ ਦੇ ਬਿਆਨ ਤੋਂ ਬਾਅਦ ਜਵਾਬ ਦੇਣ ਦੇ ਆਪਣੇ ਅਧਿਕਾਰ ਦੀ ਵਰਤੋਂ ਕਰਦੇ ਹੋਏ, ਸੰਯੁਕਤ ਰਾਸ਼ਟਰ ਵਿੱਚ ਭਾਰਤ ਦੀ ਉਪ ਸਥਾਈ ਪ੍ਰਤੀਨਿਧੀ ਤੇ ਰਾਜਦੂਤ ਯੋਜਨਾ ਪਟੇਲ ਨੇ ਜ਼ੋਰ ਦੇ ਕੇ ਕਿਹਾ ਕਿ ਕੁੱਲ ਆਲਮ ਹੁਣ ਪਾਕਿਸਤਾਨ ਵੱਲੋਂ ਅਤਿਵਾਦ ਦੀ ਕੀਤੀ ਜਾਂਦੀ ਹਮਾਇਤ ਨੂੰ ਲੈ ਕੇ ਅੱਖਾਂ ਨਹੀਂ ਮੀਟ ਸਕਦਾ। ਪਟੇਲ ਨੇ ਇਸ ਮੁੱਦੇ 'ਤੇ ਭਾਰਤ ਦੇ ਕੇਸ ਨੂੰ ਮਜ਼ਬੂਤ ਕਰਨ ਲਈ ਪਾਕਿਸਤਾਨ ਦੇ ਰੱਖਿਆ ਮੰਤਰੀ ਖ਼ਵਾਜਾ ਆਸਿਫ਼ ਦੇ ਹਾਲੀਆ ਇੰਟਰਵਿਊ ਦਾ ਵੀ ਜ਼ਿਕਰ ਕੀਤਾ। ਖ਼ਵਾਜਾ ਨੇ ਇਸ ਇੰਟਰਵਿਊ ਵਿਚ ਭਾਰਤ ਵਿਰੁੱਧ ਦਹਿਸ਼ਤੀ ਸਮੂਹਾਂ ਦੀ ਹਮਾਇਤ ਕਰਨ ਦੀ ਗੱਲ ਵੀ ਸਵੀਕਾਰ ਕੀਤੀ ਸੀ।

ਪਟੇਲ ਨੇ ਕਿਹਾ, "ਇਹ ਬਹੁਤ ਮੰਦਭਾਗਾ ਹੈ ਕਿ ਇੱਕ ਖਾਸ ਵਫ਼ਦ ਨੇ ਭਾਰਤ ਵਿਰੁੱਧ ਬੇਬੁਨਿਆਦ ਦੋਸ਼ ਲਗਾਉਣ ਤੇ ਪ੍ਰਾਪੇਗੰਡੇ ਲਈ ਇਸ ਮੰਚ ਦੀ ਦੁਰਵਰਤੋਂ ਕੀਤੀ ਹੈ। ਪੂਰੀ ਦੁਨੀਆ ਨੇ ਪਾਕਿਸਤਾਨੀ ਰੱਖਿਆ ਮੰਤਰੀ ਖਵਾਜਾ ਆਸਿਫ ਨੂੰ ਹਾਲ ਹੀ ਵਿੱਚ ਇੱਕ ਟੀਵੀ ਇੰਟਰਵਿਊ ਵਿੱਚ ਅਤਿਵਾਦੀ ਸੰਗਠਨਾਂ ਨੂੰ ਸਿਖਲਾਈ ਦੇਣ ਲਈ ਵਿੱਤੀ ਸਹਾਇਤਾ ਦੇਣ ਦੇ ਪਾਕਿਸਤਾਨ ਦੇ ਇਤਿਹਾਸ ਨੂੰ ਸਵੀਕਾਰ ਕਰਦੇ ਸੁਣਿਆ ਹੈ।"

ਭਾਰਤੀ ਰਾਜਦੂਤ ਨੇ ਕਿਹਾ ਕਿ ਇਸ ਖੁੱਲ੍ਹੇ ਇਕਬਾਲੀਆ ਬਿਆਨ ਨੇ ਕਿਸੇ ਨੂੰ ਹੈਰਾਨ ਨਹੀਂ ਕੀਤਾ ਅਤੇ 'ਪਾਕਿਸਤਾਨ ਨੂੰ ਇੱਕ ਸ਼ਾਤਿਰ ਮੁਲਕ ਵਜੋਂ ਉਜਾਗਰ ਕੀਤਾ, ਜੋ ਆਲਮੀ ਅਤਿਵਾਦ ਨੂੰ ਹਵਾ ਦੇਣ ਦੇ ਨਾਲ ਖਿੱਤੇ ਨੂੰ ਅਸਥਿਰ ਕਰ ਰਿਹਾ ਹੈ।' ਭਾਰਤ ਨੇ ਸੰਯੁਕਤ ਰਾਸ਼ਟਰ ਵਿੱਚ ਪਾਕਿਸਤਾਨ ਨੂੰ ਅਤਿਵਾਦ ਨੂੰ ਸਰਪ੍ਰਸਤੀ ਦੇਣ ਵਾਲਾ ਮੁਲਕ ਐਲਾਨਣ ਲਈ ਕੂਟਨੀਤਕ ਤੌਰ 'ਤੇ ਕੰਮ ਕਰਨ ਦੀ ਵਧਦੀ ਮੰਗ ਦਰਮਿਆਨ ਕਿਹਾ ਕਿ ਕੁੱਲ ਆਲਮ ਹੁਣ ਅੱਖਾਂ ਨਹੀਂ ਮੀਟ ਸਕਦਾ।

ਸਮਾਗਮ ਵਿੱਚ ਆਪਣੇ ਉਦਘਾਟਨੀ ਭਾਸ਼ਣ ਵਿੱਚ ਪਟੇਲ ਨੇ ਪਹਿਲਗਾਮ ਹਮਲੇ ਬਾਰੇ ਗੱਲ ਕੀਤੀ ਅਤੇ ਕਿਹਾ ਕਿ ਭਾਰਤ ਦਹਾਕਿਆਂ ਤੋਂ ਸਰਹੱਦ ਪਾਰਲੇ ਅਤਿਵਾਦ ਦਾ ਸ਼ਿਕਾਰ ਰਿਹਾ ਹੈ ਅਤੇ ਅਤਿਵਾਦ ਵਿਰੁੱਧ ਪਹਿਲਕਦਮੀਆਂ ਦੀ ਅਹਿਮੀਅਤ ਨੂੰ ਸਮਝਦਾ ਹੈ। ਯੂਐੱਨ 'ਚ ਭਾਰਤ ਦੀ ਉਪ ਰਾਜਦੂਤ ਨੇ ਪਹਿਲਗਾਮ ਹਮਲੇ ਬਾਰੇ ਬੋਲਦੇ ਹੋਏ ਕਿਹਾ, "ਪਹਿਲਗਾਮ ਦਹਿਸ਼ਤੀ ਹਮਲਾ 2008 ਵਿੱਚ ਹੋਏ ਭਿਆਨਕ 26/11 ਮੁੰਬਈ ਹਮਲਿਆਂ ਮਗਰੋਂ ਸਭ ਤੋਂ ਵੱਧ ਨਾਗਰਿਕ ਮੌਤਾਂ ਨੂੰ ਦਰਸਾਉਂਦਾ ਹੈ। ਦਹਾਕਿਆਂ ਤੋਂ ਸਰਹੱਦ ਪਾਰਲੇ ਅਤਿਵਾਦ ਦੀ ਮਾਰ ਝੱਲ ਰਿਹਾ ਭਾਰਤ ਸਮਝਦਾ ਹੈ ਕਿ ਅਜਿਹੀਆਂ ਕਾਰਵਾਈਆਂ ਦਾ ਪੀੜਤਾਂ, ਉਨ੍ਹਾਂ ਦੇ ਪਰਿਵਾਰਾਂ ਅਤੇ ਸਮਾਜ 'ਤੇ ਲੰਬੇ ਸਮੇਂ ਤੱਕ ਅਸਰ ਰਹਿੰਦਾ ਹੈ।"

ਸੰਯੁਕਤ ਰਾਸ਼ਟਰ ਵਿੱਚ ਭਾਰਤੀ ਦੀ ਉਪ ਰਾਜਦੂਤ ਨੇ ਕਿਹਾ ਕਿ ਭਾਰਤ ਪਹਿਲਗਾਮ ਦਹਿਸ਼ਤੀ ਹਮਲੇ ਦੇ ਮੱਦੇਨਜ਼ਰ ਆਲਮੀ ਆਗੂਆਂ ਅਤੇ ਸਰਕਾਰਾਂ ਵੱਲੋਂ ਮਿਲੀ ਮਜ਼ਬੂਤ ਤੇ ਸਪੱਸ਼ਟ ਹਮਾਇਤ ਦੀ ਕਦਰ ਕਰਦਾ ਹੈ। ਪਟੇਲ ਨੇ ਕਿਹਾ, "ਇਹ ਕੌਮਾਂਤਰੀ ਭਾਈਚਾਰੇ ਦੇ ਅਤਿਵਾਦ ਪ੍ਰਤੀ ਜ਼ੀਰੋ ਸਹਿਣਸ਼ੀਲਤਾ ਦਾ ਸਬੂਤ ਹੈ।"

# ਕਣਕ ਦੇ ਨਾੜ ਨੂੰ ਅੱਗ ਲੱਗਣ ਕਾਰਨ ਝੁਲਸੇ ਵਿਅਕਤੀਆਂ ਦਾ ਇਲਾਜ ਪੰਜਾਬ ਸਰਕਾਰ ਕਰਵਾਏਗੀ : ਡਾ. ਬਲਬੀਰ ਸਿੰਘ

**ਸਿਹਤ ਮੰਤਰੀ ਨੇ ਪੀ.ਜੀ.ਆਈ. ਵਿਖੇ ਮਜ਼ਦੂਰ ਦਿਆਲ ਸਿੰਘ ਸਮੇਤ ਮੋੜ ਮੰਡੀ ਤੇ ਫਰੀਦਕੋਟ ਦੇ ਕਿਸਾਨਾਂ ਦਾ ਹਸਪਤਾਲ ਜਾ ਕੇ ਜਾਣਿਆ ਹਾਲ**

**ਨਾਭਾ, ਭਾਦਸੋਂ, 30 ਅਪ੍ਰੈਲ**
**-ਕੌਮੀ ਪੱਤ੍ਰਿਕਾ ਬਿਊਰੋ-**



ਪੰਜਾਬ ਦੇ ਸਿਹਤ ਤੇ ਪਰਿਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਨੇ ਕਿਹਾ ਕਿ ਕਣਕ ਦੇ ਨਾੜ ਨੂੰ ਅੱਗ ਲੱਗਣ ਕਾਰਨ ਪਿੰਡ ਅਜਨੌਦਾ ਖੁਰਦ ਦੇ ਮਜ਼ਦੂਰ ਦਿਆਲ ਸਿੰਘ ਸਮੇਤ ਅੱਗ ਨਾਲ ਝੁਲਸਣ ਕਾਰਨ ਪੀ.ਜੀ.ਆਈ. ਵਿੱਚ ਜੇਰੇ ਇਲਾਜ ਮੋੜ ਮੰਡੀ ਤੇ ਫਰੀਦਕੋਟ ਦੇ ਦੋ ਕਿਸਾਨਾਂ ਦੇ ਇਲਾਜ ਦਾ ਸਾਰਾ ਖਰਚਾ ਪੰਜਾਬ ਸਰਕਾਰ ਵੱਲੋਂ ਕੀਤਾ ਜਾਵੇਗਾ। ਸਿਹਤ ਮੰਤਰੀ ਅੱਜ ਪਟਿਆਲਾ ਦਿਹਾਤੀ ਹਲਕੇ ਦੇ ਪਿੰਡ ਕੈਦੂਪੁਰ ਵਿਖੇ ਬੀਤੀ 26 ਅਪ੍ਰੈਲ ਨੂੰ ਕਰੀਬ 16 ਏਕੜ ਕਣਕ ਦੇ ਨਾੜ ਨੂੰ ਅੱਗ ਲੱਗਣ ਕਾਰਨ ਹੋਏ ਨੁਕਸਾਨ ਦਾ ਜਾਇਜ਼ਾ ਲੈਣ ਪੁੱਜੇ ਹੋਏ ਸਨ। ਇਸ ਮੌਕੇ ਉਨ੍ਹਾਂ ਦੇ ਨਾਲ ਐਸ.ਡੀ.ਐਮ ਨਾਭਾ ਡਾ. ਇਸਮਤ ਵਿਜੇ ਸਿੰਘ ਵੀ ਮੌਜੂਦ ਸਨ।

ਇਸ ਮੌਕੇ ਡਾ. ਬਲਬੀਰ ਸਿੰਘ ਨੇ ਕਿਹਾ ਕਿ ਪਿੰਡ ਕੈਦੂਪੁਰ ਦੇ ਜਿਨ੍ਹਾਂ ਕਿਸਾਨਾਂ ਦੇ ਨਾੜ ਨੂੰ ਅੱਗ ਲੱਗਣ ਨਾਲ ਤੂੜੀ ਦਾ ਨੁਕਸਾਨ ਹੋਇਆ ਹੈ, ਉਸ ਨੁਕਸਾਨ ਦੀ ਭਰਪਾਈ ਉਹ ਆਪਣੀ ਤਨਖਾਹ ਵਿਚੋਂ ਕਰਨਗੇ। ਉਨ੍ਹਾਂ ਕਿਸਾਨਾਂ ਨੂੰ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਪ੍ਰਭਾਵਿਤ ਕਿਸਾਨਾਂ ਤੇ ਮਜ਼ਦੂਰਾਂ ਦੀ ਹਰ ਸੰਭਵ ਮਦਦ ਕੀਤੀ ਜਾਵੇਗੀ। ਡਾ. ਬਲਬੀਰ ਸਿੰਘ ਨੇ ਕਿਹਾ ਕਿ ਅੱਗ ਲੱਗਣ ਕਾਰਨ ਫਾਇਰ ਬ੍ਰਿਗੇਡ ਦੀਆਂ ਗੱਡੀਆਂ ਤੁਰੰਤ ਆਉਣ ਕਰਕੇ ਅਤੇ ਲੋਕਾਂ ਵੱਲੋਂ ਕੀਤੇ ਯਤਨਾਂ ਸਦਕਾ ਜਾਨੀ ਨੁਕਸਾਨ ਹੋਣ ਤੋਂ ਬਚਾਅ ਰਿਹਾ ਹੈ ਪਰ ਪਿੰਡ ਅਜਨੌਦਾ ਖੁਰਦ ਦੇ ਮਜ਼ਦੂਰ ਦਿਆਲ ਸਿੰਘ ਅੱਗ ਬੁਝਾਉਂਦੇ ਹੋਏ ਝੁਲਸ ਗਏ ਸਨ, ਜਿਨ੍ਹਾਂ ਦਾ ਇਲਾਜ ਪੀ.ਜੀ.ਆਈ ਵਿਖੇ ਚੱਲ ਰਿਹਾ ਹੈ ਤੇ ਉਨ੍ਹਾਂ ਖੁਦ ਪੀ.ਜੀ.ਆਈ ਵਿਖੇ ਦਿਆਲ ਸਿੰਘ ਅਤੇ ਉਸਦੇ ਪਰਿਵਾਰਕ ਮੈਂਬਰਾਂ ਨਾਲ ਮੁਲਾਕਾਤ ਕੀਤੀ ਹੈ ਤੇ ਪੰਜਾਬ ਸਰਕਾਰ ਵੱਲੋਂ ਇਲਾਜ ਸਮੇਤ ਹਰੇਕ ਸੰਭਵ ਮਦਦ ਦੇਣ ਲਈ ਕਿਹਾ ਗਿਆ ਹੈ।

ਸਿਹਤ ਮੰਤਰੀ ਨੇ ਕਿਹਾ ਕਿ ਪੀ.ਜੀ.ਆਈ. ਵਿਖੇ ਅੱਗ ਨਾਲ ਝੁਲਸਣ ਕਾਰਨ ਪੰਜਾਬ ਦੇ ਤਿੰਨ ਵਿਅਕਤੀ ਜੇਰੇ ਇਲਾਜ ਹਨ ਤੇ ਇਨ੍ਹਾਂ ਦੇ ਇਲਾਜ ਦਾ ਖਰਚ ਪੰਜਾਬ ਸਰਕਾਰ ਵੱਲੋਂ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਕਣਕ ਦੇ ਸੀਜ਼ਨ ਦੌਰਾਨ ਮੌਸਮ ਖੁਸ਼ਕ ਹੋਣ ਕਾਰਨ ਅੱਗ ਲੱਗਣ ਦੀਆਂ ਘਟਨਾਵਾਂ ਵਾਪਰਦੀਆਂ ਹਨ, ਪਰ ਜੇਕਰ ਕਿਸਾਨ ਸਾਂਝੀਆਂ ਵੱਟਾਂ 'ਤੇ ਸਰੋਂ ਜਾ ਫੇਰ ਹੋਰ ਹਰਿਆਵਲ ਵਾਲੀ ਫਸਲ ਲਗਾ ਲੈਣ ਤਾਂ ਇਸ ਨਾਲ ਅੱਗ ਨੂੰ ਅੱਗੇ ਵੱਧਣ ਤੋਂ ਰੋਕਿਆ ਜਾ ਸਕਦਾ ਹੈ।

ਇਸ ਦੌਰਾਨ ਡਾ. ਬਲਬੀਰ ਸਿੰਘ ਨੇ ਕਿਸਾਨ ਮਨਜੀਤ ਸਿੰਘ, ਜਿਸਦੇ 14 ਏਕੜ ਰਕਬੇ ਤੇ ਕੁਲਵਿੰਦਰ ਸਿੰਘ, ਜਿਸਦੇ 4 ਏਕੜ ਰਕਬੇ ਵਿੱਚ ਨਾੜ ਸੜਿਆ ਹੈ ਨੂੰ ਭਰੋਸਾ ਦਿੱਤਾ ਕਿ ਪੰਜਾਬ ਸਰਕਾਰ ਕਿਸਾਨਾਂ ਤੇ ਖੇਤ ਮਜ਼ਦੂਰਾਂ ਦੇ ਨਾਲ ਖੜ੍ਹੀ ਹੈ ਅਤੇ ਉਨ੍ਹਾਂ ਦੇ ਹੋਏ ਨੁਕਸਾਨ ਦੀ ਭਰਪਾਈ ਕੀਤੀ ਜਾਵੇਗੀ।

ਇਸ ਮੌਕੇ ਪੱਤਰਕਾਰਾਂ ਨਾਲ ਗੈਰ ਰਸਮੀ ਗੱਲਬਾਤ ਕਰਦਿਆਂ ਸਿਹਤ ਮੰਤਰੀ ਡਾ. ਬਲਬੀਰ ਸਿੰਘ ਨੇ ਕਿਹਾ ਪਿੰਡ ਕੈਦੂਪੁਰ ਵਿਖੇ ਨਾੜ ਨੂੰ ਅੱਗ ਲੱਗਣ ਦੀ ਘਟਨਾ ਸਬੰਧੀ ਜਦ ਉਨ੍ਹਾਂ ਨੂੰ ਸੂਚਨਾ ਮਿਲੀ ਤਾਂ ਉਹ ਉਸ ਸਮੇਂ ਸਰਹੱਦੀ ਖੇਤਰ ਦੇ ਦੌਰੇ 'ਤੇ ਸਨ ਤਾਂ ਉਨ੍ਹਾਂ ਕੈਬਨਿਟ ਮੰਤਰੀ ਤਰੁਨਪ੍ਰੀਤ ਸਿੰਘ ਸੌਂਦ ਨੂੰ ਘਟਨਾ ਸਥਾਨ ਦਾ ਦੌਰਾ ਕਰਨ ਦੀ ਬੇਨਤੀ ਕੀਤੀ ਤੇ ਸ. ਸੌਂਦ ਵੱਲੋਂ ਤੁਰੰਤ ਪਿੰਡ ਕੈਦੂਪੁਰ ਦਾ ਦੌਰਾ ਕਰਕੇ ਸਥਿਤੀ ਦਾ ਜਾਇਜ਼ਾ ਲਿਆ ਗਿਆ। ਇਸ ਮੌਕੇ ਪਿੰਡ ਦੇ ਕਿਸਾਨਾਂ, ਸਰਪੰਚ ਤੇ ਨੰਬਰਦਾਰ ਨੇ ਦੱਸਿਆ ਹੈ ਕਿ ਫਾਇਰ ਬ੍ਰਿਗੇਡ ਤੁਰੰਤ ਘਟਨਾ ਸਥਾਨ 'ਤੇ ਪਹੁੰਚ ਗਈ ਸੀ, ਜਿਸ ਕਾਰਨ ਹੋਰ ਵੱਡੇ ਨੁਕਸਾਨ ਹੋਣ ਦਾ ਬਚਾਅ ਹੋ ਗਿਆ।

ਇਸ ਦੌਰਾਨ ਅੱਜ ਸਿਹਤ ਮੰਤਰੀ ਦੇ ਪੀ ਏ ਜੈ ਸ਼ੰਕਰ, ਬਲਵਿੰਦਰ ਸੈਣੀ, ਸੁਰੇਸ਼ ਰਾਏ, ਜਸਪਾਲ ਸਿੰਘ, ਜਗਦੀਪ ਸਿੰਘ, ਕੁਲਦੀਪ ਸਿੰਘ ਨੰਬਰਦਾਰ, ਪੱਪੂ ਸਿੰਘ ਸਰਪੰਚ ਕੈਦੂਪੁਰ, ਭੀਮ ਸਿੰਘ, ਅਮਨਦੀਪ ਸਿੰਘ, ਗੁਰਚਰਨ ਸਿੰਘ ਤੇ ਹੋਰ ਅਧਿਕਾਰੀ ਵੀ ਹਾਜ਼ਰ ਸਨ।

# ਰੇਕ ਪਿੰਡ ਅਤੇ ਵਾਰਡ ਤੱਕ ਮਈ-ਜੂਨ 2025 ਤੱਕ ਪਹੁੰਚ ਕਰਨ ਲਈ ਪੰਜਾਬ ਨੇ 'ਨਸ਼ਾ ਮੁਕਤੀ ਯਾਤਰਾ' ਕੀਤੀ ਸ਼ੁਰੂ

**ਚੰਡੀਗੜ੍ਹ, 30 ਅਪ੍ਰੈਲ**
**-ਕੌਮੀ ਪੱਤ੍ਰਿਕਾ ਬਿਊਰੋ-**

ਸੂਬੇ ਵਿੱਚ ਨਸ਼ਿਆਂ ਦੇ ਖ਼ਤਰੇ 'ਤੇ ਅੰਤਿਮ ਅਤੇ ਫੈਸਲਾਕੁਨ ਹਮਲੇ ਲਈ ਤਿਆਰੀ ਵਿੱਢਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਨੇ ਨਸ਼ਾ ਵਿਰੋਧੀ ਜਾਗਰੂਕਤਾ ਅਤੇ ਕਾਰਵਾਈ ਮੁਹਿੰਮ ਤਹਿਤ 'ਨਸ਼ਾ ਮੁਕਤੀ ਯਾਤਰਾ' ਸ਼ੁਰੂ ਕਰਨ ਦਾ ਫੈਸਲਾ ਕੀਤਾ ਹੈ, ਜੋ ਮਈ ਅਤੇ ਜੂਨ 2025 ਦੇ ਮਹੀਨਿਆਂ ਵਿੱਚ ਸੂਬੇ ਦੇ ਹਰ ਪਿੰਡ ਅਤੇ ਵਾਰਡ ਤੱਕ ਪਹੁੰਚ ਕਰੇਗੀ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਮੁੱਖ ਮੰਤਰੀ ਦਫ਼ਤਰ ਦੇ ਬੁਲਾਰੇ ਨੇ ਦੱਸਿਆ ਕਿ ਇਹ ਮੁਹਿੰਮ 2 ਤੋਂ 4 ਮਈ ਤੱਕ ਸੂਬੇ ਭਰ ਵਿੱਚ ਜ਼ਿਲ੍ਹਾ ਪੱਧਰੀ ਮੀਟਿੰਗਾਂ ਕਰਨ ਲਈ ਪਿੰਡ ਸੁਰੱਖਿਆ ਕਮੇਟੀਆਂ ਨੂੰ ਨੇੜਿਓਂ ਸ਼ਾਮਲ ਕਰ ਕੇ ਚਲਾਈ ਜਾਵੇਗੀ। ਇਹ ਮੀਟਿੰਗਾਂ 'ਨਸ਼ਾ ਮੁਕਤੀ ਯਾਤਰਾ' ਮੁਹਿੰਮ ਲਈ ਅਧਿਕਾਰਤ ਲਾਂਚ ਪਲੇਟਫਾਰਮ ਵਜੋਂ ਕੰਮ ਕਰਨਗੀਆਂ। ਪਿੰਡ ਸੁਰੱਖਿਆ ਕਮੇਟੀਆਂ ਦੇ ਸਾਰੇ ਮੈਂਬਰਾਂ ਤੋਂ ਇਲਾਵਾ ਇਸ ਮੀਟਿੰਗ ਵਿੱਚ ਪਿੰਡਾਂ ਦੇ ਸਰਪੰਚ, ਸਿਵਲ ਅਤੇ ਪੁਲਿਸ ਪ੍ਰਸ਼ਾਸਨ ਦੇ ਨਾਲ-ਨਾਲ ਹੋਰ ਸਬੰਧਤ ਵੀ ਸ਼ਾਮਲ ਹੋਣਗੇ।

ਮੁੱਖ ਮੰਤਰੀ ਨੇ ਡਿਪਟੀ ਕਮਿਸ਼ਨਰਾਂ ਅਤੇ ਐਸ.ਐਸ.ਪੀ. ਨੂੰ ਉਨ੍ਹਾਂ ਪਿੰਡਾਂ ਵਿੱਚ ਪਿੰਡ ਸੁਰੱਖਿਆ ਕਮੇਟੀਆਂ ਬਣਾਉਣ ਲਈ ਕਿਹਾ ਹੈ, ਜਿੱਥੇ ਇਹ ਕਮੇਟੀਆਂ ਮੌਜੂਦ ਨਹੀਂ ਹਨ ਅਤੇ ਉਨ੍ਹਾਂ ਨੂੰ ਇਨ੍ਹਾਂ ਮੀਟਿੰਗਾਂ ਲਈ ਸੱਦਾ ਦੇਣ ਲਈ ਕਿਹਾ ਹੈ। ਇਸੇ ਤਰ੍ਹਾਂ ਨਗਰ ਨਿਗਮ ਖੇਤਰਾਂ ਦੇ ਹਰੇਕ ਵਾਰਡ ਵਿੱਚ ਵਾਰਡ ਸੁਰੱਖਿਆ ਕਮੇਟੀਆਂ ਵੀ ਬਣਾਈਆਂ ਜਾਣਗੀਆਂ ਅਤੇ ਉਨ੍ਹਾਂ ਨੂੰ ਇਨ੍ਹਾਂ ਮੀਟਿੰਗਾਂ ਲਈ ਸੱਦਿਆ ਜਾਵੇਗਾ। ਹਰੇਕ ਜ਼ਿਲ੍ਹਾ ਪੱਧਰੀ ਮੀਟਿੰਗ ਦੀ ਪ੍ਰਧਾਨਗੀ ਇੱਕ ਕੈਬਨਿਟ ਮੰਤਰੀ ਵੱਲੋਂ ਕੀਤੀ ਜਾਵੇਗੀ, ਜਿਸ ਦਾ ਮੰਤਵ ਨਸ਼ਾ ਮੁਕਤੀ ਯਾਤਰਾ ਮੁਹਿੰਮ ਬਾਰੇ ਜਾਗਰੂਕ ਕਰਨਾ, ਚੌਕਸੀ ਲਈ ਪਿੰਡ-ਪੱਧਰੀ ਲੀਡਰਸ਼ਿਪ ਨੂੰ ਲਾਮਬੰਦ ਕਰਨਾ, ਪਿੰਡ ਸੁਰੱਖਿਆ ਕਮੇਟੀਆਂ, ਵਾਰਡ ਸੁਰੱਖਿਆ ਕਮੇਟੀਆਂ ਅਤੇ ਜ਼ਿਲ੍ਹਾ ਪ੍ਰਸ਼ਾਸਨ ਵਿਚਕਾਰ ਤਾਲਮੇਲ ਨੂੰ ਮਜ਼ਬੂਤ ਕਰਨਾ ਅਤੇ ਪਿੰਡ ਪੱਧਰ 'ਤੇ ਨਸ਼ਿਆਂ ਵਿਰੁੱਧ ਸਮੂਹਿਕ ਇਕਜੁੱਟਤਾ ਨੂੰ ਮਜ਼ਬੂਤ ਕਰਨਾ ਹੈ।

ਇਨ੍ਹਾਂ ਮੀਟਿੰਗਾਂ ਤੋਂ ਬਾਅਦ ਦੂਜੇ ਪੜਾਅ ਦੀ ਨਸ਼ਾ ਮੁਕਤੀ ਯਾਤਰਾ 7 ਮਈ ਤੋਂ ਜ਼ਮੀਨੀ ਪੱਧਰ 'ਤੇ ਸ਼ੁਰੂ ਕੀਤੀ ਜਾਵੇਗੀ ਅਤੇ ਇਸ ਯਾਤਰਾ ਵਿੱਚ ਹਰੇਕ ਪਿੰਡ/ਵਾਰਡ ਦੇ ਸਾਰੇ ਲੋਕਾਂ ਦੀ ਇੱਕ ਮੀਟਿੰਗ ਕੀਤੀ ਜਾਵੇਗੀ। ਇਸ ਮੀਟਿੰਗ ਵਿੱਚ ਪਿੰਡ ਸੁਰੱਖਿਆ ਕਮੇਟੀ, ਵਾਰਡ ਸੁਰੱਖਿਆ ਕਮੇਟੀ, ਸਰਪੰਚ ਅਤੇ ਹੋਰ ਅਧਿਕਾਰੀ ਸ਼ਾਮਲ ਹੋਣਗੇ। ਪੰਜਾਬ ਦੇ ਹਰੇਕ ਪਿੰਡ/ਵਾਰਡ ਨੂੰ ਸੂਬਾ ਸਰਕਾਰ ਵੱਲੋਂ ਤਿਆਰ ਕੀਤੀ ਸਾਰਣੀ ਅਨੁਸਾਰ ਕਵਰ ਕੀਤਾ ਜਾਵੇਗਾ।

ਮੁੱਖ ਮੰਤਰੀ ਨੇ ਉਮੀਦ ਜ਼ਾਹਰ ਕੀਤੀ ਕਿ ਇਹ ਮੁਹਿੰਮ ਨਸ਼ਿਆਂ ਵਿਰੁੱਧ ਜੰਗ ਨੂੰ ਜਨ ਅੰਦੋਲਨ ਵਿੱਚ ਬਦਲ ਦੇਵੇਗੀ, ਉਨ੍ਹਾਂ ਨੇ ਸਮਾਜ ਦੇ ਹਰ ਵਿਅਕਤੀ ਤੋਂ ਪੂਰਨ ਸਮਰਥਨ ਅਤੇ ਸਹਿਯੋਗ ਦੀ ਮੰਗ ਕੀਤੀ ਤਾਂ ਜੋ ਇਹ ਯਕੀਨੀ ਬਣਾਇਆ ਜਾ ਸਕੇ ਕਿ ਉਨ੍ਹਾਂ ਦੇ ਖੇਤਰ ਵਿੱਚ ਕੋਈ ਵੀ ਨਸ਼ਾ ਨਾ ਵੇਚਿਆ ਜਾਵੇ ਅਤੇ ਸਾਰੇ ਨਸ਼ਾ ਪੀੜਤਾਂ ਨੂੰ ਨਸ਼ਿਆਂ ਤੋਂ ਬਾਹਰ ਕੱਢਿਆ ਜਾ ਸਕੇ।

# ਸਰਕਾਰੀ ਸਕੂਲਾਂ ਦੇ ਵਿਦਿਆਰਥੀਆਂ ਤੇ ਅਧਿਆਪਕ ਨੇ ਪੂਰੇ ਦੇਸ਼ ਵਿੱਚ ਮਿਸਾਲ ਕਾਇਮ ਕੀਤੀ : ਚੇਤਨ ਸਿੰਘ ਜੋੜਾਮਾਜਰਾ



ਸਮਾਣਾ ਦੇ ਵਿਧਾਇਕ ਚੇਤਨ ਸਿੰਘ ਜੌੜਾਮਾਜਰਾ ਸਮਾਣਾ ਹਲਕੇ ਦੇ ਵੱਖ-ਵੱਖ ਸਰਕਾਰੀ ਸਕੂਲਾਂ ਵਿੱਚ ਸ਼ਿਰਕਤ ਕਰਦੇ ਹੋਏ।

**ਸਮਾਣਾ, 30 ਅਪ੍ਰੈਲ**
**-ਕੌਮੀ ਪੱਤ੍ਰਿਕਾ ਬਿਊਰੋ-**

ਸਮਾਣਾ ਦੇ ਵਿਧਾਇਕ ਚੇਤਨ ਸਿੰਘ ਜੌੜਾਮਾਜਰਾ ਨੇ ਪੰਜਾਬ ਸਿੱਖਿਆ ਕ੍ਰਾਂਤੀ ਤਹਿਤ ਸਰਕਾਰੀ ਮਿਡਲ ਸਕੂਲ ਤਰਖਾਣ ਮਾਜਰਾ 3.1 ਲੱਖ ਅਤੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਬਾਦਸ਼ਾਹਪੁਰ ਕਾਲੇਕੀ ਵਿਖੇ 1.13 ਲੱਖ ਰੁਪਏ, ਮਿਆਲ ਕਲਾਂ ਤੇ ਮਿਆਲ ਖੁਰਦ ਦੇ ਸਰਕਾਰੀ ਪ੍ਰਾਇਮਰੀ ਸਕੂਲਾਂ ਵਿੱਚ ਕਰਵਾਏ ਗਏ ਵਿਕਾਸ ਕਾਰਜਾਂ ਦਾ ਉਦਘਾਟਨ ਕੀਤਾ।

ਇਸ ਮੌਕੇ ਸੰਬੋਧਨ ਕਰਦਿਆ ਵਿਧਾਇਕ ਜੌੜਾਮਾਜਰਾ ਨੇ ਦੱਸਿਆ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠਲੀ ਪੰਜਾਬ ਸਰਕਾਰ ਵੱਲੋਂ ਸਰਕਾਰੀ ਸਕੂਲਾਂ ਵਿੱਚ ਕੀਤੇ ਗਏ ਮਿਆਰੀ ਸੁਧਾਰਾਂ ਕਰਕੇ ਸਾਡੇ ਅਧਿਆਪਕਾਂ ਅਤੇ ਵਿਦਿਆਰਥੀਆਂ ਨੇ ਦੇਸ਼ ਭਰ ਵਿੱਚ ਮਿਸਾਲ ਕਾਇਮ ਕੀਤੀ ਹੈ।

ਉਨ੍ਹਾਂ ਕਿਹਾ ਵਿਦਿਆਰਥੀ ਕੌਮੀ ਪੱਧਰ ਦੇ ਵਿੱਦਿਅਕ ਖੇਤਰ ਅਤੇ ਹੋਰ ਮੁਕਾਬਲਿਆਂ ਵਿੱਚ ਮੋਹਰੀ ਰਹੇ ਹਨ ਜਦਕਿ ਅਧਿਆਪਕਾਂ ਨੂੰ ਵਿਦੇਸ਼ੀ ਸਿੱਖਿਆ ਪ੍ਰਣਾਲੀ ਦੀ ਸਿਖਲਾਈ ਦਿਵਾਈ ਗਈ ਹੈ।

ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਸਕੂਲਾਂ ਨੂੰ ਸਮੇਂ ਦੇ ਹਾਣੀ ਬਣਾ ਦਿੱਤਾ ਗਿਆ ਹੈ ਅਤੇ ਹੁਣ ਇਹਨਾਂ ਸਕੂਲਾਂ ਵਿੱਚ ਡਿਜੀਟਲ ਇੰਟ੍ਰੈਕਟਿਵ ਸਕਰੀਨਾਂ, ਨਵੇਂ ਬੈਂਚ ਤੇ ਕਮਰਿਆਂ ਸਮੇਤ ਲਾਇਬ੍ਰੇਰੀਆਂ, ਲੈਬਾਰਟਰੀਆਂ, ਚਾਰਦੀਵਾਰੀਆਂ, ਨਵਾਂ ਫਰਨੀਚਰ, ਪੀਣ ਵਾਲਾ ਪਾਣੀ, ਟੁਆਇਲਟ ਬਲਾਕ ਸਮੇਤ ਖੇਡਾਂ ਨਾਲ ਸਬੰਧਤ ਬੁਨਿਆਦੀ ਢਾਂਚਾ ਪ੍ਰਦਾਨ ਕੀਤਾ ਗਿਆ ਹੈ।ਉਹਨਾਂ ਅੱਗੇ ਕਿਹਾ ਕਿ ਸਾਡੇ ਬੱਚੇ ਤੇ ਅਧਿਆਪਕ ਬਦਲਦੇ ਪੰਜਾਬ ਦੇ ਗਵਾਹ ਬਣ ਗਏ ਹਨ।

ਇਸ ਮੌਕੇ ਮਾਰਕੀਟ ਕਮੇਟੀ ਚੇਅਰਮੈਨ ਬਲਕਾਰ ਸਿੰਘ ਗੱਜੂਮਾਜਰਾ, ਗੁਰਦੇਵ ਸਿੰਘ ਟਿਵਾਣਾ, ਸਕੂਲਾਂ ਦੇ ਪ੍ਰਿੰਸੀਪਲ ਵੱਡੀ ਗਿਣਤੀ ਅਧਿਆਪਕ, ਵਿਦਿਆਰਥੀ, ਮਾਪੇ ਤੇ ਹੋਰ ਪਤਵੰਤੇ ਮੌਜੂਦ ਸਨ।

# ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਨੂੰ ਘਰ-ਘਰ ਪਹੁੰਚਾਉਣ ਲਈ ਵਿਲੇਜ ਡਿਫੈਂਸ ਕਮੇਟੀਆਂ ਨਿਭਾਉਣਗੀਆਂ ਅਹਿਮ ਭੂਮਿਕਾ : ਡਿਪਟੀ ਕਮਿਸ਼ਨਰ

## ➢ ਪਟਿਆਲਾ ਜ਼ਿਲ੍ਹੇ ਦੇ ਸਾਰੇ ਪਿੰਡਾਂ 'ਚ 'ਪਿੰਡਾਂ ਦੇ ਪਹਿਰੇਦਾਰ' 4 ਮਈ ਨੂੰ ਕਰਨਗੇ ਬੈਠਕਾਂ ➢ ਵਿਲੇਜ ਡਿਫੈਂਸ ਕਮੇਟੀਆਂ ਨਸ਼ਿਆਂ ਖਿਲਾਫ਼ ਪਿੰਡ ਪੱਧਰ 'ਤੇ ਲੋਕਾਂ ਨੂੰ ਲਾਮਬੰਦ ਕਰਨਗੀਆਂ : ਡਾ. ਪ੍ਰੀਤੀ ਯਾਦਵ

**ਪਟਿਆਲਾ, 30 ਅਪ੍ਰੈਲ**
**-ਅਮਰਜੀਤ ਸਿੰਘ ਲਾਂਬਾ-**
**-ਕੌਮੀ ਪੱਤ੍ਰਿਕਾ ਬਿਊਰੋ-**

ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਚਲਾਈ ਜਾ ਰਹੀ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਤਹਿਤ ਪਟਿਆਲਾ ਜ਼ਿਲ੍ਹੇ ਦੇ ਸਾਰੇ ਪਿੰਡ ਵਿੱਚ 4 ਮਈ ਨੂੰ ਵਿਲੇਜ ਡਿਫੈਂਸ ਕਮੇਟੀਆਂ (ਪਿੰਡਾਂ ਦੇ ਪਹਿਰੇਦਾਰ) ਦੀਆਂ ਵਿਸ਼ੇਸ਼ ਮੀਟਿੰਗਾਂ ਹੋਣਗੀਆਂ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਡਿਪਟੀ ਕਮਿਸ਼ਨਰ ਡਾ. ਪ੍ਰੀਤੀ ਯਾਦਵ ਨੇ ਦੱਸਿਆ ਕਿ 4 ਮਈ ਨੂੰ ਜ਼ਿਲ੍ਹਾ ਪਟਿਆਲਾ ਵਿੱਚ ਵਿਲੇਜ ਡਿਫੈਂਸ ਕਮੇਟੀਆਂ (ਪਿੰਡਾਂ ਦੇ ਪਹਿਰੇਦਾਰ) ਵੱਲੋਂ ਪਿੰਡ ਪੱਧਰ 'ਤੇ ਮੀਟਿੰਗਾਂ ਕੀਤੀਆਂ ਜਾਣਗੀਆਂ ਅਤੇ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਵਿੱਚ ਪਿੰਡ ਵਾਸੀਆਂ ਦਾ ਸਾਥ ਲਿਆ ਜਾਵੇਗਾ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਦੀਆਂ ਹਦਾਇਤਾਂ ਤਹਿਤ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਨੂੰ ਜ਼ਮੀਨੀ ਪੱਧਰ 'ਤੇ ਚਲਾਇਆ ਜਾ ਰਿਹਾ ਹੈ ਅਤੇ ਸੂਬੇ ਨੂੰ ਨਸ਼ਾ ਮੁਕਤ ਬਣਾਉਣ ਵਿੱਚ ਪਟਿਆਲਾ ਜ਼ਿਲ੍ਹਾ ਮੋਹਰੀ ਭੂਮਿਕਾ ਨਿਭਾਵੇਗਾ। ਡਾ. ਪ੍ਰੀਤੀ ਯਾਦਵ ਨੇ ਦੱਸਿਆ ਕਿ ਪਿੰਡ ਪੱਧਰ 'ਤੇ 'ਪਿੰਡ ਦੇ ਪਹਿਰੇਦਾਰ' ਸਿਰਲੇਖ ਹੇਠ ਬਣਾਈਆਂ ਜਾ ਰਹੀਆਂ ਵਿਲੇਜ ਡਿਫੈਂਸ ਕਮੇਟੀਆਂ ਵਿੱਚ ਪਿੰਡ ਦਾ ਸਰਪੰਚ, ਆਂਗਣਵਾੜੀ ਵਰਕਰ, ਆਸ਼ਾ ਵਰਕਰ, ਪੰਚਾਇਤ



ਸਕੱਤਰ ਤੇ ਚੌਕੀਦਾਰ ਸ਼ਾਮਲ ਹਨ। ਉਨ੍ਹਾਂ ਦੱਸਿਆ ਕਿ ਬਲਾਕ ਵਿਕਾਸ ਤੇ ਪੰਚਾਇਤ ਅਫ਼ਸਰ ਵੱਲੋਂ ਆਪਣੇ ਅਧੀਨ ਪੈਂਦੇ ਪਿੰਡਾਂ ਵਿੱਚ 'ਪਿੰਡ ਦੇ ਪਹਿਰੇਦਾਰ' ਸਿਰਲੇਖ ਹੇਠ ਵਿਲੇਜ ਡਿਫੈਂਸ ਕਮੇਟੀਆਂ ਦਾ ਗਠਨ ਕੀਤਾ ਜਾ ਰਿਹਾ ਹੈ ਅਤੇ ਬੀ.ਡੀ.ਪੀ.ਓ ਵੱਲੋਂ ਹੀ 4 ਮਈ ਨੂੰ ਇਨ੍ਹਾਂ ਕਮੇਟੀਆਂ ਦੀਆਂ ਮੀਟਿੰਗਾਂ ਵੀ ਕਰਵਾਈਆਂ ਜਾਣਗੀਆਂ।

ਉਨ੍ਹਾਂ ਦੱਸਿਆ ਕਿ 4 ਮਈ ਨੂੰ ਕਰਵਾਈਆਂ ਜਾਣ ਵਾਲੀਆਂ ਮੀਟਿੰਗਾਂ ਦਾ ਮੁੱਖ ਮੰਤਵ ਆਮ ਲੋਕਾਂ ਨੂੰ ਨਸ਼ਿਆਂ ਖਿਲਾਫ਼ ਵਿੱਢੀ ਮੁਹਿੰਮ 'ਚ ਸ਼ਾਮਲ ਕਰਨਾ ਅਤੇ ਲੋਕਾਂ ਵਿੱਚ ਜਾਗਰੂਕਤਾ ਪੈਦਾ ਕਰਨ ਸਮੇਤ ਭਾਈਚਾਰਕ ਪੱਧਰ 'ਤੇ ਚੌਕਸੀ ਲਈ ਪਿੰਡ ਪੱਧਰ 'ਤੇ ਲੋਕਾਂ ਨੂੰ ਲਾਮਬੰਦ ਕਰਨਾ ਹੈ। ਉਨ੍ਹਾਂ ਕਿਹਾ ਕਿ ਇਹ ਮੀਟਿੰਗਾਂ ਵਿਲੇਜ ਡਿਫੈਂਸ ਕਮੇਟੀਆਂ ਤੇ ਜ਼ਿਲ੍ਹਾ ਪ੍ਰਸ਼ਾਸਨ ਵਿੱਚ ਤਾਲਮੇਲ ਨੂੰ ਹੋਰ ਮਜ਼ਬੂਤ ਕਰਨਗੀਆਂ। ਉਨ੍ਹਾਂ ਆਮ ਲੋਕਾਂ ਨੂੰ ਪੰਜਾਬ ਸਰਕਾਰ ਵੱਲੋਂ ਨਸ਼ਿਆਂ ਖਿਲਾਫ਼ ਵਿੱਢੀ ਮੁਹਿੰਮ 'ਚ ਅੱਗੇ ਆਉਣ ਦਾ ਸੱਦਾ ਦਿੰਦਿਆਂ ਕਿਹਾ ਕਿ ਸਮਾਜ ਵਿੱਚੋਂ ਨਸ਼ਿਆਂ ਦੇ ਪੂਰਨ ਖਾਤਮੇ ਲਈ ਇਸ ਮੁਹਿੰਮ ਨੂੰ ਲੋਕ ਲਹਿਰ ਬਣਾਉਣ ਦੀ ਜ਼ਰੂਰਤ ਹੈ ਤੇ ਇਹ ਸਾਰੇ ਲੋਕਾਂ ਦੇ ਸਹਿਯੋਗ ਨਾਲ ਹੀ ਸੰਭਵ ਹੈ। ਉਨ੍ਹਾਂ ਕਿਹਾ ਕਿ ਵਿਲੇਜ ਡਿਫੈਂਸ ਕਮੇਟੀਆਂ ਲੋਕਾਂ ਨੂੰ ਜਾਗਰੂਕ ਕਰਨ ਸਮੇਤ ਨਸ਼ਾ ਵੇਚਣ ਵਾਲਿਆਂ 'ਤੇ ਹੀ ਬਾਜ ਅੱਖ ਰੱਖਣਗੀਆਂ ਤੇ ਜ਼ਿਲ੍ਹਾ ਪ੍ਰਸ਼ਾਸਨ ਨਾਲ ਰਾਬਤਾ ਰੱਖਦੇ ਹੋਏ ਨਸ਼ਿਆਂ ਦੀ ਅਲਾਮਤ ਨੂੰ ਜੜ੍ਹ ਤੋਂ ਪੁੱਟਣ ਲਈ ਆਪਣਾ ਸਹਿਯੋਗ ਦੇਣਗੀਆਂ।

# ਪੰਜਾਬ ਵਿੱਚ ਨਸ਼ਿਆਂ ਕਾਰਨ ਹੋਈ ਤਬਾਹੀ ਨੂੰ ਮਹਿਸੂਸ ਕਰਕੇ ਰੂਹ ਕੰਬ ਜਾਂਦੀ ਹੈ : ਡਾ. ਅਮਿਤ ਕਾਂਸਲ



**ਪਟਿਆਲਾ, 30 ਅਪ੍ਰੈਲ**
**-ਕੌਮੀ ਪੱਤ੍ਰਿਕਾ ਬਿਊਰੋ-**

ਨਸ਼ਾ ਮੁਕਤੀ ਚੇਤਨਾ ਸੰਘ ਪੰਜਾਬ ਦੇ ਸੂਬਾ ਸਹਿ-ਕਨਵੀਨਰ ਅਤੇ ਰਾਸ਼ਟਰਵਾਦੀ ਚਿੰਤਕ ਡਾ. ਅਮਿਤ ਕਾਂਸਲ ਨਸ਼ਾ ਮੁਕਤ ਪੰਜਾਬ ਦੇ ਟੀਚੇ ਨੂੰ ਸਾਹਮਣੇ ਰੱਖਦੇ ਹੋਏ ਪੂਰੀ ਲਗਨ ਨਾਲ ਪਿੰਡਾਂ ਵਿੱਚ ਪ੍ਰੋਗਰਾਮ ਆਯੋਜਿਤ ਕਰ ਰਹੇ ਹਨ। ਉਨ੍ਹਾਂ ਵੱਲੋਂ ਸੰਵਾਦ ਨਾਮ ਦਾ ਇੱਕ ਵਿਸ਼ੇਸ਼ ਪ੍ਰੋਗਰਾਮ ਸ਼ੁਰੂ ਕੀਤਾ ਗਿਆ ਹੈ। ਸੰਵਾਦ ਬਾਰੇ ਜਾਣਕਾਰੀ ਦਿੰਦੇ ਹੋਏ ਉਨ੍ਹਾਂ ਕਿਹਾ ਕਿ ਸੰਵਾਦ ਦਾ ਅਰਥ ਹੈ ਨਸ਼ਿਆਂ ਵਿਰੁੱਧ ਪਿੰਡ ਵਿੱਚ ਯੋਜਨਾਬੱਧ ਸਰਗਰਮ ਮੀਟਿੰਗਾਂ।

ਸੰਵਾਦ ਦੀ ਲੜੀ ਤਹਿਤ ਪਿੰਡ ਗੁਰਦਾਸਪੁਰਾ ਦੇ ਪੰਚਾਇਤ ਮੈਂਬਰਾਂ ਅਤੇ ਸਮਾਜ ਦੇ ਪ੍ਰਮੁੱਖ ਨੁਮਾਇੰਦਿਆਂ ਦੀ ਇੱਕ ਮੀਟਿੰਗ ਆਯੋਜਿਤ ਕੀਤੀ ਗਈ ਜਿਸ ਵਿੱਚ ਰਾਸ਼ਟਰੀ ਕਿਸਾਨ ਆਗੂ ਸ਼੍ਰੀ ਸਤਵੰਤ ਸਿੰਘ ਪੂਨੀਆ ਵਿਸ਼ੇਸ਼ ਰੂਪ ਵਿੱਚ ਮੌਜੂਦ ਸਨ। ਮੀਟਿੰਗ ਵਿੱਚ ਮੌਜੂਦ ਮੈਂਬਰਾਂ ਨੂੰ ਸੰਬੋਧਨ ਕਰਦਿਆਂ ਡਾ. ਅਮਿਤ ਕਾਂਸਲ ਨੇ ਕਿਹਾ ਕਿ ਨਸ਼ਾ ਮੁਕਤੀ ਚੇਤਨਾ ਸੰਘ ਦਾ ਹਰ ਵਰਕਰ ਪੰਜਾਬ ਦੇ ਨੌਜਵਾਨਾਂ ਨੂੰ ਨਸ਼ਿਆਂ ਤੋਂ ਬਚਾਉਣ ਲਈ ਦਿਨ ਰਾਤ ਮਿਹਨਤ ਕਰ ਰਿਹਾ ਹੈ। ਪੰਜਾਬ ਨੂੰ ਨਸ਼ਾ ਮੁਕਤ ਬਣਾਉਣ ਲਈ ਹਰ ਵਿਅਕਤੀ ਦੀ ਸਰਗਰਮ ਭਾਗੀਦਾਰੀ ਜ਼ਰੂਰੀ ਹੈ। ਇਹ ਇੱਕ ਸਮੂਹਿਕ ਯਤਨ ਹੈ। ਇਸ ਦੇ ਲਈ, ਹਰ ਪਿੰਡ ਦੇ ਸਰਪੰਚ, ਪੰਚ, ਅਧਿਆਪਕ, ਵਿਦਿਆਰਥੀ, ਸਰਕਾਰੀ ਕਰਮਚਾਰੀ, ਸਮਾਜਿਕ ਅਤੇ ਧਾਰਮਿਕ ਆਗੂ, ਪਰਿਵਾਰਕ ਮੈਂਬਰਾਂ ਨੂੰ ਇਕੱਠੇ ਬੈਠ ਕੇ ਆਪਣੇ ਪੱਧਰ 'ਤੇ ਨਸ਼ਿਆਂ ਦੇ ਵੱਖ-ਵੱਖ ਪਹਿਲੂਆਂ 'ਤੇ ਵਿਚਾਰ-ਵਟਾਂਦਰਾ ਕਰਨਾ ਪਵੇਗਾ। ਵਿਆਪਕ ਵਿਚਾਰ ਵਟਾਂਦਰੇ ਮਗਰੋਂ ਨਿਕਲਣ ਵਾਲੇ ਵਿਚਾਰਾਂ ਨੂੰ ਬੱਚਿਆਂ ਅਤੇ ਨੌਜਵਾਨਾਂ ਨਾਲ ਸਾਂਝਾ ਕਰਨਾ ਪਵੇਗਾ।

ਡਾ. ਕਾਂਸਲ ਨੇ ਕਿਹਾ ਕਿ ਪਿਛਲੇ ਦਹਾਕਿਆਂ ਵਿੱਚ ਪੰਜਾਬ ਵਿੱਚ ਨਸ਼ਿਆਂ ਕਾਰਨ ਹੋਈ ਤਬਾਹੀ ਬਹੁਤ ਭਿਆਨਕ ਹੈ। ਅਸਲ ਵਿੱਚ ਇਹ ਵਿਦੇਸ਼ੀ ਤਾਕਤਾਂ ਦੁਆਰਾ ਭਾਰਤ ਵਿਰੁੱਧ ਛੇੜੀ ਗਈ ਇੱਕ ਅਪ੍ਰਤੱਖ ਲੜਾਈ ਹੈ। ਹਰ ਰੋਜ਼ ਕਿੰਨੇ ਨੌਜਵਾਨ ਨਸ਼ਿਆਂ ਦਾ ਸ਼ਿਕਾਰ ਹੁੰਦੇ ਹਨ ਅਤੇ ਉਹਨਾਂ ਦੀ ਨਸ਼ਿਆਂ ਦੁਆਰਾ ਹੱਤਿਆ ਹੁੰਦੀ। ਨਸ਼ਾ ਇੱਕ ਵਿਆਪਕ ਸਮੱਸਿਆ ਹੈ। ਅਗਿਆਨਤਾ ਕਾਰਨ ਲੋਕ ਇਸ ਦੇ ਜਾਲ ਵਿੱਚ ਫਸ ਜਾਂਦੇ ਹਨ ਅਤੇ ਅੰਤ ਵਿੱਚ ਉਨ੍ਹਾਂ ਨੂੰ ਤਬਾਹੀ ਤੋਂ ਇਲਾਵਾ ਕੁਝ ਨਹੀਂ ਮਿਲਦਾ। ਇਸ ਲਈ, ਬੱਚਿਆਂ ਤੋਂ ਲੈ ਕੇ ਨੌਜਵਾਨਾਂ ਤੱਕ, ਨਸ਼ਿਆਂ ਵਿਰੁੱਧ ਜਾਗਰੂਕਤਾ ਪੈਦਾ ਕਰਨੀ ਪਵੇਗੀ ਅਤੇ ਇਹ ਸਮਾਜ ਦੇ ਹਰ ਜਾਗਰੂਕ ਵਿਅਕਤੀ ਦੀ ਜ਼ਿੰਮੇਵਾਰੀ ਹੈ ਕਿ ਉਹ ਦੂਜਿਆਂ ਨੂੰ ਜਾਗਰੂਕ ਕਰੇ। ਨਸ਼ਿਆਂ ਦੇ ਪ੍ਰਭਾਵਾਂ 'ਤੇ ਵਿਚਾਰ ਕਰਦਿਆਂ ਉਨ੍ਹਾਂ ਕਿਹਾ ਕਿ ਪੰਜਾਬ ਵਿੱਚ ਵੱਧ ਰਹੇ ਅਪਰਾਧ, ਕਤਲ, ਚੋਰੀਆਂ, ਬਲਾਤਕਾਰ ਅਤੇ ਡਕੈਤੀ ਦੀਆਂ ਘਟਨਾਵਾਂ ਨਸ਼ਿਆਂ ਦਾ ਨਤੀਜਾ ਹਨ। ਸੜਕਾਂ 'ਤੇ ਹਰ ਰੋਜ਼ ਹੋ ਰਹੇ ਹਾਦਸਿਆਂ ਪਿੱਛੇ ਨਸ਼ੇ ਵੀ ਇੱਕ ਵੱਡਾ ਕਾਰਨ ਹਨ। ਨਸ਼ਿਆਂ ਕਾਰਨ ਵਿਅਕਤੀ ਅਸੰਵੇਦਨਸ਼ੀਲ ਹੋ ਜਾਂਦਾ ਹੈ ਅਤੇ ਉਹ ਚੰਗੇ ਅਤੇ ਮਾੜੇ ਵਿੱਚ ਫ਼ਰਕ ਨਹੀਂ ਸਮਝਦਾ। ਇਸ ਲਈ, ਸਮਾਜ ਨੂੰ ਇਨ੍ਹਾਂ ਦੇ ਭਿਆਨਕ ਪ੍ਰਭਾਵਾਂ ਤੋਂ ਬਚਾਉਣ ਲਈ, ਹਰ ਵਿਅਕਤੀ ਨੂੰ ਪਹਿਲਾਂ ਆਪਣੇ ਪਰਿਵਾਰ ਨਾਲ ਗੱਲ ਕਰਨੀ ਪਵੇਗੀ ਅਤੇ ਫਿਰ ਆਪਣੇ ਆਂਢ-ਗੁਆਂਢ 'ਚ ਗੱਲ ਕਰਨ ਦੇ ਨਾਲ-ਨਾਲ ਬੱਚੇ ਆ ਅਤੇ ਨੌਜਵਾਨਾਂ ਦੀ ਨਿਗਰਾਨੀ ਕਰਨੀ ਪਵੇਗੀ। ਇਸ ਨਾਲ ਸਮਾਜ ਵਿੱਚ ਨਸ਼ਿਆਂ ਵਿਰੁੱਧ ਇੱਕ ਪ੍ਰਭਾਵਸ਼ਾਲੀ ਮਾਹੌਲ ਬਣੇਗਾ ਅਤੇ ਇਸ ਸਮੱਸਿਆ ਨੂੰ ਵੀ ਠੱਲ੍ਹ ਪਵੇਗੀ।

# ਕੇਂਦਰੀ ਵਿਦਿਆਲਿਆ ਪਟਿਆਲਾ ਦੇ ਵਿਦਿਆਰਥੀ ਕਰਨਵੀਰ ਸਿੰਘ ਨੇ ਅੰਡਰ 14 ਤਹਿਤ ਇੱਕ ਗੋਲਡ ਮੈਡਲ ਸਮੇਤ ਤਿੰਨ ਮੈਡਲ ਜਿੱਤੇ




**ਪਟਿਆਲਾ, 30 ਅਪ੍ਰੈਲ**
**-ਕੌਮੀ ਪੱਤ੍ਰਿਕਾ ਬਿਊਰੋ-**

ਪੀ.ਐਮ, ਸ਼੍ਰੀ ਕੇਂਦਰੀ ਵਿਦਿਆਲਿਆ ਮੋਹਾਲੀ ਵਿੱਚ ਸੰਭਾਵਿਤ ਖੇਡਕੁੱਦ ਪ੍ਰਤੀਯੋਗਿਤਾ ਦਾ ਸਮਾਪਤੀ ਸਮਾਰੋਹ ਕਰਵਾਇਆ ਗਿਆ। ਕੇਂਦਰੀ ਵਿਦਆਲਿਆ ਸੰਗਠਨ ਵੱਲੋਂ ਆਯੋਜਿਤ ਹੋ ਰਹੀ ਇਹ ਸੰਭਾਵਿਤ ਖੇਡਕੁੱਦ ਪ੍ਰਤੀਯੋਗਿਤਾ ਵਿੱਚ ਲਾੱਨ-ਟੈਨਿਸ, ਸਕੇਟਿੰਗ ਅਤੇ ਟੇਬਲ ਟੈਨਿਸ ਖੇਡਾਂ ਵਿੱਚ ਹਿੱਸਾ ਲੈ ਰਹੇ ਖਿਡਾਰੀਆਂ ਵੱਲੋਂ ਵਧੀਆ ਪ੍ਰਦਰਸ਼ਨ ਕਰਦੇ ਹੋਏ ਪਦਕ ਅਤੇ ਪ੍ਰਮਾਣ ਪੱਤਰ ਪ੍ਰਾਪਤ ਕੀਤੇ ਗਏ। ਕੇਂਦਰੀ ਵਿਦਿਆਲਿਆ ਨੰਬਰ 2, ਪੀ.ਐਲ.ਡਬਲਯੂ.ਪਟਿਆਲਾ ਦੇ ਵਿਦਿਆਰਥੀ ਕਰਨਵੀਰ ਸਿੰਘ ਅੰਡਰ 14 ਵੱਲੋਂ ਵੀ ਸਕੇਟਿੰਗ ਪ੍ਰਤੀਯੋਗਤਾ ਦਾ ਬਹੁਤ ਵਧੀਆ ਪ੍ਰਦਰਸ਼ਨ ਕੀਤਾ ਗਿਆ। ਉਸਨੇ ਵਨ ਲੈਪ ਰੋਡ ਰੇਸ ਵਿੱਚ ਗੋਲਡ ਮੈਡਲ ਹਾਸਲ ਕੀਤਾ ਅਤੇ ਬਾਕੀ ਦੋ ਹੋਰ ਰੇਸਾਂ ਵਿੱਚ ਵੀ ਦੋ ਗੋਲਡ ਮੈਡਲ ਜਿੱਤੇ। ਇਸ ਪ੍ਰਕਾਰ ਕਰਨਵੀਰ ਸਿੰਘ ਵੱਲੋਂ ਕੁੱਲ ਤਿੰਨ ਗੋਲਡ ਮੈਡਲ ਜਿੱਤੇ ਗਏ। ਦੱਸ ਦੇਈਏ ਕਿ ਕਰਨਵੀਰ ਸਿੰਘ ਨੇ ਰਿੰਕ ਹਾਲ ਵਿੱਚ 1000 ਮੀਟਰ ਸਕੇਟਿੰਗ ਕੀਤੀ ਅਤੇ ਰੋਡ ਰੇਸ ਵਿੱਚ 2000 ਮੀਟਰ ਸਕੇਟਿੰਗ ਕੀਤੀ। ਉਸਦੇ ਵਧੀਆ ਖੇਡ ਪ੍ਰਦਰਸ਼ਨ ਕਾਰਨ ਉਸਨੂੰ ਸਨਮਾਨਿਤ ਵੀ ਕੀਤਾ ਗਿਆ।

ਪ੍ਰਤੀਯੋਗਿਤਾ ਆਯੋਜਨ ਪ੍ਰਧਾਨ ਜਾਗੇਸ਼ਵਰ ਵੱਲੋਂ ਵਿਭਾਗ ਵਿੱਚ ਅਧਿਕਾਰੀ ਪ੍ਰੀਤੀ ਸਕਸੈਨਾ ਪ੍ਰਧਾਨ ਕੇਂਦਰੀ ਵਿਦਿਆਲਿਆ ਚੰਡੀਗੜ੍ਹ ਦਾ ਧੰਨਵਾਦ ਕਰਦੇ ਹੋਏ ਦੱਸਿਆ ਗਿਆ ਕਿ ਕੇਂਦਰੀ ਵਿਦਿਆਲਿਆ ਸੰਗਠਨ ਸਿੱਖਿਆ ਦੀ ਇੱਕ ਬਿਹਤਰ ਸੰਸਥਾ ਹੋਣ ਦੇ ਨਾਲ-ਨਾਲ ਆਧੁਨਿਕ ਸਮੇਂ ਵਿੱਚ ਖੇਡਾਂ ਦੇ ਖੇਤਰ ਵਿੱਚ ਵਿਦਿਆਰਥੀਆਂ ਦੀਆਂ ਪ੍ਰਤਿਭਾਵਾਂ ਨੂੰ ਉਭਾਰਨ ਦੇ ਮੌਕੇ ਪ੍ਰਦਾਨ ਕਰ ਰਿਹਾ ਹੈ ਜੋ ਨਵੀਂ ਸਿੱਖਿਆ ਨੀਤੀ ਅਤੇ ਸਿੱਖਿਆ ਮੰਤਰਾਲਿਆ ਭਾਰਤ ਸਰਕਾਰ ਦੀਆਂ ਪਹਿਲਕਦਮੀਆਂ ਵਿੱਚੋਂ ਇੱਕ ਹੈ।

# ਰੇਲਵੇ ਪੁਲਿਸ ਵੱਲੋਂ ਮਹਿਲਾ ਯਾਤਰੀ ਪਾਸੋਂ 1 ਕਿਲੋ ਅ.ਫੀਮ ਬਰਾਮਦ, ਪਰਚਾ ਦਰਜ



**ਪਟਿਆਲਾ/ਰਾਜਪੁਰਾ, 30 ਅਪ੍ਰੈਲ**
**-ਕੌਮੀ ਪੱਤ੍ਰਿਕਾ ਬਿਊਰੋ-**

ਰੇਲਵੇ ਪੁਲਿਸ ਵੱਲੋਂ ਰੇਲ ਗੱਡੀਆਂ ਅਤੇ ਮੁਸਾਫ਼ਰਾਂ ਦੀ ਕੀਤੀ ਜਾ ਰਹੀ ਚੈਕਿੰਗ ਦੌਰਾਨ ਇਕ ਮਹਿਲਾ ਯਾਤਰੀ ਪਾਸੋਂ 1 ਕਿਲੋ ਅਫ਼ੀਮ ਬਰਾਮਦ ਕੀਤੀ ਗਈ ਹੈ ਅਤੇ ਮਹਿਲਾ ਖਿਲਾਫ਼ ਮੁਕੱਦਮਾ ਨੰ:11 ਅ/ਧ 18/61/85 ਐਨ.ਡੀ.ਪੀ.ਐਸ ਐਕਟ ਥਾਣਾ ਜੀ.ਆਰ.ਪੀ ਪਟਿਆਲਾ ਦਰਜ ਰਜਿਸਟਰ ਕਰਕੇ ਤਫ਼ਤੀਸ਼ ਆਰੰਭ ਕਰ ਦਿੱਤੀ ਗਈ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਉਪ ਕਪਤਾਨ ਜਗਮੋਹਨ ਸਿੰਘ ਸੋਹੀ ਨੇ ਦੱਸਿਆ ਕਿ ਪੰਜਾਬ 'ਚ ਨਸ਼ਿਆਂ ਵਿਰੁੱਧ ਚਲਾਈ ਜਾ ਰਹੀ ਮੁਹਿੰਮ "ਯੁੱਧ ਨਸ਼ਿਆਂ ਵਿਰੁੱਧ" ਦੇ ਤਹਿਤ ਸਪੈਸ਼ਲ ਡੀ.ਜੀ.ਪੀ. ਰੇਲਵੇ ਪੰਜਾਬ ਸ਼ਸ਼ੀ ਪ੍ਰਭਾ ਦਿਵੇਦੀ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਏ.ਆਈ.ਜੀ. ਰੇਲਵੇ ਅਮਰਪ੍ਰੀਤ ਸਿੰਘ ਘੁੰਮਣ ਵੱਲੋਂ ਜਾਰੀ ਹਦਾਇਤਾਂ ਦੀ ਪਾਲਣਾ ਕਰਦੇ ਹੋਏ ਇੰਸਪੈਕਟਰ ਜਤਿੰਦਰ ਸਿੰਘ ਇੰਚਾਰਜ ਸੀ.ਆਈ.ਏ-2, ਜੀ.ਆਰ.ਪੀ. ਪੰਜਾਬ ਦੀ ਟੀਮ ਵੱਲੋਂ ਲਗਾਤਾਰ ਰੇਲ ਗੱਡੀਆਂ ਅਤੇ ਮੁਸਾਫ਼ਰਾਂ ਦੀ ਚੈਕਿੰਗ ਕੀਤੀ ਜਾ ਰਹੀ ਹੈ ਅਤੇ ਮਿਤੀ 27.04.2025 ਨੂੰ ਰੇਲਵੇ ਸਟੇਸ਼ਨ ਰਾਜਪੁਰਾ 'ਤੇ ਚੰਪਾ ਦੇਵੀ ਉਰਫ਼ ਚੰਪਾ ਪਤਨੀ ਅਨੋਖੇ ਲਾਲ ਪੁੱਤਰ ਕੇਸੋ ਰਾਮ ਵਾਸੀ ਪਿੰਡ ਕਮਾਲਪੁਰ ਥਾਣਾ ਅਲੀਗੰਜ ਜ਼ਿਲ੍ਹਾ ਬਰੇਲੀ, ਯੂ.ਪੀ ਪਾਸੋਂ 01 ਕਿੱਲੋਗਰਾਮ ਅਫ਼ੀਮ ਬਰਾਮਦ ਕਰਕੇ ਮੁਕੱਦਮਾ ਨੰ:11, ਮਿਤੀ 27.04.2025 ਅ/ਧ 18/61/85 ਐਨ.ਡੀ.ਪੀ.ਐਸ. ਐਕਟ ਥਾਣਾ ਜੀ.ਆਰ.ਪੀ. ਪਟਿਆਲਾ ਦਰਜ ਰਜਿਸਟਰ ਕਰਕੇ ਤਫ਼ਤੀਸ਼ ਆਰੰਭ ਕਰ ਦਿੱਤੀ ਗਈ ਹੈ। ਉਨ੍ਹਾਂ ਦੱਸਿਆ ਕਿ ਭਵਿੱਖ ਵਿੱਚ ਵੀ ਨਸ਼ਿਆਂ ਵਿਰੁੱਧ ਜੀ.ਆਰ.ਪੀ. ਪੰਜਾਬ ਵੱਲੋਂ ਇੱਕ ਵੱਖਰਾ ਅਭਿਆਨ ਚਲਾਇਆ ਜਾਵੇਗਾ।

# ਤਨਖਾਹ ਨਾ ਮਿਲਣ ਦੇ ਰੋਸ 'ਚ ਭੜਕੇ ਜੰਗਲਾਤ ਕਾਮੇ




**ਪਟਿਆਲਾ, 30 ਅਪ੍ਰੈਲ**
**-ਕੌਮੀ ਪੱਤ੍ਰਿਕਾ ਬਿਊਰੋ-**

ਜੰਗਲਾਤ ਵਰਕਰਜ ਯੂਨੀਅਨ ਪੰਜਾਬ ਜ਼ਿਲ੍ਹਾ ਪਟਿਆਲਾ ਵੱਲੋਂ ਅੱਜ ਕੜਕਦੀ ਗਰਮੀ ਵਿੱਚ ਵਿਸ਼ਾਲ ਰੋਸ ਧਰਨਾ ਦਿੱਤਾ ਗਿਆ, ਅੱਜ ਦੇ ਧਰਨੇ ਦੀ ਅਗਵਾਈ ਜਸਵਿੰਦਰ ਸਿੰਘ ਸੌਜਾ, ਜਗਤਾਰ ਸਿੰਘ ਸ਼ਾਹਪੁਰ, ਸ਼ੇਰ ਸਿੰਘ ਸਰਹੰਦ ਤੇ ਅਮਰਜੀਤ ਸਿੰਘ ਲਾਛੜੂ ਨੇ ਕੀਤੀ, ਵੱਖ-ਵੱਖ ਰੇਂਜਾਂ ਤੋਂ ਵੱਡੀ ਗਿਣਤੀ ਵਿੱਚ ਜੰਗਲਾਤ ਕਾਮੇਂ ਵਹੀਰਾਂ ਘੱਤ ਕੇ ਇਸ ਧਰਨੇ ਵਿੱਚ ਪੁੱਜੇ। ਜੰਗਲਾਤ ਕਾਮਿਆਂ ਦੀ ਭਰਵੀ ਇਕੱਤਰਤਾ ਨੂੰ ਸੰਬੋਧਨ ਕਰਦਿਆਂ ਦਰਸ਼ਨ ਸਿੰਘ ਬੇਲੂ ਮਾਜਰਾ, ਲਖਵਿੰਦਰ ਸਿੰਘ ਖਾਨਪੁਰ, ਜਸਵੀਰ ਸਿੰਘ ਖੋਖਰ ਤੇ ਧਰਮਪਾਲ ਲੋਟ ਨੇ ਸੰਬੋਧਨ ਕਰਦਿਆਂ ਕਿਹਾ ਕਿ ਜੰਗਲਾਤ ਵਿਭਾਗ ਵੱਲੋਂ ਲੰਮੇ ਸਮੇਂ ਤੋਂ ਵਿਭਾਗ ਵਿੱਚ ਕੰਮ ਕਰਦੇ ਕੱਚੇ ਕਾਮਿਆਂ ਨੂੰ ਸਮੇਂ ਸਿਰ ਤਨਖਾਹਾਂ ਨਾ ਦੇਣ ਦੇ ਰੋਸ ਵਜੋ ਅੱਜ ਧਰਨਾ ਦਿੱਤਾ ਜਾ ਰਿਹਾ ਹੈ ਜੇਕਰ ਅਧਿਕਾਰੀਆਂ ਨੇ ਕੰਧ ਤੇ ਲਿਖਿਆ ਨਾ ਪੜ੍ਹਿਆ ਤਾਂ ਆਉਣ ਵਾਲੇ ਸਮੇਂ ਵਿੱਚ ਪੰਜਾਬ ਸੁਬਾਰਡੀਨੇਟ ਸਰਵਿਸਿਜ ਫੈਡਰੇਸ਼ਨ ਨਾਲ ਸੰਬੰਧਿਤ ਵੱਖ ਵੱਖ ਜਥੇਬੰਦੀਆਂ ਇਸ ਧਰਨੇ ਵਿੱਚ ਸ਼ਮੂਲੀਅਤ ਕਰਨਗੀਆਂ ਅਤੇ ਉਨਾ ਚਿਰ ਜਾਰੀ ਰੱਖਣਗੇ ਜਿੰਨਾ ਚਿਰ ਜੰਗਲਾਤ ਕਾਮਿਆਂ ਦੀ ਇੱਕ ਇੱਕ ਮੰਗ ਦਾ ਹੱਲ ਨਹੀਂ ਹੋ ਜਾਂਦਾ ਧਰਨੇ ਨੂੰ ਸੰਬੋਧਨ ਕਰਦਿਆਂ ਭੁਪਿੰਦਰ ਸਿੰਘ ਸਾਧੂਹੇੜੀ, ਨਰੇਸ਼ ਬੋਸਰ, ਭਿੰਦਰ ਘੱਗਾ ਅਤੇ ਜਗਪਾਲ ਸਿੰਘ ਕਕਰਾਲਾ ਨੇ ਕਿਹਾ ਕਿ ਸਰਕਾਰ ਜੰਗਲਾਤ ਵਿਭਾਗ ਚ, ਜਿੱਥੇ ਲੰਮੇ ਸਮੇਂ ਤੋਂ ਵਿਭਾਗ ਵਿੱਚ ਕੰਮ ਕਰਦੇ ਕੱਚੇ ਕਾਮਿਆਂ ਨੂੰ ਪੱਕੇ ਨਹੀਂ ਕਰ ਰਹੀ ਉੱਥੇ ਕੰਮ ਹੋਣ ਦੇ ਬਾਵਜੂਦ ਵੀ ਜੰਗਲਾਤ ਵਿਭਾਗ ਕਾਮਿਆਂ ਤੇ ਲਗਾਤਾਰ ਛਾਂਟੀ ਦੀ ਤਲਵਾਰ ਲਟਕਾਈ ਜਾ ਰਹੀ ਹੈ। ਜਿਸ ਕਾਰਨ ਜੰਗਲਾਤ ਕਾਮਿਆਂ ਵਿੱਚ ਭਾਰੀ ਰੋਸ ਤੇ ਬੇਚੈਨੀ ਪਾਈ ਜਾ ਰਹੀ ਹੈ ਅੱਜ ਦਾ ਧਰਨਾ ਉਸ ਸਮੇਂ ਪੂਰੇ ਜਾਹੋ ਜਲਾਲ ਵਿੱਚ ਆ ਗਿਆ ਜਦੋਂ ਭੜਕੇ ਜੰਗਲਾਤ ਕਾਮਿਆਂ ਨੇ ਵਣ ਮੰਡਲ ਦਫਤਰ ਘੇਰਨ ਦਾ ਐਲਾਨ ਕਰ ਦਿੱਤਾ ਜਿਸ ਨਾਲ ਜੰਗਲਾਤ ਵਿਭਾਗ ਦੀ ਮੈਨੇਜਮੈਂਟ ਤੇ ਪੁਲਿਸ ਪ੍ਰਸ਼ਾਸਨ ਨੂੰ ਹੱਥਾਂ ਪੈਰਾਂ ਦੀ ਪੈ ਗਈ ਜੰਗਲਾਤ ਵਿਭਾਗ ਦੇ ਆਧਿਕਾਰੀਆ ਵੱਲੋਂ 12 ਮਈ ਦਾ ਸਮਾਂ ਦੇ ਕੇ ਜੰਗਲਾਤ ਕਰਮਿਆਂ ਦੀਆਂ ਮੰਗਾਂ ਦਾ ਹੱਲ ਕਰਨ ਦਾ ਭਰੋਸਾ ਦਿੱਤਾ ਤਾਂ ਜੰਗਲਾਤ ਕਾਮੇ ਸਾਂਤ ਹੋਏ ਧਰਨੇ ਨੂੰ ਸੰਬੋਧਨ ਕਰਦਿਆਂ ਤਰਸੇਮ ਸਿੰਘ ਹਰਜਿੰਦਰ ਸਿੰਘ ਸਮਸੇਰ ਸਿੰਘ ਬਲਕਾਰ ਸਿੰਘ ਸਰਬਜੀਤ ਸਿੰਘ ਅਲੀਪੁਰ ਤੇ ਗੁਰਕਮਲ ਸਿੰਘ ਪਟਿਆਲਾ ਨੇ ਕਿਹਾ ਕਿ ਜੇਕਰ 12 ਮਈ ਦੀ ਮੀਟਿੰਗ ਵਿੱਚ ਮੰਗਾਂ ਦਾ ਹੱਲ ਨਾ ਹੋਇਆ ਤਾਂ 16 ਮਈ ਨੂੰ ਭਰਾਤਰੀ ਜਥੇਬੰਦੀਆਂ ਦੇ ਸਹਿਯੋਗ ਨਾਲ ਵਿਸ਼ਾਲ ਰੋਸ ਧਰਨਾ ਦਿੱਤਾ ਜਾਵੇਗਾ ਜਿਸ ਦੇ ਨਿਕਲਣ ਵਾਲੇ ਛਿਟਿਆਂ ਦੇ ਜਿੰਮੇਵਾਰ ਵਣ ਵਿਭਾਗ ਦੇ ਅਧਿਕਾਰੀ ਹੋਣਗੇ। ਅੱਜ ਦੇ ਧਰਨੇ @ਚ ਹੋਰਨਾਂ ਤੋਂ ਇਲਾਵਾ ਰਾਜਿੰਦਰ ਸਿੰਘ ਧਾਲੀਵਾਲ, ਜੋਗਾ ਸਿੰਘ ਵਜੀਦਪੁਰ, ਦਲੇਰ ਸਿੰਘ ਬੋਸਰ ਵਿਕਰਮਜੀਤ ਸਿੰਘ ਪਟਿਆਲਾ ਤਰਸੇਮ ਸਿੰਘ ਸੁਰਿੰਦਰ ਸਿੰਘ ਸਰਹਿੰਦ ਜਸਵੀਰ ਪਜੋਲਾ ਵਿਪਨ ਪ ?ਸਾਦ ਜਸਵੀਰ ਕੌਰ ਅਮਰਜੀਤ ਕੌਰ ਹਰਬੰਸ ਕੌਰ ਸਾਹਪੁਰ ਗੁਰਦੇਵ ਕੌਰ ਬੋਸਰ ਕਿਰਨਾ ਕੌਰ ਨਾਭਾ ਆਦਿ ਹਾਜ਼ਰ ਹੋਏ।

# ਪਟਿਆਲਾ ਜ਼ਿਲ੍ਹੇ ਵਿੱਚ ਹੁਣ ਤੱਕ ਮੰਡੀਆਂ 'ਚ 52 ਫੀਸਦੀ ਹੋਈ ਕਣਕ ਦੀ ਲਿਫਟਿੰਗ

**ਪਟਿਆਲਾ, 30 ਅਪ੍ਰੈਲ**
**-ਕੌਮੀ ਪੱਤ੍ਰਿਕਾ ਬਿਊਰੋ-**

ਜ਼ਿਲ੍ਹਾ ਪਟਿਆਲਾ ਦੀਆਂ ਮੰਡੀਆਂ ਵਿੱਚ ਕਣਕ ਦੀ ਸਮੇਂ ਸਿਰ ਲਿਫਟਿੰਗ ਕਰਵਾਉਣ ਦੀ ਪੁਰਜੋਰ ਕੋਸ਼ਿਸ਼ ਕੀਤੀ ਜਾ ਰਹੀ ਹੈ ਤਾਂ ਜੋ ਕਿਸਾਨਾਂ / ਜਿੰਮੀਦਾਰਾਂ ਅਤੇ ਆੜ੍ਹਤੀਆਂ ਨੂੰ ਰਬੀ ਸੀਜ਼ਨ ਦੌਰਾਨ ਕਿਸੇ ਤਰ੍ਹਾਂ ਦੀ ਮੁਸ਼ਕਿਲ ਪੇਸ਼ ਨਾ ਆਵੇ ਇਸ ਗੱਲ ਦਾ ਪ੍ਰਗਟਾਵਾ ਅੱਜ ਖੁਰਾਕ ਤੇ ਸਿਵਲ ਸਪਲਾਈ ਅਤੇ ਖਪਤਕਾਰ ਮਾਮਲੇ ਪਟਿਆਲਾ ਦੇ ਜਿਲ੍ਹਾ ਕੰਟਰੋਲਰ ਡਾ: ਰੂਪਪ੍ਰੀਤ ਕੌਰ ਨੇ ਕੀਤਾ।

ਖੁਰਾਕ ਤੇ ਸਿਵਲ ਸਪਲਾਈ ਕੰਟਰੋਲਰ ਵਿਸਥਾਰ ਵਿੱਚ ਦੱਸਿਆ ਕਿ ਪਿਛਲੇ ਸਾਲ 27 ਅਪ੍ਰੈਲ ਤੱਕ ਦੀ ਕੁੱਲ ਲਿਫਟਿੰਗ 3,10,287 ਮੀਟ੍ਰਿਕ ਟਨ ਸੀ ਅਤੇ ਇਸ ਵਾਰ 27 ਅਪ੍ਰੈਲ 2025 ਤੱਕ ਦੀ ਕੁੱਲ ਲਿਫਟਿੰਗ 4,24,225 ਮੀਟ੍ਰਿਕ ਟਨ ਹੈ ਜਿਸ ਦਾ ਗਰਾਫ ਪਿਛਲੇ ਸਾਲ ਨਾਲੋਂ ਕਾਫੀ ਉੱਪਰ ਹੈ। ਇਸੇ ਤਰ੍ਹਾਂ ਜ਼ਿਲ੍ਹੇ ਵਿੱਚ ਹੁੱਣ ਤੱਕ ਕਣਕ ਦੀ ਆਮਦ 8,83,165 ਮੀਟ੍ਰਿਕ ਟਨ ਹੋ ਚੁੱਕੀ ਹੈ ਅਤੇ ਖਰੀਦ 8,71,117 ਮੀਟ੍ਰਿਕ ਟਨ ਹੋ ਚੁੱਕੀ ਹੈ। ਇਸ ਤੋਂ ਇਲਾਵਾ ਉਹਨਾਂ ਦੱਸਿਆ ਕਿ ਹੁਣ ਤੱਕ ਕਣਕ ਦੀ ਕੁੱਲ ਲਿਫਟਿੰਗ 4,24,225 ਮੀਟ੍ਰਿਕ ਟਨ ਹੋ ਚੁੱਕੀ ਹੈ ਜਿਹੜੀ ਕਿ 72 ਘੰਟੇ ਦੇ ਹਿਸਾਬ ਨਾਲ 52 ਫੀਸਦੀ ਬਣਦੀ ਹੈ।

ਡਾ: ਰੂਪਪ੍ਰੀਤ ਕੌਰ ਨੇ ਦੱਸਿਆ ਕਿ ਪਟਿਆਲਾ ਜ਼ਿਲ੍ਹੇ ਵਿੱਚ ਲਿਫਟਿੰਗ ਦਾ ਗਰਾਫ ਦਿਨੋਂ ਦਿਨ ਉੱਪਰ ਜਾ ਰਿਹਾ ਹੈ। ਉਹਨਾਂ ਕਿਹਾ ਕਿ ਪੰਜਾਬ ਸਰਕਾਰ ਦੀਆਂ ਹਦਾਇਤਾਂ ਮੁਤਾਬਕ ਲਿਫਟਿੰਗ ਵਿੱਚ ਦਿਨੋਂ ਦਿਨ ਤੇਜੀ ਲਿਆਂਦੀ ਜਾ ਰਹੀ ਹੈ ਤਾਂ ਕਿ ਜ਼ਿਲ੍ਹੇ ਦੇ ਕਿਸਾਨਾਂ ਨੂੰ ਜਿਣਸ ਵੇਚਣ ਸਮੇਂ ਕੋਈ ਮੁਸ਼ਕਿਲ ਨਾ ਆਵੇ। ਉਹਨਾਂ ਕਿਹਾ ਕਿ ਆਉਣ ਵਾਲੇ ਦਿਨਾਂ ਵਿੱਚ ਸਾਰੀ ਕਣਕ ਦੀ ਚੁਕਾਈ ਕਰਵਾ ਦਿੱਤੀ ਜਾਵੇਗੀ।

# ਕ੍ਰਿਸ਼ੀ ਵਿਗਿਆਨ ਕੇਂਦਰ ਪਟਿਆਲਾ ਨੇ ਵੱਖ-ਵੱਖ ਕਿੱਤਾ-ਮੁੱਖੀ ਪੰਜ ਰੋਜ਼ਾ ਸਿਖਲਾਈ ਕੋਰਸ ਦਾ ਕੀਤਾ ਆਯੋਜਨ

**ਪਟਿਆਲਾ, 30 ਅਪ੍ਰੈਲ**
**-ਕੌਮੀ ਪੱਤ੍ਰਿਕਾ ਬਿਊਰੋ-**

ਮੁੱਖ ਖੇਤੀਬਾੜੀ ਅਫਸਰ ਡਾ ਜਸਵਿੰਦਰ ਸਿੰਘ ਨੇ ਦੱਸਿਆ ਕਿ ਕ੍ਰਿਸ਼ੀ ਵਿਗਿਆਨ ਕੇਂਦਰ, ਪਟਿਆਲਾ ਵੱਲੋਂ 22 ਤੋਂ 28 ਅਪ੍ਰੈਲ ਤੱਕ ਫੁੱਲਕਾਰੀ ਕਢਾਈ ਦੀ ਬਹੁਭਾਂਤੀ ਵਰਤੋਂ ਅਤੇ ਸਾਬਣ-ਸਰਫ ਬਣਾਉਣ ਬਾਰੇ ਪੰਜਾ ਰੋਜ਼ਾ ਸਿਖਲਾਈ ਕੋਰਸ ਦਾ ਆਯੋਜਨ ਕੀਤਾ ਗਿਆ। ਇਸ ਕੋਰਸ ਵਿੱਚ ਜ਼ਿਲ੍ਹਾ ਪਟਿਆਲਾ ਦੇ ਵੱਖ-ਵੱਖ ਪਿੰਡਾਂ ਜਿਵੇਂ ਕਿ ਦੀਵਾਨਗੜ੍ਹ, ਬੁੱਗਾਖੁਰਦ, ਰਣਜੀਤਗੜ੍ਹ, ਰੁੜਕੀ ਬੁੱਧਸਿੰਘ, ਨਮਾਦਾਂ, ਮੋਹਲ ਗਵਾਰਾ, ਮਸਿੰਘਣ ਤੋਂ 28 ਪੇਂਡੂ ਔਰਤਾਂ, ਲੜਕੀਆਂ ਅਤੇ ਨੌਜਵਾਨਾਂ ਨੇ ਭਾਗ ਲਿਆ।

ਡਾ: ਜਸਵਿੰਦਰ ਸਿੰਘ ਨੇ ਦੱਸਿਆ ਕਿ ਸਿਖਲਾਈ ਕੋਰਸ ਦੌਰਾਨ ਡਾ: ਗੁਰਉਪਦੇਸ਼ ਕੌਰ, ਪ੍ਰੋ: (ਗ੍ਰਹਿ ਵਿਗਿਆਨ) ਨੇ ਕੱਪੜਿਆਂ ਦੀ ਸਾਜ-ਸਜਾਵਟ ਲਈ ਫੁਲਕਾਰੀ ਦੀ ਕਢਾਈ ਕੱਢਣ ਦੇ ਗੁਰ ਅਤੇ ਵੱਖ-ਵੱਖ ਸਜਾਵਟੀ ਸਮਾਨ ਜਿਵੇਂ ਕਿ ਦੁਪੱਟੇ, ਪੋਟਲੀ ਪਰਸ, ਬਟੂਆ ਅਤੇ ਸੀਨਰੀਆਂ ਬਨਾਉਣ ਦੀ ਤਕਨੀਕੀ ਜਾਣਕਾਰੀ ਵੀ ਦਿੱਤੀ। ਘਰ ਵਿੱਚ ਸਾਬਣ ਅਤੇ ਸਰਫ ਬਣਾਉਣ ਬਾਰੇ ਵੀ ਸਿਖਿਆਰਥਣਾਂ ਨੇ ਬਹੁਤ ਉਤਸ਼ਾਹ ਨਾਲ ਸਿੱਖਿਆ। ਸਿਖਲਾਈ ਦੌਰਾਨ ਸਫਲ ਸਿਖਿਆਰਥਣਾਂ ਚਰਨਜੀਤ ਕੌਰ



(ਬਲੈਸਿੰਗ ਬੂਟੀਕ, ਘਨੌਰ) ਅਤੇ ਜਸਵੀਰ ਕੌਰ (ਸੋਹੀ ਬੂਟੀਕ ਨਾਭਾ) ਨੇ ਸਵੈ-ਸਮੂਹਾਂ ਦੇ ਸਸ਼ਕਤੀਕਰਣ ਬਾਰੇ ਪ੍ਰੇਰਤਰ ਭਾਸ਼ਣ ਦਿਤਾ ਅਤੇ ਆਰਥਿਕ ਆਤਮ-ਨਿਰਭਰਤਾ ਬਾਰੇ ਆਪਣੇ ਤਜ਼ਰਬੇ ਸਾਂਝੇ ਕੀਤੇ। ਇਸ ਮੌਕੇ ਡਾ: ਰਚਨਾ ਸਿੰਗਲਾ, ਪ੍ਰੋਫੈਸਰ (ਬਾਗਬਾਨੀ) ਨੇ ਔਰਤਾਂ ਨੂੰ ਘਰੇਲੂ ਬਗੀਚੀ ਅਤੇ ਫ਼ਲਦਾਰ ਬੂਟਿਆਂ ਦੀ ਕਾਸ਼ਤ ਬਾਰੇ ਦੱਸਿਆ ਅਤੇ ਡਾ: ਰਜਨੀ ਗੋਇਲ ਪ੍ਰਫੈਸਰ (ਭੋਜਨ ਵਿਗਿਆਨ) ਨੇ ਘਰ ਵਿੱਚ ਫਲਾਂ ਸਬਜੀਆਂ ਦੀ ਸਾਂਭ ਸੰਭਾਲ ਬਾਰੇ ਜਾਣਕਾਰੀ ਦਿੱਤੀ।

ਸਿਖਲਾਈ ਦੇ ਅਖੀਰਲੇ ਦਿਨ ਡਾ: ਹਰਦੀਪ ਸਿੰਘ ਸਭਿਖੀ, ਡਿਪਟੀ ਡਾਇਰੈਕਟਰ(ਸਿਖਲਾਈ) ਨੇ ਕਿਸਾਨ ਬੀਬੀਆਂ ਨੂੰ ਆਪਣਾ ਹੁਨਰ ਪਛਾਣ ਕੇ ਪੰਜਾਬ ਦੀ ਦਸਤਕਾਰੀ ਜਿਵੇਂ ਕਿ ਫੁਲਕਾਰੀ, ਕਰੋਸ਼ੀਆ, ਹੱਥ ਦੀ ਬੁਣਾਈ ਆਦਿ ਕੰਮਾਂ ਨੂੰ ਵਪਾਰਕ ਪੱਧਰ ਤੇ ਤੋਰਣ ਲਈ ਪ੍ਰੇਰਿਤ ਕੀਤਾ।

# ਨਾਭਾ, ਸਮਾਣਾ ਅਤੇ ਸਨੌਰ ਹਲਕਿਆਂ ਦੇ ਸਰਕਾਰੀ ਸਕੂਲਾਂ ਵਿੱਚ ਵਿਧਾਇਕਾਂ ਵੱਲੋਂ 97 ਲੱਖ 26 ਹਜ਼ਾਰ ਰੁਪਏ ਦੇ ਵਿਕਾਸ ਕਾਰਜ ਵਿਦਿਆਰਥੀਆ ਨੂੰ ਸਮਰਪਿਤ

**ਪਟਿਆਲਾ, 30 ਅਪ੍ਰੈਲ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਵਿੱਚ ਸਿੱਖਿਆ ਖੇਤਰ ਨੂੰ ਮਜ਼ਬੂਤ ਕਰਨ ਅਤੇ ਸਰਕਾਰੀ ਸਕੂਲਾਂ ਦੀ ਵਿਦਿਆਤਮਕ ਅਤੇ ਭੌਤਿਕ ਢਾਂਚਾਗਤ ਸੁਧਾਰ ਲਈ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਚੱਲ ਰਹੀ 'ਸਿੱਖਿਆ ਕ੍ਰਾਂਤੀ' ਮੁਹਿੰਮ ਅਧੀਨ ਨਾਭਾ, ਸਮਾਣਾ ਅਤੇ ਸਨੌਰ ਹਲਕਿਆਂ ਦੇ ਵਿਧਾਇਕਾਂ ਵੱਲੋਂ ਕੁੱਲ 97 ਲੱਖ 26 ਹਜ਼ਾਰ ਰੁਪਏ ਦੇ ਵਿਕਾਸ ਕਾਰਜਾਂ ਦਾ ਲੋਕ ਅਰਪਣ ਕੀਤਾ ਗਿਆ। ਇਹ ਵਿਕਾਸ ਕਾਰਜ ਵਿਦਿਆਰਥੀਆਂ ਨੂੰ ਵਿਅਕਤੀਗਤ ਅਤੇ ਅਕਾਦਮਿਕ ਤੌਰ 'ਤੇ ਹੋਰ ਮਜ਼ਬੂਤ ਕਰਨ ਲਈ ਕੀਤੇ ਗਏ ਹਨ।

ਇਸ ਮੌਕੇ 'ਤੇ ਵਿਧਾਇਕ ਹਰਮੀਤ ਸਿੰਘ ਪਠਾਣਮਾਜਰਾ ਵੱਲੋਂ ਸਨੌਰ ਹਲਕੇ ਦੇ ਸਰਕਾਰੀ ਮਿਡਲ ਸਕੂਲ ਉਦੇਪੁਰ ਦੀਵਾਨਵਾਲਾ ਵਿੱਚ 7 ਲੱਖ 51 ਹਜ਼ਾਰ ਰੁਪਏ ਦੀ ਲਾਗਤ ਨਾਲ ਨਵੇਂ ਵਿਕਾਸ ਕਾਰਜ ਪੂਰੇ ਕਰਵਾਏ ਗਏ। ਇਸ ਦੇ ਨਾਲ ਹੀ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਹਾਈ ਵਿਖੇ 13 ਲੱਖ 26 ਹਜ਼ਾਰ ਰੁਪਏ ਦੇ ਵਿਕਾਸ ਕਾਰਜਾਂ ਦਾ ਉਦਘਾਟਨ ਕਰਕੇ ਵਿਦਿਆਰਥੀਆਂ ਲਈ ਵਿਸ਼ੇਸ਼ ਸੁਵਿਧਾਵਾਂ ਉਪਲਬਧ ਕਰਵਾਈਆਂ ਗਈਆਂ।

ਦੂਜੇ ਪਾਸੇ, ਸਮਾਣਾ ਹਲਕੇ ਤੋਂ ਵਿਧਾਇਕ ਚੇਤਨ ਸਿੰਘ ਜੌੜਾਮਾਜਰਾ ਨੇ ਮਿਆਲ ਖ਼ੁਰਦ ਦੇ ਸਕੂਲਾਂ ਲਈ 15 ਲੱਖ 2 ਹਜ਼ਾਰ ਰੁਪਏ, ਸਰਕਾਰੀ ਮਿਡਲ ਸਕੂਲ ਤਰਖਾਣ ਮਾਜਰਾ ਲਈ 3 ਲੱਖ 10 ਹਜ਼ਾਰ ਰੁਪਏ ਅਤੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਬਾਦਸ਼ਾਹਪੁਰ ਕਾਲੇਕੀ ਵਿੱਚ 3 ਲੱਖ 50 ਹਜ਼ਾਰ ਰੁਪਏ ਦੇ ਵਿਕਾਸ ਕਾਰਜਾਂ ਨੂੰ ਲੋਕ ਅਰਪਿਤ ਕੀਤਾ। ਇਹ ਕਾਰਜ ਵਿਦਿਆਰਥੀਆਂ ਨੂੰ ਹੋਰ ਬਿਹਤਰ ਪੜ੍ਹਾਈ ਕਰਨ ਦਾ ਮਾਹੌਲ ਮੁਹੱਈਆ ਕਰਵਾਉਣ ਲਈ ਕੀਤੇ ਗਏ ਹਨ।

ਇਸੇ ਤਰ੍ਹਾਂ, ਸਨੌਰ ਹਲਕੇ ਦੇ ਵਿਧਾਇਕ ਦੇਵ ਮਾਨ ਨੇ ਮਾਂਗੇਵਾਲ ਦੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਵਿੱਚ 18 ਲੱਖ 50 ਹਜ਼ਾਰ ਰੁਪਏ ਦੇ ਵਿਕਾਸ ਕਾਰਜਾਂ ਅਤੇ ਸਰਕਾਰੀ ਪ੍ਰਾਇਮਰੀ ਸਕੂਲ ਮਾਂਗੇਵਾਲ ਵਿੱਚ 1 ਲੱਖ 80 ਹਜ਼ਾਰ ਰੁਪਏ ਦੀ ਲਾਗਤ ਨਾਲ ਵਿਕਾਸ ਕਾਰਜਾਂ ਦਾ ਉਦਘਾਟਨ ਕੀਤਾ। ਇਨ੍ਹਾਂ ਦੇ ਇਲਾਵਾ, ਸਰਕਾਰੀ ਪ੍ਰਾਇਮਰੀ ਸਕੂਲ ਅਲਹੌਰਾਂ ਗੇਟ ਨਾਭਾ ਵਿੱਚ 9 ਲੱਖ 55 ਹਜ਼ਾਰ ਰੁਪਏ ਅਤੇ ਸਰਕਾਰੀ ਮਿਡਲ ਸਕੂਲ ਦੁਲੱਦੀ ਵਿੱਚ 25 ਲੱਖ 2 ਹਜ਼ਾਰ ਰੁਪਏ ਦੇ ਵਿਕਾਸ ਕਾਰਜ ਕਰਵਾਏ ਗਏ ਹਨ।

ਇਨ੍ਹਾਂ ਸਮਾਰੋਹਾਂ ਦੌਰਾਨ ਵਿਦਿਆਰਥੀਆਂ ਨੂੰ ਨਵੇਂ ਕਲਾਸ-ਰੂਮ, ਸਾਫ਼ ਪੀਣ ਵਾਲਾ ਪਾਣੀ, ਪਖਾਨੇ, ਲਾਇਬ੍ਰੇਰੀਆਂ, ਖੇਡਾਂ ਲਈ ਸੁਵਿਧਾਵਾਂ ਅਤੇ ਹੋਰ ਬੁਨਿਆਦੀ ਢਾਂਚਾਗਤ ਸੁਧਾਰ ਮੁਹੱਈਆ ਕਰਵਾਏ ਗਏ ਹਨ, ਜਿਸ ਨਾਲ ਪੜ੍ਹਾਈ ਦੀ ਗੁਣਵੱਤਾ ਵਿੱਚ ਨਿਖਾਰ ਆਵੇਗਾ।

ਉਦਘਾਟਨ ਸਮਾਰੋਹ ਦੌਰਾਨ ਜ਼ਿਲ੍ਹਾ ਸਿੱਖਿਆ ਅਫ਼ਸਰ ਸੈਕੰਡਰੀ ਸਿੱਖਿਆ ਪਟਿਆਲਾ ਸੰਜੀਵ ਸ਼ਰਮਾ, ਡਿਪਟੀ ਡੀਈਓ (ਸੈਕੰਡਰੀ) ਡਾ. ਰਵਿੰਦਰਪਾਲ ਸ਼ਰਮਾ, ਜ਼ਿਲ੍ਹਾ ਸਿੱਖਿਆ ਅਫ਼ਸਰ ਐਲੀਮੈਂਟਰੀ ਸਿੱਖਿਆ ਸ਼ਾਲੂ ਮਹਿਰਾ, ਡਿਪਟੀ ਡੀਈਓ ਐਲੀਮੈਂਟਰੀ ਮਨਵਿੰਦਰ ਕੌਰ ਭੁੱਲਰ, ਬਲਾਕ ਨੋਡਲ ਅਫ਼ਸਰ, ਬਲਾਕ ਪ੍ਰਾਇਮਰੀ ਸਿੱਖਿਆ ਅਫ਼ਸਰ, ਹਲਕਾ ਸਿੱਖਿਆ ਕੋਆਰਡੀਨੇਟਰ, ਸਕੂਲਾਂ ਦੇ ਪ੍ਰਿੰਸੀਪਲ, ਮੁੱਖ ਅਧਿਆਪਕ, ਅਧਿਆਪਕ, ਸਕੂਲ ਮੈਨੇਜਮੈਂਟ ਕਮੇਟੀ ਦੇ ਮੈਂਬਰ, ਇਲਾਕੇ ਦੇ ਸਰਪੰਚ, ਮਿਊਂਸੀਪਲ ਕੌਂਸਲਰ, ਪੰਚ ਅਤੇ ਵਿਦਿਆਰਥੀਆਂ ਦੇ ਮਾਪੇ ਵੀ ਵੱਡੀ ਗਿਣਤੀ ਵਿੱਚ ਹਾਜ਼ਰ ਰਹੇ।

ਸਭ ਨੇ ਸਰਕਾਰ ਵੱਲੋਂ ਕੀਤੇ ਜਾ ਰਹੇ ਉਪਰਾਲਿਆਂ ਦੀ ਸਾਰਾਹਣਾ ਕੀਤੀ ਅਤੇ ਵਿਦਿਆਰਥੀਆਂ ਨੂੰ ਨਵੀਆਂ ਸੁਵਿਧਾਵਾਂ ਦਾ ਲਾਭ ਚੁੱਕਣ ਦੀ ਅਪੀਲ ਕੀਤੀ। ਵਿਧਾਇਕਾਂ ਨੇ ਕਿਹਾ ਕਿ ਪੰਜਾਬ ਸਰਕਾਰ ਦਾ ਨਿਸ਼ਾਨਾ ਹੈ ਕਿ ਸਰਕਾਰੀ ਸਕੂਲਾਂ ਵਿੱਚ ਪੜ੍ਹਦੇ ਵਿਦਿਆਰਥੀਆਂ ਨੂੰ ਸਮੇਂ ਦਾ ਹਾਣੀ ਬਣਾਇਆ ਜਾਵੇ ਅਤੇ ਹਰ ਵਿਦਿਆਰਥੀ ਨੂੰ ਉੱਚ ਗੁਣਵੱਤਾ ਵਾਲੀ ਸਿੱਖਿਆ ਮਿਲੇ।

# ਹਰਚੰਦ ਸਿੰਘ ਬਰਸਟ ਨੇ ਲੋਕ ਮਿਲਣੀ ਪ੍ਰੋਗਰਾਮ ਤਹਿਤ ਲੋਕਾਂ ਦੀਆਂ ਸਮੱਸਿਆਵਾਂ ਸੁਣੀਆਂ



**ਪਟਿਆਲਾ, 30 ਅਪ੍ਰੈਲ**
**-ਕੌਮੀ ਪੱਤ੍ਰਿਕਾ ਬਿਊਰੋ-**

ਹਰਚੰਦ ਸਿੰਘ ਬਰਸਟ, ਚੇਅਰਮੈਨ ਪੰਜਾਬ ਮੰਡੀ ਬੋਰਡ ਅਤੇ ਸੂਬਾ ਜਨਰਲ ਸਕੱਤਰ ਆਮ ਆਦਮੀ ਪਾਰਟੀ (ਆਪ), ਪੰਜਾਬ ਨੇ ਪਟਿਆਲਾ ਦਫ਼ਤਰ ਵਿਖੇ ਲੋਕ ਮਿਲਣੀ ਪ੍ਰੋਗਰਾਮ ਤਹਿਤ ਲੋਕਾਂ ਨਾਲ ਮੁਲਾਕਾਤ ਕੀਤੀ ਅਤੇ ਉਨ੍ਹਾਂ ਦੀਆਂ ਸਮੱਸਿਆਵਾਂ ਸੁਣੀਆਂ। ਇਸ ਦੌਰਾਨ ਵੱਖ-ਵੱਖ ਪਿੰਡਾਂ ਦੀਆਂ ਪੰਚਾਇਤਾਂ ਸਮੇਤ ਲੋਕਾਂ ਵੱਲੋਂ ਸ. ਬਰਸਟ ਕੋਲ ਆਪਣੀਆਂ ਸਮੱਸਿਆਵਾਂ ਅਤੇ ਮੰਗਾਂ ਰੱਖੀਆਂ ਗਈਆਂ, ਜਿਨ੍ਹਾਂ ਨੂੰ ਸ. ਬਰਸਟ ਵੱਲੋਂ ਜਲਦ ਤੋਂ ਜਲਦ ਹੱਲ ਕਰਵਾਉਣ ਦਾ ਭਰੋਸਾ ਦਵਾਇਆ ਗਿਆ।

ਬਰਸਟ ਨੇ ਕਿਹਾ ਕਿ ਪੰਜਾਬ ਦੇ ਮਾਨਯੋਗ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਸੂਬੇ ਦੀ ਤਰੱਕੀ ਅਤੇ ਵਿਕਾਸ ਲਈ ਵਚਨਬੱਧ ਹੈ। ਸੂਬਾ ਸਰਕਾਰ ਦਾ ਮੁੱਖ ਮਕਸਦ ਪਿੰਡਾਂ ਦਾ ਚਹੁੰਪਖੀ ਵਿਕਾਸ, ਲੋਕਾਂ ਨੂੰ ਹਰ ਤਰ੍ਹਾਂ ਦੀਆਂ ਸਹੂਲਤਾਂ ਦੇਣਾ ਅਤੇ ਲੋਕਾਂ ਦੀਆਂ ਸਮੱਸਿਆਵਾਂ ਨੂੰ ਪਹਿਲ ਦੇ ਆਧਾਰ ਤੇ ਹੱਲ ਕਰਨਾ ਹੈ। ਸਿਹਤ, ਸਿੱਖਿਆ ਅਤੇ ਸੂਬੇ ਦੇ ਬੁਨਿਆਦੀ ਢਾਂਚੇ ਦੇ ਵਿਕਾਸ ਨੂੰ ਵਿਸ਼ੇਸ ਤਵੱਜੋਂ ਦਿੰਦਿਆਂ ਹੋਇਆ ਪੰਜਾਬ ਸਰਕਾਰ ਵੱਲੋਂ ਵੱਡੇ ਪੱਧਰ ਤੇ ਵਿਕਾਸ ਕਾਰਜਾਂ ਨੂੰ ਅਮਲੀ ਜਾਮਾ ਪਹਿਨਾਇਆ ਜਾ ਰਿਹਾ ਹੈ। ਉਨ੍ਹਾਂ ਵਿਸ਼ਵਾਸ ਦਵਾਇਆ ਕਿ ਉਹ ਹਰ ਸਮੇਂ ਉਨ੍ਹਾਂ ਦੇ ਨਾਲ ਖੜੇ ਹਨ ਅਤੇ ਉਨ੍ਹਾਂ ਵੱਲੋਂ ਹਰ ਤਰ੍ਹਾਂ ਦਾ ਸਹਿਯੋਗ ਦਿੱਤਾ ਜਾਵੇਗਾ।

ਸੂਬਾ ਜਨਰਲ ਸਕੱਤਰ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸੂਬੇ ਵਿੱਚੋਂ ਨਸ਼ੇ ਦੇ ਖਾਤਮੇ ਲਈ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਚਲਾਈ ਜਾ ਰਹੀ ਹੈ। ਉਨ੍ਹਾਂ ਪੰਚਾਇਤਾਂ ਅਤੇ ਜਨਤਾ ਨੂੰ ਅਪੀਲ ਕੀਤੀ ਕਿ ਉਹ ਅੱਗੇ ਆ ਕੇ ਸੂਬਾ ਸਰਕਾਰ ਦੀ ਇਸ ਮੁਹਿੰਮ ਦਾ ਹਿੱਸਾ ਬਨਣ ਅਤੇ ਪੰਜਾਬ ਨੂੰ ਨਸ਼ਾ ਮੁਕਤ ਸੂਬਾ ਬਣਾਉਣ ਵਿੱਚ ਆਪਣਾ ਯੋਗਦਾਨ ਪਾਉਣ। ਇਸ ਮੌਕੇ ਜਗਦੀਪ ਸਿੰਘ ਸਰਪੰਚ ਪਹਾੜਪੁਰ, ਜਰਨੈਲ ਸਿੰਘ ਸਰਪੰਚ ਗੋਬਿੰਦਪੁਰਾ, ਸੰਦੀਪ ਸਿੰਘ ਸਰਪੰਚ ਕਰਤਾਰਪੁਰ, ਲਖਵਿੰਦਰ ਸਿੰਘ ਸਾਬਕਾ ਸਰਪੰਚ, ਛੋਟਾ ਸਿੰਘ ਸਾਬਕਾ ਸਰਪੰਚ, ਬਲਵਿੰਦਰ ਸਿੰਘ, ਪਰਮਜੀਤ ਸਿੰਘ, ਜਰਨੈਲ ਸਿੰਘ, ਭਗਵਾਨ ਸਿੰਘ, ਸਿਰਮਨਜੀਤ ਸਿੰਘ, ਵਿਜੈ ਠਾਕੁਰ, ਕਸ਼ਮੀਰ ਸਿੰਘ, ਪਰਮਜੀਤ ਸਿੰਘ ਸੋਹੀ, ਨਾਇਬ ਸਿੰਘ, ਹਰਮੇਲ ਸਿੰਘ, ਸ਼ਿਵਨਾਥ ਸਮੇਤ ਹੋਰ ਵੀ ਮੌਜੂਦ ਰਹੇ।

# ਮਿਹਨਤ ਤੋਂ ਬਿਨਾਂ ਸ.ਫਲਤਾ ਪ੍ਰਾਪਤੀ ਦਾ ਹੋਰ ਕੋਈ ਤਰੀਕਾ ਨਹੀਂ : ਜ਼ਿਲ੍ਹਾ ਖੋਜ ਅ.ਫਸਰ



**ਬਰਨਾਲਾ, 30 ਅਪ੍ਰੈਲ**
**-ਕੌਮੀ ਪੱਤ੍ਰਿਕਾ ਬਿਊਰੋ-**

ਡਿਪਟੀ ਕਮਿਸ਼ਨਰ ਬਰਨਾਲਾ ਸ਼੍ਰੀ ਟੀ.ਬੈਨਿਥ ਆਈ.ਏ.ਐੱਸ ਦੀਆਂ ਹਦਾਇਤਾਂ ਅਨੁਸਾਰ ਜ਼ਿਲ੍ਹਾ ਭਾਸ਼ਾ ਦਫ਼ਤਰ ਬਰਨਾਲਾ ਦੇ ਜ਼ਿਲ੍ਹਾ ਖੋਜ ਅਫ਼ਸਰ ਬਿੰਦਰ ਸਿੰਘ ਖੁੱਡੀ ਕਲਾਂ ਵੱਲੋਂ ਪੀ.ਐਮ.ਸ਼੍ਰੀ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਛਾਪਾ ਦੇ ਵਿਦਿਆਰਥੀਆਂ ਦੇ ਰੂਬਰੂ ਹੋ ਕੇ ਆਪਣੇ ਜੀਵਨ ਤਜ਼ਰਬੇ ਸਾਂਝੇ ਕਰਨ ਦੇ ਨਾਲ ਨਾਲ ਸਫ਼ਲਤਾ ਦੀ ਪ੍ਰਾਪਤੀ ਲਈ ਵਿਦਿਆਰਥੀਆਂ ਨੂੰ ਸਖਤ ਮਿਹਨਤ ਕਰਨ ਲਈ ਪ੍ਰੇਰਿਤ ਕੀਤਾ ਗਿਆ।

ਉਹਨਾਂ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਸਫ਼ਲਤਾ ਦੇ ਜਿੰਦਰੇ ਨੂੰ ਖੋਲਣ ਲਈ ਮਿਹਨਤ ਹੀ ਇਕਮਾਤਰ ਚਾਬੀ ਹੈ। ਉਹਨਾਂ ਕਿਹਾ ਕਿ ਸਫ਼ਲਤਾ ਦੀ ਪ੍ਰਾਪਤੀ ਲਈ ਮਿਹਨਤ ਤੋਂ ਇਲਾਵਾ ਹੋਰ ਕੋਈ ਦੂਜਾ ਬਦਲ ਨਹੀਂ ਅਤੇ ਨਾ ਹੀ ਕੋਈ ਸ਼ਾਰਟ ਕੱਟ ਤਰੀਕਾ ਹੈ। ਉਹਨਾਂ ਵਿਦਿਆਰਥੀਆਂ ਨੂੰ ਟੀਚਾ ਮਿਥ ਕੇ ਉਸ ਅਨੁਸਾਰ ਮਿਹਨਤ ਕਰਨ ਲਈ ਪ੍ਰੇਰਿਤ ਕੀਤਾ। ਉਹਨਾਂ ਕਿਹਾ ਕਿ ਸਰਕਾਰ ਵੱਲੋਂ ਸਰਕਾਰੀ ਸਕੂਲਾਂ ਨੂੰ ਸਮੇਂ ਦੇ ਹਾਣ ਦਾ ਬਣਾਏ ਜਾਣ ਦਾ ਵਿਦਿਆਰਥੀਆਂ ਨੂੰ ਪੂਰਾ ਲਾਭ ਲੈਣਾ ਚਾਹੀਦਾ ਹੈ। ਉਹਨਾਂ ਕਿਹਾ ਕਿ ਪੇਂਡੂ ਖੇਤਰ ਦੇ ਵਿਦਿਆਰਥੀਆਂ 'ਚ ਸਵੈ-ਵਿਸਵਾਸ਼ ਦੀ ਬਹੁਤ ਵੱਡੀ ਘਾਟ ਹੁੰਦੀ ਹੈ।

ਉਹਨਾਂ ਕਿਹਾ ਕਿ ਉਹ ਖੁਦ ਪਿੰਡ ਨਾਲ ਸੰਬੰਧਿਤ ਹੋਣ ਕਾਰਨ ਵਿਦਿਆਰਥੀ ਜੀਵਨ ਦੌਰਾਨ ਸਵੈ-ਵਿਸਵਾਸ਼ ਦੀ ਘਾਟ ਦਾ ਸ਼ਿਕਾਰ ਰਹੇ ਹਨ। ਉਹਨਾਂ ਕਿਹਾ ਕਿ ਇਹ ਵੀ ਉਹਨਾਂ ਦਾ ਨਿੱਜੀ ਤਜ਼ਰਬਾ ਹੈ ਕਿ ਪੇਂਡੂ ਵਿਦਿਆਰਥੀ ਕਿਸੇ ਵੀ ਪੱਖੋਂ ਹੋਰ ਵਿਦਿਆਰਥੀਆਂ ਨਾਲੋਂ ਘੱਟ ਨਹੀਂ ਹੁੰਦੇ। ਇਸ ਦੌਰਾਨ ਉਹਨਾਂ ਸਕੂਲ ਦੀ ਸਾਫ ਸਫਾਈ, ਵਿਦਿਆਰਥੀਆਂ ਲਈ ਦੁਪਹਿਰ ਦੇ ਖਾਣੇ ਦੀ ਵਿਵਸਥਾ ਅਤੇ ਪੜ੍ਹਾਈ ਦਾ ਨਿਰੀਖਣ ਕਰਦਿਆਂ ਤਸੱਲੀ ਦਾ ਪ੍ਰਗਟਾਵਾ ਕੀਤਾ।ਉਹਨਾਂ ਆਪਣੀਆਂ ਲਿਖੀਆਂ ਚਾਰ ਪੁਸਤਕਾਂ ÷ ਕੋਸੀ ਕੋਸੀ ਧੁੱਪ, ਵਾਪਸੀ ਟਿਕਟ, ਅੱਕੜ ਫੱਕੜ ਅਤੇ ਆਓ ਗਾਈਏ÷ ਸਕੂਲ ਦੀ ਲਾਇਬ੍ਰੇਰੀ ਲਈ ਭੇਟ ਕੀਤੀਆਂ। ਲਖਵਿੰਦਰ ਸ਼ਰਮਾ ਪੱਤਰਕਾਰ ਅਤੇ ਸਮਾਜ ਸੇਵੀ ਨੇ ਵਿਦਿਆਰਥੀਆਂ ਨੂੰ ਕਾਨੂੰਨੀ ਸਹੂਲਤਾਂ ਬਾਰੇ ਜਾਣਕਾਰੀ ਦੇਣ ਦੇ ਨਾਲ ਨਾਲ ਬੀਮਾ ਅਤੇ ਕਿਸੇ ਵਿਅਕਤੀ ਦੀ ਮੌਤ ਉਪਰੰਤ ਬੀਮਾ ਅਤੇ ਏ.ਟੀ.ਐਮ ਧਾਰਕਾਂ ਦੇ ਪਰਿਵਾਰ ਨੂੰ ਮਿਲਣ ਵਾਲੀ ਆਰਥਿਕ ਸਹਾਇਤਾ ਬਾਰੇ ਵੀ ਜਾਣਕਾਰੀ ਸਾਂਝੀ ਕੀਤੀ। ਮੌਜੂਦਾ ਸਰਕਾਰ ਦੇ ਕਾਰਜਕਾਲ ਦੌਰਾਨ ਸਰਕਾਰੀ ਨੌਕਰੀ ਪ੍ਰਾਪਤ ਕਰਨ ਵਾਲੀਆਂ ਜ਼ਿਲ੍ਹਾ ਬਰਨਾਲਾ ਦੇ ਪਿੰਡ ਸੁਰਜੀਤਪੁਰਾ ਦੀਆਂ ਵਸਨੀਕ ਤਿੰਨ ਸਕੀਆਂ ਭੈਣਾਂ ਵਿੱਚੋਂ ਸਭ ਤੋਂ ਵੱਡੀ ਅਤੇ ਜ਼ਿਲ੍ਹਾ ਭਾਸ਼ਾ ਦਫ਼ਤਰ ਬਰਨਾਲਾ ਵਿਖੇ ਬਤੌਰ ਕਲਰਕ ਤਾਇਨਾਤ ਸੰਦੀਪ ਕੌਰ ਵੱਲੋਂ ਵੀ ਆਪਣੇ ਵਿਚਾਰ ਵਿਦਿਆਰਥੀਆਂ ਨਾਲ ਸਾਂਝੇ ਕੀਤੇ ਗਏ। ਉਹਨਾਂ ਬਿਨਾਂ ਸਿਫਾਰਸ਼ ਅਤੇ ਰਿਸ਼ਵਤ ਦੇ ਸਰਕਾਰੀ ਨੌਕਰੀ ਪ੍ਰਾਪਤ ਕਰਨ ਦੇ ਤਜ਼ਰਬੇ ਵਿਦਿਆਰਥੀਆਂ ਨਾਲ ਸਾਂਝੇ ਕਰਦਿਆਂ ਕਿਹਾ ਕਿ ਸਾਨੂੰ ਨਾਕਾਰਤਮਕ ਸੋਚ ਵਾਲੇ ਲੋਕਾਂ ਦੀਆਂ ਗੱਲਾਂ ਨੂੰ ਤਵੱਜੋ ਨਹੀਂ ਦੇਣੀ ਚਾਹੀਦੀ।

**ਡਰੱਗ ਹਾਟਸਪਾਟ ਲਖਨਪਾਲ 'ਚ ਹੋਈ ਬੁਲਡੋਜ਼ਰ ਕਾਰਵਾਈ, ਗੈਰ-ਕਾਨੂੰਨੀ ਉਸਾਰੀ ਨੂੰ ਢਾਹਿਆ, 9 ਨਸ਼ਾ ਤਸਕਰ ਗ੍ਰਿਫ਼ਤਾਰ**

# 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਤਹਿਤ ਕਮਿਸ਼ਨਰੇਟ ਪੁਲਿਸ ਨੇ ਵੱਡੀ ਕਾਰਵਾਈ ਕਰਦਿਆਂ ਨਸ਼ਿਆਂ ਦੀ ਸਪਲਾਈ ਲਾਈਨ ਨੂੰ ਤੋੜਿਆ : ਪੁਲਿਸ ਕਮਿਸ਼ਨਰ ਧਨਪ੍ਰੀਤ ਕੌਰ

ਜਲੰਧਰ, 30 ਅਪ੍ਰੈਲ
-ਕੌਮੀ ਪੱਤ੍ਰਿਕਾ ਬਿਊਰੋ-

ਪੰਜਾਬ ਸਰਕਾਰ ਦੀ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਤਹਿਤ ਵੱਡੀ ਕਾਰਵਾਈ ਕਰਦਿਆਂ ਕਮਿਸ਼ਨਰੇਟ ਪੁਲਿਸ ਵਲੋਂ ਲੰਬੇ ਸਮੇਂ ਤੋਂ ਨਸ਼ਿਆਂ ਕਰਕੇ ਬਦਨਾਮ ਇਲਾਕਾ ਪਿੰਡ ਲਖਨਪਾਲ ਵਿਖੇ ਨਸ਼ਾ ਤਸਕਰਾਂ ਵਲੋਂ ਉਸਾਰੀਆਂ ਗਈਆਂ ਗੈਰ ਕਾਨੂੰਨੀ ਉਸਾਰੀਆਂ ਨੂੰ ਢਾਹਿਆ ਗਿਆ।

ਬੁਲਡੋਜ਼ਰ ਕਾਰਵਾਈ ਦੀ ਅਗਵਾਈ ਕਰਦਿਆਂ ਪੁਲਿਸ ਕਮਿਸ਼ਨਰ ਧਨਪ੍ਰੀਤ ਕੌਰ ਨੇ ਕਿਹਾ ਕਿ ਪਿੰਡ ਲਖਨਪਾਲ ਨਸ਼ਿਆਂ ਨੂੰ ਵੇਚਣ ਅਤੇ ਸਪਲਾਈ ਲਈ ਬਦਨਾਮ ਸੀ ਅਤੇ ਇਸ 'ਤੇ ਬਾਰੀਕੀ ਨਾਲ ਨਿਗ੍ਹਾ ਰੱਖੀ ਜਾ ਰਹੀ ਸੀ। ਪੰਚਾਇਤ ਵਿਭਾਗ ਅਤੇ ਜਲੰਧਰ ਕਮਿਸ਼ਨਰੇਟ ਪੁਲਿਸ ਦੀਆਂ ਟੀਮਾਂ ਵਲੋਂ ਤੁਰੰਤ ਕਾਰਵਾਈ ਕਰਦਿਆਂ ਨਸ਼ਾ ਤਸ਼ਕਰਾਂ ਵਲੋਂ ਸਰਕਾਰੀ ਜਮੀਨ 'ਤੇ ਅਣਅਧਿਕਾਰਤ ਢੰਗ ਨਾਲ ਬਣਾਈਆਂ ਗਈਆਂ ਉਸਾਰੀਆਂ ਨੂੰ ਢਾਹਿਆ ਗਿਆ। ਉਨ੍ਹਾਂ ਦੱਸਿਆ ਕਿ ਇਸ ਕਾਰਵਾਈ ਦਾ ਮੁੱਖ ਮੰਤਵ ਨਸ਼ਿਆਂ ਨੂੰ ਜੜ੍ਹ ਤੋਂ ਖਤਮ ਕਰਨਾ ਹੈ। ਉਨ੍ਹਾਂ ਕਿਹਾ ਕਿ ਇਹ ਕਾਰਵਾਈ ਨਸ਼ਿਆਂ ਦੀ ਗ੍ਰਿਫਤ ਵਿੱਚ ਫਸੇ ਇਸ ਇਲਾਕੇ ਨੂੰ ਨਸ਼ਿਆਂ ਦੀ ਦਲਦਲ ਵਿਚੋਂ ਕੱਢਣ ਵੱਲ ਇਕ ਮਹੱਤਵਪੂਰਨ ਕਦਮ ਹੈ।



ਉਨ੍ਹਾਂ ਦੱਸਿਆ ਕਿ ਪੁਲਿਸ ਜਾਂਚ ਵਿੱਚ ਮੁੱਢਲੇ ਤੌਰ 'ਤੇ ਇਹ ਸਾਹਮਣੇ ਆਇਆ ਹੈ ਕਿ ਮੁੱਖ ਮੁਲਜ਼ਮ ਹਰਦੀਪ ਸਿੰਘ ਉਰਫ਼ ਦੀਪਾ ਨੇ ਸਰਕਾਰੀ ਜਮੀਨ 'ਤੇ ਕਬਜ਼ਾ ਕੀਤਾ ਹੋਇਆ ਹੈ। ਉਨ੍ਹਾਂ ਦੱਸਿਆ ਕਿ ਹਰਦੀਪ ਸਿੰਘ ਇਕ ਹਿਸਟਰੀ ਸ਼ੀਟਰ ਮੁਲਜ਼ਮ ਹੈ ਅਤੇ ਉਸ ਖ਼ਿਲਾਫ਼ 9 ਕੇਸ ਜਿਨ੍ਹਾਂ ਵਿੱਚ 7 ਐਨ.ਡੀ.ਪੀ.ਐਸ. ਐਕਟ ਨਾਲ ਸਬੰਧਿਤ ਹਨ, ਦਰਜ ਹਨ। ਉਸ ਦੇ ਪਿਤਾ ਸਰਬਜੀਤ ਸਿੰਘ ਅਤੇ ਭਰਾ ਸੰਦੀਪ ਉਰਫ਼ ਸੋਨੂੰ 'ਤੇ ਵੀ ਮਾਮਲੇ ਦਰਜ ਹਨ। ਪੁਲਿਸ ਕਮਿਸ਼ਨਰ ਧਨਪ੍ਰੀਤ ਕੌਰ ਨੇ ਦੱਸਿਆ ਕਿ ਨਸ਼ਾ ਤਸਕਰਾਂ ਵਲੋਂ ਢਾਹੀਆਂ ਗਈਆਂ ਗੈਰ ਕਾਨੂੰਨੀ ਉਸਾਰੀਆਂ ਨੂੰ ਪੁਲਿਸ ਛਾਪੇਮਾਰੀ ਦੌਰਾਨ ਛੱਤਾਂ ਰਾਹੀਂ ਵਰਤਿਆ ਜਾਂਦਾ ਸੀ। ਉਨ੍ਹਾਂ ਕਿਹਾ ਕਿ ਇਨ੍ਹਾਂ ਗੈਰ ਕਾਨੂੰਨੀ ਉਸਾਰੀਆਂ ਨੂੰ ਢਾਹ ਕੇ ਇਹਨਾਂ ਦੇ ਭੱਜਣ ਦੀਆਂ ਸੰਭਾਵਨਾਂਵਾ ਨੂੰ ਖ਼ਤਮ ਕਰ ਦਿੱਤਾ ਗਿਆ ਹੈ। ਉਨ੍ਹਾਂ ਕਿਹਾ ਕਿ ਪੁਲਿਸ ਵਿਭਾਗ ਵਲੋਂ ਇਸ ਪਿੰਡ 'ਤੇ ਲੱਗੇ ਬਦਨਾਮੀ ਦੇ ਦਾਗ ਨੂੰ ਧੋਣ ਲਈ ਛਾਪੇਮਾਰੀ ਨੂੰ ਹੋਰ ਤੇਜ਼ ਕੀਤਾ ਜਾਵੇਗਾ।

ਉਨ੍ਹਾਂ ਦੱਸਿਆ ਕਿ ਨਸ਼ਿਆਂ ਦੇ ਹਾਟਸਪਾਟ ਇਸ ਕੇਂਦਰ 'ਤੇ ਕਾਰਵਾਈ ਕਰਨ ਤੋਂ ਪਹਿਲਾਂ 9 ਨਸ਼ਾ ਤਸਕਰਾਂ ਨੂੰ ਗ੍ਰਿਫ਼ਤਾਰ ਕੀਤਾ ਗਿਆ ਜਦਕਿ ਹੋਰ ਆਪਣੇ ਘਰਾਂ ਨੂੰ ਤਾਲੇ ਲਗਾ ਕੇ ਭੱਜ ਗਏ ਹਨ। ਉਨ੍ਹਾਂ ਦੱਸਿਆ ਕਿ ਗ੍ਰਿਫ਼ਤਾਰੀ ਤੋਂ ਇਲਾਵਾ ਪੁਲਿਸ ਵਲੋਂ ਨਸ਼ਿਆਂ ਦਾ ਕਾਰੋਬਾਰ ਕਰਨ ਵਾਲਿਆਂ ਖਿਲਾਫ਼ ਹੋਰ ਸਖਤ ਕਾਰਵਾਈ ਕੀਤੀ ਜਾ ਰਹੀ ਹੈ ਅਤੇ ਐਨ.ਡੀ.ਪੀ.ਐਸ. ਐਕਟ ਅਧੀਨ ਜ਼ਬਤ ਕੀਤੀਆਂ ਜਾਣ ਵਾਲੀਆਂ ਦੋ ਹੋਰ ਜਾਇਦਾਦਾਂ ਦੀ ਪਹਿਚਾਣ ਵੀ ਕਰ ਲਈ ਗਈ ਹੈ। ਨਸ਼ਿਆਂ ਖਿਲਾਫ਼ ਉਸਾਰੂ ਸੋਚ ਅਪਨਾਉਂਦਿਆਂ ਪਿੰਡ ਲਖਨਪਾਲ ਦੀ ਪੰਚਾਇਤ ਵਲੋਂ ਵੀ ਪਿੰਡ ਨੂੰ ਨਸ਼ਾ ਮੁਕਤ ਬਣਾਉਣ ਲਈ ਮਤਾ ਪਾਸ ਕੀਤਾ ਗਿਆ ਹੈ। ਉਨ੍ਹਾਂ ਵਲੋਂ ਪੰਜਾਬ ਸਰਕਾਰ ਵਲੋਂ ਨਸ਼ਿਆਂ ਵਿਰੁੱਧ ਸ਼ੁਰੂ ਕੀਤੀ ਗਈ ਇਸ ਲੜਾਈ ਵਿੱਚ ਪੂਰਾ ਸਾਥ ਦੇਣ ਦਾ ਭਰੋਸਾ ਦਿੱਤਾ ਗਿਆ।

ਪੁਲਿਸ ਕਮਿਸ਼ਨਰ ਨੇ ਨਸ਼ਿਆਂ ਨੂੰ ਜੜ੍ਹੋਂ ਖ਼ਤਮ ਕਰਨ ਦੀ ਵਚਨਬੱਧਤਾ ਨੂੰ ਦੁਹਰਾਉਂਦਿਆਂ ਅਪੀਲ ਕੀਤੀ ਕਿ ਨਸ਼ਿਆਂ ਸਬੰਧੀ ਜੇਕਰ ਕੋਈ ਵੀ ਗਤੀਵਿਧੀ ਉਹਨਾਂ ਦੇ ਧਿਆਨ ਵਿੱਚ ਆਉਂਦੀ ਹੈ, ਤਾਂ ਉਸ ਦੀ ਜਾਣਕਾਰੀ ਪੰਜਾਬ ਸਰਕਾਰ ਦੇ ਵਟਸਐਪ ਨੰਬਰ 9779-100-200 'ਤੇ ਸਾਂਝੀ ਕੀਤੀ ਜਾਵੇ। ਉਨ੍ਹਾਂ ਭਰੋਸਾ ਦੁਆਇਆ ਕਿ ਸੂਚਨਾ ਦੇਣ ਵਾਲੀ ਦੀ ਪਹਿਚਾਣ ਗੁਪਤ ਰੱਖੀ ਜਾਵੇਗੀ।

ਇਸ ਮੌਕੇ ਪਿੰਡ ਵਾਸੀਆਂ ਵਲੋਂ ਨਸ਼ਾ ਮਾਫ਼ੀਆ ਖਿਲਾਫ਼ ਕੀਤੀ ਗਈ ਬੁਲਡੋਜ਼ਰ ਕਾਰਵਾਈ ਦਾ ਸਵਾਗਤ ਕਰਦਿਆਂ ਆਸ ਪ੍ਰਗਟਾਈ ਗਈ ਕਿ ਪੰਜਾਬ ਸਰਕਾਰ ਦੀ ਮੁਹਿੰਮ 'ਯੁੱਧ ਨਸ਼ਿਆਂ ਵਿਰੁੱਧ' ਤਹਿਤ ਕੀਤੀ ਜਾ ਰਹੀ ਕਾਰਵਾਈ ਸਦਕਾ ਜਲਦੀ ਹੀ ਪਿੰਡ ਨਸ਼ਾ ਮੁਕਤ ਹੋਵੇਗਾ।

# ਸਰਕਾਰੀ ਸਕੂਲਾਂ ਨੂੰ ਹਰ ਪੱਖੋਂ ਸਰਬਓਤਮ ਸਹੂਲਤਾਂ ਪ੍ਰਦਾਨ ਕਰ ਰਹੀ ਪੰਜਾਬ ਸਰਕਾਰ : ਮੋਹਿੰਦਰ ਭਗਤ

ਚੰਡੀਗੜ੍ਹ/ਜਲੰਧਰ, 30 ਅਪ੍ਰੈਲ
-ਕੌਮੀ ਪੱਤ੍ਰਿਕਾ ਬਿਊਰੋ-

ਪੰਜਾਬ ਦੇ ਬਾਗਬਾਨੀ, ਸੁਤੰਤਰਤਾ ਸੈਨਾਨੀ ਅਤੇ ਰੱਖਿਆ ਸੇਵਾਵਾਂ ਭਲਾਈ ਮੰਤਰੀ ਮੋਹਿੰਦਰ ਭਗਤ ਨੇ ਅੱਜ ਸੂਬਾ ਸਰਕਾਰ ਦੀ 'ਪੰਜਾਬ ਸਿੱਖਿਆ ਕ੍ਰਾਂਤੀ' ਪਹਿਲ ਤਹਿਤ ਸਰਕਾਰੀ ਕੰਨਿਆ ਸੀਨੀਅਰ ਸੈਕੰਡਰੀ ਸਮਾਰਟ ਸਕੂਲ ਆਬਾਦਪੁਰਾ ਵਿਖੇ 9.55 ਲੱਖ ਦੀ ਲਾਗਤ ਨਾਲ ਤਿਆਰ ਸਮਾਰਟ ਕਲਾਸ ਰੂਮ ਦਾ ਉਦਘਾਟਨ ਕਰਦਿਆਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸੂਬੇ ਦੇ ਸਰਕਾਰੀ ਸਕੂਲਾਂ ਨੂੰ ਹਰ ਪੱਖੋਂ ਸਰਬਓਤਮ ਸਹੂਲਤਾਂ ਪ੍ਰਦਾਨ ਕਰਨ ਦਾ ਮਕਸਦ ਵਿਦਿਆਰਥੀਆਂ ਨੂੰ ਸਮੇਂ ਦੇ ਹਾਣ ਦੀ ਆਧੁਨਿਕ ਸਿੱਖਿਆ ਮੁਹੱਈਆ ਕਰਵਾਉਣਾ ਹੈ ਤਾਂ ਜੋ ਉਹ ਭਵਿੱਖ ਵਿੱਚ ਸਫ਼ਲਤਾ ਦੀਆਂ ਬੁਲੰਦੀਆਂ ਨੂੰ ਛੋਹ ਸਕਣ। ਉਦਘਾਟਨੀ ਸਮਾਗਮ ਦੌਰਾਨ ਇਕੱਠ ਨੂੰ ਸੰਬੋਧਨ ਕਰਦਿਆਂ ਕੈਬਨਿਟ ਮੰਤਰੀ ਨੇ ਕਿਹਾ ਕਿ ਮੁੱਖ ਮੰਤਰੀ ਸ.ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਕੀਤੇ ਉਪਰਾਲਿਆਂ ਸਦਕਾ ਅੱਜ




ਵਿਦਿਆਰਥੀਆਂ ਨੂੰ ਸਰਕਾਰੀ ਸਕੂਲਾਂ ਵਿੱਚ ਪ੍ਰਾਈਵੇਟ ਸਕੂਲਾਂ ਵਰਗੀਆਂ ਸਹੂਲਤਾਂ ਮਿਲ ਰਹੀਆਂ ਹਨ। ਉਨ੍ਹਾਂ ਕਿਹਾ ਕਿ ਭਗਵੰਤ ਮਾਨ ਸਰਕਾਰ ਨੇ ਵਿਦਿਆਰਥੀਆਂ ਨੂੰ ਸਿੱਖਿਆ ਲਈ ਅਨੁਕੂਲ ਮਾਹੌਲ ਮੁਹੱਈਆ ਕਰਵਾਇਆ ਹੈ। ਸ਼੍ਰੀ ਭਗਤ ਨੇ ਕਿਹਾ ਕਿ ਸਾਇੰਸ ਲੈਬਜ਼, ਆਧੁਨਿਕ ਕਲਾਸ ਰੂਮ, ਖੇਡ ਦੇ ਮੈਦਾਨ, ਸ਼ਾਨਦਾਰ ਕਮਰੇ ਤੇ ਫਰਨੀਚਰ ਆਦਿ ਸਹੂਲਤਾਂ ਪੰਜਾਬ ਦੇ ਸਾਰੇ ਸਕੂਲਾਂ ਵਿੱਚ ਉਪਲਬਧ ਹਨ। ਉਨ੍ਹਾਂ ਕਿਹਾ ਕਿ ਇਹ ਭਗਵੰਤ ਮਾਨ ਸਰਕਾਰ ਹੀ ਹੈ, ਜਿਸ ਨੇ ਸਿੱਖਿਆ ਦੇ ਖੇਤਰ ਵਿੱਚ ਕ੍ਰਾਂਤੀਕਾਰੀ ਤਬਦੀਲੀ ਲਿਆਉਣ ਲਈ ਸਕੂਲ ਆਫ ਐਮੀਨੈਂਸ, ਅਧਿਆਪਕਾਂ ਨੂੰ ਵਿਦੇਸ਼ੀ ਵਿੱਦਿਅਕ ਸੰਸਥਾਵਾਂ ਤੋਂ ਸਿਖਲਾਈ ਦਿਵਾਉਣਾ, ਸਰਕਾਰੀ ਸਕੂਲਾਂ ਵਿੱਚ ਬੱਸ ਸੇਵਾ, ਕੈਂਪਸ ਮੈਨੇਜਰ, ਸੁਰੱਖਿਆ ਗਾਰਡ ਸਮੇਤ ਡਿਜੀਟਲ ਢੰਗ ਨਾਲ ਖਾਸ ਕਦਮ ਚੁੱਕਦਿਆਂ ਸਰਕਾਰ ਵਰਗੀਆਂ ਪਹਿਲਕਦਮੀਆਂ ਕੀਤੀਆਂ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਸੂਬੇ ਦੇ ਵਿਦਿਆਰਥੀਆਂ ਦੇ ਰੌਸ਼ਨ ਭਵਿੱਖ ਨੂੰ ਤਰਜੀਹ ਦਿੰਦਿਆਂ ਜਿਥੇ ਸਿੱਖਿਆ ਦੇ ਮਿਆਰ ਨੂੰ ਹੋਰ ਉੱਚਾ ਚੁੱਕਣ ਲਈ ਵਿੱਤੀ ਸਾਲ 2025-26 ਦੌਰਾਨ ਸਿੱਖਿਆ ਦੇ ਬਜਟ ਵਿੱਚ ਵਾਧਾ ਕੀਤਾ, ਉਥੇ ਬੱਚਿਆਂ ਨੂੰ ਨਸ਼ਿਆਂ ਤੋਂ ਦੂਰ ਰੱਖਣ ਅਤੇ ਖੇਡਾਂ ਨਾਲ ਜੋੜਨ ਲਈ ਖੇਡ ਖੇਤਰ ਲਈ 979 ਕਰੋੜ ਰੁਪਏ ਦਾ ਬਜਟ ਰੱਖਿਆ ਹੈ। ਇਸ ਤੋਂ ਇਲਾਵਾ ਪੰਜਾਬ ਦੇ ਹਰੇਕ ਪਿੰਡ ਵਿੱਚ ਖੇਡ ਮੈਦਾਨ ਬਣਾਏ ਜਾ ਰਹੇ ਹਨ ਤਾਂ ਜੋ ਨੌਜਵਾਨਾਂ ਨੂੰ ਖੇਡਾਂ ਤੇ ਸਿਹਤਮੰਦ ਜੀਵਨ ਸ਼ੈਲੀ ਪ੍ਰਤੀ ਉਤਸ਼ਾਹਿਤ ਕਰਕੇ ਨਸ਼ਿਆਂ ਤੋਂ ਬਚਾਇਆ ਜਾ ਸਕੇ।

ਕੈਬਨਿਟ ਮੰਤਰੀ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸਿੱਖਿਆ ਦੇ ਖੇਤਰ ਵਿੱਚ ਕੀਤੇ ਲਾਮਿਸਾਲ ਸੁਧਾਰਾਂ ਸਦਕਾ ਸਰਕਾਰੀ ਸਕੂਲਾਂ ਵਿੱਚ ਵਿਦਿਆਰਥੀਆਂ ਦੀ ਗਿਣਤੀ ਵਧ ਰਹੀ ਹੈ। ਸ਼੍ਰੀ ਭਗਤ ਨੇ ਕਿਹਾ ਕਿ ਉਨ੍ਹਾਂ ਨੂੰ ਇਸ ਗੱਲ ਦੀ ਖ਼ੁਸ਼ੀ ਹੈ ਕਿ ਅੱਜ ਲੋਕ ਆਪਣੇ ਬੱਚਿਆਂ ਨੂੰ ਪ੍ਰਾਈਵੇਟ ਦੀ ਬਜਾਏ ਸਰਕਾਰੀ ਸਕੂਲਾਂ ਵਿੱਚ ਪੜ੍ਹਾਉਣ ਨੂੰ ਤਰਜੀਹ ਦੇ ਰਹੇ ਹਨ। ਕੈਬਨਿਟ ਮੰਤਰੀ ਨੇ ਇਸ ਮੌਕੇ ਸਕੂਲ ਨੂੰ ਵਿਕਾਸ ਕਾਰਜਾਂ ਲਈ 10 ਲੱਖ ਰੁਪਏ ਦੀ ਰਾਸ਼ੀ ਦੇਣ ਦਾ ਐਲਾਨ ਕੀਤਾ। ਇਸ ਤੋਂ ਇਲਾਵਾ ਉਨ੍ਹਾਂ ਇਹ ਵੀ ਕਿਹਾ ਕਿ ਭਵਿੱਖ ਵਿੱਚ ਵੀ ਜੇਕਰ ਸਕੂਲ ਨੂੰ ਕੋਈ ਜ਼ਰੂਰਤ ਹੋ ਤਾਂ ਉਨ੍ਹਾਂ ਦੇ ਧਿਆਨ ਵਿੱਚ ਲਿਆਂਦਾ ਜਾਵੇ, ਉਸ ਨੂੰ ਪੂਰਾ ਕੀਤਾ ਜਾਵੇਗਾ। ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਤਹਿਤ ਵਿਦਿਆਰਥੀਆਂ ਨੂੰ ਨਸ਼ਿਆਂ ਖ਼ਿਲਾਫ ਜਾਗਰੂਕਤਾ 'ਤੇ ਜ਼ੋਰ ਦਿੰਦਿਆਂ ਕੈਬਨਿਟ ਮੰਤਰੀ ਨੇ ਅਧਿਆਪਕਾਂ ਨੂੰ ਅਪੀਲ ਕੀਤੀ ਕਿ ਵਿਦਿਆਰਥੀਆਂ ਨੂੰ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਖ਼ਿਲਾਫ ਜਾਗਰੂਕ ਕੀਤਾ ਜਾਵੇ ਤਾਂ ਜੋ ਉਨ੍ਹਾਂ ਨੂੰ ਇਸ ਅਲਾਮਤ ਦੀ ਗ੍ਰਿਫ਼ਤ ਵਿੱਚ ਆਉਣ ਤੋਂ ਬਚਾਇਆ ਜਾ ਸਕੇ। ਇਸ ਦੇ ਨਾਲ ਹੀ ਵਿਦਿਆਰਥੀਆਂ ਨੂੰ ਆਪਣੇ ਆਲੇ-ਦੁਆਲੇ ਦੀ ਸਾਫ-ਸਫਾਈ ਰੱਖਣ ਲਈ ਪ੍ਰੇਰਿਤ ਕਰਨ ਲਈ ਵੀ ਕਿਹਾ।

ਇਸ ਦੌਰਾਨ ਵਿਦਿਆਰਥੀਆਂ ਵੱਲੋਂ ਸੱਭਿਆਚਾਰਕ ਪ੍ਰੋਗਰਾਮ ਵੀ ਪੇਸ਼ ਕੀਤਾ ਗਿਆ। ਕੈਬਨਿਟ ਮੰਤਰੀ ਵੱਲੋਂ ਸਕੂਲ ਦੀ ਪ੍ਰਿੰਸੀਪਲ ਸੋਨੀਆ ਧਵਨ ਦਾ ਪ੍ਰਸ਼ੰਸਾ ਪੱਤਰ ਨਾਲ ਸਨਮਾਨ ਕਰਨ ਤੋਂ ਇਲਾਵਾ ਅਧਿਆਪਕਾਂ ਨੂੰ ਵੀ ਸਨਮਾਨਿਤ ਕੀਤਾ ਗਿਆ। ਇਸ ਤੋਂ ਪਹਿਲਾਂ ਜ਼ਿਲ੍ਹਾ ਸਿੱਖਿਆ ਅਫ਼ਸਰ ਗੁਰਿੰਦਰਜੀਤ ਕੌਰ, ਉਪ ਜ਼ਿਲ੍ਹਾ ਸਿੱਖਿਆ ਅਫ਼ਸਰ ਰਾਜੀਵ ਜੋਸ਼ੀ ਅਤੇ ਹੋਰਨਾਂ ਵੱਲੋਂ ਕੈਬਨਿਟ ਮੰਤਰੀ ਦਾ ਸਕੂਲ ਵਿੱਚ ਪਹੁੰਚਣ 'ਤੇ ਸਵਾਗਤ ਤੇ ਸਨਮਾਨ ਕੀਤਾ ਗਿਆ।

ਇਸ ਮੌਕੇ ਪੰਜਾਬ ਸਿੱਖਿਆ ਕ੍ਰਾਂਤੀ ਕੋਆਰਡੀਨੇਟਰ ਸੰਜੀਵ ਭਗਤ, ਆਪ ਆਗੂ ਗੁਰਨਾਮ ਸਿੰਘ, ਬਲਾਕ ਨੋਡਲ ਅਫ਼ਸਰ ਸੁਨੀਤਾ ਸਹੋਤਾ, ਲੈਕਚਰਾਰ ਪ੍ਰਵੀਨ ਬਾਲਾ, ਗੁਰਪ੍ਰੀਤ ਸਿੰਘ, ਨੀਰਜਾ, ਸਰੋਜ ਬਾਲਾ, ਅੰਜੂ, ਸੁਧਾ, ਪੁਸ਼ਪਾ, ਚਰਨਜੀਤ, ਪੂਜਾ ਕੰਡਾ ਅਤੇ ਪਰਮਜੀਤ ਕੌਰ ਤੋਂ ਇਲਾਵਾ ਸਕੂਲ ਦਾ ਸਮੁੱਚਾ ਸਟਾਫ, ਵਿਦਿਆਰਥੀ ਅਤੇ ਵਿਦਿਆਰਥੀਆਂ ਦੇ ਮਾਪੇ ਵੀ ਮੌਜੂਦ ਸਨ।

# ਜਿਲ੍ਹੇ ਭਰ ਵਿਚ ਚੱਲ ਰਹੀਆਂ ਯੋਗ ਕਲਾਸਾਂ ਦਾ ਲਿਆ ਜਾਵੇ ਲਾਹਾ : ਡੀ. ਸੀ.



ਬਠਿੰਡਾ, 30 ਅਪ੍ਰੈਲ
-ਕੌਮੀ ਪੱਤ੍ਰਿਕਾ ਬਿਊਰੋ-

ਮੁੱਖ ਮੰਤਰੀ ਪੰਜਾਬ ਸ. ਭਗਵੰਤ ਸਿੰਘ ਮਾਨ ਦੀ ਯੋਗ ਅਗਵਾਈ ਵਾਲੀ ਸੂਬਾ ਸਰਕਾਰ ਵੱਲੋਂ ਸਿਹਤਮੰਦ ਪੰਜਾਬ ਤਹਿਤ ਸ਼ੁਰੂ ਕੀਤੀ ÷ਸੀ.ਐੱਮ. ਦੀ ਯੋਗਸ਼ਾਲਾ÷ ਸ਼ਲਾਘਾਯੋਗ ਕੰਮ ਕਰਨ ਦੇ ਨਾਲ-ਨਾਲ ਪੰਜਾਬ ਦੀ ਜਵਾਨੀ ਨੂੰ ਨਸ਼ੇ ਦੀ ਦਲਦਲ 'ਚੋ ਕੱਢਣ ਵਿੱਚ ਆਪਣੀ ਭੂਮਿਕਾ ਨਿਭਾ ਰਹੀ ਹੈ। ਇਹ ਜਾਣਕਾਰੀ ਡਿਪਟੀ ਕਮਿਸ਼ਨਰ ਸ਼੍ਰੀ ਸ਼ੌਕਤ ਅਹਿਮਦ ਪਰੇ ਨੇ ÷ਸੀ.ਐੱਮ.ਦੀ ਯੋਗਸ਼ਾਲਾ÷ ਦੇ ਦੋ ਸਾਲ ਪੂਰੇ ਹੋਣ 'ਤੇ ਜ਼ਿਲ੍ਹਾ ਵਾਸੀਆਂ ਅਤੇ ਯੋਗ ਪ੍ਰੇਮੀਆਂ ਨੂੰ ਵਧਾਈ ਦਿੰਦਿਆਂ ਸਾਂਝੀ ਕੀਤੀ।

ਇਸ ਸਬੰਧੀ ਹੋਰ ਜਾਣਕਾਰੀ ਦਿੰਦਿਆਂ ਡਿਪਟੀ ਕਮਿਸ਼ਨਰ ਸ਼੍ਰੀ ਸ਼ੌਕਤ ਅਹਿਮਦ ਪਰੇ ਨੇ ਦੱਸਿਆ ਕਿ ਜ਼ਿਲ੍ਹੇ ਵਿੱਚ ਪਿਛਲੇ ਸਾਲ ਤੋਂ ÷ਸੀ.ਐੱਮ.ਦੀ ਯੋਗਸ਼ਾਲਾ÷ ਤਹਿਤ 24 ਤਜ਼ਰਬੇਕਾਰ ਯੋਗ ਟ੍ਰੇਨਰਾਂ ਵਲੋਂ ਰੋਜ਼ਾਨਾ 132 ਯੋਗ ਕਲਾਸਾਂ ਲਗਾਈਆਂ ਜਾ ਰਹੀਆਂ ਹਨ, ਜਿਸ ਵਿੱਚ ਵੱਡੀ ਗਿਣਤੀ ਵਿੱਚ ਜ਼ਿਲ੍ਹਾ ਵਾਸੀਆਂ ਦੁਆਰਾ ਭਰਪੂਰ ਲਾਹਾ ਲਿਆ ਜਾ ਰਿਹਾ ਹੈ। ਉਨ੍ਹਾਂ ਜ਼ਿਲ੍ਹਾ ਵਾਸੀਆਂ ਨੂੰ ਰੋਜ਼ਾਨਾ ਦੇ ਤੌਰ 'ਤੇ ਲੱਗ ਰਹੀਆਂ ਕਲਾਸਾਂ ਵਿੱਚ ਵੱਧ ਤੋਂ ਵੱਧ ਪਹੁੰਚ ਕੇ ਆਪਣੀ ਅਤੇ ਆਪਣੇ ਸਮਾਜ ਦੀ ਤੰਦਰੁਸਤੀ ਲਈ ਪੰਜਾਬ ਸਰਕਾਰ ਵਲੋਂ ਚਲਾਏ ਇਸ ਅਭਿਆਨ ਨੂੰ ਸਫਲ ਬਨਾਉਣ ਦੀ ਪੁਰਜ਼ੋਰ ਅਪੀਲ ਕੀਤੀ।

ਸੀ.ਐਮ.ਦੀ ਯੋਗਸ਼ਾਲਾ ਦੇ ਜ਼ਿਲ੍ਹਾ ਕੋਆਡੀਇਟਰ ਰਾਜਿੰਦਰ ਸਿੰਘ ਨੇ ਦੱਸਿਆ ਕਿ ਯੋਗ ਕਿਸੇ ਵੀ ਉਮਰ ਜਾਂ ਕਿਸੇ ਵੀ ਵਰਗ ਦਾ ਕੋਈ ਵੀ ਵਿਅਕਤੀ ਆਪਣੀ ਸਰੀਰਿਕ ਸ਼ਕਤੀ ਅਨੁਸਾਰ ਅਤੇ ਆਪਣੀ ਸਹੂਲਤ ਅਨੁਸਾਰ 30 ਤੋਂ 60 ਮਿੰਟ ਤੱਕ ਸਾਂਤ ਵਾਤਾਵਰਣ ਵਿੱਚ ਹਲਕੇ ਕੱਪੜੇ ਪਾ ਕੇ ਕਿਸੇ ਦਰੀ ਜਾਂ ਮੇਟ ਵਿਛਾ ਕੇ ਸਵੇਰੇ ਜਾਂ ਫਿਰ ਸ਼ਾਮ ਨੂੰ ਖਾਲੀ ਪੇਟ ਕੋਈ ਵੀ ਯੋਗ ਆਸਨ ਕਰ ਸਕਦਾ ਹੈ, ਸਿਰਫ ਬਿਮਾਰੀ ਦੀ ਹਾਲਤ ਵਿੱਚ ਯੋਗ ਨਹੀਂ ਕਰਨਾ ਚਾਹੀਦਾ। ਯੋਗ ਕਰਨ ਨਾਲ ਕਈ ਤਰ੍ਹਾਂ ਦੀਆਂ ਆਉਣ ਵਾਲੀਆਂ ਬਿਮਾਰੀਆਂ ਦੀ ਰੋਕਥਾਮ ਕੀਤੀ ਜਾ ਸਕਦੀ ਹੈ ਅਤੇ ਜੋ ਅੱਜ ਕੱਲ੍ਹ ਸਾਡੇ ਆਹਾਰ-ਵਿਹਾਰ ਨਾਲ ਬਿਮਾਰੀਆਂ ਆ ਰਹੀਆਂ ਹਨ, ਉਹਨਾਂ ਨੂੰ ਵੀ ਰੋਕਿਆ ਜਾ ਸਕਦਾ ਹੈ। ਯੋਗ ਕਰਨ ਨਾਲ ਮਾਸਪੇਸ਼ੀਆਂ, ਨਸਾਂ, ਹਾਈ ਬਲੱਡ ਪ੍ਰੈਸਰ, ਸ਼ੂਗਰ, ਗਠੀਆ, ਮੋਟਾਪਾ, ਤਨਾਵ, ਥਾਇਰਾਇਡ, ਮਹਾਂਵਾਰੀ ਸਬੰਧਿਤ ਦਿੱਕਤਾਂ, ਸਾਹ ਪ੍ਰਣਾਲੀ ਸਬੰਧਿਤ ਬਿਮਾਰੀਆਂ ਨੂੰ ਕਾਫੀ ਹੱਦ ਤੱਕ ਕਾਬੂ ਕੀਤਾ ਜਾ ਸਕਦਾ ਹੈ। ਉਹਨਾਂ ਅੱਗੇ ਦੱਸਿਆ ਕਿ ਹੁਣ ਤੱਕ ਯੋਗਾ ਕਲਾਸਾਂ ਨਾਲ ਜ਼ਿਲ੍ਹੇ ਦੇ 5260 ਮੈਂਬਰ ਜੁੜ ਚੁੱਕੇ ਹਨ। ਇਨ੍ਹਾਂ ਯੋਗਾ ਕਲਾਸਾਂ ਨਾਲ ਜੁੜਨ ਲਈ ਟੋਲ ਫ਼ਰੀ ਮੋਬਾਇਲ ਨੰਬਰ 76694-00500 ਜਾਂ ਵੈਬ ਸਾਈਟ https://cmdiyogshala.punjab.gov.in 'ਤੇ ਵੀ ਰਜਿਸਟ੍ਰੇਸ਼ਨ ਕਰਵਾਈ ਜਾ ਸਕਦੀ ਹੈ।

# ਜਿੰਪਾ ਨੇ ਸਿਵਲ ਹਸਪਤਾਲ ਹੁਸ਼ਿਆਰਪੁਰ ਦਾ ਦੌਰਾ ਕਰਕੇ ਡਾਕਟਰਾਂ ਨਾਲ ਕੀਤੀ ਮੀਟਿੰਗ



ਹੁਸ਼ਿਆਰਪੁਰ, 30 ਅਪ੍ਰੈਲ
-ਕੌਮੀ ਪੱਤ੍ਰਿਕਾ ਬਿਊਰੋ-

ਸਥਾਨਕ ਵਿਧਾਇਕ ਬ੍ਰਮ ਸ਼ੰਕਰ ਜਿੰਪਾ ਨੇ ਸਿਵਲ ਹਸਪਤਾਲ ਹੁਸ਼ਿਆਰਪੁਰ ਦਾ ਦੌਰਾ ਕੀਤਾ ਅਤੇ ਹਸਪਤਾਲ ਦੇ ਡਾਕਟਰਾਂ ਨਾਲ ਇੱਕ ਮਹੱਤਵਪੂਰਨ ਮੀਟਿੰਗ ਕੀਤੀ। ਇਸ ਮੀਟਿੰਗ ਦਾ ਉਦੇਸ਼ ਹਸਪਤਾਲ ਵਿੱਚ ਮਰੀਜ਼ਾਂ ਨੂੰ ਦਿੱਤੀਆਂ ਜਾ ਰਹੀਆਂ ਸਿਹਤ ਸੇਵਾਵਾਂ ਦੀ ਸਥਿਤੀ ਦਾ ਜਾਇਜ਼ਾ ਲੈਣਾ ਅਤੇ ਉਨ੍ਹਾਂ ਨੂੰ ਹੋਰ ਬਿਹਤਰ ਬਣਾਉਣ ਲਈ ਜ਼ਰੂਰੀ ਕਦਮ ਚੁੱਕਣਾ ਸੀ। ਇਸ ਦੌਰਾਨ ਸਿਵਲ ਸਰਜਨ ਡਾ. ਪਵਨ ਕੁਮਾਰ ਵੀ ਮੌਜੂਦ ਸਨ।

ਇਸ ਮੌਕੇ ਵੱਖ-ਵੱਖ ਵਿਭਾਗਾਂ ਦੇ ਡਾਕਟਰਾਂ ਨੇ ਮਰੀਜ਼ਾਂ ਨੂੰ ਬਿਹਤਰ ਸਹੂਲਤਾਂ ਪ੍ਰਦਾਨ ਕਰਨ ਲਈ ਜ਼ਰੂਰੀ ਸਰੋਤਾਂ ਦੀ ਮੰਗ ਵਿਧਾਇਕ ਅੱਗੇ ਰੱਖੀ। ਇਨ੍ਹਾਂ ਮੰਗਾਂ ਵਿੱਚ ਆਧੁਨਿਕ ਮੈਡੀਕਲ ਉਪਕਰਣ, ਵਾਧੂ ਸਟਾਫ ਅਤੇ ਬੁਨਿਆਦੀ ਢਾਂਚੇ ਦੇ ਅਪਗ੍ਰੇਡੇਸ਼ਨ ਵਰਗੇ ਨੁਕਤੇ ਸ਼ਾਮਲ ਸਨ। ਵਿਧਾਇਕ ਜਿੰਪਾ ਨੇ ਸਾਰੇ ਵਿਭਾਗਾਂ ਨੂੰ ਆਪਣੀਆਂ ਮੰਗਾਂ ਦੀ ਇੱਕ ਵਿਸਤ੍ਰਿਤ ਸੂਚੀ ਤਿਆਰ ਕਰਨ ਦੇ ਨਿਰਦੇਸ਼ ਦਿੱਤੇ ਤਾਂ ਜੋ ਇਨ੍ਹਾਂ ਜ਼ਰੂਰਤਾਂ ਨੂੰ ਜਲਦੀ ਪੂਰਾ ਕਰਨ ਲਈ ਢੁਕਵੇਂ ਪ੍ਰਬੰਧ ਕੀਤੇ ਜਾ ਸਕਣ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਮਰੀਜ਼ਾਂ ਨੂੰ ਉੱਚ ਗੁਣਵੱਤਾ ਵਾਲੀਆਂ ਸਿਹਤ ਸੰਭਾਲ ਸੇਵਾਵਾਂ ਪ੍ਰਦਾਨ ਕਰਨਾ ਉਨ੍ਹਾਂ ਦੀ ਤਰਜੀਹ ਹੈ। ਵਿਧਾਇਕ ਨੇ ਭਰੋਸਾ ਦਿੱਤਾ ਕਿ ਹਸਪਤਾਲ ਵਿੱਚ ਸਰੋਤਾਂ ਦੀ ਘਾਟ ਨੂੰ ਦੂਰ ਕਰਨ ਅਤੇ ਮਰੀਜ਼ਾਂ ਨੂੰ ਬਿਹਤਰ ਸਹੂਲਤਾਂ ਪ੍ਰਦਾਨ ਕਰਨ ਲਈ ਹਰ ਸੰਭਵ ਯਤਨ ਕੀਤੇ ਜਾਣਗੇ।ਉਨ੍ਹਾਂ ਇਹ ਵੀ ਕਿਹਾ ਕਿ ਮੰਗਾਂ ਨੂੰ ਪਹਿਲ ਦੇ ਆਧਾਰ 'ਤੇ ਪੂਰਾ ਕਰਨ ਲਈ ਸੂਬਾ ਸਰਕਾਰ ਅਤੇ ਸਬੰਧਤ ਵਿਭਾਗਾਂ ਨਾਲ ਤਾਲਮੇਲ ਸਥਾਪਤ ਕੀਤਾ ਜਾਵੇਗਾ। ਇਸ ਦੌਰੇ ਦੌਰਾਨ ਵਿਧਾਇਕ ਨੇ ਹਸਪਤਾਲ ਦੇ ਵੱਖ-ਵੱਖ ਵਾਰਡਾਂ ਦਾ ਨਿਰੀਖਣ ਵੀ ਕੀਤਾ ਅਤੇ ਮਰੀਜ਼ਾਂ ਨਾਲ ਉਨ੍ਹਾਂ ਦੀਆਂ ਸਮੱਸਿਆਵਾਂ ਬਾਰੇ ਗੱਲਬਾਤ ਕੀਤੀ। ਉਨ੍ਹਾਂ ਹਸਪਤਾਲ ਪ੍ਰਸ਼ਾਸਨ ਨੂੰ ਸਾਫ਼-ਸਫ਼ਾਈ, ਦਵਾਈਆਂ ਦੀ ਸਮੇਂ ਸਿਰ ਉਪਲਬਧਤਾ ਅਤੇ ਮਰੀਜ਼ਾਂ ਲਈ ਲੋੜੀਂਦੀਆਂ ਸਹੂਲਤਾਂ ਹੋਰ ਵੀ ਵਧੀਆ ਢੰਗ ਨਾਲ ਮੁਹੱਈਆ ਕਰਵਾਈਆਂ ਜਾਣ। ਵਿਧਾਇਕ ਜਿੰਪਾ ਨੇ ਕਿਹਾ ਕਿ ਹੁਸ਼ਿਆਰਪੁਰ ਦੇ ਲੋਕਾਂ ਨੂੰ ਬਿਹਤਰ ਸਿਹਤ ਸਹੂਲਤਾਂ ਪ੍ਰਦਾਨ ਕਰਨਾ ਸਾਡੀ ਜ਼ਿੰਮੇਵਾਰੀ ਹੈ।

ਇਸ ਮੌਕੇ ਜ਼ਿਲ੍ਹਾ ਟੀਕਾਕਰਨ ਅਫ਼ਸਰ ਡਾ. ਸੀਮਾ ਗਰਗ, ਡੀਡੀਐਚਓ ਡਾ. ਮਨਿੰਦਰ ਕੌਰ, ਡੀਐਫਪੀਓ ਡਾ. ਰਣਜੀਤ ਸਿੰਘ, ਡੀਐਮਸੀ ਡਾ. ਸਵਿਤਾ, ਸੀਨੀਅਰ ਮੈਡੀਕਲ ਅਫ਼ਸਰ ਡਾ. ਸਵਾਤੀ ਸ਼ਿਮਾਰ ਅਤੇ ਡਾ. ਕੁਲਦੀਪ ਸਿੰਘ ਆਦਿ ਵੀ ਮੌਜੂਦ ਸਨ।

# ਹਲਵਾਰਾ ਹਵਾਈ ਅੱਡੇ ਦਾ ਕੰਮ 100 ਫ਼ੀਸਦੀ ਮੁਕੰਮਲ, ਆਪ ਸਰਕਾਰ ਨੇ 60 ਕਰੋੜ ਰੁਪਏ ਵਿੱਚ ਕੀਤੇ ਵਿਕਾਸ ਕੰਮ: ਸੰਜੀਵ ਅਰੋੜਾ

ਲੁਧਿਆਣਾ, 30 ਅਪ੍ਰੈਲ
-ਕੌਮੀ ਪੱਤ੍ਰਿਕਾ ਬਿਊਰੋ-

ਰਾਜ ਸਭਾ ਮੈਂਬਰ ਸੰਜੀਵ ਅਰੋੜਾ ਨੇ ਲੁਧਿਆਣਾ ਵਾਸੀਆਂ, ਸ਼ਹਿਰ ਦੇ ਕੌਂਸਲਰਾਂ ਅਤੇ ਉਦਯੋਗਪਤੀਆਂ ਨਾਲ ਹਲਵਾਰਾ ਹਵਾਈ ਅੱਡੇ ਦਾ ਦੌਰਾ ਕੀਤਾ ਅਤੇ ਚੱਲ ਰਹੇ ਕੰਮ ਦੀ ਪ੍ਰਗਤੀ ਦਾ ਜਾਇਜ਼ਾ ਲਿਆ। ਆਪਣੀ ਫੇਰੀ ਦੌਰਾਨ, ਉਨ੍ਹਾਂ ਹਵਾਈ ਅੱਡੇ ਦੇ ਪਰਿਸਰ ਦਾ ਦੌਰਾ ਕੀਤਾ ਅਤੇ ਹੁਣ ਤੱਕ ਪੂਰੇ ਹੋਏ ਕੰਮ 'ਤੇ ਪੂਰੀ ਤਸੱਲੀ ਪ੍ਰਗਟ ਕੀਤੀ। ਸੰਸਦ ਮੈਂਬਰ ਅਰੋੜਾ ਨੇ ਕਿਹਾ ਕਿ ਇਹ ਪ੍ਰੋਜੈਕਟ ਲਗਭਗ ਤੀਹ ਸਾਲਾਂ ਤੋਂ ਲਟਕਿਆ ਹੋਇਆ ਸੀ ਅਤੇ ਉਨ੍ਹਾਂ ਨੇ ਦੁੱਖ ਪ੍ਰਗਟ ਕੀਤਾ ਕਿ ਪਿਛਲੀਆਂ ਰਾਜ ਸਰਕਾਰਾਂ ਦੇ ਨੁਮਾਇੰਦੇ ਇਸਨੂੰ ਪੂਰਾ ਕਰਨ ਵਿੱਚ ਅਸਫਲ ਰਹੇ ਸਨ। ਉਨ੍ਹਾਂ ਕਿਹਾ ਕਿ ਰਾਜ ਸਭਾ ਮੈਂਬਰ ਬਣਨ ਤੋਂ ਬਾਅਦ, ਉਨ੍ਹਾਂ ਨੇ ਤੁਰੰਤ ਇਸ ਪ੍ਰੋਜੈਕਟ ਨੂੰ ਤਰਜੀਹ ਦਿੱਤੀ। 'ਆਪ' ਦੇ ਰਾਸ਼ਟਰੀ ਕਨਵੀਨਰ ਅਰਵਿੰਦ ਕੇਜਰੀਵਾਲ ਅਤੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਸਹਿਯੋਗ ਨਾਲ, ਇਹ ਪ੍ਰੋਜੈਕਟ ਹੁਣ ਲਗਭਗ 60 ਕਰੋੜ ਰੁਪਏ ਦੀ ਲਾਗਤ ਨਾਲ 100% ਪੂਰਾ ਹੋ ਗਿਆ ਹੈ।

ਇਸਨੂੰ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦਾ ÷ਡ੍ਰੀਮ ਪ੍ਰੋਜੈਕਟ÷ ਦੱਸਦਿਆਂ ਅਰੋੜਾ ਨੇ ਕਿਹਾ ਕਿ ਸ਼ੁਰੂਆਤੀ ਡਿਜ਼ਾਈਨ ਅਨੁਸਾਰ, ਹਵਾਈ ਅੱਡੇ ਦੇ ਆਲੇ-ਦੁਆਲੇ ਕੰਡਿਆਲੀ ਤਾਰ ਦੀ ਵਾੜ ਲਗਾਈ ਗਈ ਸੀ। ਹਾਲਾਂਕਿ, ਇਸ ਸਾਲ ਮਾਰਚ ਵਿੱਚ ਏਏਆਈ ਦੇ ਨਿਰੀਖਣ ਦੌਰਾਨ, ਕੰਡਿਆਲੀ ਤਾਰ ਨੂੰ ਕੰਕਰੀਟ ਦੀ ਚਾਰਦੀਵਾਰੀ ਨਾਲ ਬਦਲਣ ਦਾ ਫੈਸਲਾ ਕੀਤਾ ਗਿਆ ਸੀ। ਉਨ੍ਹਾਂ ਦੱਸਿਆ ਕਿ ਏਏਆਈ ਟੀਮ ਨੇ ਕੁਝ ਹੋਰ ਸੁਝਾਅ ਵੀ ਦਿੱਤੇ, ਜਿਨ੍ਹਾਂ ਨੂੰ ਇਸ ਵੇਲੇ ਲਾਗੂ ਕੀਤਾ ਜਾ ਰਿਹਾ ਹੈ ਅਤੇ ਜਲਦੀ ਹੀ ਪੂਰਾ ਹੋਣ ਦੀ ਸੰਭਾਵਨਾ ਹੈ। ਉਨ੍ਹਾਂ ਕਿਹਾ ਕਿ ਏਏਆਈ ਦਾ ਅਗਲਾ ਨਿਰੀਖਣ ਦੌਰਾ 30 ਅਪ੍ਰੈਲ ਨੂੰ ਤੈਅ ਹੈ। ਲੋਕ ਨਿਰਮਾਣ ਵਿਭਾਗ ਵੱਲੋਂ ਹਵਾਈ ਅੱਡਾ ਏਏਆਈ ਨੂੰ ਸੌਂਪਣ ਤੋਂ ਬਾਅਦ ਸਟਾਫ ਦੀ ਤਾਇਨਾਤੀ ਦੀ ਪ੍ਰਕਿਰਿਆ ਸ਼ੁਰੂ ਹੋ ਜਾਵੇਗੀ। ਸ਼ੁਰੂ ਵਿੱਚ, ਏਏਆਈ ਦੋ ਉਡਾਣਾਂ ਚਲਾਉਣ ਦੀ ਯੋਜਨਾ ਬਣਾ ਰਿਹਾ ਹੈ - ਇੱਕ ਸਵੇਰੇ ਅਤੇ ਇੱਕ ਦੁਪਹਿਰ ਨੂੰ। ਇਹ ਉਡਾਣਾਂ ਲੁਧਿਆਣਾ ਨੂੰ ਦਿੱਲੀ ਰਾਹੀਂ ਯੂਰਪ ਦੇ ਨਾਲ-ਨਾਲ ਅਮਰੀਕਾ, ਕੈਨੇਡਾ ਅਤੇ ਆਸਟ੍ਰੇਲੀਆ ਵਰਗੇ ਦੇਸ਼ਾਂ ਨਾਲ ਜੋੜਨਗੀਆਂ।



ਅਰੋੜਾ ਨੇ ਜ਼ੋਰ ਦੇ ਕੇ ਕਿਹਾ ਕਿ ਇਹ ਹਵਾਈ ਸੰਪਰਕ ਪੂਰੇ ਪੰਜਾਬ ਖੇਤਰ, ਖਾਸ ਕਰਕੇ ਮਾਲਵਾ ਪੱਟੀ ਅਤੇ ਲੁਧਿਆਣਾ ਦੀ ਆਰਥਿਕਤਾ ਨੂੰ ਮਹੱਤਵਪੂਰਨ ਹੁਲਾਰਾ ਦੇਵੇਗਾ। ਉਨ੍ਹਾਂ ਉਮੀਦ ਪ੍ਰਗਟਾਈ ਕਿ ਅਗਲੇ ਦੋ ਤੋਂ ਤਿੰਨ ਮਹੀਨਿਆਂ ਵਿੱਚ ਉਡਾਣ ਸੰਚਾਲਨ ਸ਼ੁਰੂ ਹੋ ਜਾਵੇਗਾ। ਉਨ੍ਹਾਂ ਇਹ ਵੀ ਦੱਸਿਆ ਕਿ ਹਵਾਈ ਅੱਡੇ ਨੂੰ ÷ਐਚ ਡਬਲਿਊ ਆਰ÷ ਕੋਡ ਦਿੱਤਾ ਗਿਆ ਹੈ। ਹਵਾਈ ਅੱਡੇ ਦੇ ਨਾਮਕਰਨ ਬਾਰੇ, ਉਨ੍ਹਾਂ ਸਪੱਸ਼ਟ ਕੀਤਾ ਕਿ ਰਾਜ ਸਰਕਾਰ ਸਿਰਫ਼ ਨਾਮ ਦੀ ਸਿਫ਼ਾਰਸ਼ ਕਰ ਸਕਦੀ ਹੈ, ਜਦੋਂ ਕਿ ਅੰਤਿਮ ਪ੍ਰਵਾਨਗੀ ਕੇਂਦਰ ਕੋਲ ਹੈ।

ਸਵਾਲਾਂ ਦੇ ਜਵਾਬ ਦਿੰਦੇ ਹੋਏ, ਅਰੋੜਾ ਨੇ ਕਿਹਾ ਕਿ ਹਵਾਈ ਅੱਡਾ ਕੈਟ-99 ਸਿਸਟਮ ਨਾਲ ਲੈਸ ਹੈ, ਜੋ ਘੱਟ ਦ੍ਰਿਸ਼ਟੀ ਵਾਲੀਆਂ ਸਥਿਤੀਆਂ ਵਿੱਚ ਵੀ ਇਸਦੀ ਸੰਚਾਲਨ ਸਮਰੱਥਾ ਨੂੰ ਵਧਾਉਂਦਾ ਹੈ। ਉਨ੍ਹਾਂ ਅੱਗੇ ਕਿਹਾ ਕਿ ਟੈਕਸੀਵੇਅ ਵਿੱਚ ਇੱਕ ਸਮੇਂ ਦੋ ਜਹਾਜ਼ ਪਾਰਕ ਕਰਨ ਦੀ ਸਮਰੱਥਾ ਹੈ ਅਤੇ ਮੌਜੂਦਾ ਬੁਨਿਆਦੀ ਢਾਂਚਾ ਪ੍ਰਤੀ ਦਿਨ ਲਗਭਗ 12 ਉਡਾਣਾਂ ਨੂੰ ਆਰਾਮ ਨਾਲ ਸੰਭਾਲ ਸਕਦਾ ਹੈ। ਹਾਲਾਂਕਿ, ਉਨ੍ਹਾਂ ਭਰੋਸਾ ਦਿੱਤਾ ਕਿ ਭਵਿੱਖ ਵਿੱਚ ਵਿਸਥਾਰ ਲਈ ਢੁਕਵੇਂ ਪ੍ਰਬੰਧ ਹਨ।

ਐਮਪੀ ਅਰੋੜਾ ਦੇ ਨਾਲ ਹਲਵਾਰਾ ਹਵਾਈ ਅੱਡੇ 'ਤੇ ਗਏ ਉਦਯੋਗਪਤੀਆਂ ਅਤੇ ਸ਼ਹਿਰ ਦੇ ਕੌਂਸਲਰਾਂ ਨੇ ਉਨ੍ਹਾਂ ਦੀ ਬਹੁਤ ਪ੍ਰਸ਼ੰਸਾ ਕੀਤੀ। ਉਨ੍ਹਾਂ ਨੇ ਇਸ ਪ੍ਰੋਜੈਕਟ ਦੇ ਪੂਰਾ ਹੋਣ ਦਾ ਪੂਰਾ ਸਿਹਰਾ ਅਰੋੜਾ ਨੂੰ ਦਿੱਤਾ। ਓਸਵਾਲ ਗਰੁੱਪ ਦੇ ਕਮਲ ਓਸਵਾਲ ਨੇ ਕਿਹਾ ਕਿ ਇਹ ਪ੍ਰੋਜੈਕਟ ਐਮਪੀ ਅਰੋੜਾ ਦੇ ਅਣਥੱਕ ਯਤਨਾਂ ਸਦਕਾ ਪੂਰਾ ਹੋਇਆ, ਜਿਨ੍ਹਾਂ ਨੇ ਇਸਨੂੰ ਸਫਲ ਬਣਾਉਣ ਲਈ ਦਿਨ ਰਾਤ ਮਿਹਨਤ ਕੀਤੀ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਇਹ ਹਵਾਈ ਅੱਡਾ ਨਾ ਸਿਰਫ਼ ਲੁਧਿਆਣਾ ਸਗੋਂ ਪੂਰੇ ਪੰਜਾਬ ਦੀ ਆਰਥਿਕਤਾ ਨੂੰ ਵੱਡਾ ਹੁਲਾਰਾ ਦੇਵੇਗਾ। ਉਨ੍ਹਾਂ ਕਿਹਾ ਕਿ ਕਿਉਂਕਿ ਲੁਧਿਆਣਾ ਆਪਣੇ ਆਯਾਤ ਅਤੇ ਨਿਰਯਾਤ ਕਾਰੋਬਾਰ ਲਈ ਜਾਣਿਆ ਜਾਂਦਾ ਹੈ, ਇਸ ਲਈ ਉਡਾਣਾਂ ਦੇ ਚਾਲੂ ਹੋਣ ਤੋਂ ਬਾਅਦ ਹਰੇਕ ਵਪਾਰਕ ਖੇਤਰ ਨੂੰ ਬਹੁਤ ਲਾਭ ਹੋਵੇਗਾ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਹਵਾਈ ਸੰਪਰਕ ਸਮੇਂ ਦੀ ਲੋੜ ਹੈ।

ਗਗਨ ਖੰਨਾ (ਅਰਿਸੁਦਾਨਾ ਇੰਡਸਟਰੀਜ਼ ਲਿਮਟਿਡ) ਨੇ ਕਿਹਾ ਕਿ ਹਵਾਈ ਅੱਡੇ ਦਾ ਦੌਰਾ ਕਰਨ ਤੋਂ ਬਾਅਦ ਇਹ ਉਨ੍ਹਾਂ ਲਈ ਅੱਖਾਂ ਖੋਲ੍ਹਣ ਵਾਲਾ ਅਨੁਭਵ ਸੀ। ਉਨ੍ਹਾਂ ਉਮੀਦ ਪ੍ਰਗਟਾਈ ਕਿ ਹਵਾਈ ਅੱਡੇ ਦੀ ਸਥਾਪਨਾ ਨਾਲ ਪੂਰੇ ਖੇਤਰ ਨੂੰ ਵੱਡਾ ਹੁਲਾਰਾ ਮਿਲੇਗਾ, ਜੋ ਕਿ ਹਵਾਈ ਸੰਪਰਕ ਦੀ ਘਾਟ ਕਾਰਨ ਦਹਾਕਿਆਂ ਤੋਂ ਅਣਗੌਲਿਆ ਰਿਹਾ ਸੀ। ਉਨ੍ਹਾਂ ਕਿਹਾ ਕਿ ਅਰੋੜਾ ਦੇ ਯਤਨਾਂ ਸਦਕਾ, ਇਹ ਪ੍ਰੋਜੈਕਟ ਆਖਰਕਾਰ 40 ਸਾਲਾਂ ਤੋਂ ਵੱਧ ਸਮੇਂ ਬਾਅਦ ਸ਼ੁਰੂ ਹੋ ਰਿਹਾ ਹੈ। ਨਿਰਯਾਤਕ ਰਾਜੇਸ਼ ਅਗਰਵਾਲ ਨੇ ਕਿਹਾ ਕਿ ਇੱਕ ਵਾਰ ਹਵਾਈ ਅੱਡਾ ਚਾਲੂ ਹੋ ਜਾਣ 'ਤੇ, ਲੁਧਿਆਣਾ ਤੋਂ ਨਿਰਯਾਤ ਕਈ ਗੁਣਾ ਵੱਧ ਜਾਵੇਗਾ। ਉਨ੍ਹਾਂ ਇਸ ਵੱਡੀ ਪ੍ਰਾਪਤੀ ਦਾ ਸਿਹਰਾ ਵੀ ਅਰੋੜਾ ਨੂੰ ਦਿੱਤਾ।

ਨਗਰ ਕੌਂਸਲਰਾਂ ਤਨਵੀਰ ਸਿੰਘ ਧਾਲੀਵਾਲ, ਭੁਪਿੰਦਰ ਸਿੰਘ ਕੈਂਥ, ਗੁਰਪ੍ਰੀਤ ਬੱਬਲ ਅਤੇ ਸਤਨਾਮ ਸੰਨੀ ਮਾਸਟਰ ਨੇ ਵੀ ਅਰੋੜਾ ਦੀ ਪ੍ਰਸ਼ੰਸਾ ਕੀਤੀ ਅਤੇ ਵਿਸ਼ਵਾਸ ਕੀਤਾ ਕਿ ਹਵਾਈ ਅੱਡਾ ਪੂਰੀ ਤਰ੍ਹਾਂ ਉਨ੍ਹਾਂ ਦੇ ਸਮਰਪਿਤ ਯਤਨਾਂ ਕਾਰਨ ਪੂਰਾ ਹੋਇਆ ਹੈ। ਉਨ੍ਹਾਂ ਕਿਹਾ ਕਿ ਪਿਛਲੇ 30-40 ਸਾਲਾਂ ਤੋਂ ਉਨ੍ਹਾਂ ਹਵਾਈ ਅੱਡੇ ਦੇ ਪ੍ਰੋਜੈਕਟ ਬਾਰੇ ਸਿਰਫ਼ ਸੁਣਿਆ ਹੀ ਸੀ, ਜੋ ਕਿ ਕਾਗਜ਼ਾਂ ਤੱਕ ਸੀਮਤ ਸੀ।

ਉਨ੍ਹਾਂ ਕਿਹਾ ਕਿ ਅਰੋੜਾ ਦੀ ਸਖ਼ਤ ਮਿਹਨਤ ਅਤੇ ਇਮਾਨਦਾਰੀ ਕਾਰਨ ਹੀ ਇਹ ਹਵਾਈ ਅੱਡਾ ਹੋਂਦ ਵਿੱਚ ਆਇਆ ਹੈ। ਉਨ੍ਹਾਂ ਉਮੀਦ ਪ੍ਰਗਟਾਈ ਕਿ ਇਹ ਹਵਾਈ ਅੱਡਾ ਲੁਧਿਆਣਾ ਅਤੇ ਪੰਜਾਬ ਦੇ ਹੋਰ ਹਿੱਸਿਆਂ ਦੀ ਆਰਥਿਕਤਾ ਲਈ ਵਰਦਾਨ ਸਾਬਤ ਹੋਵੇਗਾ।

# ਸੰਗਰੂਰ ਨਗਰ ਕੌਂਸਲ 'ਤੇ 'ਆਪ' ਕਾਬਜ਼

**ਆਜ਼ਾਦ ਕੌਂਸਲਰਾਂ ਨੂੰ ਪਾਰਟੀ 'ਚ ਸ਼ਾਮਲ ਕਰ ਕੇ ਸਾਰੇ ਅਹੁਦੇ ਜਿੱਤੇ; ਭੁਪਿੰਦਰ ਸਿੰਘ ਪ੍ਰਧਾਨ, ਪ੍ਰੀਤ ਜੈਨ ਸੀਨੀਅਰ ਮੀਤ ਪ੍ਰਧਾਨ ਅਤੇ ਕ੍ਰਿਸ਼ਨ ਲਾਲ ਵਿੱਕੀ ਮੀਤ ਪ੍ਰਧਾਨ ਬਣੇ**



ਸੰਗਰੂਰ, 30 ਅਪ੍ਰੈਲ
-ਕੌਮੀ ਪੱਤ੍ਰਿਕਾ ਬਿਊਰੋ-

ਸੰਗਰੂਰ ਨਗਰ ਕੌਂਸਲ 'ਤੇ ਸੱਤਾਧਾਰੀ ਆਮ ਆਦਮੀ ਪਾਰਟੀ ਨੇ ਕਬਜ਼ਾ ਕਰ ਲਿਆ ਹੈ। ਅੱਜ ਪੁਲੀਸ ਦੇ ਸਖਤ ਸੁਰੱਖਿਆ ਪ੍ਰਬੰਧਾਂ ਹੇਠ ਹੋਈ ਨਗਰ ਕੌਂਸਲ ਦੇ ਅਹੁਦੇਦਾਰਾਂ ਦੀ ਚੋਣ ਵਿਚ ਭੁਪਿੰਦਰ ਸਿੰਘ ਨੂੰ ਪ੍ਰਧਾਨ, ਪ੍ਰੀਤ ਜੈਨ ਨੂੰ ਸੀਨੀਅਰ ਮੀਤ ਪ੍ਰਧਾਨ ਅਤੇ ਕ੍ਰਿਸ਼ਨ ਲਾਲ ਵਿੱਕੀ ਨੂੰ ਮੀਤ ਪ੍ਰਧਾਨ ਚੁਣਿਆ ਗਿਆ। ਚੋਣ ਵਿਚ ਸੁਨਾਮ ਤੋਂ ਵਿਧਾਇਕ ਅਮਨ ਅਰੋੜਾ ਅਤੇ ਸੰਗਰੂਰ ਤੋਂ ਵਿਧਾਇਕ ਨਰਿੰਦਰ ਕੌਰ ਭਰਾਜ ਨੇ ਵੀ ਭਾਗ ਲਿਆ। ਚੋਣ ਪ੍ਰਕਿਰਿਆ ਮੁਕੰਮਲ ਹੋਣ ਮਗਰੋਂ ਚੁਣੇ ਅਹੁਦੇਦਾਰਾਂ ਦਾ ਐਲਾਨ ਕਰਦਿਆਂ 'ਆਪ' ਪੰਜਾਬ ਦੇ ਪ੍ਰਧਾਨ ਤੇ ਕੈਬਨਿਟ ਮੰਤਰੀ ਅਮਨ ਅਰੋੜਾ ਨੇ ਦੱਸਿਆ ਕਿ ਅੱਜ ਪੂਰਨ ਬਹੁਮਤ ਨਾਲ ਭੁਪਿੰਦਰ ਸਿੰਘ ਪ੍ਰਧਾਨ, ਪ੍ਰੀਤ ਜੈਨ ਸੀਨੀਅਰ ਮੀਤ ਪ੍ਰਧਾਨ ਅਤੇ ਕ੍ਰਿਸ਼ਨ ਲਾਲ ਵਿੱਕੀ ਮੀਤ ਪ੍ਰਧਾਨ ਚੁਣ ਲਏ ਹਨ। ਉਨ੍ਹਾਂ ਕਿਹਾ ਕਿ ਚੋਣ ਦੌਰਾਨ ਨਗਰ ਕੌਂਸਲਰਾਂ ਨੇ ਪਾਰਟੀਬਾਜ਼ੀ ਤੋਂ ਉਪਰ ਉਠ ਕੇ ਸਾਡਾ ਸਾਥ ਦਿੱਤਾ। ਉਨ੍ਹਾਂ ਕਿਹਾ ਕਿ ਹੁਣ ਸ਼ਹਿਰ ਦਾ ਵੱਡੇ ਪੱਧਰ 'ਤੇ ਵਿਕਾਸ ਕਰਵਾਇਆ ਜਾਵੇਗਾ। ਇਸ ਮੌਕੇ ਵਿਧਾਇਕ ਨਰਿੰਦਰ ਕੌਰ ਭਰਾਜ ਅਤੇ ਇਨਫੋਟੈਕ ਪੰਜਾਬ ਦੇ ਚੇਅਰਮੈਨ ਡਾ. ਗੁਨਿੰਦਰਜੀਤ ਸਿੰਘ ਜਵੰਧਾ ਵੀ ਮੌਜੂਦ ਸਨ। ਚੋਣ ਤੋਂ ਪਹਿਲਾਂ ਅੱਜ ਸਾਰਾ ਦਿਨ ਨਗਰ ਕੌਂਸਲ ਦੀ ਪ੍ਰਧਾਨਗੀ ਲਈ ਵੱਖ-ਵੱਖ ਨਾਵਾਂ ਨੂੰ ਲੈ ਕੇ ਕਿਆਸਰਾਈਆਂ ਦਾ ਦੌਰ ਜਾਰੀ ਰਿਹਾ ਪਰੰਤੂ ਚੋਣ ਦੌਰਾਨ ਵਾਰਡ ਨੰਬਰ 6 ਤੋਂ ਨਗਰ ਕੌਂਸਲਰ ਭੁਪਿੰਦਰ ਸਿੰਘ ਪੂਰਨ ਬਹੁਮਤ ਨਾਲ ਪ੍ਰਧਾਨ ਦੀ ਬਾਜ਼ੀ ਮਾਰ ਗਿਆ। ਕਰੀਬ ਚਾਰ ਮਹੀਨੇ ਪਹਿਲਾਂ ਸ਼ਹਿਰ ਦੇ ਕੁੱਲ 29 ਵਾਰਡਾਂ 'ਚ ਹੋਈ ਚੋਣ ਵਿਚ ਆਮ ਆਦਮੀ ਪਾਰਟੀ ਦੇ ਸਿਰਫ਼ 7 ਕੌਂਸਲਰ ਹੀ ਚੋਣ ਜਿੱਤੇ ਸਨ। ਕਾਂਗਰਸ ਦੇ 9, ਭਾਜਪਾ ਦੇ 3 ਜਦੋਂ ਕਿ ਸਭ ਤੋਂ ਵੱਧ 10 ਆਜ਼ਾਦ ਉਮੀਦਵਾਰ ਚੋਣ ਜਿੱਤੇ ਸਨ। ਕੁੱਲ 29 ਕੌਂਸਲਰਾਂ ਤੋਂ ਇਲਾਵਾ ਨਗਰ ਕੌਂਸਲ 'ਚ ਹਲਕਾ ਸੰਗਰੂਰ ਅਤੇ ਹਲਕਾ ਸੁਨਾਮ ਦੇ ਵਿਧਾਇਕ ਵੀ ਮੈਂਬਰ ਵਜੋਂ ਅਧਿਕਾਰਤ ਹੋਣ ਕਾਰਨ ਮੈਂਬਰਾਂ ਦੀ ਕੁੱਲ ਗਿਣਤੀ 31 ਸੀ। ਇਸ ਲਈ ਪ੍ਰਧਾਨਗੀ ਲਈ 'ਆਪ' ਨੂੰ ਕੁੱਲ 16 ਨਗਰ ਕੌਂਸਲਰਾਂ ਦੀ ਲੋੜ ਸੀ। ਬਾਅਦ ਵਿਚ 5 ਆਜ਼ਾਦ ਉਮੀਦਵਾਰ 'ਆਪ' ਵਿਚ ਸ਼ਾਮਲ ਹੋ ਗਏ ਸਨ ਜਦੋਂ ਕਿ ਇੱਕ ਆਜ਼ਾਦ ਉਮੀਦਵਾਰ ਪਰਮਿੰਦਰ ਸਿੰਘ ਪਿੰਕੀ ਅੱਜ ਅਮਨ ਅਰੋੜਾ ਦੀ ਅਗਵਾਈ ਹੇਠ 'ਆਪ' ਵਿਚ ਸ਼ਾਮਲ ਹੋ ਗਿਆ। ਹੁਣ 'ਆਪ' ਕੋਲ 13 ਨਗਰ ਕੌਂਸਲਰ ਅਤੇ ਦੋ ਵਿਧਾਇਕ ਮੈਂਬਰਾਂ ਸਣੇ ਕੁੱਲ ਵੋਟਾਂ ਦੀ ਗਿਣਤੀ 15 ਹੋ ਗਈ ਸੀ ਜਦੋਂ ਕਿ ਦੋ ਹੋਰ ਆਜ਼ਾਦ ਉਮੀਦਵਾਰਾਂ ਰਿਪਦੁਮਨ ਸਿੰਘ ਢਿੱਲੋਂ ਅਤੇ ਵਿਜੇ ਲੰਕੇਸ਼ ਨੇ ਵੀ ਸਮਰਥਨ ਕਰ ਦਿੱਤਾ ਜਿਸ ਕਾਰਨ ਪੂਰਨ ਬਹੁਮਤ ਨਾਲ ਨਗਰ ਕੌਂਸਲ 'ਤੇ 'ਆਪ' ਕਾਬਜ਼ ਹੋ ਗਈ। ਇਸ ਮੌਕੇ ਪਨਸੀਡ ਦੇ ਚੇਅਰਮੈਨ ਮਹਿੰਦਰ ਸਿੰਘ ਸਿੱਧੂ, ਜ਼ਿਲ੍ਹਾ ਯੋਜਨਾ ਬੋਰਡ ਦੇ ਚੇਅਰਮੈਨ ਗੁਰਮੇਲ ਸਿੰਘ ਘਰਾਚੋਂ, ਮਾਰਕੀਟ ਕਮੇਟੀ ਦੇ ਚੇਅਰਮੈਨ ਅਵਤਾਰ ਸਿੰਘ ਈਲਵਾਲ ਵੀ ਮੌਜੂਦ ਸਨ।

**ਕਾਂਗਰਸ ਵੱਲੋਂ ਨਗਰ ਕੌਂਸਲ ਦੀ ਚੋਣ 'ਚ ਧੱਕੇਸ਼ਾਹੀ ਦੇ ਦੋਸ਼**

ਸੰਗਰੂਰ ਨਗਰ ਕੌਂਸਲ ਦੀ ਚੋਣ 'ਚ ਸ਼ਰੇਆਮ ਧੱਕੇਸ਼ਾਹੀ ਦੇ ਦੋਸ਼ ਲਾਉਂਦਿਆਂ ਕਾਂਗਰਸ ਪਾਰਟੀ ਦੇ 9 ਨਗਰ ਕੌਂਸਲਰਾਂ ਅਤੇ ਇੱਕ ਆਜ਼ਾਦ ਕੌਂਸਲਰ ਵਲੋਂ ਨਗਰ ਕੌਂਸਲ ਦਫ਼ਤਰ ਤੋਂ ਬਾਹਰ ਆਉਂਦਿਆਂ ਹੀ ਪੰਜਾਬ ਸਰਕਾਰ, ਕੈਬਨਿਟ ਮੰਤਰੀ ਅਮਨ ਅਰੋੜਾ ਅਤੇ ਵਿਧਾਇਕ ਨਰਿੰਦਰ ਕੌਰ ਭਰਾਜ ਖ਼ਿਲਾਫ਼ ਨਾਅਰੇਬਾਜ਼ੀ ਕੀਤੀ ਗਈ। ਉਨ੍ਹਾਂ ਦੋਸ਼ ਲਾਇਆ ਕਿ ਮੀਤ ਪ੍ਰਧਾਨ ਦੇ ਅਹੁਦੇ ਉਪਰ ਵਿਰੋਧ ਧਿਰ ਦੇ ਉਮੀਦਵਾਰ ਦਾ ਹੱਕ ਸੀ ਪਰ 'ਆਪ' ਨੇ ਮਿਉਂਸਿਪਲ ਐਕਟ ਦੀ ਉਲੰਘਣਾ ਕਰਕੇ ਮੀਤ ਪ੍ਰਧਾਨ ਵੀ ਆਪਣਾ ਹੀ ਥੋਪ ਦਿੱਤਾ ਹੈ।

# 3000 ਤੋਂ ਵੱਧ ਇਲੈਕਟੋਰਲ ਲਿਟਰੇਸੀ ਕਲੱਬ ਵਿਦਿਆਰਥੀਆਂ ਵਿੱਚ ਚੋਣ ਜਾਗਰੂਕਤਾ ਫੈਲਾ ਰਹੇ ਹਨ: ਸਿਬਿਨ ਸੀ

ਚੰਡੀਗੜ੍ਹ, 30 ਅਪ੍ਰੈਲ
-ਕੌਮੀ ਪੱਤ੍ਰਿਕਾ ਬਿਊਰੋ-

ਮੁੱਖ ਚੋਣ ਅਫ਼ਸਰ, ਪੰਜਾਬ ਦੇ ਦਫ਼ਤਰ ਨੇ ਨੌਜਵਾਨ ਵੋਟਰਾਂ ਵਿੱਚ ਚੋਣ ਜਾਗਰੂਕਤਾ ਨੂੰ ਉਤਸ਼ਾਹਿਤ ਕਰਨ ਲਈ ਰਾਜ ਭਰ ਵਿੱਚ ਇਲੈਕਟੋਰਲ ਲਿਟਰੇਸੀ ਕਲੱਬਾਂ ਵੱਲੋਂ ਨਿਭਾਈ ਜਾ ਰਹੀ ਭੂਮਿਕਾ ਬਾਰੇ ਵਿਸਥਾਰ ਵਿੱਚ ਜਾਣਕਾਰੀ ਸਾਂਝੀ ਕੀਤੀ ਹੈ। ਸਕੂਲਾਂ, ਕਾਲਜਾਂ ਅਤੇ ਯੂਨੀਵਰਸਿਟੀਆਂ ਵਿੱਚ 3,000 ਤੋਂ ਵੱਧ ਇਲੈਕਟੋਰਲ ਲਿਟਰੇਸੀ ਕਲੱਬ ਸਰਗਰਮੀ ਨਾਲ ਕੰਮ ਕਰ ਰਹੇ ਹਨ।

ਇਲੈਕਟੋਰਲ ਲਿਟਰੇਸੀ ਕਲੱਬ ਵਿਦਿਆਰਥੀਆਂ ਨੂੰ ਵਿਚਾਰ ਚਰਚਾ, ਮੌਕ ਚੋਣਾਂ, ਪੋਸਟਰ ਮੁਕਾਬਲੇ, ਸਹੁੰ ਚੁੱਕ ਸਮਾਰੋਹ, ਅਤੇ ਵੋਟਰ ਜਾਗਰੂਕਤਾ ਮੁਹਿੰਮਾਂ ਸਮੇਤ ਬਹੁਤ ਸਾਰੀਆਂ ਚੋਣ ਗਤੀਵਿਧੀਆਂ ਵਿੱਚ ਸ਼ਾਮਲ ਕਰ ਰਹੇ ਹਨ। ਇਹ ਯਤਨ ਨੌਜਵਾਨਾਂ ਵਿੱਚ ਜਮਹੂਰੀ ਭਾਗੀਦਾਰੀ ਅਤੇ ਜ਼ਿੰਮੇਵਾਰ ਨਾਗਰਿਕਤਾ ਦੀਆਂ ਕਦਰਾਂ-ਕੀਮਤਾਂ ਨੂੰ ਪੈਦਾ ਕਰਨ ਵਿੱਚ ਮਦਦ ਕਰ ਰਹੇ ਹਨ।

ਪੰਜਾਬ ਦੇ ਮੁੱਖ ਚੋਣ ਅਧਿਕਾਰੀ, ਸਿਬਿਨ ਸੀ ਨੇ ਕਿਹਾ ਕਿ ਇਲੈਕਟੋਰਲ ਲਿਟਰੇਸੀ ਕਲੱਬਾਂ ਦੇ ਮਾਧਿਅਮ ਨਾਲ, ਅਸੀਂ ਲੋਕਤੰਤਰ ਦੇ ਭਵਿੱਖ ਵਿੱਚ ਨਿਵੇਸ਼ ਕਰ ਰਹੇ ਹਾਂ। ਸ਼ੁਰੂਆਤੀ ਪੜਾਅ @ਤੇ ਚੋਣ ਗਿਆਨ ਨਾਲ ਵਿਦਿਆਰਥੀਆਂ ਵਿੱਚ ਇੱਕ ਸਮਝ ਪੈਦਾ ਹੁੰਦੀ ਹੈ ਅਤੇ ਉਹ ਸਰਗਰਮ, ਜਾਗਰੂਕ ਅਤੇ ਜ਼ਿੰਮੇਵਾਰ ਨਾਗਰਿਕ ਬਣਦੇ ਹਨ।

ਸਭ ਤੋਂ ਵਧੀਆ ਪਹਿਲਕਦਮੀਆਂ ਨੂੰ ਦਸਤਾਵੇਜ਼ੀ ਬਣਾਉਣ ਅਤੇ ਉਤਸ਼ਾਹਿਤ ਕਰਨ ਲਈ, ਮੁੱਖ ਚੋਣ ਅਧਿਕਾਰੀ ਦੇ ਦਫ਼ਤਰ ਨੇ ਪਹਿਲਾਂ ਇਲੈਕਟੋਰਲ ਲਿਟਰੇਸੀ ਕਲੱਬ ਪੱਤ੍ਰਿਕਾ ਨੂੰ ਲਾਂਚ ਕੀਤਾ ਸੀ ਜੋ ਕਿ ਇੱਕ ਔਨਲਾਈਨ ਨਿਊਜ਼ਲੈਟਰ ਸੀ, ਜਿਸ ਵਿੱਚ ਪੰਜਾਬ ਭਰ ਦੇ ਇਲੈਕਟੋਰਲ ਲਿਟਰੇਸੀ ਕਲੱਬਾਂ ਦੀਆਂ ਸ਼ਾਨਦਾਰ ਗਤੀਵਿਧੀਆਂ ਅਤੇ ਸਫਲਤਾ ਦੀਆਂ ਕਹਾਣੀਆਂ ਸ਼ਾਮਲ ਹਨ। ਇਲੈਕਟੋਰਲ ਲਿਟਰੇਸੀ ਕਲੱਬ ਪੱਤ੍ਰਿਕਾ ਚੋਣ ਸਾਖਰਤਾ ਨੂੰ ਵਧਾਉਣ ਦੇ ਯਤਨਾਂ ਵਿੱਚ ਰਚਨਾਤਮਕਤਾ, ਨਵੀਨਤਾ, ਅਤੇ ਸਮਰਪਣ ਦਾ ਪ੍ਰਦਰਸ਼ਨ ਕਰਦੇ ਹੋਏ ਇੱਕ ਪ੍ਰੇਰਣਾਦਾਇਕ ਪਲੇਟਫਾਰਮ ਵਜੋਂ ਕੰਮ ਕਰਦੀ ਹੈ।

ਇਸ ਤੋਂ ਇਲਾਵਾ ਮੁੱਖ ਚੋਣ ਅਧਿਕਾਰੀ ਦੇ ਦਫ਼ਤਰ ਵਿੱਚ ਆਈ.ਟੀ. ਟੀਮ ਰਾਜ ਵਿੱਚ ਸਾਰੇ ਇਲੈਕਟੋਰਲ ਲਿਟਰੇਸੀ ਕਲੱਬਾਂ ਦੇ ਕੰਮਕਾਜ ਅਤੇ ਨਿਗਰਾਨੀ ਨੂੰ ਸੁਚਾਰੂ ਬਣਾਉਣ ਲਈ ਇੱਕ ਸਮਰਪਿਤ ਪੋਰਟਲ ਵਿਕਸਿਤ ਕਰ ਰਹੀ ਹੈ। ਪੋਰਟਲ ਕਲੱਬਾਂ ਦੁਆਰਾ ਫੋਟੋਆਂ, ਵੀਡੀਓਜ਼ ਅਤੇ ਗਤੀਵਿਧੀਆਂ ਦੀਆਂ ਰਿਪੋਰਟਾਂ ਨੂੰ ਆਸਾਨੀ ਨਾਲ ਅਪਲੋਡ ਕਰਨ ਦੇ ਯੋਗ ਬਣਾਵੇਗਾ, ਜਿਸ ਨਾਲ ਮੁੱਖ ਦਫ਼ਤਰ ਦੇ ਪੱਧਰ @ਤੇ ਅਸਲ-ਸਮੇਂ ਦੀ ਟਰੈਕਿੰਗ ਅਤੇ ਮੁਲਾਂਕਣ ਦੀ ਆਗਿਆ ਦਿੱਤੀ ਜਾ ਸਕੇਗੀ। ਇਸ ਡਿਜੀਟਲ ਪਹਿਲਕਦਮੀ ਨਾਲ ਤਾਲਮੇਲ ਨੂੰ ਹੋਰ ਮਜ਼ਬੂਤ ਕਰਨ ਅਤੇ ਪੰਜਾਬ ਭਰ ਵਿੱਚ ਇਲੈਕਟੋਰਲ ਲਿਟਰੇਸੀ ਕਲੱਬਾਂ ਦੀਆਂ ਸਰਗਰਮ ਗਤੀਵਿਧੀਆਂ ਨੂੰ ਵਧੇਰੇ ਮਜ਼ਬੂਤ ਦਿੱਖ ਪ੍ਰਦਾਨ ਕਰਨ ਦੀ ਉਮੀਦ ਹੈ।

# ਜ਼ਿਲ੍ਹਾ ਗੁਰਦਾਸਪੁਰ ਵਿਚ ਝੋਨੇ ਦੀ ਲਵਾਈ ਦਾ ਸਮਾਂ 5 ਜੂਨ : ਮੁੱਖ ਖੇਤੀਬਾੜੀ ਅਫ਼ਸਰ

ਗੁਰਦਾਸਪੁਰ, 30 ਅਪ੍ਰੈਲ
-ਕੌਮੀ ਪੱਤ੍ਰਿਕਾ ਬਿਊਰੋ-

ਝੋਨੇ ਦੀ ਫ਼ਸਲ ਤੋਂ ਵਧੇਰੇ ਪੈਦਾਵਾਰ ਲੈਣ ਅਤੇ ਮੰਡੀਕਰਨ ਦੀਆਂ ਸਮੱਸਿਆਵਾਂ ਤੋਂ ਬਚਣ ਲਈ ਪੰਜਾਬ ਖੇਤੀਬਾੜੀ ਯੂਨੀਵਰਸਿਟੀ ਲੁਧਿਆਣਾ ਅਤੇ ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਵੱਲੋਂ ਸਿਫਾਰਸ਼ ਸ਼ੁਦਾ ਕਿਸਮਾਂ ਦੇ ਬੀਜ ਵਰਤ ਕੇ ਪਨੀਰੀ ਦੀ ਬਿਜਾਈ ਕਰਨ । ਇਹ ਵਿਚਾਰ ਮੁੱਖ ਖੇਤੀਬਾੜੀ ਅਫ਼ਸਰ ਡਾਕਟਰ ਅਮਰੀਕ ਸਿੰਘ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਹੇ।

ਗੱਲਬਾਤ ਕਰਦਿਆਂ ਡਾਕਟਰ ਅਮਰੀਕ ਸਿੰਘ ਨੇ ਕਿਹਾ ਕਿ ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਦਾ ਮੁੱਖ ਕੰਮ ਕਿਸਾਨਾਂ ਨੂੰ ਮਿਆਰੀ ਖੇਤੀ ਸਮਗਰੀ ਖਾਸ ਕਰਕੇ ਝੋਨੇ ਦੀਆਂ ਸੁਧਰੀਆਂ ਕਿਸਮਾਂ ਉਪਲਬਧ ਕਰਵਾਉਣ ਦੇ ਨਾਲ ਨਾਲ ਪੰਜਾਬ ਖੇਤੀਬਾੜੀ ਯੂਨੀਵਰਸਿਟੀ ਲੁਧਿਆਣਾ ਵੱਲੋਂ ਵਿਕਸਤ ਨਵੀਨਤਮ ਖੇਤੀ ਤਕਨੀਕਾਂ ਸਬੰਧੀ ਸੂਚਨਾਵਾਂ ,ਵੱਖ ਵੱਖ ਪਸਾਰ ਮਾਧਿਅਮਾਂ ਦੀ ਵਰਤੋਂ ਕਰਕੇ ਕਿਸਾਨਾਂ ਤੱਕ ਪਹੁੰਚਾਉਣਾ ਹੈ। ਉਨਾਂ ਕਿਹਾ ਕਿ ਮਿਆਰੀ ਕਿਸਮ ਦੇ ਬੀਜ ਉਪਲਬੱਧ ਕਰਵਾਉਣ ਦੇ ਮਕਸਦ ਨਾਲ ਜ਼ਿਲਾ ਅਤੇ ਬਲਾਕ ਪੱਧਰੀ ਟੀਮਾਂ ਵੱਲੋਂ ਬੀਜ ਵਿਕ੍ਰੇਤਾਵਾਂ ਦੀਆਂ ਦੁਕਾਨਾਂ ਦੀ ਚੈਕਿੰਗ ਕੀਤੀ ਜਾ ਰਹੀ ਹੈ।

ਉਨਾਂ ਨੇ ਕਿਹਾ ਕਿ ਪੰਜਾਬ ਸਰਕਾਰ ਵਲੋਂ ਪੂਸਾ 44 ਅਤੇ ਹਾਈਬ੍ਰਿਡ ਕਿਸਮਾਂ ਦੀ ਲਵਾਈ ਕਰਨ ਲਗਾਈ ਪਾਬੰਦੀ ਹੋਣ ਕਾਰਨ ਕਿਸਾਨ ਇਨਾਂ ਕਿਸਮਾਂ ਦੇ ਬੀਜ ਦੀ ਵਰਤੋਂ ਨਾਂ ਕਰਨ ।ਉਨਾਂ ਕਿਹਾ ਕਿ ਕਿਸੇ ਵੀ ਫ਼ਸਲ ਦੀ ਸਫਲਤਾ ਲਈ ਮਿਆਰੀ ਬੀਜ ਦੀ ਬਹੁਤ ਮਹੱਤਤਾ ਹੁੰਦੀ ਹੈ ਇਸ ਲਈ ਕਿਸਾਨਾਂ ਨੂੰ ਝੋਨੇ ਦਾ ਬੀਜ ਕਿਸੇ ਭਰੋਸੇਮੰਦ ਸਰੋਤ ਤੋਂ ਹੀ ਖਰੀਦਣਾ ਚਾਹੀਦਾ ਅਤੇ ਖਰੀਦਣ ਉਪਰੰਤ ਬਿੱਲ ਜ਼ਰੂਰ ਲੈਣਾ ਚਾਹੀਦਾ ਅਤੇ ਜੇਕਰ ਕੋਈ ਬੀਜ ਵਿਕ੍ਰੇਤਾ ਬਿੱਲ ਨਹੀਂ ਦਿੰਦਾ ਤਾਂ ਲਿਖਤੀ ਰੂਪ ਵਿਚ ਖੇਤੀਬਾੜੀ ਅਧਿਕਾਰੀਆਂ ਦੇ ਧਿਆਨ ਵਿੱਚ ਲਿਆਉਣਾ ਚਾਹੀਦਾ। ਉਨਾਂ ਕਿਹਾ ਕਿ ਬੀਜ ਵਿਕ੍ਰੇਤਾਵਾਂ ਨੂੰ ਵੀ ਹਦਾਇਤ ਕੀਤੀ ਗਈ ਹੈ ਕਿ ਕਿਸਾਨਾਂ ਨੂੰ ਬੀਜ ਦੀ ਵਿਕਰੀ ਕਰਨ ਉਪਰੰਤ ਬਿੱਲ ਜ਼ਰੂਰ ਦਿੱਤਾ ਜਾਵੇ। ਉਨਾਂ ਦੱਸਿਆ ਕਿ ਕਿਸਾਨਾਂ ਨੂੰ ਪੰਜਾਬ ਯੂਨੀਵਰਸਿਟੀ ਲੁਧਿਆਣਾ ਅਤੇ ਖੇਤੀਬਾੜੀ ਵਿਭਾਗ ਵਲੋ ਪ੍ਰਵਾਨਿਤ ਪੀ ਆਰ 126,127,128,129, 130,131 ਅਤੇ 132 ਕਿਸਮਾਂ ਦੀ ਬਿਜਾਈ ਕਰਨ ਲਈ ਸਿਫਾਰਸ਼ ਕੀਤੀ ਜਾ ਰਹੀ ਹੈ ।

ਉਨਾਂ ਕਿਹਾ ਕਿ ਇਹ ਕਿਸਮਾਂ ਪਾਣੀ ਦੀ ਬੱਚਤ ਲਈ ਵਧੇਰੇ ਕਾਰਗਰ ਹਨ ਅਤੇ ਪਰਾਲੀ ਦੀ ਸੰਭਾਲ ਕਰਨੀ ਵੀ ਸੌਖੀ ਹੁੰਦੀ ਹੈ। ਉਨਾਂ ਨੇ ਕਿਹਾ ਕਿ ਇਸ ਵਾਰ ਜ਼ਿਲਾ ਗੁਰਦਾਸਪੁਰ ਅੰਦਰ ਝੋਨੇ ਦੀ ਲਵਾਈ ਦਾ ਸਮਾ 5 ਜੂਨ ਤੇ ਨਿਰਧਾਰਤ ਕੀਤਾ ਗਿਆ ਹੈ । ਉਨਾਂ ਦੱਸਿਆ ਕਿ ਖੇਤੀਬਾੜੀ ਵਿਭਾਗ ਵਲੋਂ ਪੂਸਾ 44 ਅਤੇ ਹਾਈਬ੍ਰਿਡ ਕਿਸਮਾਂ ਦੀ ਵਿਕਰੀ ਨਾਂ ਕਰਨ ਲਈ ਪੂਰੀ ਸ਼ਖਤੀ ਕੀਤੀ ਜਾਵੇਗੀ ਅਤੇ ਇਸਦੇ ਬੀਜ ਨੂੰ ਵਿਕਣ ਨਹੀ ਦਿੱਤਾ ਜਾਵੇਗਾ।ਉਨਾ ਕਿਹਾ ਕਿ ਪੀ ਆਰ 126 ਝੋਨੇ ਦੀ ਕਿਸਮ ਦੀ ਪਨੀਰੀ ਦੀ ਬਿਜਾਈ 15-20 ਮਈ ਦੇ ਦਰਮਿਆਨ ਵੀ ਕੀਤੀ ਜਾਵੇ ਤਾਂ ਜੋ ਵਧੇਰੇ ਪੈਦਾਵਾਰ ਲੈਣ ਦੇ ਨਾਲ ਨਾਲ ਜ਼ਮੀਨ ਹੇਠਲੇ ਪਾਣੀ ਦੀ ਬੱਚਤ ਕੀਤੀ ਜਾ ਸਕੇ।

ਪਤੀ-ਪਤਨੀ ਦਾ ਰਿਸ਼ਤਾ ਅਜਿਹਾ ਹੈ ਜਿਸ ਨੂੰ ਸੱਤ ਜਨਮਾਂ ਦਾ ਸਾਥ ਕਿਹਾ ਜਾਂਦਾ ਹੈ। ਕੁਝ ਲੋਕ ਇਸ ਰਿਸ਼ਤੇ ਦੇ ਮਹੱਤਵ ਨੂੰ ਨਹੀਂ ਸਮਝਦੇ। ਉਹ ਨਿੱਤ ਕਿਸੇ ਨਾ ਕਿਸੇ ਗੱਲ ਦਾ ਕਲੇਸ਼ ਪਾ ਕੇ ਬੈਠ ਜਾਂਦੇ ਹਨ। ਅਜਿਹੀ ਹਾਲਤ 'ਚ ਘਰ ਦੀ ਸ਼ਾਂਤੀ ਖ਼ਤਮ ਹੋ ਜਾਂਦੀ ਹੈ...

# ਰਿਸ਼ਤੇ ਨੂੰ ਬਣਾਵੇ ਖ਼ੂਬਸੂਰਤ ਚੰਗੀ ਬੋਲ-ਬਾਣੀ

ਨੂਰਦੀਪ ਕੋਮਲ

ਆਧੁਨਿਕ ਯੁੱਗ ਤੇਜ਼ੀ ਦਾ ਦੌਰ ਹੈ। ਹਰ ਵਿਅਕਤੀ ਬਦਲਦੇ ਸਮੇਂ ਦੀ ਚਾਲ ਨਾਲ ਦੌੜ ਰਿਹਾ ਹੈ। ਇਨਸਾਨ ਇਸ ਦੌੜ ਵਿਚ ਇੰਨਾ ਵਿਅਸਥ ਹੋ ਗਿਆ ਹੈ ਕਿ ਉਸ ਦੇ ਜੀਵਨ ਦਾ ਤਾਣਾ-ਬਾਣਾ ਹੀ ਉਲਝ ਗਿਆ ਹੈ। ਦਿਨ ਭਰ ਦੀ ਥਕਾਵਟ ਭਰੀ ਜ਼ਿੰਦਗੀ ਉਸ ਦੀ ਮਾਨਸਿਕਤਾ 'ਤੇ ਇਸ ਕਦਰ ਹਾਵੀ ਹੋ ਗਈ ਹੈ ਕਿ ਉਸ ਦਾ ਸੁਭਾਅ ਚਿੜਚਿੜਾ ਹੋ ਗਿਆ ਹੈ। ਉਹ ਮਾਨਸਿਕ ਤੌਰ 'ਤੇ ਹਰ ਵਕਤ ਖਿਝਿਆ ਹੀ ਰਹਿੰਦਾ ਹੈ। ਇਹੀ ਕਾਰਨ ਹੈ ਕਿ ਉਹ ਨਾ ਤਾਂ ਚੈਨ ਦੀ ਜ਼ਿੰਦਗੀ ਜੀਅ ਪਾਉਂਦਾ ਹੈ ਤੇ ਨਾ ਹੀ ਚੈਨ ਦੀ ਨੀਂਦਰ ਸੌਂਦਾ ਹੈ। ਇਸੇ ਕਾਰਨ ਹੀ ਪਤੀ-ਪਤਨੀ ਵਿਚਲੇ ਲੜਾਈ-ਝਗੜੇ ਵਧਦੇ ਜਾ ਰਹੇ ਹਨ। ਅਕਸਰ ਵੇਖਣ ਵਿਚ ਆਇਆ ਹੈ ਕਿ ਅਜੋਕੇ ਦੌਰ ਵਿਚ ਹਰ ਵਿਅਕਤੀ ਆਪਣੀ ਸੋਚ ਨੂੰ ਮੁੱਖ ਰੱਖ ਕੇ ਜ਼ਿੰਦਗੀ ਦੇ ਫੈਸਲੇ ਲੈਂਦਾ ਹੈ। ਉਹ ਆਪਣੇ ਫ਼ੈਸਲਿਆਂ ਵਿਚ ਨਾ ਤਾਂ ਘਰ ਵਾਲਿਆਂ ਦੀ ਦਖ਼ਲ-ਅੰਦਾਜ਼ੀ ਪਸੰਦ ਕਰਦਾ ਹੈ ਤੇ ਨਾ ਬਾਹਰਲਿਆਂ ਦੀ। ਹਰ ਵਿਅਕਤੀ ਆਪਣੇ ਆਪ ਨੂੰ ਐਨਾ ਪਰਪੱਕ ਸਮਝਦਾ ਹੈ ਕਿ ਉਹ ਕਿਸੇ ਵੀ ਕੰਮ ਨੂੰ ਲੈ ਕੇ ਕਿਸੇ ਦੀ ਕੋਈ ਰਾਇ ਲੈਣਾ ਹੀ ਨਹੀਂ ਚਾਹੁੰਦਾ। ਪਤੀ-ਪਤਨੀ ਵਿਚਲੇ ਰਿਸ਼ਤੇ ਵਿਚ ਕੜਵਾਹਟ ਦਾ ਮੁੱਖ ਕਾਰਨ ਵੀ ਇਹੀ ਹੈ।

## ਸੰਸਾਰ ਦਾ ਉੱਤਮ ਰਿਸ਼ਤਾ

ਪਤੀ ਤੇ ਪਤਨੀ ਦਾ ਰਿਸ਼ਤਾ ਸੰਸਾਰ ਵਿਚ ਸਭ ਤੋਂ ਉੱਤਮ ਰਿਸ਼ਤਾ ਹੈ। ਪਤੀ ਅਤੇ ਪਤਨੀ ਆਪਸ ਵਿਚ ਹਰ ਗੱਲ, ਦੁੱਖ-ਸੁੱਖ ਸਾਂਝਾ ਕਰ ਸਕਦੇ ਹਨ। ਪਤੀ-ਪਤਨੀ ਜੇਕਰ ਜ਼ਿੰਦਗੀ ਵਿਚਲੇ ਦੁੱਖਾਂ ਨੂੰ ਆਪਸ ਵਿਚ ਵੰਡ ਲੈਂਦੇ ਹਨ ਤਾਂ ਇਹ ਦੁੱਖ ਘੱਟ ਕੇ ਅੱਧੇ ਰਹਿ ਜਾਂਦੇ ਹਨ। ਸਿਆਣੇ ਲੋਕ ਅਕਸਰ ਹੀ ਕਹਿੰਦੇ ਹਨ ਦੁੱਖ ਵੰਡਿਆਂ ਘੱਟ ਜਾਂਦਾ ਹੈ ਤੇ ਖ਼ੁਸ਼ੀ ਵੰਡਣ ਨਾਲ ਦੂਣੀ ਹੋ ਜਾਂਦੀ ਹੈ ਪਰ ਕਈ ਪਤੀ-ਪਤਨੀ ਰਿਸ਼ਤੇ ਦੀ ਖ਼ੂਬਸੂਰਤੀ ਨੂੰ ਨਹੀਂ ਸਮਝਦੇ, ਇਹੀ ਕਾਰਨ ਹੈ ਕਿ ਉਨ੍ਹਾਂ ਵਿਚ ਛੋਟੀਆ-ਮੋਟੀਆ ਗੱਲਾਂ 'ਤੇ ਹੀ ਵੱਡੇ ਝਗੜੇ ਹੋ ਜਾਂਦੇ ਹਨ। ਜੇਕਰ ਪਤੀ-ਪਤਨੀ ਇਕ ਦੂਜੇ ਦੀਆ ਜ਼ਰੂਰਤਾਂ ਨੂੰ ਸਮਝਣ ਤਾਂ ਉਹ ਆਪਣੇ ਵਿਚਲੇ ਰਿਸ਼ਤੇ ਦੀ ਤੰਦ ਨੂੰ ਹੋਰ ਮਜ਼ਬੂਤ ਕਰ ਸਕਦੇ ਹਨ। ਅਜੋਕੇ ਦੌਰ ਵਿਚ ਵਧਦੀ ਮਹਿੰਗਾਈ ਨੇ ਪਤੀ ਦੇ ਨਾਲ-ਨਾਲ ਪਤਨੀ ਨੂੰ ਵੀ ਕਮਾਉਣ ਲਈ ਮਜ਼ਬੂਰ ਕਰ ਦਿੱਤਾ ਹੈ। ਅੱਜ-ਕੱਲ੍ਹ ਪਤੀ ਅਤੇ ਪਤਨੀ ਦੋਵੇਂ ਮਿਲ ਕੇ ਕਮਾਉਂਦੇ ਤੇ ਪਰਿਵਾਰ ਪਾਲਦੇ ਹਨ ਪਰ ਇਹ ਅਕਸਰ ਵੇਖਣ ਵਿਚ ਆਇਆ ਹੈ ਕਿ ਉਹ ਦੋਵੇਂ ਆਪਣੇ-ਆਪਣੇ ਕਿੱਤੇ ਵਿਚ ਇਸ ਕਦਰ ਰੁੱਝ ਜਾਂਦੇ ਹਨ ਕਿ ਉਨ੍ਹਾਂ ਕੋਲ ਆਪਣੇ ਇਸ ਖ਼ੂਬਸੂਰਤ ਰਿਸ਼ਤੇ ਨੂੰ ਨਿਭਾਉਣ ਦਾ ਵੀ ਸਮਾਂ ਨਹੀਂ ਰਹਿੰਦਾ। ਇਸ ਤਰ੍ਹਾਂ ਬਹੁਤੇ ਲੋਕ ਆਪਣੀ ਵਿਆਹੁਤਾ ਜ਼ਿੰਦਗੀ ਨੂੰ ਨਰਕ ਬਣਾਈ ਰੱਖਦੇ ਹਨ। ਉਹ ਸਾਰੀ ਤਣਾਅ 'ਚ ਰਹਿੰਦੇ ਹਨ।



## ਮੁਸ਼ਕਲਾਂ ਦਾ ਹੱਲ ਲੱਭਣਾ

*ਅਜੋਕੇ ਦੌਰ ਦੇ ਮਨੁੱਖ ਨੂੰ ਪਰੇਸ਼ਾਨੀਆਂ ਨੇ ਘੇਰ ਰੱਖਿਆ ਹੈ ਪਰ ਪਤੀ-ਪਤਨੀ ਮਿਲ ਕੇ ਜੀਵਨ ਦੀਆਂ ਮੁਸ਼ਕਲਾਂ ਦਾ ਹੱਲ ਕੱਢ ਸਕਦੇ ਹਨ। ਜੇ ਪਤੀ-ਪਤਨੀ ਦਾ ਵਤੀਰਾ ਇਕ ਦੂਜੇ ਲਈ ਵਧੀਆ ਹੋਵੇਗਾ ਤਾਂ ਘਰ ਵਿਚ ਖ਼ੁਸ਼ੀ ਦਾ ਮਾਹੌਲ ਬਣਿਆ ਰਹੇਗਾ। ਪਤੀ-ਪਤਨੀ ਚਾਹੁਣ ਤਾਂ ਘਰ ਵਿਚ ਅਜਿਹੇ ਵਾਤਾਵਰਣ ਦੀ ਸਿਰਜਣਾ ਕਰ ਸਕਦੇ ਹਨ ਜਿਸ ਵਿਚ ਉਨ੍ਹਾਂ ਦੇ ਬੱਚਿਆਂ ਦੇ ਭਵਿੱਖ ਨੂੰ ਵੀ ਬਿਹਤਰ ਬਣਾਇਆ ਜਾ ਸਕਦਾ ਹੈ। ਲੋੜ ਹੈ ਤਾਂ ਇਸ ਰਿਸ਼ਤੇ ਦੀ ਮਹੱਤਤਾ ਨੂੰ ਸਮਝਦੇ ਹੋਏ ਰਿਸ਼ਤੇ ਨੂੰ ਖ਼ੂਬਸੂਰਤੀ ਨਾਲ ਨਿਭਾਉਣ ਦੀ। ਬਹੁਤਿਆਂ ਕੇਸਾਂ ਵਿਚ ਪਤੀ-ਪਤਨੀ ਵਿਚਲੇ ਝਗੜੇ ਦਾ ਮੁੱਖ ਕਾਰਨ ਇਕ ਦੂਜੇ ਦੀ ਗੱਲ ਨੂੰ ਨਕਾਰਨਾ ਹੈ ਜੋ ਕਿ ਬਹੁਤ ਗ਼ਲਤ ਹੈ।*

## ਇਕ ਕਹੇ ਤੇ ਦੂਜਾ ਮੰਨੇ

ਪਤੀ-ਪਤਨੀ ਨੂੰ ਰਿਸ਼ਤੇ ਨੂੰ ਬਣਾਈ ਰੱਖਣ ਲਈ ਕੁੱਝ ਗੱਲਾਂ ਵਿਚ ਨਾ ਚਾਹੁੰਦੇ ਹੋਏ ਵੀ ਇਕ ਦੂਜੇ ਦੀ ਖ਼ੁਸ਼ੀ ਲਈ ਸਹਿਮਤ ਹੋਣਾ ਚਾਹੀਦਾ ਹੈ। ਸਿਆਣਿਆਂ ਦਾ ਕਹਿਣਾ ਹੈ ਕਿ 'ਇਕ ਕਹੇ ਤੇ ਦੂਜਾ ਮੰਨੇ, ਫੇਰ ਉਹਦੀ ਰੱਬ ਵੀ ਨਾ ਭੰਨੇ।' ਕੁਝ ਗੱਲਾਂ ਜਿਵੇਂ ਕਿ ਦੂਜੇ ਦੀ ਗੱਲ ਮੰਨ ਕੇ ਚੱਲਣਾ, ਇਕ ਦੂਜੇ ਨੂੰ ਸਤਿਕਾਰ ਦੇਣਾ, ਇਕ ਦੂਜੇ ਦੀ ਸਲਾਹ ਨਾਲ ਕੰਮ ਕਰਨਾ, ਇਕ ਦੂਜੇ ਨੂੰ ਤਵੱਜੋ ਦੇਣਾ ਆਦਿ ਇਸ ਰਿਸ਼ਤੇ ਨੂੰ ਬਣਾਈ ਰੱਖਣ ਲਈ ਬਹੁਤ ਲਾਹੇਵੰਦ ਨੁਕਤੇ ਹਨ। ਪਤੀ-ਪਤਨੀ ਵਿਚਲੀ ਚੰਗੀ ਬੋਲ-ਬਾਣੀ ਵੀ ਰਿਸ਼ਤੇ ਵਿਚ ਮਿਠਾਸ ਦਾ ਕੰਮ ਕਰਦੀ ਹੈ। ਚੰਗੀ ਬੋਲ-ਬਾਣੀ ਰਿਸ਼ਤੇ ਨੂੰ ਨਿਖਾਰਨ ਦਾ ਕੰਮ ਕਰਦਾ ਹੈ। ਇਸ ਲਈ ਹਰ ਪਤੀ-ਪਤਨੀ ਨੂੰ ਚਾਹੀਦਾ ਹੈ ਕਿ ਵਿਚਾਰਾਂ ਦੀ ਸਾਂਝ ਵੇਲੇ ਚੰਗੀ ਬੋਲੀ ਦੀ ਵਰਤੋਂ ਕਰਨ ਤਾਂ ਜੋ ਉਨ੍ਹਾਂ ਵਿਚਲਾ ਪਿਆਰ ਬਣਿਆ ਰਹੇ। ਪਤੀ-ਪਤਨੀ ਦੋਹਾਂ ਦੇ ਹੀ ਇਕ ਦੂਜੇ ਪ੍ਰਤੀ ਕੁਝ ਫਰਜ਼ ਬਣਦੇ ਹਨ। ਪਤਨੀ ਨੂੰ ਚਾਹੀਦਾ ਹੈ ਕਿ ਉਹ ਇਸ ਖ਼ੂਬਸੂਰਤ ਰਿਸ਼ਤੇ ਨੂੰ ਸੋਹਣਾ ਬਣਾਉਣ ਲਈ ਹਰ ਸੰਭਵ ਯਤਨ ਕਰੇ। ਪਤੀ-ਪਤਨੀ ਦਾ ਸਾਥ ਅਜਿਹਾ ਹੈ ਜਿਸ ਨੂੰ ਸੱਤ ਜਨਮਾਂ ਦਾ ਸਾਥ ਕਿਹਾ ਜਾਂਦਾ ਹੈ ਪਰ ਕੁਝ ਲੋਕ ਇਸ ਰਿਸ਼ਤੇ ਦੇ ਮਹੱਤਵ ਨੂੰ ਨਹੀਂ ਸਮਝਦੇ ਅਤੇ ਨਿੱਤ ਕਿਸੇ ਨਾ ਕਿਸੇ ਗੱਲ ਦਾ ਕਲੇਸ਼ ਪਾ ਕੇ ਬੈਠ ਜਾਂਦੇ ਹਨ ਇਹੀ ਕਾਰਨ ਹੈ ਕਿ ਅੱਜ ਤਲਾਕਾਂ ਦੀ ਗਿਣਤੀ ਵਿਚ ਅੱਗੇ ਨਾਲੋਂ ਕਈ ਗੁਣਾ ਵਾਧਾ ਹੋਇਆ ਹੈ। ਪਤੀ-ਪਤਨੀ ਵਿਚਲੇ ਰਿਸ਼ਤੇ ਨੂੰ ਬਰਕਰਾਰ ਰੱਖਣ ਲਈ ਸਭ ਤੋਂ ਜ਼ਰੂਰੀ ਹੈ ਇਕ ਦੂਜੇ ਨੂੰ ਸਤਿਕਾਰ ਦੇਣਾ।

98146-34446

### ਇਕ ਦੂਜੇ 'ਤੇ ਵਿਸ਼ਵਾਸ

*ਅਕਸਰ ਵੇਖਿਆ ਗਿਆ ਹੈ ਕਿ ਸ਼ੱਕ ਵੀ ਪਤੀ-ਪਤਨੀ ਦੇ ਰਿਸ਼ਤੇ ਵਿਚ ਦਰਾਰ ਲਿਆਉਣ ਦਾ ਮੁੱਖ ਕਾਰਨ ਬਣਦਾ ਹੈ। ਪਤੀ-ਪਤਨੀ ਦਾ ਰਿਸ਼ਤਾ ਸੰਸਾਰ ਵਿਚ ਸਭ ਤੋਂ ਪਵਿੱਤਰ ਰਿਸ਼ਤਾ ਹੈ ਜੇ ਇਸ ਵਿਚ ਸ਼ੱਕ ਆ ਜਾਵੇ ਤਾਂ ਇਸ ਨੂੰ ਟੁੱਟਦੇ ਦੇਰ ਨਹੀਂ ਲਗਦੀ। ਇਸ ਨਾਲ ਰਿਸ਼ਤੇ ਵਿਚ ਇਕ ਦੂਜੇ 'ਤੇ ਵਿਸ਼ਵਾਸ ਦਾ ਹੋਣਾ ਬਹੁਤ ਜ਼ਰੂਰੀ ਹੈ। ਵਿਸ਼ਵਾਸ ਇਕ ਅਜਿਹਾ ਮਜ਼ਬੂਤ ਧਾਗਾ ਹੈ ਜੋ ਪਤੀ-ਪਤਨੀ ਦੇ ਰਿਸ਼ਤੇ ਨੂੰ ਮਜ਼ਬੂਤੀ ਨਾਲ ਜੋੜ ਕੇ ਰੱਖਦਾ ਹੈ। ਵਿਸ਼ਵਾਸ ਦੇ ਸਿਰ 'ਤੇ ਇਸ ਖ਼ੂਬਸੂਰਤ ਰਿਸ਼ਤੇ ਨੂੰ ਬਿਹਤਰ ਬਣਾਇਆ ਜਾ ਸਕਦਾ ਹੈ। ਅਕਸਰ ਵੇਖਣ ਵਿਚ ਆਇਆ ਹੈ ਕਿ ਕੁਝ ਪਤੀ-ਪਤਨੀ ਨਿੱਤ ਹੀ ਕਿਸੇ ਨਾ ਕਿਸੇ ਗੱਲ ਨੂੰ ਲੈ ਕੇ ਆਪਸ ਵਿਚ ਝਗੜਦੇ ਰਹਿੰਦੇ ਹਨ ਇਸ ਨੇ ਨਾਲ ਇਕ ਤਾਂ ਉਨ੍ਹਾਂ ਦੇ ਰਿਸ਼ਤੇ ਵਿਚ ਕੜਵਾਹਟ ਦਾ ਵਾਧਾ ਹੁੰਦਾ ਹੈ ਦੂਜਾ ਉਨ੍ਹਾਂ ਦੇ ਬੱਚਿਆਂ 'ਤੇ ਵੀ ਬੁਰਾ ਪ੍ਰਭਾਵ ਪੈਂਦਾ ਹੈ। ਸਿਆਣੇ ਆਖਦੇ ਹਨ ਕਿ ਨਿੱਤ ਦਾ ਕਲੇਸ਼ ਘਰਾਂ ਨੂੰ ਖਾ ਜਾਂਦਾ ਹੈ। ਪਤੀ ਨੂੰ ਚਾਹੀਦਾ ਹੈ ਕਿ ਉਹ ਆਪਣੀ ਪਤਨੀ ਨਾਲ ਵੱਧ ਤੋਂ ਵੱਧ ਸਮਾਂ ਬਿਤਾਏ ਅਤੇ ਉਸ ਦੀਆਂ ਗੱਲਾਂ ਨੂੰ ਸੁਣੇ ਅਤੇ ਆਪਣੀਆਂ ਗੱਲਾਂ ਨੂੰ ਉਸ ਨਾਲ ਸਾਂਝਾ ਕਰੇ ਤਾਂ ਜੋ ਉਹ ਇਕ ਦੂਜੇ ਦੇ ਨਜ਼ਦੀਕ ਰਹਿਣ ਅਤੇ ਉਨ੍ਹਾਂ ਵਿਚਲੀਆਂ ਦੂਰੀਆਂ ਨਾ ਬਣਨ।*



# ਯਾਦਾਂ ਦੀ ਖ਼ੁਸ਼ਬੋ



ਪ੍ਰੋ. ਹਰਜਿੰਦਰ ਭੋਤਨਾ

ਕਿਹਾ ਜਾਂਦਾ ਹੈ ਹਮੇਸ਼ਾਂ ਚੜ੍ਹਦਾ ਅਤੇ ਡੁੱਬਦਾ ਸੂਰਜ ਹੀ ਬਹੁਤ ਸੋਹਣਾ ਦ੍ਰਿਸ਼ ਪੇਸ਼ ਕਰਦਾ ਹੈ। ਅਸਲ ਵਿਚ ਇਸ ਘਟਨਾ ਚੱਕਰ ਦੇ ਦੋ ਹੀ ਪੱਖ ਹੁੰਦੇ ਹਨ ਇਕ ਉਹ ਸ਼ੁਰੂ ਤੋਂ ਅਗਲੇ ਪੜ੍ਹਾਅ ਵੱਲ ਵੱਧ ਰਿਹਾ ਹੁੰਦਾ ਹੈ ਦੂਜਾ ਪੱਖ ਜਿੱਥੇ ਉਹ ਆਪਣੇ ਮੁਕਾਮ ਦਾ ਆਖ਼ਰੀ ਹਿੱਸਾ ਪਾਰ ਕਰਦਾ ਹੈ। ਠੀਕ ਉਸੇ ਤਰ੍ਹਾਂ ਹੀ ਮਨੁੱਖੀ ਜੀਵਨ ਦਾ ਇਕ ਚੱਕਰ ਹੁੰਦਾ ਹੈ ਜੋ ਜਨਮ ਤੋਂ ਸ਼ੁਰੂ ਹੋ ਕੇ ਆਪਣੇ ਆਖ਼ਰੀ ਮੁਕਾਮ ਤਕ ਪਹੁੰਚਦਾ ਹੈ। ਇਸ ਲੰਬੀ ਜੀਵਨ ਸਾਧਨਾਂ ਵਿਚ ਮਨੁੱਖ ਨੂੰ ਅਨੇਕਾਂ ਜੀਵਨ ਸੰਘਰਸ਼ ਕਰਨੇ ਪੈਂਦੇ ਹਨ। ਜਿਸ ਵਿਚ ਦੁੱਖ-ਸੁੱਖ, ਜਿੱਤਾਂ ਹਾਰਾਂ, ਸਫ਼ਲਤਾਵਾਂ-ਅਸਫ਼ਲਤਾਵਾਂ, ਲੰਬੀ ਸਾਧਨਾ ਅਤੇ ਔਕੜਾਂ ਦਾ ਸਾਹਮਣਾ ਕਰਨਾ ਪੈਂਦਾ ਹੈ। ਮਨੁੱਖ ਇਸ ਸਾਧਨਾਂ ਨੂੰ ਖਿੜੇ ਮੱਥੇ ਸਵੀਕਾਰ ਕਰਦਾ ਹੈ। ਇਸ ਸੰਘਰਸ਼ ਨੂੰ ਆਪਣੇ ਹੱਡੀਂ ਹੰਢਾਉਂਦਾ ਹੈ। ਉਸ ਕੋਲ ਯਾਦਾਂ ਦਾ ਖ਼ਜ਼ਾਨਾ ਹੁੰਦਾ ਹੈ। ਦੂਜੇ ਪਾਸੇ ਜੀਵਨ ਸੰਘਰਸ਼ ਵਿੱਚੋਂ ਭੱਜਣ ਵਾਲੇ ਲੋਕਾਂ ਦਾ ਜੀਵਨ ਖੁਸ਼ਕ ਤੇ ਅਨਮੋਲ ਯਾਦਾਂ ਤੋਂ ਸੱਖਣਾ ਹੁੰਦਾ ਹੈ। ਉਹ ਲੋਕ ਅਸਲੀ ਜੀਵਨ ਅਨੰਦ ਤੋਂ ਸੱਖਣੇ ਹੁੰਦੇ ਹਨ। ਉਨ੍ਹਾਂ ਦੇ ਜੀਵਨ ਵਿਚ ਵਿਸ਼ਾਲਤਾ ਦੀ ਕਮੀਂ ਹੁੰਦੀ ਹੈ। ਬਹੁਤ ਸਾਰੇ ਲੋਕ ਬੇਸ਼ੁਮਾਰ ਧਨ ਦੌਲਤ, ਜ਼ਮੀਨ, ਮਕਾਨ, ਗਹਿਣੇ ਦੇ ਮਾਲਕ ਹੁੰਦੇ ਹਨ ਪਰ ਉਨ੍ਹਾਂ ਕੋਲ ਯਾਦਾਂ ਦਾ ਅਨਮੋਲ ਖਜ਼ਾਨਾਂ ਨਹੀਂ ਹੁੰਦਾ ਕਿਉਂਕਿ ਉਨ੍ਹਾਂ ਨੇ ਜ਼ਿੰਦਗੀ ਧਨ ਜੋੜਨ ਵਿਚ ਲਗਾ ਦਿੱਤੀ ਹੁੰਦੀ ਹੈ। ਜ਼ਿਆਦਾ ਧਨ ਜੋੜ੍ਹਨ ਲਈ ਉਮੰਗਾਂ ਨੂੰ ਦਬਾਉਣਾ ਪੈਂਦਾ ਹੈ। ਉਮੰਗਾਂ ਨੂੰ ਕਿਨਾਰੇ ਲਾ ਕੇ ਪ੍ਰਾਪਤ ਕੀਤੀ ਖ਼ੁਸ਼ੀ ਸਦੀਵੀ ਨਹੀਂ ਹੁੰਦੀ। ਉਨ੍ਹਾਂ ਨੇ ਜ਼ਿੰਦਗੀ ਨੂੰ ਮਾਣਿਆ ਨਹੀਂ ਹੁੰਦਾ। ਕੇਵਲ ਧਨ ਦੌਲਤ, ਸੰਪਤੀ, ਹੀਰੇ-ਮੋਤੀ ਹੀ ਜ਼ਾਇਦਾਦ ਨਹੀਂ ਹਨ। ਜੀਵਨ ਸੰਘਰਸ਼ ਕਰਦਿਆਂ ਜ਼ਿੰਦਗੀ ਦਾ ਅਨੰਦ ਮਾਣਦਿਆਂ ਇਕੱਠੀਆਂ ਕੀਤੀਆਂ ਕੀਮਤੀ ਯਾਦਾਂ ਵੀ ਜ਼ਿੰਦਗੀ ਦੀ ਜਾਇਦਾਦ ਹਨ। ਹਰ ਮਨੁੱਖ ਦੀਆਂ ਆਪਣੀਆਂ ਖ਼ਾਹਿਸ਼ਾਂ, ਉਮੰਗਾਂ ਹੁੰਦੀਆਂ ਹਨ। ਅਸੀਂ ਆਮ ਤੌਰ 'ਤੇ ਸੋਚਦੇ ਹਾਂ ਜਿਸ ਕੋਲ ਜ਼ਿਆਦਾ ਧਨ ਹੋਵੇਗਾ ਉਹ ਜ਼ਿਆਦਾ ਖ਼ੁਸ਼ ਹੋਵੇਗਾ ਪਰ ਬਹੁਤ ਸਾਰੇ ਲੋਕ ਧਨ ਹੋਣ ਦੇ ਬਾਵਜੂਦ ਆਪਣੀਆਂ ਉਮੰਗਾਂ ਦੀ ਪੂਰਤੀ ਨਹੀਂ ਕਰ ਸਕਦੇ। ਚੰਗੇ ਜੀਵਨ ਦੇ ਲਈ ਉੱਚੀ-ਸੁੱਚੀ ਸੋਚ ਦਾ ਹੋਣਾ ਲਾਜ਼ਮੀ ਹੈ। ਬਹੁਤ ਖ਼ੁਸ਼ਗਵਾਰ ਸੋਹਣਾ ਮੌਸਮ ਵੀ ਚੰਗਾ ਨਹੀਂ ਲੱਗਦਾ ਜੇਕਰ ਜ਼ਿੰਦਗੀ ਦੀਆਂ ਖ਼ੁਸ਼ਗਵਾਰ ਯਾਦਾਂ ਕੋਲ ਨਾ ਹੋਣ। ਯਾਦਾਂ ਓਦੋਂ ਪੈਦਾ ਹੋਣਗੀਆਂ ਜਦੋਂ ਵਿਅਕਤੀ ਜ਼ਿੰਦਗੀ ਦੀ ਹਕੀਕਤ ਨਾਲ ਜੁੜੇਗਾ। ਕੁਦਰਤ ਦੀ ਕਾਇਨਾਤ ਨੂੰ ਜਾਣਨ ਦੀ ਕੋਸ਼ਿਸ਼ ਹੀ ਨਹੀਂ ਕਰੇਗਾ ਸਗੋਂ ਉਸ ਨਾਲ ਇੱਕਮਿਕ ਹੋਵੇਗਾ। ਹੱਥੀਂ



ਕਿਰਤ ਕਰੇਗਾ। ਮਿਹਨਤ ਦੇ ਸੰਕਲਪ ਨੂੰ ਜੀਵਨ ਨਾਲ ਜੋੜੇਗਾ। ਮਨੁੱਖ ਦੇ ਅਤੀਤ ਦਾ ਸਬੰਧ ਆਉਣ ਵਾਲੇ ਵਰਤਮਾਨ ਅਤੇ ਭਵਿੱਖ ਨਾਲ ਹਮੇਸ਼ਾਂ ਜੁੜਿਆ ਹੁੰਦਾ ਹੈ। ਉਸ ਦੇ ਯਾਦਾਂ ਦੇ ਪਰਛਾਵਿਆਂ ਨਾਲ ਰਹਿੰਦੀ ਜ਼ਿੰਦਗੀ ਰੰਗੀਨ ਤੇ ਖ਼ੁਸ਼ਗਵਾਰ ਬਣਦੀ ਹੈ। ਮਨੁੱਖ ਨੂੰ ਇਹ ਵੀ ਪਤਾ ਹੈ ਕਿ ਉਸ ਦਾ ਜੀਵਨ ਹਮੇਸ਼ਾਂ ਨਹੀਂ ਰਹਿਣ ਵਾਲਾ ਪਰ ਉਸ ਦੁਆਰਾ ਪੈਦਾ ਕੀਤਾ ਗਿਆ ਸੰਦੇਸ਼ ਤੇ ਸੁਨੇਹਾਂ ਲੋਕਾਂ ਲਈ ਮਾਰਗਦਰਸ਼ਨ ਜ਼ਰੂਰ ਬਣੇਗਾ। ਇਸ ਲਈ ਜ਼ਰੂਰੀ ਹੈ ਸੌੜੀ ਤੇ ਮੌਕਾਪ੍ਰਸਤ ਸੋਚ ਨੂੰ ਤਿਆਗ ਕੇ ਮਨੁੱਖ ਲੰਬੇ ਰਾਹਾਂ ਦਾ ਪਾਂਧੀ ਬਣੇ ਇਸ ਤਰ੍ਹਾਂ ਕੁਦਰਤ ਨਾਲ ਉਸ ਦਾ ਸਾਂਝ ਵਧੇਗੀ।

94635-12720

## ਉਹ ਸਿਆਣੇ ਨਹੀਂ ਸਨ

ਅਸੀਂ ਆਪਣੇ-ਆਪ ਨੂੰ ਛੋਟਾ ਕਰ ਲਿਆ ਸੀ। ਉਹ ਸਿਆਣੇ ਨਹੀਂ ਸਨ, ਅਸੀਂ ਅੰਧਵਿਸ਼ਵਾਸੀ ਸਾਂ। ਅਸੀਂ ਹੀ ਨਿਰਣਾ ਕਰ ਲਿਆ ਸੀ ਕਿ ਚੌਲਾਂ ਵਰਗਾ ਰੰਗ, ਕਣਕ ਵਾਲੇ ਰੰਗ ਨਾਲੋਂ ਸੋਹਣਾ ਹੁੰਦਾ ਹੈ। ਅਸੀਂ ਸਾਬਤ ਕਰ ਵਿਖਾਇਆ ਹੈ ਕਿ ਪਤਲੂਨ ਪਾਉਣਾ, ਪਜਾਮੇ ਅਤੇ ਤਹਿਮਤ ਨਾਲੋਂ ਉਚੇਰੀ ਸੱਭਿਅਤਾ ਹੈ। ਆਪਣੇ ਦੇਸ਼ 'ਚ ਘਰ ਸਾਫ਼ ਕਰਨਾ ਨੀਵੀਂ ਜਾਤ ਦਾ ਕੰਮ ਹੈ ਪਰ ਪ੍ਰਦੇਸ ਵਿਚ ਸੜਕ ਸਾਫ਼ ਕਰਦਿਆਂ, ਸਾਡੀ ਜਾਤ ਨੂੰ ਕੋਈ ਫ਼ਰਕ ਨਹੀਂ ਪੈਂਦਾ। ਪੜ੍ਹਿਆ-ਲਿਖਿਆ ਮਨੁੱਖ ਅਸੀਂ ਉਸ ਨੂੰ ਸਮਝਦੇ ਹਾਂ, ਜਿਹੜਾ ਆਪਣੀ ਜ਼ੁਬਾਨ 'ਚ ਗੱਲ ਨਾ ਕਰੇ। ਅਸੀਂ ਸਮਝਦੇ ਹਾਂ ਕਾਰ 'ਚ ਜਾਂਦਾ ਬੰਦਾ, ਬੱਸ-ਗੱਡੀ 'ਚ ਜਾਣ ਵਾਲੇ ਨਾਲੋਂ ਉੱਚਾ ਹੁੰਦਾ ਹੈ। ਵਿਕਾਸ ਕਰਨ ਦਾ ਅਰਥ ਮਾਂ ਨੂੰ ਖ਼ਤ ਲਿਖਣ ਦੀ ਥਾਂ ਮਦਰਜ਼ -ਡੇ ਦਾ ਕਾਰਡ ਭੇਜ ਦੇਣਾ ਸਮਝ ਲਿਆ ਗਿਆ ਹੈ। ਸਾਡੇ ਨਿਰਣਾ ਕਰਨ ਦੀ ਦੇਰ ਸੀ। ਆਪਣੇ- ਆਪ ਨੂੰ ਛੋਟਾ ਮੰਨਣ ਦੀ ਦੇਰ ਸੀ, ਫਿਰ ਉਨ੍ਹਾਂ ਨੂੰ ਸਾਡੇ ਤੋਂ ਵੱਡੇ ਬਣਨ 'ਚ ਕੋਈ ਦੇਰ ਨਹੀਂ ਲੱਗੀ। ਸਾਡੇ ਝੁਕਣ ਦੀ ਦੇਰ ਸੀ, ਉਹ ਪਲਾਕੀ ਮਾਰ ਕੇ ਸਾਡੇ 'ਤੇ ਸਵਾਰ ਹੋ ਗਏ। ਸਾਨੂੰ ਝੁਕਾਉਣ ਲਈ ਇੱਥੇ ਯੂਨਾਨੀ ਆਏ, ਤੁਰਕ ਆਏ, ਲੋਧੀ ਆਏ, ਹੂਨ ਆਏ, ਮੁਗ਼ਲ ਆਏ, ਪੁਰਤਗਾਲੀ, ਫਰਾਂਸੀਸੀ ਅਤੇ ਅੰਗਰੇਜ਼ ਆਏ, ਜਿਹੜੇ ਨਹੀਂ ਆਏ, ਪਤਾ ਨਹੀਂ ਕਿਉਂ ਨਹੀਂ ਆਏ? ਜੇ ਉਹ ਆ ਜਾਂਦੇ ਤਾਂ ਉਨ੍ਹਾਂ ਨੇ ਵੀ ਸਾਡੇ 'ਤੇ ਰਾਜ ਹੀ ਕਰਨਾ ਸੀ ਕਿਉਂਕਿ ਅਸੀਂ ਗ਼ੁਲਾਮ ਬਣਨ ਵਿਚ ਮਾਹਿਰ ਸਾਂ।

• ਨਰਿੰਦਰ ਸਿੰਘ ਕਪੂਰ

ਅੱਜ ਭਾਵੇਂ ਅਸੀਂ ਗਰਾਮੋਫੋਨ ਤੋਂ ਆਨਲਾਈਨ ਸੰਗੀਤ ਦੇ ਦੌਰ ਤਕ ਪੁੱਜ ਚੁੱਕੇ ਹਾਂ ਪਰ ਜੋ ਗੀਤ ਸੰਗੀਤ ਨੂੰ ਸੁਣਨ ਦਾ ਨਜ਼ਾਰਾ ਗ੍ਰਾਮੋਫੋਨ ਮਸ਼ੀਨ 'ਤੇ ਆਉਂਦਾ ਸੀ ਉਹ ਹੋਰ ਕਿਸੇ ਸਾਧਨ ਰਾਹੀਂ ਨਹੀਂ ਆਉਂਦਾ...

# ਕਦੇ ਮਨੋਰੰਜਨ ਦਾ ਸਾਧਨ ਸੀ ਗ੍ਰਾਮੋਫੋਨ

ਸ਼ਮਸ਼ੇਰ ਸਿੰਘ ਸੋਹੀ

ਪੁਰਾਣੇ ਸਮਿਆਂ 'ਚ ਕੁੱਤਾ ਮਾਰਕਾ ਮਸ਼ੀਨ (ਗ੍ਰਾਮੋਫੋਨ ਮਸ਼ੀਨ) ਲੋਕਾਂ ਦੇ ਮਨੋਰੰਜਨ ਦਾ ਸਭ ਤੋਂ ਵੱਡਾ ਸਾਧਨ ਹੁੰਦੀ ਸੀ। ਫਰਾਂਸਿਸ ਜੇਮਸ ਬਰਾਉਡ ਵੱਲੋਂ ਤਿਆਰ ਕੀਤੀ ਹੋਈ ਪੇਂਟਿੰਗ ਜਿਸ ਵਿਚ ਕੁੱਤਾ ਭੂਪਣੇ ਵਰਗੇ ਸਪੀਕਰ ਮੂਹਰੇ ਬੈਠਾ ਹੋਇਆ ਹੈ, ਇਸ ਕੰਪਨੀ ਦਾ ਲੋਗੋ ਬਣਿਆ। ਉਸ ਸਮੇਂ ਲੋਕ ਹੱਥੀਂ ਕਿਰਤ ਕਰਦੇ ਸਨ ਤੇ ਨਾਲ-ਨਾਲ ਤਵਿਆਂ ਵਾਲੀ ਮਸ਼ੀਨ 'ਤੇ ਗੀਤ ਸੰਗੀਤ ਦਾ ਆਨੰਦ ਲੈਂਦੇ ਸਨ। ਜਦੋਂ ਚਾਬੀ ਵਾਲੀ ਮਸ਼ੀਨ ਤੇ ਪੱਥਰ ਜਾਂ ਲਾਖ ਦਾ ਰਿਕਾਰਡ ਰੱਖਣ ਤੇ ਗਾਇਕ ਦੀ ਮਿੱਠੀ ਆਵਾਜ਼ ਕੰਨੀ ਪੈਂਦੀ ਸੀ ਤਾਂ ਰੂਹ ਖ਼ੁਸ਼ ਹੋ ਜਾਂਦੀ ਸੀ। ਆਜ਼ਾਦੀ ਤੋਂ ਪਹਿਲਾਂ ਵਿਰਲੇ ਸ਼ੌਕੀਨ ਵਿਅਕਤੀ ਕੋਲ ਹੀ ਗਰਾਮੋਫੋਨ ਮਸ਼ੀਨ ਹੁੰਦੀ ਸੀ।

ਆਜ਼ਾਦੀ ਮਗਰੋਂ ਗਰਾਮੋਫੋਨ ਮਸ਼ੀਨ ਰੱਖਣ ਦੇ ਸ਼ੌਕੀਨ ਵਧਣ ਲੱਗੇ ਤੇ ਐੱਚਐੱਮਵੀ ਤੋਂ ਇਲਾਵਾ ਕਈ ਹੋਰ ਕੰਪਨੀਆ ਵੱਲੋਂ ਵੀ ਗਰਾਮੋਫੋਨ ਬਾਜ਼ਾਰ 'ਚ ਲਿਆਂਦੇ ਗਏ। ਵੱਖ-ਵੱਖ ਕਲਾਕਾਰਾਂ ਦੀਆਂ ਸੁਰੀਲੀਆਂ ਆਵਾਜ਼ਾਂ ਵਾਲੇ ਪੱਥਰ ਤੇ ਪਲਾਸਟਿਕ ਦੇ ਕਾਲੇ ਰੰਗ ਦੇ ਤਵੇ 33.5, 45, 78 ਚੱਕਰ ਪ੍ਰਤੀ ਮਿੰਟ ਜਦੋਂ ਇਸ ਮਸ਼ੀਨ 'ਤੇ ਵੱਜਦੇ ਸੀ ਤਾਂ ਸੁਣ ਕੇ ਆਨੰਦ ਆ ਜਾਂਦਾ ਸੀ। ਉਨੀਂ ਦਿਨੀਂ ਐੱਚਐੱਮਵੀ 118 ਮਾਡਲ ਰਿਕਾਰਡ ਪਲੇਅਰ, ਕੋਲੰਬੀਆ 213, ਮਰਫੀ ਕੰਪਨੀ 102 ਮਾਡਲ, 666 ਮਾਡਲ ਤੇ ਸੋਹਨ ਬਖ਼ਸ਼ ਮਸ਼ੀਨਾਂ ਸਪੀਕਰ ਵਾਲੇ ਦੀ ਰੋਜ਼ੀ-ਰੋਟੀ ਹੋਇਆ ਕਰਦੀਆਂ ਸਨ। ਗੱਡੇ ਜਾਂ ਸਾਈਕਲ 'ਤੇ ਸਪੀਕਰ ਵਾਲਾ ਗ੍ਰਾਮੋਫੋਨ ਮਸ਼ੀਨ ਤੇ ਹੋਰ ਸਾਜ਼ੋ ਸਮਾਨ ਨੂੰ ਲੱਦ ਕੇ ਵਿਆਹ ਵਾਲੇ ਘਰ ਪਹੁੰਚਦਾ ਸੀ। ਤਵੇ ਨੂੰ ਚਲਾਉਣ ਤੋਂ ਪਹਿਲਾਂ ਮਸ਼ੀਨ ਨੂੰ ਚਾਬੀ ਦਿੱਤੀ ਜਾਂਦੀ ਸੀ। ਕਈ ਵਾਰ ਮਸ਼ੀਨ ਦੀ ਸੂਈ ਟੁੱਟ ਜਾਣ ਜਾਂ ਸੂਈ ਇਕ ਜਗ੍ਹਾ ਅਟਕ ਜਾਣ ਕਰਕੇ ਸੰਗੀਤ ਸੁਣਨ ਦਾ ਮਜ਼ਾ ਖ਼ਰਾਬ ਹੋ ਜਾਂਦਾ ਸੀ। ਤਲਵਾਰ ਮੈਂ ਕਲਗੀਧਰ ਦੀ ਹਾਂ। ਸਤਿਗੁਰ ਨਾਨਕ ਤੇਰੀ ਲੀਲ੍ਹਾ ਨਿਆਰੀ...ਆਦਿ ਧਾਰਮਿਕ ਗੀਤ ਮਸ਼ੀਨ 'ਤੇ ਲਾ ਕੇ ਸਪੀਕਰ ਵਾਲਾ ਪ੍ਰੋਗਰਾਮ ਦੀ ਸ਼ੁਰੂਆਤ ਕਰਦਾ ਸੀ। ਜਿਸ ਸਪੀਕਰ ਵਾਲੇ ਨੂੰ ਮਸ਼ੀਨ 'ਤੇ ਵਿਆਹ ਦੀਆਂ ਰਸਮਾਂ ਮੁਤਾਬਿਕ ਗੀਤ ਲਗਾਉਣ ਦਾ ਗਿਆਨ ਸੀ ਉਸ ਦੀ ਬਹੁਤ ਆਓ ਭਗਤ ਕੀਤੀ ਜਾਂਦੀ ਸੀ। ਭਾਵੇਂ ਟੇਪ ਰਿਕਾਰਡਰ ਤੇ ਕੈਸਟਾਂ ਦਾ ਯੁੱਗ ਆਉਣ ਨਾਲ ਗ੍ਰਾਮੋਫੋਨ ਮਸ਼ੀਨਾਂ ਦਾ ਰਿਵਾਜ ਖ਼ਤਮ ਹੋ ਗਿਆ ਪਰ ਤਵਿਆਂ ਵਾਲੀ ਗ੍ਰਾਮੋਫੋਨ ਮਸ਼ੀਨ ਦੀ ਸਰਦਾਰੀ ਟੇਪਾਂ ਨਾਲੋਂ ਜ਼ਿਆਦਾ ਸਮਾਂ ਰਹੀ। ਅੱਜ ਭਾਵੇਂ ਅਸੀਂ ਗਰਾਮੋਫੋਨ ਤੋਂ ਟੇਪ ਰਿਕਾਰਡਰ, ਟੇਪ ਰਿਕਾਰਡਰ ਤੋਂ ਸੀਡੀ ਪਲੇਅਰ ਫਿਰ ਚਿਪਸ ਜਾਂ ਪੈੱਨ ਡਰਾਈਵਰ ਤੋਂ ਲੰਘਦੇ ਹੋਏ ਔਨਲਾਈਨ ਸੰਗੀਤ ਦੇ ਦੌਰ ਤਕ ਪੁੱਜ ਚੁੱਕੇ ਹਾਂ ਪਰ ਜੋ ਗੀਤ ਸੰਗੀਤ ਨੂੰ ਸੁਣਨ ਦਾ ਨਜ਼ਾਰਾ ਗ੍ਰਾਮੋਫੋਨ ਮਸ਼ੀਨ 'ਤੇ ਆਉਂਦਾ ਸੀ ਉਹ ਹੋਰ ਕਿਸੇ ਸਾਧਨ ਰਾਹੀਂ ਨਹੀਂ ਆਉਂਦਾ। ਅੱਜ ਗ੍ਰਾਮੋਫੋਨ ਮਸ਼ੀਨ ਘਰ ਦੇ ਡਰਾਇੰਗ ਰੂਮ ਵਿੱਚ ਇਕ ਸ਼ੋਅਪੀਸ ਦੇ ਤੌਰ ਤੇ ਜਾਂ ਮੇਲਿਆਂ 'ਚ ਹੀ ਦੇਖੀ ਜਾ ਸਕਦੀ ਹੈ। ਸਮੇਂ ਦੇ ਨਾਲ ਕੁਝ ਲੋਕਾਂ ਨੇ ਇਹ ਮਸ਼ੀਨਾਂ ਭਾਵੇਂ ਕਬਾੜੀਏ ਨੂੰ ਵੇਚ ਦਿੱਤੀਆਂ ਹਨ ਪਰ ਕਈ ਸੰਗੀਤ ਨੂੰ ਪਿਆਰ ਕਰਨ ਵਾਲੇ ਲੋਕਾਂ ਨੇ ਅੱਜ ਵੀ ਇਹ ਮਸ਼ੀਨ ਚੋਰੀ ਦੀ ਬੰਦੂਕ ਵਾਂਗੂ ਸਾਂਭ ਕੇ ਰੱਖੀ ਹੋਈ ਹੈ। ਇਹ ਸੰਗੀਤ ਪ੍ਰੇਮੀ ਅੱਜ ਵੀ ਪੁਰਾਣੀਆਂ ਮਸ਼ੀਨਾਂ, ਐਂਪਲੀਫਾਇਰ, ਪੱਥਰ ਤੇ ਪਲਾਸਟਿਕ ਦੇ ਤਵੇ ਸਾਂਭਣ ਵਿਚ ਲੱਗੇ ਹੋਏ ਹਨ। ਭਲੇ ਵੇਲਿਆਂ ਦੇ ਕਈ ਮਸ਼ਹੂਰ ਬਜ਼ੁਰਗ ਕਲਾਕਾਰ ਅੱਜ ਕਹਿੰਦੇ ਸੁਣੇ ਜਾਂਦੇ ਹਨ ਕਿ ਤਵਿਆਂ ਵਾਲੇ ਰਿਕਾਰਡਾਂ ਦਾ ਦੌਰ ਭਲਾ ਸੀ। ਵਿਰਸੇ ਨਾਲ ਜੁੜੀਆਂ ਇਨ੍ਹਾਂ ਚੀਜ਼ਾਂ ਨੂੰ ਸਾਂਭਣ ਦੀ ਲੋੜ ਸੀ ਤਾਂ ਕਿ ਆਉਣ ਵਾਲੀਆਂ ਪੀੜੀਆਂ ਇਹ ਦੇਖ ਸਕਣ ਕਿ ਸਾਡਾ ਅਸਲੀ ਵਿਰਸਾ ਤੇ ਗੀਤ ਸੰਗੀਤ ਕੀ ਸੀ।



### ਚਾਬੀ ਵਾਲੀ ਮਸ਼ੀਨ

*ਕਦੇ ਲੋਕ ਤਵਿਆਂ ਵਾਲੀ ਮਸ਼ੀਨ 'ਤੇ ਗੀਤ ਸੰਗੀਤ ਦਾ ਆਨੰਦ ਲੈਂਦੇ ਸਨ। ਜਦੋਂ ਚਾਬੀ ਵਾਲੀ ਮਸ਼ੀਨ ਤੇ ਪੱਥਰ ਜਾਂ ਲਾਖ ਦਾ ਰਿਕਾਰਡ ਰੱਖਣ ਤੇ ਗਾਇਕ ਦੀ ਮਿੱਠੀ ਆਵਾਜ਼ ਕੰਨੀ ਪੈਂਦੀ ਸੀ ਤਾਂ ਰੂਹ ਖ਼ੁਸ਼ ਹੋ ਜਾਂਦੀ ਸੀ।*

ਆਪਸੀ ਸਾਂਝ, ਪਿਆਰ, ਸਤਿਕਾਰ ਵਰਗੇ ਨੈਤਿਕ ਮੁੱਲਾਂ ਨਾਲ ਹੀ ਆਪਣੇ ਲਾਡਲੇ ਤੇ ਲਾਡਲੀਆਂ ਦੇ ਜੀਵਨ ਨੂੰ ਸੁਚੱਜਾ ਬਣਾ ਸਕਦੇ ਹਾਂ। ਚੰਗੇ ਸਮਾਜ ਲਈ ਨੈਤਿਕਤਾ ਭਰਪੂਰ ਨਵੀਂ ਪੀੜ੍ਹੀ ਦਾ ਹੋਣਾ ਲਾਜ਼ਮੀ ਹੈ। ਇਸ ਵਾਸਤੇ ਅਧਿਆਪਕਾਂ ਦੇ ਨਾਲ-ਨਾਲ ਮਾਪਿਆਂ ਸਿਰ ਸਭ ਤੋਂ ਵੱਡੀ ਜ਼ਿੰਮੇਵਾਰੀ ਹੈ ਕਿ ਉਹ ਬੱਚਿਆਂ ਦੇ ਰਾਹ-ਦਸੇਰੇ ਬਣਨ...

# ਮਾਪਿਆਂ ਦੀ ਚਿੰਤਾ ਦਾ ਕਾਰਨ ਉਡਾਰ ਹੋ ਰਹੇ ਬੱਚੇ

ਬਲਜਿੰਦਰ ਮਾਨ

ਸਮਾਜ ਵਿਚ ਵਿਚਰਦਿਆਂ ਜਦੋਂ ਸੜਕਾਂ ਤੇ ਕੰਨ ਪਾੜਵੇਂ ਹਾਰਨ ਵਜਾਉਂਦੇ ਮੋਟਰਸਾਈਕਲ, ਖੁੱਲ੍ਹੀਆਂ ਜੀਪਾਂ ਅਤੇ ਟਰੈਕਟਰਾਂ ਤੇ ਵੱਜਦੇ ਸਪੀਕਰ ਵੇਖਦੇ-ਸੁਣਦੇ ਹਾਂ ਤਾਂ ਇਕ ਵਾਰ ਰੂਹ ਕੰਬ ਜਾਂਦੀ ਹੈ। ਇੱਥੇ ਵਿਚਾਰਨ ਵਾਲੀ ਗੱਲ ਇਹ ਹੈ ਕਿ ਬੱਚੇ ਅਜਿਹੇ ਬੇਹੂਦਾ ਕੰਮਾਂ ਵਿਚ ਕਿਉਂ ਲੱਗ ਗਏ? ਸਮਾਜਿਕ ਤਾਣੇ-ਬਾਣੇ 'ਤੇ ਨਜ਼ਰ ਮਾਰੀਏ ਤਾਂ ਇਸ ਸਭ ਕਾਸੇ ਲਈ ਅਸੀਂ ਸਾਰੇ ਕਟਹਿਰੇ ਵਿਚ ਖੜ੍ਹੇ ਦਿਖਾਈ ਦਿੰਦੇ ਹਾਂ। ਸਭ ਤੋਂ ਪਹਿਲਾਂ ਮਾਪਿਆਂ ਦੀ ਜੋ ਹਾਲਤ ਹੈ ਉਸ ਤੇ ਤਰਸ ਆਉਂਦਾ ਹੈ ਕਿ ਉਹ ਬੱਚਿਆਂ ਨੂੰ ਸਕੂਲ ਹਵਾਲੇ ਕਰ ਕੇ ਆਪਣੀ ਜ਼ਿੰਮੇਵਾਰੀ ਤੋਂ ਮੁਕਤ ਹੋਏ ਮਹਿਸੂਸ ਕਰਦੇ ਹਨ। ਜਦਕਿ ਅਧਿਆਪਕ ਨਾਲੋਂ ਉਨ੍ਹਾਂ ਦੀ ਜ਼ਿੰਮੇਵਾਰੀ ਕਿਸੇ ਗੱਲੋਂ ਘੱਟ ਨਹੀਂ ਹੁੰਦੀ। ਬਹੁਤ ਸਾਰੀਆਂ ਗੱਲਾਂ ਅਤੇ ਗੁਣ ਉਹ ਆਪਣੀ ਮਾਂ ਅਤੇ ਪਰਿਵਾਰ ਕੋਲੋਂ ਸਿੱਖ ਕੇ ਸਕੂਲ ਵਿਚ ਪੁੱਜਦਾ ਹੈ ਜਿਨ੍ਹਾਂ ਦੀ ਕਾਂਟ-ਛਾਂਟ ਅਧਿਆਪਕ ਨੇ ਕਰਨੀ ਹੁੰਦੀ ਹੈ। ਜੇਕਰ ਘਰ ਵਿਚ ਵੱਡਿਆਂ ਦਾ ਆਦਰ ਨਹੀਂ ਕੀਤਾ ਜਾਂਦਾ ਤਾਂ ਬੱਚਾ ਬਾਹਰ ਜਾ ਕੇ ਇਹ ਗੱਲਾਂ ਕਿਵੇਂ ਕਰ ਸਕਦਾ ਹੈ? ਸੋ ਲੋੜ ਹੈ ਘਰ ਵਿਚ ਪਿਆਰ, ਇਤਬਾਰ ਅਤੇ ਸਤਿਕਾਰ ਵਾਲੇ ਵਾਤਾਵਰਨ ਨੂੰ ਸਿਰਜਣ ਦੀ।

## ਪੈਸੇ ਦੀ ਬਹੁਲਤਾ ਨੇ ਬੱਚਿਆਂ ਨੂੰ ਪਾਇਆ ਕੁਰਾਹੇ

ਬੱਚਿਆਂ ਦੇ ਦਿਲ ਦਿਮਾਗ਼ ਵਿਚ ਵੱਡਿਆਂ ਦਾ ਡਰ ਖ਼ਤਮ ਹੋਈ ਜਾ ਰਿਹਾ ਹੈ। ਉਹ ਆਪਣੀ ਜ਼ਿੱਦ ਪੁਗਾ ਰਹੇ ਹਨ। ਜਿਸ ਕਰਕੇ ਸਮਾਜਿਕ ਤਾਣੇ-ਬਾਣੇ ਵਿਚ ਉਲਝਣਾ ਪੈ ਰਹੀਆਂ ਹਨ। ਕਈ ਵਾਰ ਇਕਲੌਤੀ ਔਲਾਦ ਹੋਣ ਕਰਕੇ ਮਾਪੇ ਹਰ ਪ੍ਰਕਾਰ ਦੀ ਸੁੱਖ ਸਹੂਲਤ ਪ੍ਰਦਾਨ ਕਰਨ ਲਈ ਆਪ ਔਖੇ ਹੋ ਰਹੇ ਹਨ ਪਰ ਬੱਚਿਆਂ ਨੂੰ ਖ਼ੁਸ਼ ਰੱਖਣ ਲਈ ਕੋਈ ਕਸਰ ਬਾਕੀ ਨਹੀਂ ਛੱਡਦੇ। ਦੂਜੇ ਪਾਸੇ ਕੁਝ ਬੱਚੇ ਮਾਪਿਆਂ ਦੇ ਇਸ ਲਾਡ ਪਿਆਰ ਦਾ ਨਜਾਇਜ਼ ਫਾਇਦਾ ਉਠਾ ਕੇ ਮਨ ਮਰਜ਼ੀਆਂ ਕਰ ਰਹੇ ਹਨ ਤੇ ਇਹ ਮਰਜ਼ੀਆਂ ਮਾਂ ਬਾਪ ਨੂੰ ਚਿੰਤਾ ਵਿਚ ਪਾ ਰਹੀਆਂ ਹਨ। ਮਾਪੇ ਬੱਚਿਆਂ ਅੱਗੇ ਵਿਚਾਰੇ ਬਣਦੇ ਜਾ ਰਹੇ ਹਨ। ਖ਼ਾਸ ਕਰ ਮਾਵਾਂ ਦੇ ਲਾਡ ਨੇ ਉਨ੍ਹਾਂ ਨੂੰ ਬਹੁਤ ਸਾਰੀਆਂ ਖੁੱਲ੍ਹਾਂ ਦੇ ਰੱਖੀਆਂ ਨੇ। ਪੈਸੇ ਦੀ ਬਹੁਲਤਾ ਨੇ ਵੀ ਬਾਲ ਜੀਵਨ ਨੂੰ ਸਹੀ ਦਿਸ਼ਾ ਵੱਲ ਘੱਟ ਅਤੇ ਕੁਰਾਹੇ ਜ਼ਿਆਦਾ ਪਾਇਆ ਹੈ। ਕਿਸੇ ਨੇ ਸੱਚ ਹੀ ਕਿਹਾ ਹੈ:

ਅੱਤ ਨਾ ਭਲਾ ਮੇਘਲਾ
ਅੱਤ ਨਾ ਭਲੀ ਧੁੱਪ
ਅੱਤ ਨਾ ਭਲਾ ਬੋਲਣਾ
ਅੱਤ ਨਾ ਭਲੀ ਚੁੱਪ...

ਅੱਤ ਕਿਸੇ ਚੀਜ਼ ਦੀ ਹੋਵੇ ਉਹ ਮਾੜੀ ਹੀ ਹੁੰਦੀ ਹੈ। ਮਾਪਿਆਂ ਲਈ ਇਹ ਘੜੀ ਸੰਤੁਲਨ ਕਾਇਮ ਕਰਨ ਦੀ ਬਣ ਗਈ ਹੈ। ਜਿਸ ਨਾਲ ਬਾਲ ਜੀਵਨ 'ਤੇ ਨਿਖਾਰ ਆ ਸਕੇ। ਜਿਸ ਨਾਲ ਬੱਚੇ-ਬੱਚੀਆਂ ਉੱਚੀਆਂ ਮੰਜ਼ਿਲਾਂ ਦੀ ਰਾਹੇ ਤੁਰਨ ਦੇ ਸਮਰੱਥ ਹੋ ਸਕਣ।



### ਮਾਪਿਆਂ ਕੋਲ ਬੱਚਿਆਂ ਲਈ ਵਿਹਲ ਨਹੀਂ

*2013 ਵਿਚ ਘੜੀ ਗਈ ਕੌਮੀ ਸਿੱਖਿਆ ਨੀਤੀ ਤਹਿਤ ਇਕ ਅਹਿਮ ਤੱਥ ਸਾਹਮਣੇ ਆਇਆ ਸੀ ਕਿ 'ਤਿੰਨ ਤੋਂ ਛੇ ਸਾਲ ਦੇ ਬੱਚਿਆਂ ਨੂੰ ਪੜ੍ਹਾਉਣ ਦੀ ਲੋੜ ਨਹੀਂ ਸਗੋਂ ਪੜ੍ਹਨ ਦੇ ਕਾਬਲ ਬਣਾਉਣ ਦਾ ਅਭਿਆਸ ਨਿਪੁੰਨ ਅਧਿਆਪਕਾਂ ਦੁਆਰਾ ਕਰਵਾਇਆ ਜਾਣਾ ਲੋੜੀਂਦਾ ਹੈ'। ਇਸ ਵਿਚਾਰ ਨੂੰ 2017-18 ਵਿਚ ਪੰਜਾਬ ਸਰਕਾਰ ਨੇ ਨਰਸਰੀ ਜਮਾਤਾਂ ਦੁਆਰਾ ਸਕੂਲਾਂ ਵਿਚ ਕਿਵੇਂ ਸ਼ੁਰੂ ਕੀਤਾ ਹੈ? ਇਸ ਬਾਰੇ ਅਸੀਂ ਸਭ ਭਲੀ-ਭਾਂਤ ਜਾਣਦੇ ਹਾਂ। ਸਰਕਾਰ ਦੇ ਯਤਨਾਂ ਨੂੰ ਤਦ ਹੀ ਬੂਰ ਪੈ ਸਕਦਾ ਹੈ ਜੇਕਰ ਸਾਡੇ ਮਾਪੇ ਜਾਗ੍ਰਿਤ ਹੋਣਗੇ। ਮਾਪਿਆਂ ਕੋਲ ਬੱਚਿਆਂ ਲਈ ਵਿਹਲ ਘੱਟ ਗਿਆ ਹੈ। ਜੇ ਦੋਨੋਂ ਜੀਅ ਨੌਕਰੀ ਪੇਸ਼ਾ ਹਨ ਤਾਂ ਉਨ੍ਹਾਂ ਦੇ ਬੱਚੇ ਉਨ੍ਹਾਂ ਕੋਲ ਬਹੁਤ ਥੋੜ੍ਹਾ ਸਮਾਂ ਰਹਿੰਦੇ ਹਨ ਜਾਂ ਇੰਜ ਕਹੀਏ ਕਿ ਸਿਰਫ਼ ਰਾਤ ਨੂੰ ਕੋਲ ਸੌਂਦੇ ਹਨ। ਦੂਜੇ ਪਾਸੇ ਸਧਾਰਨ ਮਾਪਿਆਂ ਦਾ ਰੋਜ਼ੀ ਰੋਟੀ ਦਾ ਚੱਕਰ ਐਨਾ ਪੇਚੀਦਾ ਹੈ ਕਿ ਉਨ੍ਹਾਂ ਨੂੰ ਸਿੱਖਿਆ ਬਾਰੇ ਸੁਪਨਾ ਭੁੱਲ ਕੇ ਵੀ ਨਹੀਂ ਆਉਂਦਾ। ਅਜਿਹੇ ਹਲਾਤਾਂ ਵਿਚ ਤੁਸੀਂ ਖ਼ੁਦ ਅੰਦਾਜ਼ਾ ਲਾ ਸਕਦੇ ਹੋ ਕਿ ਸਾਡੀ ਨਵੀਂ ਪਨੀਰੀ ਕਿਹੋ-ਜਿਹੀ ਬਣੇਗੀ?*

## ਜੁਆਨੀ ਦੀ ਦਹਿਲੀਜ਼ 'ਤੇ ਖੜ੍ਹੇ ਬੱਚੇ

ਅੱਜ ਹਰ ਮਾਪੇ ਲਈ ਇਹ ਚਣੌਤੀ ਬਣ ਗਈ ਹੈ ਕਿ ਉਹ ਆਪਣੇ ਬੱਚਿਆਂ ਵਾਸਤੇ ਸਮਾਂ ਕਿਵੇਂ ਕੱਢੇ? ਇਸ ਮੁਸ਼ਕਿਲ ਦੇ ਰੂਬਰੂ ਹੁੰਦਿਆਂ ਅਸੀਂ ਸਫ਼ਲ ਮਾਪੇ ਬਣ ਸਕਦੇ ਹਾਂ। ਜਦੋਂ ਅਸੀਂ ਉਨ੍ਹਾਂ ਦੇ ਪਾਲਣ-ਪੋਸ਼ਣ ਵਿਚ ਸਫ਼ਲ ਹੋ ਜਾਂਦੇ ਹਾਂ ਫਿਰ ਜੁਆਨੀ ਦੀ ਦਹਿਲੀਜ਼ 'ਤੇ ਖੜ੍ਹਾ ਬੱਚਾ ਜਦੋਂ ਸਹੀ ਦਿਸ਼ਾ ਵੱਲ ਤੁਰ ਪਿਆ ਤਾਂ ਹੀ ਮਾਪੇ ਤੇ ਅਧਿਆਪਕ ਦੇ ਯਤਨਾਂ ਨੂੰ ਸਫ਼ਲ ਹੋਏ ਮੰਨਿਆ ਜਾ ਸਕਦਾ ਹੈ। ਇਕ ਅਹਿਮ ਸਵਾਲ ਇਹ ਹੈ, ਕੀ ਮਾਪਿਆਂ ਦੁਆਰਾ ਬੱਚੇ ਦੀ ਹਰ ਮੰਗ ਪੂਰੀ ਕਰਨੀ ਜ਼ਰੂਰੀ ਹੈ? ਹਾਂ ਜਾਇਜ਼ ਮੰਗ ਜ਼ਰੂਰੀ ਹੈ। ਲੋੜੋਂ ਵੱਧ ਦਿੱਤੀ ਖੁੱਲ੍ਹ ਕਿਸੇ ਦੇ ਵੀ ਭਲੇ ਵਿਚ ਨਹੀਂ ਹੁੰਦੀ। ਜਿਹੜੇ ਮਾਪਿਆਂ ਦੇ ਬੱਚੇ ਸੜਕਾਂ 'ਤੇ ਪਟਾਕੇ ਵਜਾਉਂਦੇ ਫਿਰਦੇ ਹਨ ਉਸ ਲਈ ਕਿਸ ਨੂੰ ਦੋਸ਼ ਦੇਈਏ? ਅੱਜ ਲੋੜ ਬਣ ਗਈ ਹੈ ਬੱਚਿਆਂ ਨੂੰ ਨੈਤਿਕਤਾ ਦਾ ਪਾਠ ਘਰ ਅਤੇ ਸਕੂਲ ਵਿਚ ਨਿਰੰਤਰ ਪੜ੍ਹਾਇਆ ਜਾਵੇ। ਲੋੜੋਂ ਵੱਧ ਦਿੱਤੀਆਂ ਖੁੱਲ੍ਹਾਂ ਨਵੀਂ ਪਨੀਰੀ ਨੂੰ ਨਿਘਾਰ ਵੱਲ ਲਿਜਾ ਰਹੀਆਂ ਹਨ।

## ਨਵੀਂ ਪੀੜ੍ਹੀ ਦੀ ਸੋਚ

ਸਮਾਜ ਨੂੰ ਨਰੋਆ ਕਰਨ ਲਈ ਨਵੀਂ ਪੀੜ੍ਹੀ ਦੀ ਸੋਚ ਦਾ ਨਿੱਗਰ ਹੋਣਾ ਬਹੁਤ ਜ਼ਰੂਰੀ ਹੈ। ਮੁੰਡੇ ਕੁੜੀ ਦੇ ਫ਼ਰਕ ਕਾਰਨ ਹੀ ਧੀਆਂ ਭੈਣਾਂ ਦੀਆਂ ਇੱਜ਼ਤਾਂ ਨਾਲ ਖਿਲਵਾੜ ਹੋ ਰਿਹਾ ਹੈ। ਜਿਸ ਮਾਂ ਨੇ ਆਪਣੇ ਪੁੱਤਰ ਨੂੰ ਭੈਣ ਦਾ ਆਦਰ ਸਿਖਾਇਆ ਹੁੰਦਾ ਹੈ ਉਹ ਕਦੀ ਵੀ ਅਜਿਹੀ ਹਰਕਤ ਨਹੀਂ ਕਰਦਾ ਜਿਸ ਨਾਲ ਮਾਪਿਆਂ ਤੇ ਸਮਾਜ ਨੂੰ ਸ਼ਰਮਸਾਰ ਹੋਣਾ ਪਵੇ। ਮਾਪਿਆਂ ਦਾ ਬੱਚਿਆਂ ਸਿਰੋਂ ਡਰ ਅਤੇ ਅਧਿਆਪਕਾਂ ਦਾ ਆਦਰ ਖ਼ਤਮ ਹੋਣ ਕਾਰਨ ਸਮਾਜ ਆਏ ਦਿਨ ਨਿਘਾਰ ਵੱਲ ਵੱਧ ਰਿਹਾ ਹੈ।

## ਚੰਗੇ ਵਿਅਕਤੀਆਂ ਨਾਲ ਸੰਵਾਦ

ਬੱਚਿਆਂ ਦੀ ਮਾਪਿਆਂ ਅਤੇ ਚੰਗੇ ਵਿਅਕਤੀਆਂ ਨਾਲ ਸੰਵਾਦ ਰਚਾਉਣ ਦੀ ਵਿਸ਼ੇਸ਼ ਲੋੜ ਹੈ। ਆਪਸੀ ਸਾਂਝ, ਪਿਆਰ, ਸਤਿਕਾਰ ਵਰਗੇ ਨੈਤਿਕ ਮੁੱਲਾਂ ਨਾਲ ਹੀ ਆਪਣੇ ਲਾਡਲੇ ਤੇ ਲਾਡਲੀਆਂ ਦੇ ਜੀਵਨ ਨੂੰ ਸੁਚੱਜਾ ਬਣਾ ਸਕਦੇ ਹਾਂ। ਚੰਗੇ ਸਮਾਜ ਲਈ ਨੈਤਿਕਤਾ ਭਰਪੂਰ ਨਵੀਂ ਪੀੜ੍ਹੀ ਦਾ ਹੋਣਾ ਲਾਜ਼ਮੀ ਹੈ।

98150-18947



# ਕੰਨ ਦਰਦ ਨੂੰ ਦੂਰ ਕਰਨ ਇਹ ਨੁਸਖ਼ੇ

ਸਰੀਰ ਦੇ ਬਾਕੀ ਹਿੱਸਿਆਂ ਦੀ ਤਰ੍ਹਾਂ ਕੰਨਾਂ ਦੀ ਦੇਖਭਾਲ ਕਰਨੀ ਵੀ ਬਹੁਤ ਜ਼ਰੂਰੀ ਹੈ। ਕਈ ਵਾਰ ਕੰਨਾਂ 'ਚ ਪਾਣੀ ਪੈ ਜਾਣਾ, ਕੰਨ 'ਚ ਚਾਬੀ ਫੇਰਨਾ, ਗੰਦਗੀ ਦਾ ਜੰਮ ਜਾਣਾ, ਖ਼ੁਸ਼ਕੀ, ਜ਼ਖ਼ਮ ਹੋ ਜਾਣੇ ਆਦਿ ਕਈ ਕਾਰਨਾਂ ਕਰਕੇ ਕੰਨ 'ਚ ਦਰਦ ਹੋਣੀ ਸ਼ੁਰੂ ਹੋ ਜਾਂਦੀ ਹੈ। ਇਸ ਦੇ ਨਾਲ ਸਾਡੀ ਲਾਪ੍ਰਵਾਹੀ ਵੀ ਹੋ ਸਕਦੀ ਹੈ।



### ਪਿਆਜ਼ ਦਾ ਰਸ

ਕੰਨਾਂ ਦੇ ਦਰਦ ਲਈ ਪਿਆਜ਼ ਵੀ ਬਹੁਤ ਕਾਰਗਰ ਹੈ। ਪਿਆਜ਼ ਨੂੰ ਪੀਸ ਕੇ ਇਸ ਦਾ ਰਸ ਕੱਢ ਲਓ ਤੇ ਹਲਕਾ ਜਿਹਾ ਕਰਕੇ 1-2 ਬੂੰਦਾਂ ਕੰਨ 'ਚ ਪਾਓ। ਇਸ ਨਾਲ ਕਾਫ਼ੀ ਆਰਾਮ ਮਿਲੇਗਾ।

### ਬਾਦਾਮ ਦਾ ਤੇਲ

ਕਈ ਵਾਰ ਕੰਨਾਂ 'ਚ ਸਾਂ-ਸਾਂ ਦੀ ਆਵਾਜ਼ ਆਉਂਦੀ ਰਹਿੰਦੀ ਹੈ, ਜਿਸ ਕਰਕੇ ਸੁਣਨ 'ਚ ਕਾਫ਼ੀ ਪਰੇਸ਼ਾਨੀ ਦਾ ਸਾਹਮਣਾ ਕਰਨਾ ਪੈਂਦਾ ਹੈ। ਬਾਦਾਮ ਦਾ ਤੇਲ ਇਸ 'ਚ ਬਹੁਤ ਹੀ ਵਧੀਆ ਹੈ। ਬਾਦਾਮ ਦੇ ਤੇਲ ਦੀਆਂ ਕੁੱਝ ਕ ਬੂੰਦਾਂ ਕੰਨਾਂ 'ਚ ਪਾ ਲਓ।

### ਤੁਲਸੀ ਦਾ ਰਸ


ਕੰਨਾਂ 'ਚ ਦਰਦ ਹੋਣ 'ਤੇ ਤੁਲਸੀ ਦੇ ਪੱਤਿਆਂ ਦਾ ਰਸ ਕੱਢ ਕੇ ਹਲਕਾ ਜਿਹਾ ਗਰਮ ਕਰਕੇ ਕੰਨ 'ਚ ਪਾ ਲਓ। ਇਸ ਨਾਲ ਦਰਦ ਤੋਂ ਛੁਟਕਾਰਾ ਪਾਇਆ ਜਾ ਸਕਦਾ ਹੈ।

### ਨਮਕ

ਨਮਕ ਦਰਦ ਨੂੰ ਘੱਟ ਕਰਨ ਦਾ ਕੰਮ ਕਰਦਾ ਹੈ। ਨਮਕ ਨੂੰ ਵਧੀਆ ਤਰੀਕੇ ਨਾਲ ਗਰਮ ਕਰਕੇ ਇਕ ਕੱਪੜੇ 'ਚ ਬੰਨ ਲਓ ਤੇ ਫਿਰ ਕੰਨ ਦੇ ਕੋਲ ਹਲਕਾ-ਹਲਕਾ ਲਗਾਓ। ਇਸ ਨਾਲ ਦਰਦ ਤੋਂ ਆਰਾਮ ਮਿਲੇਗਾ।

### ਸਰ੍ਹੋਂ ਦਾ ਤੇਲ

*ਕੰਨ ਦਰਦ ਹੋਣ 'ਤੇ ਸਰ੍ਹੋਂ ਦੇ ਤੇਲ ਨੂੰ ਗਰਮ ਕਰਕੇ ਕੰਨ 'ਚ ਪਾਓ। ਇਸ ਦਾ ਇਸਤੇਮਾਲ ਕਾਫ਼ੀ ਹੱਦ ਤਕ ਰਾਹਤ ਦੇਵੇਗਾ।*



ਡਾ. ਐੱਚ ਐੱਸ ਡਾਰਲਿੰਗ
88263-88099

**ਇਸ ਦੇ ਪ੍ਰਮੁੱਖ ਲੱਛਣ ਬੁਖ਼ਾਰ, ਸੁਸਤੀ, ਚਮੜੀ 'ਤੇ ਦਾਣੇ ਜਾਂ ਲਾਲੀ, ਅੱਖਾਂ ਦਾ ਲਾਲਪਨ, ਜ਼ੁਕਾਮ, ਖਾਂਸੀ ਅਤੇ ਗਲ਼ਾ ਪੱਕਣਾ ਹਨ। ਫੈਲਣ ਵਾਲੀ ਇਸ ਬਿਮਾਰੀ ਦੇ ਵਿਸ਼ਾਣੂ ਰੋਗੀ ਦੇ ਸਾਹ ਵਿਚੋਂ ਨਿਕਲ ਕੇ 2 ਘੰਟੇ ਤਕ ਹਵਾ ਵਿਚ ਜੀਵਤ ਰਹਿੰਦੇ ਹਨ...**

# ਖਸਰੇ ਅਤੇ ਰੁਬੈਲਾ ਦੇ ਖ਼ਾਤਮੇ ਲਈ ਟੀਕਾਕਰਨ



ਸਾਲਾਨਾ 160 ਲੱਖ ਮੌਤਾਂ ਰੋਕੀਆਂ ਜਾ ਸਕਦੀਆਂ ਹਨ ਜੇ ਉਪਲਬਧ ਟੀਕਾਕਰਨ ਦਾ ਮੁਕੰਮਲ ਉਪਯੋਗ ਹੋਣ ਲੱਗ ਜਾਵੇ।

27 ਲੱਖ ਬੱਚੇ ਖਸਰੇ ਦਾ ਸ਼ਿਕਾਰ ਹੁੰਦੇ ਹਨ, ਜਿਨ੍ਹਾਂ ਵਿਚੋਂ 49,000 ਦੀ ਮੌਤ ਹੋ ਜਾਂਦੀ ਹੈ।

ਸ਼ੋਸ਼ਲ ਮੀਡੀਆ ਇਕ ਅਤਿਅੰਤ ਤੇਜ਼ ਅਤੇ ਕਾਰਗਰ ਸੂਚਨਾ ਦਾ ਜ਼ਰੀਆ ਹੈ। ਸਸਤੇ, ਸੁਖਾਲੇ ਅਤੇ ਆਸਾਨੀ ਨਾਲ ਉਪਲਬਧ ਸੰਪਰਕ ਦੇ ਸਾਧਨ ਜਿੱਥੇ ਜ਼ਿੰਦਗੀ ਨੂੰ ਸੁੱਖ, ਸੁਵਿਧਾ ਅਤੇ ਸਕੂਨ ਪ੍ਰਦਾਨ ਕਰਦੇ ਹਨ, ਉੱਥੇ ਹੀ ਸਾਡੀਆਂ ਇਕ ਦੂਸਰੇ ਅਤੇ ਸਮਾਜ ਪ੍ਰਤੀ ਜ਼ੁੰਮੇਵਾਰੀਆਂ ਦਾ ਅਹਿਸਾਸ ਵੀ ਦੁਲਾਉਂਦੇ ਹਨ। ਅਜਿਹਾ ਇਕ ਗ਼ੈਰ-ਜ਼ਿੰਮੇਵਾਰਾਨਾ ਪਹਿਲੂ ਅੱਜ ਪੰਜਾਬ ਵਿਚ ਦੇਖਣ ਨੂੰ ਮਿਲ ਰਿਹਾ ਹੈ, ਜਿੱਥੇ ਸਮਾਜਿਕ ਜ਼ਿੰਮੇਵਾਰੀਆਂ ਅਤੇ ਮਾਨਵੀ ਕਦਰਾਂ ਕੀਮਤਾਂ ਨੂੰ ਛਿੱਕੇ ਟੰਗ ਕੇ ਕੁਝ ਸ਼ਰਾਰਤੀ ਜਾਂ ਅਗਿਆਨਤਾ ਵਿਚ ਗ੍ਰਸਤ ਅਨਸਰ 'ਖਸਰੇ ਅਤੇ ਰੁਬੈਲਾ ਵੈਕਸਿਨ (ਐਮ ਆਰ ਵੈਕਸਿਨ) ਬਾਰੇ ਦੁਰਪ੍ਰਚਾਰ ਕਰਕੇ ਲੋਕਾਂ ਨੂੰ ਗੁਮਰਾਹ ਕਰ ਰਹੇ ਹਨ। ਆਓ! ਇਸ ਬਾਰੇ ਕੁਝ ਜ਼ਰੂਰੀ ਪਹਿਲੂਆਂ ਉਪਰ ਝਾਤ ਮਾਰੀਏ। ਖਸਰਾ ਇਕ ਵਿਸ਼ਾਣੂ ਸੰਕ੍ਰਮਿਤ ਲਾਗ ਦੀ ਬਿਮਾਰੀ ਹੈ ਜੋ ਕਿ ਇਨਸਾਨੀ ਸੰਪਰਕ ਜਾਂ ਹਵਾ ਦੁਆਰਾ ਫੈਲਦੀ ਹੈ। ਇਸ ਦੇ ਪ੍ਰਮੁੱਖ ਲੱਛਣ ਬੁਖ਼ਾਰ, ਸੁਸਤੀ, ਚਮੜੀ ਤੇ ਦਾਣੇ ਜਾਂ ਲਾਲੀ, ਅੱਖਾਂ ਦਾ ਲਾਲਪਨ, ਜ਼ੁਕਾਮ, ਖਾਂਸੀ ਅਤੇ ਗਲ਼ਾ ਪੱਕਣਾ ਹਨ। ਰੋਗੀ ਤੋਂ ਅਰੋਗੀ ਤਕ ਫੈਲਣ ਵਾਲੀ ਇਹ ਬਿਮਾਰੀ ਦੇ ਵਿਸ਼ਾਣੂ ਰੋਗੀ ਦੇ ਸਾਹ ਵਿਚੋਂ ਨਿਕਲ ਕੇ 2 ਘੰਟੇ ਤਕ ਹਵਾ ਵਿਚ ਜੀਵਿਤ ਰਹਿੰਦੇ ਹਨ। ਇਸ ਕਰਕੇ ਕੋਈ ਕਿੰਨੀ ਵੀ ਸਫ਼ਾਈ ਰੱਖ ਲਏ ਆਪਣੇ ਆਪ ਨੂੰ ਬਚਾਉਣਾ ਅਸੰਭਵ ਹੈ।

ਟੀਕਾਕਰਨ ਇਕੋ ਇਕ ਤਰੀਕਾ ਹੈ ਇਸ ਤੋਂ ਨਿਜਾਤ ਪਾਉਣ ਦਾ, ਇਸ ਬਿਮਾਰੀ ਦੀ ਇਹ ਖਾਸੀਅਤ ਹੈ ਕਿ ਇਸ ਦੀ ਹੋਂਦ ਸਿਰਫ਼ ਮਨੁੱਖਾਂ ਤਕ ਸੀਮਿਤ ਹੈ ਲਿਹਾਜ਼ਾ ਜੇ ਅਸੀਂ ਇਸ ਨੂੰ ਟੀਕਾਕਰਨ ਰਾਹੀ ਠੱਲ੍ਹ ਸਕੀਏ ਤਾਂ ਇਸ ਨੂੰ ਦੁਨੀਆ ਵਿਚੋਂ ਗ਼ਾਇਬ ਕਰ ਸਕਦੇ ਹਾਂ ਜਿਵੇਂ ਕਿ ਅਸੀਂ ਛੋਟੀ ਮਾਤਾ (ਸਮਾਲ ਪੌਕਸ) ਨੂੰ ਕੀਤਾ ਹੈ ਪਰ ਇਸ ਕਾਰਜ ਨੂੰ ਨੇਪਰੇ ਚਾੜ੍ਹਨ ਲਈ ਦੁਨੀਆ ਦੇ ਹਰ ਇਨਸਾਨ ਦਾ ਸਹਿਯੋਗ ਜ਼ਰੂਰੀ ਹੈ। ਇਹ ਬਹੁਤ ਤੇਜ਼ੀ ਨਾਲ ਫੈਲਣ ਵਾਲੀ ਲਾਗ ਦੀ ਬਿਮਾਰੀ ਹੈ। ਅਮਰੀਕਾ ਵਿਚ 1967 ਵਿਚ ਇਸ ਦੇ ਟੀਕਾਕਰਨ ਦੀ ਸ਼ੁਰੂਆਤ ਤੋਂ ਬਾਅਦ ਇਸ ਨੂੰ ਕਾਬੂ ਕਰ ਲਿਆ ਗਿਆ ਹੈ। ਜੋ ਇੱਕਾ-ਦੁੱਕਾ ਕੇਸ ਉੱਥੇ ਹੁੰਦੇ ਹਨ ਉਹ ਅਵਿਕਸਿਤ ਦੇਸ਼ਾਂ ਵਿਚੋਂ ਹੀ ਜਾਂਦੇ ਹਨ। ਰੁਬੈਲਾ (ਜਰਮਨੀ ਖ਼ਸਰਾ) ਇਕ ਵਿਸ਼ਾਣੂ-ਸੰਕ੍ਰਮਿਤ ਲਾਗ ਦੀ ਬਿਮਾਰੀ ਹੈ ਜਿਸ ਵਿਚ ਬੁਖ਼ਾਰ, ਚਮੜੀ ਉੱਤੇ ਦਾਣੇ ਅਤੇ ਸਰੀਰ ਉੱਤੇ ਗੰਢਾਂ ਹੋ ਜਾਂਦੀਆਂ ਹਨ। ਇਹ ਇਕ ਇਨਸਾਨ ਤੋਂ ਦੂਸਰੇ ਨੂੰ ਸਾਹ ਵਾਲੀ ਹਵਾ ਦੁਆਰਾ ਹੁੰਦਾ ਹੈ। ਰੁਬੈਲਾ ਦੇ ਟੀਕਾਕਰਨ ਤੋਂ ਪਹਿਲਾਂ ਇਹ ਬਿਮਾਰੀ ਹਰ 3-6 ਸਾਲਾਂ ਬਾਅਦ ਮਹਾਂਮਾਰੀ ਦੇ ਰੂਪ ਵਿਚ ਆਉਂਦੀ ਸੀ ਜੋ ਕਿ ਸਭ ਤੋਂ ਜ਼ਿਆਦਾ ਸਕੂਲੀ ਬੱਚਿਆਂ 'ਤੇ ਹਮਲਾ ਕਰਦੀ ਸੀ। ਟੀਕਾਕਰਨ ਦੀ ਪਰੰਪਰਾ ਤੋਂ ਬਾਅਦ ਇਸ ਬਿਮਾਰੀ ਦੇ ਪ੍ਰਕੋਪ ਵਿਚ ਭਾਰੀ ਘਾਟ ਆਈ ਅਤੇ 2015 ਵਿਚ ਇਹ ਬਿਮਾਰੀ ਅਮਰੀਕਾ ਵਿਚੋਂ ਮੂਲੋਂ ਖ਼ਤਮ ਹੋ ਚੁੱਕੀ ਹੈ। ਮੁੱਖ ਰੂਪ ਵਿਚ ਗਰਭ ਧਾਰਨ ਦੌਰਾਨ ਇਹ ਬਿਮਾਰੀ ਭਰੂਣ ਦੀ ਮੌਤ, ਸਮੇਂ ਤੋਂ ਪਹਿਲਾ ਪ੍ਰਸਵ ਅਤੇ ਅਨੇਕਾਂ ਪੈਦਾਇਸ਼ੀ ਅਸਾਮਾਨਤਾਵਾਂ ਦਾ ਕਾਰਨ ਬਣਦੀ ਹੈ। ਸੁਣਨ ਸ਼ਕਤੀ ਦੀ ਘਾਟ, ਸੁਸਤ ਸਰੀਰਕ ਵਿਕਾਸ, ਦਿਲ ਅਤੇ ਅੱਖਾਂ ਦੇ ਦੋਸ਼ ਇਸ ਦੇ ਪ੍ਰਮੁੱਖ ਉਦਾਹਰਨ ਹਨ। ਰੁਬੈਲਾ ਵੈਕਸਿਨ ਦੇ ਇਕ ਟੀਕੇ ਨਾਲ ਰੁਬੈਲਾ ਹੋਣ ਦੀ ਸੰਭਾਵਨਾ ਘੱਟ ਜਾਂਦੀ ਹੈ ਪ੍ਰੰਤੂ ਇਸ ਦੇ ਨਤੀਜੇ ਸਾਨੂੰ ਅਗਲੀ ਪੀੜ੍ਹੀ ਵਿਚ ਹੀ ਦੇਖਣ ਨੂੰ ਮਿਲਣਗੇ ਕਿਉਂਕਿ ਟੀਕਾਕ੍ਰਿਤ ਮਾਵਾਂ ਤੋਂ ਰੁਬੈਲਾ ਰਹਿਤ ਬੱਚੇ ਪੈਦਾ ਹੋਣਗੇ। ਟੀਕਾਕਰਨ ਅੱਜ ਦੀ ਨਹੀਂ ਬਲਕਿ 1000 ਸਾਲਾਂ ਤੋਂ ਵੀ ਪੁਰਾਣੀ ਤਕਨੀਕ ਹੈ। ਸਮਾਜ ਪ੍ਰਤੀ ਸਤਿਕਾਰ ਅਤੇ ਡੂੰਘਾ ਸਰੋਕਾਰ ਰੱਖਣ ਵਾਲੇ ਆਪਣੀ ਜਾਨ 'ਤੇ ਖੇਡ ਕੇ ਮੈਡੀਕਲ ਤਕਨੀਕੀ ਖੇਤਰ ਵਿਚ ਮੱਲਾਂ ਮਾਰਦੇ ਹੋਏ ਦੁਨੀਆ ਨੂੰ ਸੁਗਾਤਾਂ ਵੰਡਦੇ ਰਹੇ ਹਨ। ਚੀਨੀਆਂ ਨੇ 1000 ਈਸਵੀ ਵਿਚ ਹੀ ਛੋਟੀ ਮਾਤਾ (ਸਮਾਲ ਪੌਕਸ) ਦੀ ਮੁੱਢਲੀ ਵੈਕਸਿਨ ਅਜ਼ਮਾ ਅਤੇ ਅਪਣਾ ਲਈ ਸੀ।

ਉਸ ਤੋਂ ਬਾਅਦ ਇਹ ਤਕਨੀਕ ਅਫ਼ਰੀਕਾ ਅਤੇ ਟਰਕੀ ਹੁੰਦੀ ਹੋਈ ਅਮਰੀਕਾ ਅਤੇ ਯੂਰੋਪ ਵਿਚ ਪਹੁੰਚ ਗਈ। 1796 ਵਿਚ ਐਡਵਰਡ ਜੈਨਰ ਨੇ ਸਮਾਲ-ਪੌਕਸ ਦੀ ਆਧੁਨਿਕ ਵੈਕਸਿਨ ਤਿਆਰ ਕਰਕੇ ਟੀਕਾਕਰਨ ਦੇ ਪਿਤਾਮਾ ਵਜੋਂ ਨਾਮਣਾ ਖੱਟਿਆ। ਇਸ ਵਿਚ ਅਗਲੇ 200 ਸਾਲਾਂ ਵਿਚ ਹੋਰ ਸੁਧਾਰ ਕਰਦੇ ਹੋਏ ਪੂਰੀ ਦੁਨੀਆ ਵਿਚ ਇਸ ਦਾ ਉਪਯੋਗ ਹੋਇਆ ਅਤੇ ਅੱਜ ਇਹ ਬਿਮਾਰੀ ਸਿਰਫ਼ ਕਿਤਾਬਾਂ ਵਿਚ ਹੀ ਪੜ੍ਹਨ ਨੂੰ ਮਿਲਦੀ ਹੈ। ਭਲਾ ਹੋਵੇ ਉਨ੍ਹਾਂ ਵਿਗਿਆਨੀਆਂ ਦਾ ਜਿਨ੍ਹਾਂ ਸਦਕਾ ਅੱਜ ਸਾਡੇ ਵੱਸ 11 ਮਹਾਂਮਾਰੀਆਂ ਨਾਲ ਲੜਨ ਲਈ ਵੈਕਸਿਨ ਉਪਲਬਧ ਹਨ ਜੋ ਬੱਚਿਆਂ ਦੇ ਟੀਕਾਕਰਨ ਵਿਚ ਜੁੜ ਚੁੱਕੀਆਂ ਹਨ ਜਾਂ ਜੋੜੀਆਂ ਜਾ ਰਹੀਆਂ ਹਨ। ਇਸ ਤੋਂ ਇਲਾਵਾ 12 ਹੋਰ ਬਿਮਾਰੀਆਂ ਦੀਆਂ ਵੈਕਸਿਨ ਉਪਲਬਧ ਹਨ ਜਿਨ੍ਹਾਂ ਦਾ ਸਾਹਮਣਾ ਗਾਹੇ-ਬਗਾਹੇ ਸਾਡੀ ਜ਼ਿੰਦਗੀ ਵਿਚ ਹੁੰਦਾ ਰਹਿੰਦਾ ਹੈ ਜਿਵੇਂ ਕਿ ਰੇਬੀਜ਼, ਚੇਚਕ ਅਤੇ ਮਿਆਦੀ ਬੁਖ਼ਾਰ ਆਦਿ। ਇਥੇ ਹੀ ਬਸ ਨਹੀਂ ਬਲਕਿ ਹੋਰ ਨਵੀਆਂ ਮਹਾਂਮਾਰੀਆਂ, ਜਿਵੇਂ ਕਿ ਐਚ1ਐਨ1, ਜ਼ੀਕਾ ਵਿਸ਼ਾਣੂ ਆਦਿ, ਦੁਨੀਆ ਭਰ ਵਿਚ ਸਮੇਂ-ਸਮੇਂ 'ਤੇ ਪਣਪਦੀਆਂ ਰਹਿੰਦੀਆਂ ਹਨ ਜਿਨ੍ਹਾਂ ਨਾਲ ਨਜਿੱਠਣ ਲਈ ਵਿਗਿਆਨੀ ਹੋਰ ਨਵੀਆਂ ਵੈਕਸਿਨ ਖੋਜਦੇ ਰਹਿੰਦੇ ਹਨ ਤਾਂ ਜੋ ਮਨੁੱਖੀ ਜ਼ਿੰਦਗੀ ਦੀ ਸੁੰਦਰ ਰਫ਼ਤਾਰ ਨੂੰ ਸੁਚਾਰੂ ਢੰਗ ਨਾਲ ਕਾਇਮ ਰੱਖਿਆ ਜਾ ਸਕੇ। ਹੁਣ ਗੱਲ ਕਰੀਏ ਮੈਡੀਕਲ ਗਤੀਵਿਧੀਆਂ ਨਾਲ ਦੁਨੀਆ ਭਰ ਵਿਚੋਂ ਨਾਸ਼ਵਾਨ ਬਿਮਾਰੀਆਂ ਦੀ ਜਿਨ੍ਹਾਂ ਵਿਚੋਂ ਨਿਰਸੰਦੇਹ, ਟੀਕਾਕਰਨ ਪ੍ਰਮੁੱਖ ਗਤੀਵਿਧੀ ਹੈ। 'ਯੂਨੀਸੈਫ਼ ਦੇ ਮੁਤਾਬਿਕ ਟੀਕਾਕਰਨ ਰਾਹੀ ਰੋਕਥਾਮਯੋਗ ਬਿਮਾਰੀਆਂ ਨਾਲ ਹੋਣ ਵਾਲੀਆਂ ਸਾਲਾਨਾ 160 ਲੱਖ ਮੌਤਾਂ ਰੋਕੀਆਂ ਜਾ ਸਕਦੀਆਂ ਹਨ ਜੇ ਉਪਲਬਧ ਟੀਕਾਕਰਨ ਦਾ ਮੁਕੰਮਲ ਉਪਯੋਗ ਹੋਣ ਲੱਗ ਜਾਵੇ। ਇਨ੍ਹਾਂ ਵਿਚੋਂ 50 ਲੱਖ ਸਲਾਨਾ ਮੌਤਾਂ ਪਹਿਲਾਂ ਹੀ ਰੋਕੀਆਂ ਜਾ ਰਹੀਆਂ ਹਨ ਕਿਉਂਕਿ ਅਸੀਂ ਸਮਾਲਪੌਕਸ ਭਾਵ ਛੋਟੀ ਮਾਤਾ ਨੂੰ ਖ਼ਤਮ ਕਰ ਲਿਆ ਹੈ।

ਅਗਲਾ ਸਥਾਨ ਪੋਲੀਓ ਦਾ ਹੈ। ਦੁਨੀਆ ਭਰ ਵਿਚੋਂ ਬਿਮਾਰੀ ਦੇ ਅੰਸ਼ ਦਾ ਨਾਮੋ-ਨਿਸ਼ਾਨ ਮਿਟਾ ਦੇਣਾ 'ਬਿਮਾਰੀ ਦਾ ਨਾਸ਼ਕਰਣ (ਡਿਜੀਜ਼ ਇਰੈਡੀਕੇਸ਼ਨ) ਅਖਵਾਉਂਦਾ ਹੈ, ਜਦੋਂ ਕਿ ਬਿਮਾਰੀ ਨੂੰ ਦੁਰਲੱਭ ਬਣਾ ਦੇਣਾ ਜਾਂ ਕਿਸੇ ਖਿੱਤੇ ਵਿਚੋਂ ਸੰਪੂਰਨ ਰੂਪ ਵਿਚ ਖ਼ਤਮ ਕਰ ਦੇਣਾ 'ਬਿਮਾਰੀ ਦਾ ਖ਼ਾਤਮਾ' (ਡਿਜੀਜ਼ ਇਲਿਮੀਨੇਸ਼ਨ) ਅਖਵਾਉਂਦਾ ਹੈ। ਮਹਾਨ ਵਿਗਿਆਨੀਆਂ ਦੀ ਯੁੱਗ-ਪਲਟਾਊ ਸੋਚ ਅਤੇ ਸੰਸਾਰ ਸਿਹਤ ਸੰਸਥਾ (ਡਬਲਯੂ ਐਚ ਓ) ਦੇ ਅਣਥੱਕ ਉਪਰਾਲਿਆਂ ਸਦਕਾ ਸਮਾਲ-ਪੌਕਸ ਦਾ ਨਾਸ਼ਕਰਣ 1980 ਵਿਚ ਹੋ ਚੁੱਕਿਆ ਹੈ। ਛੇ ਹੋਰ ਬਿਮਾਰੀਆਂ ਜੋ ਕਿ ਨਾਸ਼ਕਰਣ ਦੀ ਕਗਾਰ ਤੇ ਹਨ ਹਾਥੀਪਣ (ਫ਼ਾਈਲੇਰੀਆਸਿਸ), ਪੋਲੀਓ, ਗਲੇਡੂ, ਖਸਰਾ, ਰੁਬੈਲਾ ਅਤੇ ਫ਼ੀਤਾਕਿਰਮ ਹਨ। ਪ੍ਰੰਤੂ ਇਹ ਨਾਸ਼ਕਰਣ ਤਦੇ ਸੰਭਵ ਹੈ ਜੇ ਪੂਰਾ ਸੰਸਾਰ ਸੋਚ ਅਤੇ ਕਦਮ ਮਿਲਾ ਕੇ ਚੱਲੇ, ਵਰਨਾ ਅਮਰੀਕਾ ਵਾਲੇ ਤਾਂ ਪੋਲੀਓ ਦਾ ਖਾਤਮਾ 1979 ਵਿਚ ਹੀ ਕਰ ਚੁੱਕੇ ਸਨ। ਹਾਲਾਂਕਿ 2014 ਵਿਚ ਅਸੀਂ ਵੀ ਇਹ ਮੱਲ ਮਾਰ ਚੁੱਕੇ ਹਾਂ। ਸਮੂਹਿਕ ਮੁਹਿੰਮ ਦੀ ਲੋੜ ਇਹ ਸਮਝਣਾ ਜ਼ਰੂਰੀ ਹੈ ਕਿ ਸਾਰਿਆਂ ਨੂੰ ਮਿਲਕੇ ਚੱਲਣ ਦੀ ਜ਼ਰੂਰਤ ਕਿਉਂ ਹੈ ਜਾਂ ਫਿਰ ਇਹ ਕਹਿ ਲਉ ਕਿ ਜੇ ਕੋਈ ਨਹੀਂ ਟੀਕਾਕਰਨ ਕਰਾਉਣਾ ਚਾਹੁੰਦਾ ਤਾਂ ਕੀ ਹਰਜ ਹੈ। ਹਰ ਲਾਗ ਦੀ ਬਿਮਾਰੀ ਨਾਸ਼ਕਰਣ ਯੋਗ ਨਹੀਂ ਹੈ। ਨਾਸ਼ਕਰਣ ਯੋਗ ਬਿਮਾਰੀਆਂ ਲਈ ਇਹ ਸਿਧਾਂਤ ਹੈ ਕਿ ਇਹ ਸਿਰਫ਼ ਮਨੁੱਖਾਂ ਵਿਚ ਹੋਵੇ, ਤੇਜ਼ੀ ਨਾਲ ਫੈਲਣ ਵਾਲੀ ਹੋਵੇ, ਜਲਦੀ ਪਛਾਣੀ ਜਾ ਸਕੇ, ਬਹੁਗਿਣਤੀ ਵਿਚ ਹੋਵੇ ਅਤੇ ਉਸਦੇ ਫੈਲਣ ਦੇ ਤਰੀਕੇ ਸੀਮਿਤ ਅਤੇ ਕਾਬੂ ਯੋਗ ਹੋਣ। ਸਮਾਲਪੌਕਸ ਅਤੇ ਪੋਲਿਓ ਉੱਤੇ ਇਹ ਲਾਗੂ ਸੀ ਅਤੇ ਇਵੇਂ ਹੀ ਖਸਰਾ ਅਤੇ ਰੁਬੈਲਾ ਉੱਤੇ ਇਹ ਇੰਨ ਬਿੰਨ ਲਾਗੂ ਹੈ। ਖਸਰਾ ਅਤੇ ਰੁਬੈਲਾ ਦੋਨੋਂ ਹੀ ਸਾਹ ਵਾਲੀ ਹਵਾ ਨਾਲ ਸੰਕ੍ਰਮਿਤ ਹੁੰਦੇ ਹਨ, ਲਿਹਾਜ਼ਾ ਜੇ 100,000 ਪਿੱਛੇ ਇਕ ਵਿਅਕਤੀ ਵੀ ਟੀਕਾ ਰਹਿ ਜਾਵੇ ਤਾਂ ਉਹ ਬਿਮਾਰੀ-ਗ੍ਰਸਿਤ ਹੋ ਕੇ ਹਜ਼ਾਰਾਂ ਹੋਰ ਵਿਅਕਤੀਆਂ ਨੂੰ ਸੰਕ੍ਰਮਣ ਕਰ ਸਕਦਾ ਹੈ।

ਦੋ ਟੀਕੇ ਢੁਕਵੇਂ ਵਕਫ਼ੇ 'ਤੇ ਲਗਾਉਣ ਨਾਲ ਲਗਪਗ ਸੌ-ਫ਼ੀਸਦੀ ਰੱਖਿਆ ਯਕੀਨੀ ਬਣਾਈ ਜਾ ਸਕਦੀ ਹੈ। ਹਰ ਸਾਲ ਭਾਰਤ ਵਿਚ 27 ਲੱਖ ਬੱਚੇ ਖਸਰੇ ਦਾ ਸ਼ਿਕਾਰ ਹੁੰਦੇ ਹਨ, ਜਿਨ੍ਹਾਂ ਵਿਚੋਂ 49,000 ਦੀ ਮੌਤ ਹੋ ਜਾਂਦੀ ਹੈ। ਜੋ ਬਚ ਜਾਂਦੇ ਹਨ ਉਹ ਵੀ ਕਾਫ਼ੀ ਦੁੱਖ ਭੋਗਦੇ ਹਨ। ਬਿਮਾਰੀ ਹੋਣ ਤੋਂ ਬਾਅਦ ਇਸਦੀ ਕੋਈ ਦਵਾਈ ਨਹੀਂ ਹੈ ਹਾਲਾਂਕਿ ਜ਼ਿਆਦਾਤਰ ਬੱਚੇ ਆਪਣੇ ਆਪ ਠੀਕ ਹੋ ਜਾਂਦੇ ਹਨ ਪ੍ਰੰਤੂ ਜਟਿਲਤਾਵਾਂ ਦਾ ਡਰ ਬਣਿਆ ਰਹਿੰਦਾ ਹੈ। ਰੁਬੈਲਾ ਬਿਮਾਰੀ ਇਸ ਤੋਂ ਬਿਲਕੁਲ ਵੱਖ ਹੈ। ਇਹ ਸਿਰਫ਼ ਉਦੋਂ ਹੀ ਸਾਹਮਣੇ ਆਉਂਦੀ ਹੈ ਜਦੋਂ ਨਵ-ਜਨਮਿਆ ਬੱਚਾ ਸਰੀਰਿਕ ਵਿਗਾੜ ਲੈ ਕੇ ਪੈਦਾ ਹੁੰਦਾ ਹੈ। ਹਰ ਸਾਲ 40,000 ਬੱਚੇ ਭਾਰਤ ਵਿਚ ਇਨ੍ਹਾਂ ਵਿਗਾੜਾਂ ਨਾਲ ਪੈਦਾ ਹੁੰਦੇ ਹਨ। ਅਜਿਹਾ ਹੋਣ ਤੇ ਇਨਸਾਨ ਦੇ ਹੱਥ ਕੁਝ ਨਹੀਂ ਰਹਿੰਦਾ ਅਤੇ ਬੱਚੇ ਨੂੰ ਅਤੇ ਮਾਪਿਆਂ ਨੂੰ ਜ਼ਿੰਦਗੀ ਭਰ ਇਹ ਸੰਤਾਪ ਭੋਗਣਾ ਪੈਂਦਾ ਹੈ। ਤਰਾਸਦੀ ਇਹ ਵੀ ਹੈ ਕਿ ਬਹੁਤ ਮਾਪਿਆਂ ਨੂੰ ਇਸ ਵਰਤਾਰੇ ਦਾ ਅਹਿਸਾਸ ਵੀ ਨੀ ਹੁੰਦਾ ਅਤੇ ਉਹ ਇਸ ਨੂੰ ਸਿਰਫ਼ ਹੋਣੀ ਦਾ ਕਹਿਰ ਸਮਝ ਕੇ ਭੁਗਤਦੇ ਰਹਿੰਦੇ ਹਨ। ਅਮਰੀਕਾ ਅਤੇ ਹੋਰ ਬਹੁਤ ਸਾਰੇ ਵਿਕਸਿਤ ਮੁਲਕ ਆਪਣੇ ਦੇਸ਼ਾਂ ਵਿਚੋਂ ਪਹਿਲਾਂ ਹੀ ਇਨ੍ਹਾਂ ਦੋਹਾਂ ਬਿਮਾਰੀਆਂ ਦਾ ਖ਼ਾਤਮਾ ਕਰ ਚੁੱਕੇ ਹਨ। ਫਿਰ ਵੀ ਉੱਥੇ ਬੱਚਿਆਂ ਨੂੰ ਇਨ੍ਹਾਂ ਦਾ ਟੀਕਾਕਰਨ ਬਾਦਸਤੂਰ ਕੀਤਾ ਜਾਂਦਾ ਹੈ। ਭਾਰਤ ਵਿਚ ਸਰਕਾਰ ਦੇ ਉਪਰਾਲਿਆਂ ਅਤੇ ਸੰਸਾਰ ਸਿਹਤ ਸੰਸਥਾ ਦੇ ਸਹਿਯੋਗ ਨਾਲ ਫ਼ਰਵਰੀ 2017 ਤੋਂ ਇਸ ਮੁਹਿੰਮ ਦੀ ਸ਼ੁਰੂਆਤ ਸੂਬਾ-ਦਰ-ਸੂਬਾ ਕੀਤੀ ਗਈ ਹੈ। ਟੀਚਾ ਹੈ 9 ਮਹੀਨਿਆਂ ਤੋਂ 15 ਸਾਲ ਤਕ ਦੇ 350 ਲੱਖ ਬੱਚਿਆਂ ਦਾ ਟੀਕਾਕਰਨ ਕਰਨਾ। ਇਹ ਮੁਹਿੰਮ ਚਲਦੇ ਚਲਦੇ ਹੁਣ ਪੰਜਾਬ ਪਹੁੰਚ ਚੁੱਕੀ ਹੈ। ਫ਼ਰੀਦਕੋਟ ਤੋਂ 2 ਮਈ ਨੂੰ ਸ਼ੁਰੂਆਤ ਕਰਕੇ ਸਾਰੇ ਜ਼ਿਲ੍ਹਿਆਂ ਵਿਚ ਇਸ ਦਾ ਅਮਲ ਯਕੀਨੀ ਬਣਾਇਆ ਜਾਏਗਾ। ਸਾਡੇ ਵਿਚੋਂ ਹਰ ਆਮ ਅਤੇ ਖ਼ਾਸ ਦਾ ਫ਼ਰਜ਼ ਹੈ ਕਿ ਅਸੀਂ ਇਨਸਾਨੀਅਤ ਦੀ ਭਲਾਈ ਲਈ ਵਿੱਢੇ ਇਸ ਕਦਮ, ਜੋ ਹਜ਼ਾਰਾਂ ਸਾਲਾਂ ਦੇ ਵਿਗਿਆਨੀਆਂ ਦੇ ਸੰਘਰਸ਼, ਸੋਚ ਅਤੇ ਸੁਪਨੇ ਨੂੰ ਸਾਕਾਰ ਕਰਨ ਜਾ ਰਿਹਾ ਹੈ, ਵਿਚ ਹਿੱਸਾ ਲੈਣ ਦੇ ਨਾਲ ਨਾਲ ਸਾਰਥਕ ਭੂਮਿਕਾ ਨਿਭਾਈਏ। ਹਰ ਦਵਾਈ ਦੀ ਤਰ੍ਹਾਂ ਵੈਕਸਿਨ ਟੀਕਿਆਂ ਦੇ ਵੀ ਕੁਝ ਮਾਮੂਲੀ ਦੁਰਪ੍ਰਭਾਵ ਹੁੰਦੇ ਹਨ, ਜੋ ਕਿ ਬਿਮਾਰੀ ਦੇ ਅਸਲ ਘਾਤਕ ਪ੍ਰਭਾਵਾਂ ਮੁਕਾਬਲੇ ਆਟੇ 'ਚ ਲੂਣ ਬਰਾਬਰ ਹੁੰਦੇ ਹਨ। ਇਹ ਵੈਕਸਿਨ 40 ਸਾਲਾਂ ਤੋਂ ਦੁਨੀਆ ਭਰ ਵਿਚ ਉਪਯੋਗ ਕੀਤੀ ਜਾ ਰਹੀ ਹੈ ਅਤੇ ਬੇਹੱਦ ਸੁਰੱਖਿਅਤ ਹੈ। ਥੋੜ੍ਹਾ ਬਹੁਤ ਬੁਖ਼ਾਰ, ਟੀਕੇ ਵਾਲੀ ਜਗ੍ਹਾ 'ਤੇ ਦਰਦ, ਲਾਲਪਨ, ਚਮੜੀ 'ਤੇ ਦਾਣੇ ਜਾਂ ਮਾਸਪੇਸ਼ੀਆਂ 'ਚ ਦਰਦ ਹੋ ਸਕਦਾ ਹੈ ਜੋ ਕਿ ਪੂਰਣ ਰੂਪ ਵਿਚ ਠੀਕ ਹੋ ਜਾਂਦਾ ਹੈ। ਇਸ ਤੋਂ ਡਰਨ ਜਾਂ ਘਬਰਾਉਣ ਦੀ ਲੋੜ ਨਹੀਂ ਹੈ।

*ਇਹ ਵੈਕਸਿਨ 40 ਸਾਲਾਂ ਤੋਂ ਦੁਨੀਆ ਭਰ ਵਿਚ ਵਰਤੀ ਜਾ ਰਹੀ ਹੈ ਅਤੇ ਬੇਹੱਦ ਸੁਰੱਖਿਅਤ ਹੈ। ਥੋੜ੍ਹਾ ਬਹੁਤ ਬੁਖ਼ਾਰ, ਟੀਕੇ ਵਾਲੀ ਜਗ੍ਹਾ 'ਤੇ ਦਰਦ, ਲਾਲਪਨ, ਚਮੜੀ 'ਤੇ ਦਾਣੇ ਜਾਂ ਮਾਸਪੇਸ਼ੀਆਂ 'ਚ ਦਰਦ ਹੋ ਸਕਦਾ ਹੈ ਜੋ ਕਿ ਪੂਰਨ ਰੂਪ ਵਿਚ ਠੀਕ ਹੋ ਜਾਂਦਾ ਹੈ।*

***ਭਾਰਤ ਵਿਚ ਸਰਕਾਰ ਦੇ ਉਪਰਾਲਿਆਂ ਅਤੇ ਸੰਸਾਰ ਸਿਹਤ ਸੰਸਥਾ ਦੇ ਸਹਿਯੋਗ ਨਾਲ ਫਰਵਰੀ 2017 ਤੋਂ ਇਸ ਮੁਹਿੰਮ ਦੀ ਸ਼ੁਰੂਆਤ ਸੂਬਾ-ਦਰ-ਸੂਬਾ ਕੀਤੀ ਗਈ ਹੈ। ਟੀਚਾ ਹੈ 9 ਮਹੀਨਿਆਂ ਤੋਂ 15 ਸਾਲ ਤਕ ਦੇ 350 ਲੱਖ ਬੱਚਿਆਂ ਦਾ ਟੀਕਾਕਰਨ ਕਰਨਾ। ਇਹ ਮੁਹਿੰਮ ਚਲਦੇ-ਚਲਦੇ ਹੁਣ ਪੰਜਾਬ ਪਹੁੰਚ ਚੁੱਕੀ ਹੈ। ਫ਼ਰੀਦਕੋਟ ਤੋਂ 2 ਮਈ ਨੂੰ ਸ਼ੁਰੂਆਤ ਕਰ ਕੇ ਸਾਰੇ ਜ਼ਿਲ੍ਹਿਆਂ ਵਿਚ ਇਸ ਦਾ ਅਮਲ ਯਕੀਨੀ ਬਣਾਇਆ ਜਾਏਗਾ...***





# ਤੇਜ਼ ਬੁਖ਼ਾਰ ਨੂੰ ਨਾ ਕਰੋ ਅਣਗੌਲਿਆਂ

ਗੁਰਜੀਵਨ ਸਿੰਘ ਸਿੱਧੂ

ਜਦੋਂ ਘਰ ਵਿਚ ਕਿਸੇ ਨੂੰ ਮਾਮੂਲੀ ਬੁਖ਼ਾਰ ਹੋ ਜਾਂਦਾ ਤਾਂ ਦੋ ਚਾਰ ਦਿਨ ਠੀਕ ਨਾ ਹੋਵੇ ਤਾਂ ਇਕ ਦਮ ਦਿਮਾਗ਼ ਵਿਚ ਆਉਂਦਾ ਹੈ ਕਿ ਇਹ ਬੁਖ਼ਾਰ ਡੇਂਗੂ ਤਾਂ ਨੀ? ਕਈ ਵਾਰ ਅਜਿਹਾ ਸੋਚਣਾ ਗ਼ਲਤ ਫ਼ਹਿਮੀ ਵੀ ਹੁੰਦੀ ਹੈ ਪਰ ਮਰੀਜ਼ ਦੇ ਦਿਮਾਗ਼ ਉੱਪਰ ਇਹ ਗੱਲ ਭਾਰੂ ਪੈਣ ਨਾਲ ਕਈ ਵਾਰ ਉਹ ਜ਼ਿਆਦਾ ਬਿਮਾਰ ਹੋ ਜਾਂਦਾ ਹੈ ਅਤੇ ਪਰੇਸ਼ਾਨ ਰਹਿਣ ਲੱਗ ਪੈਂਦਾ ਹੈ। ਮਰੀਜ਼ ਦੇ ਮਨ ਵਿਚ ਬਣੇ ਇਸ ਤਰ੍ਹਾਂ ਦੇ ਵਹਿਮ ਨੂੰ ਕੱਢਣ ਲਈ ਅਤੇ ਬੁਖ਼ਾਰ ਦੀ ਕਿਸਮ ਬਾਰੇ ਜਾਨਣ ਲਈ ਮਾਹਿਰ ਡਾਕਟਰ ਦੀ ਸਲਾਹ ਬਹੁਤ ਜ਼ਰੂਰੀ ਹੈ।

### ਡੇਂਗੂ ਬੁਖ਼ਾਰ ਕੀ ਹੁੰਦਾ ਹੈ?

ਇਹ ਇਕ ਤਰ੍ਹਾਂ ਦਾ ਵਾਇਰਸ ਇਨਫੈਕਸ਼ਨ ਹੈ ਜਿਹੜਾ ਕਿ ਇਕ ਮੱਛਰ ਤੋਂ ਫੈਲਦਾ ਹੈ। ਇਹ ਇਕ ਖ਼ਾਸ ਕਿਸਮ ਦੇ 'ਏਡਿਜ਼ ਏਜਿਪਟੀ' ਨਾਮ ਦੇ ਮੱਛਰ ਦੇ ਕੱਟਣ ਨਾਲ ਫੈਲਦਾ ਹੈ। ਇਹ ਮੱਛਰ ਸਾਡੇ ਆਲੇ-ਦੁਆਲੇ ਜਮ੍ਹਾ ਹੋਏ ਸਾਫ਼ ਪਾਣੀ ਉੱਪਰ ਹੀ ਪੈਦਾ ਹੁੰਦਾ ਹੈ। ਅਤੇ ਇਸ ਨਾਲ ਡੇਂਗੂ ਬੁਖ਼ਾਰ 'ਚ ਸਰੀਰ ਟੁੱਟਣਾ, ਹੱਡੀਆਂ ਵਿਚ ਅਸਹਿਣਯੋਗ ਦਰਦ ਹੋਣਾ ਆਦਿ ਪਰੇਸ਼ਾਨੀਆਂ ਦਾ ਸਾਹਮਣਾ ਕਰਨਾ ਪੈਂਦਾ ਹੈ। ਆਮ ਭਾਸ਼ਾ ਵਿਚ ਇਸ ਨੂੰ 'ਹੱਡੀ ਤੋੜ ਬੁਖ਼ਾਰ' ਵੀ ਕਿਹਾ ਜਾਂਦਾ ਹੈ। ਸਿਹਤ ਵਿਭਾਗ ਦੇ ਅੰਕੜਿਆਂ ਅਨੁਸਾਰ ਹਰ ਸਾਲ ਤਕਰੀਬਨ ਕਰੋੜਾਂ ਲੋਕਾਂ ਨੂੰ ਇਹ ਇਨਫੈਕਸ਼ਨ ਹੁੰਦੀ ਹੈ ਅਤੇ ਸ਼ਹਿਰੀ ਇਲਾਕਿਆਂ ਵਿਚ ਰਹਿਣ ਵਾਲੇ ਲੋਕ ਇਸ ਬਿਮਾਰੀ ਤੋਂ ਜ਼ਿਆਦਾ ਪੀੜਤ ਹੁੰਦੇ ਹਨ।

### ਇਲਾਜ

ਡੇਂਗੂ ਦੇ ਮਰੀਜ਼ ਨੂੰ ਬਹੁਤ ਸਾਰਾ ਪਾਣੀ ਅਤੇ ਜੂਸ ਪੀਣਾ ਚਾਹੀਦਾ ਹੈ। ਜੇ ਬੁਖ਼ਾਰ ਅਤੇ ਦਰਦਾਂ ਹੋਣ ਤਾਂ ਪੈਰਾਸਿਟਾਮੋਲ ਦੀ ਗੋਲ਼ੀ ਲੈਣੀ ਚਾਹੀਦੀ ਹੈ। ਖ਼ੂਨ ਦੇ ਸੈੱਲ ਹਰ ਰੋਜ਼ ਚੈੱਕ ਕਰਵਾਉਣੇ ਚਾਹੀਦੇ ਹਨ। ਜੇ ਸੈੱਲ ਪੰਜਾਹ ਹਜ਼ਾਰ ਤੋਂ ਉੱਪਰ ਹੋਣ ਤਾਂ ਕਿਸੇ ਕਿਸਮ ਦੀ ਘਬਰਾਹਟ ਵਿਚ ਨਹੀਂ ਆਉਣਾ ਚਾਹੀਦਾ। ਜੇ ਇਹ ਦਿਨ-ਬ-ਦਿਨ ਘੱਟ ਰਹੇ ਹੋਣ ਤਾਂ ਚਿੰਤਾਜਨਕ ਹੈ ਅਤੇ ਮਰੀਜ਼ ਨੂੰ ਹਸਪਤਾਲ ਵਿਚ ਦਾਖ਼ਲ ਕਰਵਾ ਕੇ ਸੈੱਲਾਂ ਦੇ ਪੈਕਨ ਅਤੇ ਗਲੂਕੋਜ਼ ਚੜ੍ਹਵਾਉਣੇ ਚਾਹੀਦੇ ਹਨ।

### ਸਾਵਧਾਨੀਆਂ

ਸਾਨੂੰ ਸਭ ਤੋਂ ਪਹਿਲਾਂ ਤਾਂ ਮੱਛਰ ਦੇ ਕੱਟਣ ਤੋਂ ਬਚਣਾ ਚਾਹੀਦਾ ਹੈ। ਘਰ ਵਿਚ ਮੱਛਰ ਪੈਦਾ ਹੀ ਨਾ ਹੋਵੇ ਇਸ ਲਈ ਕੂਲਰਾਂ, ਗਮਲਿਆਂ, ਪੁਰਾਣੇ ਟਾਇਰਾਂ, ਪੌਦਿਆਂ ਆਦਿ ਵਿਚ ਪਾਣੀ ਜਮ੍ਹਾ ਨਾ ਹੋਣ ਦਿਓ। ਕੂਲਰ ਦੀ ਹਰ ਹਫ਼ਤੇ ਬਾਅਦ ਚੰਗੀ ਤਰ੍ਹਾਂ ਸਾਫ਼ ਸਫ਼ਾਈ ਕਰੋ ਕਿਉਂਕਿ ਇਹ ਮੱਛਰ ਸਾਫ਼ ਪਾਣੀ ਉੱਪਰ ਹੀ ਪੈਦਾ ਹੁੰਦਾ ਹੈ। ਇਸ ਲਈ ਹਰ ਤੀਜੇ ਦਿਨ ਤੋਂ ਪਹਿਲਾਂ ਪਾਣੀ ਬਦਲ ਦਿਓ। ਇਹ ਮੱਛਰ ਦਿਨ ਵੇਲੇ ਕੱਟਦਾ ਹੈ ਇਸ ਲਈ ਹਮੇਸ਼ਾਂ ਪੂਰੀਆਂ ਬਾਹਵਾਂ ਵਾਲੇ ਕਮੀਜ਼ ਪਾਓ ਤੇ ਸਾਰਾ ਸਰੀਰ ਢੱਕ ਕੇ ਰੱਖੋ। ਬੱਚਿਆਂ ਦਾ ਖ਼ਾਸ ਖ਼ਿਆਲ ਰੱਖੋ। ਆਪਣੇ ਘਰ ਦੇ ਆਸ-ਪਾਸ ਪਾਣੀ ਜਮ੍ਹਾ ਨਾ ਹੋਣ ਦਿਓ।

### ਲੱਛਣ

ਇਹ ਬੁਖ਼ਾਰ ਸਰੀਰ ਦੇ ਹਰ ਹਿੱਸੇ ਉੱਪਰ ਅਸਰ ਪਾਉਂਦਾ ਹੈ। ਸਭ ਤੋਂ ਪਹਿਲਾਂ ਮਰੀਜ਼ ਨੂੰ ਤੇਜ਼ ਬੁਖ਼ਾਰ ਹੁੰਦਾ ਹੈ ਜੋ ਕਿ 2 ਤੋਂ 7 ਦਿਨਾਂ ਤਕ ਚਲਦਾ ਹੈ। ਇਸ ਵਿਚ ਸਭ ਤੋਂ ਵੱਡਾ ਲੱਛਣ ਮਰੀਜ਼ ਦੇ ਸਰੀਰ 'ਚ ਬਹੁਤ ਦਰਦ ਹੁੰਦਾ ਹੈ। ਮਾਸ-ਪੇਸ਼ੀਆਂ ਤੇ ਜੋੜ ਬਹੁਤ ਦਰਦ ਕਰਦੇ ਹਨ, ਗਲ਼ੇ ਵਿਚ ਵੀ ਦਰਦ ਹੁੰਦਾ ਹੈ, ਮਰੀਜ਼ ਦਾ ਸੁਭਾਅ ਚਿੜਚਿੜਾ ਹੋ ਜਾਂਦਾ ਹੈ, ਅੱਖਾਂ 'ਤੇ ਸੋਜ ਹੋ ਜਾਂਦੀ ਹੈ, ਭੁੱਖ ਘੱਟ ਲਗਦੀ ਹੈ, ਜੀਅ ਕੱਚਾ ਹੁੰਦਾ ਹੈ ਅਤੇ ਉਲਟੀਆਂ ਲੱਗ ਜਾਂਦੀਆਂ ਹਨ। ਅਜਿਹੀਆਂ ਹਾਲਤਾਂ ਵਿਚ ਕਿਸੇ ਮਾਹਿਰ ਡਾਕਟਰ ਕੋਲ ਜਾਣਾ ਚਾਹੀਦਾ ਹੈ ਤੇ ਲੋੜੀਂਦੇ ਟੈਸਟ ਕਰਵਾ ਕੇ ਇਲਾਜ ਸ਼ੁਰੂ ਕਰਵਾਉਣਾ ਚਾਹੀਦਾ ਹੈ। ਇਸ ਤੋਂ ਬਾਅਦ ਬਰੀਕ ਨਸਾਂ ਟੁੱਟਣੀਆਂ ਸ਼ੁਰੂ ਹੋ ਜਾਂਦੀਆਂ ਹਨ ਜਿਸ ਨਾਲ ਪਾਣੀ ਸਰੀਰ ਦੇ ਅੰਦਰ ਲੀਕ ਹੋ ਜਾਂਦਾ ਹੈ ਤੇ ਪਾਣੀ ਦੀ ਘਾਟ ਕਾਰਨ ਖ਼ੂਨ ਸੰਘਣਾ ਹੋ ਜਾਂਦਾ ਹੈ। ਖ਼ੂਨ ਦੇ ਚਿੱਟੇ ਸੈੱਲ ਹੌਲੀ-ਹੌਲੀ ਘਟਣੇ ਸ਼ੁਰੂ ਹੋ ਜਾਂਦੇ ਹਨ ਤੇ ਇਸ ਤੋਂ ਬਾਅਦ ਪਲੇਟਲੈੱਟ ਸੈੱਲ ਘੱਟਣ ਲਗਦੇ ਹਨ ਤੇ ਕਈ ਵਾਰ ਮਰੀਜ਼ ਦੀ ਹਾਲਤ ਹੋਰ ਜ਼ਿਆਦਾ ਖ਼ਰਾਬ ਹੋ ਜਾਂਦੀ ਹੈ। ਇਹ ਬੁਖ਼ਾਰ ਸਰੀਰ ਦੇ ਬਾਕੀ ਅੰਗਾਂ ਨੂੰ ਵੀ ਆਪਣੀ ਜਕੜ ਵਿਚ ਲੈ ਲੈਂਦਾ ਹੈ ਜਿਵੇਂ ਜਿਗਰ, ਦਿਮਾਗ਼, ਦਿਲ ਆਦਿ ਅੰਗਾਂ ਨੂੰ ਵੀ ਆਪਣੀ ਲਪੇਟ ਵਿਚ ਲੈ ਲੈਂਦਾ ਹੈ। ਇਸ ਦਾ ਅਸਰ ਜ਼ਿਆਦਾ ਦਿਮਾਗ਼ 'ਤੇ ਪੈਂਦਾ ਹੈ। ਕਈ ਵਾਰ ਦਿਮਾਗ਼ ਦੀ ਬੇਹੋਸ਼ੀ ਵੀ ਹੋ ਜਾਂਦੀ ਹੈ। ਦਿਮਾਗ਼ ਦੀਆਂ ਪਰਤਾਂ ਨੂੰ ਸੋਜ ਆ ਜਾਂਦੀ ਹੈ ਜਿਸ ਕਰਕੇ ਮਰੀਜ਼ ਨੂੰ ਦੰਦਲ ਦੌਰੇ ਵੀ ਪੈ ਜਾਂਦੇ ਹਨ। ਇਹ ਨਸਾਂ ਦੀ ਸੋਜ ਕਰਕੇ ਕਮਜ਼ੋਰੀ ਕਰ ਸਕਦਾ ਹੈ। ਖ਼ੂਨ ਵਿਚ ਪੋਟਾਸ਼ੀਅਮ ਦੀ ਘਾਟ ਕਰਕੇ ਸਰੀਰ ਨੂੰ ਕਮਜ਼ੋਰ ਕਰ ਦਿੰਦਾ ਹੈ। ਇਹੋ ਜਿਹੇ ਲੱਛਣ ਦਿਖਾਈ ਦੇਣ 'ਤੇ ਡਾਕਟਰ ਦਾ ਸਲਾਹ ਲੈਣੀ ਚਾਹੀਦੀ ਹੈ। ਮਰੀਜ਼ ਨੂੰ ਕੁੱਝ ਖ਼ੂਨ ਟੈਸਟ ਕਰਵਾਉਣੇ ਪੈਂਦੇ ਹਨ, ਜਿਵੇਂ ਕਿ ਚਿੱਟੇ ਸੈੱਲ ਘਟਣੇ, ਖ਼ੂਨ ਦੇ ਸੈੱਲ ਘਟਣੇ, ਗੁਰਦੇ ਅਤੇ ਜਿਗਰ 'ਤੇ ਅਸਰ ਹੋਣਾ। ਖ਼ੂਨ ਵਿਚ ਡੇਂਗੂ ਦੀਆਂ ਐਂਟੀ-ਬਾਡੀਜ਼ ਹੁੰਦੀਆਂ ਹਨ।

ਜੇ ਘਰ ਵਿਚ ਕਿਸੇ ਇਕ ਵੀ ਮੈਂਬਰ ਵਿਚ ਇਸ ਤਰ੍ਹਾਂ ਦੇ ਲੱਛਣ ਲਗਦੇ ਹਨ ਤਾਂ ਤਰੁੰਤ ਆਪਣੇ ਨਜ਼ਦੀਕੀ ਹਸਪਤਾਲ ਜਾ ਕੇ ਜਾਂਚ ਕਰਵਾਓ।

9417079435

# ਬੁਢਾਪੇ 'ਚ ਆਉਣ ਵਾਲੀਆਂ ਪਰੇਸ਼ਾਨੀਆਂ ਤੋਂ ਰਹੋ ਸੁਚੇਤ

ਵਧਦੀ ਉਮਰ ਦੇ ਨਾਲ ਹੀ ਬਹੁਤ ਸਾਰੀਆਂ ਬਿਮਾਰੀਆਂ ਚਮੜੀ ਰੋਗ ਜਾਂ ਹੋਰ ਰੋਗ ਦਿਖਾਈ ਦੇਣ ਲੱਗਦੇ ਹਨ। ਉਮਰ ਦੇ ਨਾਲ ਹਾਰਮੋਨਜ਼ ਦੇ ਬਦਲਣ ਨਾਲ ਸਫ਼ੈਦ ਵਾਲ, ਚਮੜੀ 'ਚ ਝੁਰੜੀਆਂ, ਮੋਟਾਪਾ, ਬਲੱਡ ਸ਼ੂਗਰ, ਖ਼ਰਾਬ ਡਾਈਜੇਸ਼ਨ ਤੇ ਦਿਲ ਦੀਆਂ ਬਿਮਾਰੀਆਂ ਦਾ ਖ਼ਤਰਾ ਬਣਿਆ ਰਹਿੰਦਾ ਹੈ। ਬੁਢਾਪੇ 'ਚ ਆਉਣ ਵਾਲੀਆਂ ਇਸ ਤਰ੍ਹਾਂ ਦੀਆਂ ਪਰੇਸ਼ਾਨੀਆਂ ਤੋਂ ਛੁਟਕਾਰਾ ਪਾਉਣ ਲਈ ਕੁੱਝ ਘਰੇਲੂ ਨੁਸਖ਼ਿਆਂ ਦਾ ਇਸਤੇਮਾਲ ਕਰਕੇ ਤੁਸੀਂ ਇਨ੍ਹਾਂ ਅਲਾਮਤਾਂ ਤੋਂ ਛੁਟਕਾਰਾ ਪਾ ਸਕਦੇ ਹੋ।



### ਨਾਰੀਅਲ ਤੇਲ ਦੇ ਫ਼ਾਇਦੇ

#### ਮੋਟਾਪਾ

ਵਧਦੀ ਉਮਰ ਦੇ ਨਾਲ ਕੁੱਝ ਲੋਕਾਂ ਦਾ ਮੋਟਾਪਾ ਵੀ ਵਧਣਾ ਸ਼ੁਰੂ ਹੋ ਜਾਂਦਾ ਹੈ, ਜਿਸ ਦਾ ਅਸਰ ਸਿਹਤ ਤੇ ਦਿਲ 'ਤੇ ਪੈਂਦਾ ਹੈ। ਇਸ ਤੋਂ ਬਚਣ ਲਈ ਹਰ ਰੋਜ਼ ਦੋ ਚਮਚ ਨਾਰੀਅਲ ਤੇਲ ਦਾ ਸੇਵਨ ਕਰੋ। ਇਸ ਦਾ ਇਕ ਮਹੀਨਾ ਸੇਵਨ ਕਰਨ ਨਾਲ ਮੋਟਾਪੇ ਤੋਂ ਛੁਟਕਾਰਾ ਪਾ ਸਕਦੇ ਹੋ।

#### ਦੰਦਾਂ ਦੀ ਸਮੱਸਿਆ

ਨਾਰੀਅਲ ਤੇਲ ਬੁਢਾਪੇ 'ਚ ਦੰਦਾਂ ਲਈ ਬਹੁਤ ਹੀ ਗੁਣਕਾਰੀ ਹੈ। ਨਾਰੀਅਲ ਦਾ ਤੇਲ ਮੂੰਹ ਦੇ ਬੈਕਟੀਰੀਆ ਨੂੰ ਖ਼ਤਮ ਕਰਕੇ ਦੰਦਾਂ ਦੇ ਮਸੂੜਿਆਂ 'ਚ ਹੋਣ ਵਾਲੀ ਦਰਦ ਤੇ ਮੂੰਹ 'ਚੋਂ ਆਉਣ ਵਾਲੀ ਬਦਬੂ ਨੂੰ ਦੂਰ ਕਰਦਾ ਹੈ।

#### ਵਾਲ਼ਾਂ ਦਾ ਸਫ਼ੈਦ ਹੋਣਾ

ਉਮਰ ਦੇ ਨਾਲ-ਨਾਲ ਵਾਲ਼ਾਂ ਦਾ ਸਫ਼ੈਦ ਹੋਣਾ ਤਾਂ ਆਮ ਜਿਹੀ ਗੱਲ ਹੈ ਪਰ ਕਈ ਵਾਰ ਉਮਰ ਦੇ ਨਾਲ ਵਾਲ਼ਾਂ 'ਚ ਡੈਂਡਰਫ ਤੇ ਵਾਲ ਝੜਨੇ ਸ਼ੁਰੂ ਹੋ ਜਾਂਦੇ ਹਨ। ਇਸ ਤਰ੍ਹਾਂ ਦੀ ਸਥਿਤੀ 'ਚ ਨਾਰੀਅਲ ਤੇਲ ਦੀ ਮਾਲਿਸ਼ ਕਰਨੀ ਚਾਹੀਦੀ ਹੈ।

#### ਖ਼ਰਾਬ ਡਾਈਜੇਸ਼ਨ

ਖ਼ਰਾਬ ਡਾਈਜੇਸ਼ਨ, ਕਬਜ਼ ਤੇ ਐਸਿਡੀਟੀ ਦੀ ਸਮੱਸਿਆ ਹੋਣ 'ਤੇ ਏਪਲ ਸਾਈਡਰ ਸਿਰਕੇ ਦਾ ਸ਼ਹਿਦ ਦੇ ਨਾਲ ਸੇਵਨ ਕਰੋ। ਇਸ ਦਾ ਸੇਵਨ ਕੁੱਝ ਘੰਟਿਆਂ 'ਚ ਹੀ ਤੁਹਾਡੀ ਪਰੇਸ਼ਾਨੀ ਨੂੰ ਦੂਰ ਕਰ ਸਕਦਾ ਹੈ।

#### ਦਿਲ ਦੇ ਰੋਗ

ਬੁਢਾਪੇ 'ਚ ਦਿਲ ਦੀਆਂ ਬਿਮਾਰੀਆਂ ਕੋਲੈਸਟ੍ਰੋਲ ਤੇ ਬਲੱਡ ਪ੍ਰੈਸ਼ਰ ਨੂੰ ਕੰਟਰੋਲ 'ਚ ਰੱਖਣ ਲਈ ਰੋਜ਼ ਇਸ ਦਾ ਸੇਵਨ ਕਰੋ। ਇਸ 'ਚ ਮੌਜੂਦ ਐਂਟੀਆਕਸੀਡੇਂਟ ਗੁਣ ਜੋ ਦਿਲ ਦੀਆਂ ਬਿਮਾਰੀਆਂ ਤੋਂ ਦੂਰ ਰੱਖਦੇ ਹਨ।

#### ਗਲ਼ੇ 'ਚ ਖ਼ਾਰਿਸ਼

ਗਲ਼ੇ 'ਚ ਖ਼ਾਰਿਸ਼ ਦੀ ਸਮੱਸਿਆ ਨੂੰ ਦੂਰ ਕਰਨ ਲਈ ਰੋਜ਼ ਪਾਣੀ 'ਚ 4 ਔਂਸ ਏਪਲ ਸਾਈਡਰ ਸਿਰਕਾ ਪਾ ਕੇ ਦਿਨ 'ਚ ਘੱਟ ਤੋਂ ਘੱਟ 3 ਵਾਰ ਪੀਓ। ਇਸ ਨਾਲ ਖ਼ਾਰਿਸ਼ ਦੇ ਨਾਲ-ਨਾਲ ਇਨਫੈਕਸ਼ਨ ਦਾ ਖ਼ਤਰਾ ਵੀ ਘੱਟ ਹੋ ਜਾਂਦਾ ਹੈ।



**ਸਾਡਾ ਆਲਾ-ਦੁਆਲਾ ਹਮੇਸ਼ਾ ਸਾਫ਼ ਸੁਥਰਾ ਹੋਣਾ ਚਾਹੀਦਾ ਹੈ ਭਾਵ ਵਾਤਾਵਰਨ ਸ਼ੁੱਧ ਰਹੇਗਾ ਤਾਂ ਮੱਖੀਆਂ, ਮੱਛਰਾਂ ਆਦਿ ਸਾਡੇ ਸਰੀਰ 'ਤੇ ਹਮਲਾ ਨਹੀਂ ਕਰ ਸਕਣਗੇ। ਸਿਆਣਿਆਂ ਦੀ ਕਹਾਵਤ ਹੈ 'ਜਿੱਥੇ ਸਫ਼ਾਈ, ਉੱਥੇ ਖ਼ੁਦਾਈ'...**



# ਜ਼ਹਿਰੀਲੇ ਖਾਣੇ ਤੋਂ ਕਿਵੇਂ ਬਚੀਏ?

ਲਾਲ ਚੰਦ ਸਿੰਘ

ਹਰ ਰੁੱਤ ਅਤੇ ਹਰ ਮੌਸਮ ਦਾ ਆਪਣਾ ਮਜ਼ਾ ਹੁੰਦਾ ਹੈ। ਗਰਮੀਆਂ ਦੇ ਇਨ੍ਹਾਂ ਦਿਨਾਂ 'ਚ ਗਰਮੀ ਦਾ ਪ੍ਰਕੋਪ ਦਿਨ ਦੁੱਗਣੀ ਰਾਤ ਚੌਗਣੀ ਵਧਦਾ ਜਾ ਰਿਹਾ ਹੈ, ਵੈਸੇ ਤਾਂ ਹਰ ਮੌਸਮ ਵਿਚ ਹੀ ਧਿਆਨ ਰੱਖਣਾ ਚਾਹੀਦਾ ਹੈ। ਜੇ ਗੱਲ ਹੁਣ ਅਸੀਂ ਗਰਮੀਆਂ ਦੀ ਕਰੀਏ ਤਾਂ ਗਰਮੀਆਂ ਦੇ ਮੌਸਮ ਵਿਚ ਸਾਨੂੰ ਆਪਣੇ ਖਾਣ-ਪੀਣ ਵੱਲ ਉਚੇਚਾ ਧਿਆਨ ਦੇਣਾ ਚਾਹੀਦਾ ਹੈ ਜਿਵੇਂ ਕਿ ਇਨ੍ਹਾਂ ਦਿਨਾਂ ਵਿਚ ਉਲਟੀਆਂ-ਟੱਟੀਆਂ ਤੋਂ ਇਲਾਵਾ ਮਲੇਰੀਆ, ਟਾਈਫਾਈਡ, ਹੈਜ਼ਾ ਆਦਿ ਬਿਮਾਰੀਆਂ ਹੋਣ ਦਾ ਡਰ ਅਕਸਰ ਬਣਿਆ ਰਹਿੰਦਾ ਹੈ। ਇਸ ਲਈ ਜਿੱਥੇ ਸਾਨੂੰ ਸਾਫ਼ ਸੁਥਰਾ ਅਤੇ ਪੌਸ਼ਟਿਕ ਭੋਜਨ ਖਾਣਾ ਚਾਹੀਦਾ ਹੈ, ਉੱਥੇ ਆਪਣੀ ਨਿੱਜੀ ਅਤੇ ਆਪਣੇ ਆਲੇ-ਦੁਆਲੇ ਦੀ ਸਾਫ਼ ਸਫ਼ਾਈ ਨੂੰ ਅਣਗੌਲਿਆ ਨਹੀਂ ਕਰਨਾ ਚਾਹੀਦਾ।

ਸਾਡਾ ਆਲਾ-ਦੁਆਲਾ ਹਮੇਸ਼ਾ ਸਾਫ਼ ਸੁਥਰਾ ਹੋਣਾ ਚਾਹੀਦਾ ਹੈ ਭਾਵ ਵਾਤਾਵਰਨ ਸ਼ੁੱਧ ਰਹੇ। ਮੱਖੀਆਂ, ਮੱਛਰਾਂ ਤੋਂ ਇਲਾਵਾ ਹੋਰਨਾਂ ਬਿਮਾਰੀਆਂ ਫੈਲਾਉਣ ਵਾਲੇ ਕੀਟਾਣੂਆਂ ਆਦਿ ਨੂੰ ਸਾਡੇ ਸਰੀਰ 'ਤੇ ਹਮਲਾ ਕਰਨ ਦਾ ਮੌਕਾ ਹੀ ਨਾ ਮਿਲੇ। ਸਿਆਣਿਆਂ ਦੀ ਕਹਾਵਤ ਹੈ 'ਜਿੱਥੇ ਸਫ਼ਾਈ, ਉੱਥੇ ਖ਼ੁਦਾਈ।' ਸਾਨੂੰ ਸਭ ਨੂੰ ਆਪਣੇ ਮਸ਼ੀਨ ਰੂਪੀ ਸਰੀਰ ਨੂੰ ਚਲਾਉਣ ਅਤੇ ਰਿਸ਼ਟ-ਪੁਸ਼ਟ ਭਾਵ ਅਰੋਗ ਅਤੇ ਤੰਦਰੁਸਤ ਰੱਖਣ ਲਈ ਵਧੀਆ ਖ਼ੁਰਾਕ ਦੀ ਲੋੜ ਹੁੰਦੀ ਹੈ। ਦੂਸ਼ਿਤ ਖਾਣ-ਪੀਣ ਨਾਲ ਹੋਰਨਾਂ ਬਿਮਾਰੀਆਂ ਦੇ ਹੋਣ ਤੋਂ ਇਲਾਵਾ ਫ਼ੂਡ ਪੁਆਇਜ਼ਨਿੰਗ ਹੋਣ ਦਾ ਡਰ ਵੀ ਬਣਿਆਂ ਰਹਿੰਦਾ ਹੈ। ਇਹ ਕਈ ਕਿਸਮ ਦੇ ਬੈਕਟੀਰੀਆ, ਕਿਟਾਣੂ, ਅਤੇ ਹੋਰ ਜ਼ਹਿਰੀਲੇ ਤੱਤਾਂ ਕਾਰਨ (ਗਰਮੀਆਂ ਦੇ ਦਿਨਾਂ ਵਿਚ ਖ਼ਾਸ ਕਰਕੇ) ਸਾਡਾ ਭੋਜਨ ਜ਼ਹਿਰੀਲਾ ਬਣ ਜਾਂਦਾ ਹੈ। ਅਜਿਹਾ ਜ਼ਹਿਰੀਲਾ ਖਾਣਾ-ਖਾਣ ਨਾਲ ਉਲਟੀਆਂ-ਟੱਟੀਆਂ, ਸਿਰ ਦਰਦ, ਪੇਟ ਦਰਦ, ਸਿਰ ਚੱਕਰਾਉਣ ਤੋਂ ਇਲਾਵਾ ਅਫਰੇਵਾਂ ਅਤੇ ਬੁਖ਼ਾਰ ਵੀ ਹੋ ਸਕਦਾ ਹੈ।

ਸਾਹ ਲੈਣ ਵਿਚ ਤਕਲੀਫ਼ ਦੇ ਨਾਲ ਨਾਲ ਅੱਖਾਂ, ਚਿਹਰੇ ਅਤੇ ਚਮੜੀ ਦਾ ਰੰਗ ਪੀਲਾ ਪੈ ਸਕਦਾ ਹੈ। ਸਿਰਫ਼ ਇਹੀ ਨਹੀਂ ਬੇਹੋਸ਼ੀ ਦੀ ਹਾਲਤ ਵੀ ਹੋ ਸਕਦੀ ਹੈ। ਇਨ੍ਹਾਂ ਸਭ ਲੱਛਣਾਂ ਦੀ ਬਦੌਲਤ ਦਿਲ, ਗੁਰਦੇ, ਖ਼ੂਨ ਅਤੇ ਸਰੀਰ ਅੰਦਰਲੀਆਂ ਹੋਰ ਸਭ ਕਿਰਿਆਵਾਂ ਉਪਰ ਕੋਈ ਨਾ ਕੋਈ ਬੁਰਾ ਅਸਰ ਪੈ ਸਕਦਾ ਹੈ। ਕਈ ਕਿਸਮ ਦੇ ਕਿਟਾਣੂਆਂ ਦੇ ਹਮਲੇ ਦਾ ਸਿੱਧਾ ਅਸਰ ਸਾਡੇ ਸਰੀਰ ਅੰਦਰਲੇ ਤੰਤੂ ਪ੍ਰਬੰਧ ਵਿਚਲੇ ਜੈਵਿਕ ਅਤੇ ਰਸਾਇਣਕ ਤਾਣੇ ਬਾਣੇ 'ਤੇ ਪੈਂਦਾ ਹੈ।

ਜ਼ਹਿਰੀਲੇ ਖਾਣੇ ਤੋਂ ਬਚਣ ਲਈ ਜ਼ਰੂਰੀ ਹੈ ਕਿ ਹਮੇਸ਼ਾ ਤਾਜ਼ਾ ਬਣਿਆ ਅਤੇ ਆਪਣੀ ਨਿਗਰਾਨੀ ਵਿਚ ਬਣਿਆ ਜਾਵੇ ਤੇ ਪੌਸ਼ਟਿਕ ਨਾਲ ਭਰਪੂਰ ਖਾਣਾ ਹੀ ਖਾਧਾ ਜਾਵੇ। ਤਕਨੀਕ ਅਤੇ ਵਿਗਿਆਨ ਆਧਾਰਤ ਖੇਤੀ ਦੇ ਇਸ ਯੁੱਗ ਵਿਚ ਕੀਟਨਾਸ਼ਕਾਂ ਅਤੇ ਖਾਦਾਂ ਦੀ ਬੇਲੋੜੀ ਅਤੇ ਬੇਤਰਤੀਬੀ ਵਰਤੋਂ ਵੀ ਭੋਜਨ ਦੇ ਜ਼ਹਿਰੀਲਾ ਹੋਣ ਦਾ ਜ਼ਰੀਆ ਬਣਦੀ ਹੈ। ਇਸ ਲਈ ਜ਼ਰੂਰੀ ਹੈ ਕਿ ਖੇਤੀ ਦੀ ਉਪਜ ਵਧਾਉਣ ਲਈ ਕੀਟਨਾਸ਼ਕਾਂ ਅਤੇ ਖਾਦਾਂ ਦੀ ਸੰਜਮੀ ਵਰਤੋਂ ਦੇ ਨਾਲ-ਨਾਲ ਖੇਤੀ ਮਾਹਿਰਾਂ ਵੱਲੋਂ ਸੁਝਾਏ ਉਚਿੱਤ ਨਾਪ-ਤੋਲ ਅਤੇ ਢੰਗ-ਤਰੀਕਿਆਂ ਨਾਲ ਹੀ ਕੀਤੀ ਜਾਵੇ। ਸਾਨੂੰ ਸਭ ਨੂੰ ਖਾਣਾ ਖਾਣ ਤੋਂ ਪਹਿਲਾਂ ਅਤੇ ਮਗਰੋਂ ਅਤੇ ਟੱਟੀ ਪਿਸ਼ਾਬ ਜਾਣ ਤੋਂ ਬਾਅਦ ਆਪਣੇ ਹੱਥਾਂ ਅਤੇ ਨਹੁੰਆਂ ਦੀ ਸਫ਼ਾਈ ਦਾ ਵੀ ਖ਼ਾਸ ਖ਼ਿਆਲ ਰੱਖਣਾ ਚਾਹੀਦਾ ਹੈ। ਮੁੱਲ ਵਿਕਣ ਵਾਲੇ ਖਾਣ ਪੀਣ ਵਾਲੇ ਸਭ ਪਦਾਰਥਾਂ ਦੀ ਸੰਭਾਲ ਸਹੀ ਤਰੀਕੇ ਨਾਲ ਕਰਨ ਤੋਂ ਇਲਾਵਾ ਉਨ੍ਹਾਂ ਦਾ ਸੇਵਨ ਸਮਾਂ ਰਹਿੰਦੇ ਭਾਵ ਤਰੀਕ ਦੀ ਮਿਆਦ ਪੁੱਗਣ ਤੋਂ ਪਹਿਲਾਂ ਕਰ ਲੈਣਾ ਚਾਹੀਦਾ ਹੈ।

ਸਬਜ਼ੀਆਂ ਅਤੇ ਫਲਾਂ ਨੂੰ ਵਰਤਣ ਤੋਂ ਪਹਿਲਾਂ ਚੰਗੀ ਤਰ੍ਹਾਂ ਸਾਫ਼ ਪਾਣੀ ਨਾਲ ਧੋ ਲਿਆ ਜਾਵੇ। ਪਾਣੀ ਅਤੇ ਖਾਣਾ ਬਣਾਉਣ ਵਾਲੇ ਬਰਤਨਾਂ ਅਤੇ ਰਸੋਈ ਆਦਿ ਦੀ ਸਾਫ਼ ਸਫ਼ਾਈ ਵੱਲ ਉਚੇਚਾ ਧਿਆਨ ਦਿੱਤਾ ਜਾਵੇ ਤਾਂ ਜੋ ਖਾਣਾ ਬਣਾਉਣ ਤੋਂ ਲੈ ਕੇ ਖਾਣ ਤਕ ਸਫ਼ਾਈ ਦੇ ਸਭ ਮਿਆਰ ਕਾਇਮ ਰੱਖੇ ਜਾ ਸਕਣ। ਸਿਰਫ਼ ਇਹੀ ਨਹੀਂ ਸਾਨੂੰ ਖਾਣਾ ਲੋੜ ਅਨੁਸਾਰ ਅਤੇ ਵੇਲੇ ਸਿਰ ਖਾਣ ਦੀ ਆਦਤ ਪਾਉਣੀ ਚਾਹੀਦੀ ਹੈ ਤਾਂ ਜੋ ਅਸੀਂ ਅਤੇ ਸਾਡਾ ਪਰਿਵਾਰ ਹੀ ਨਹੀਂ ਸਗੋਂ ਸਾਰਾ ਸਮਾਜ ਤੰਦਰੁਸਤ, ਅਰੋਗ ਅਤੇ ਰਿਸ਼ਟ ਪੁਸ਼ਟ ਬਣਿਆ ਰਹੇ।

ਛੋਟੇ ਬੱਚਿਆਂ, ਖ਼ਾਸ ਕਰਕੇ ਗਰਭਵੰਤੀ ਔਰਤਾਂ, ਕਿਸੇ ਬਿਮਾਰੀ ਨਾਲ ਪੀੜਤ ਮਰੀਜ਼ਾਂ ਅਤੇ ਬਜ਼ੁਰਗਾਂ ਦਾ ਇਸ ਮਾਮਲੇ ਵਿਚ ਵਿਸ਼ੇਸ ਧਿਆਨ ਰੱਖਿਆ ਜਾਵੇ। ਫ਼ੂਡ ਪੁਆਇਜ਼ਨਿੰਗ ਭਾਵ ਜ਼ਹਿਰੀਲਾ ਖਾਣਾ ਸਿਹਤ ਲਈ ਹਾਨੀਕਾਰਕ ਹੀ ਨਹੀਂ ਸਗੋਂ ਜਾਨਲੇਵਾ ਵੀ ਹੋ ਸਕਦਾ ਹੈ। ਇਸ ਲਈ ਜ਼ਰੂਰੀ ਹੈ ਕਿ ਜੇ ਖਾਣਾ-ਖਾਣ ਮਗਰੋਂ ਕਿਸੇ ਤਰ੍ਹਾਂ ਦੀ ਤਕਲੀਫ਼ ਕਿਸੇ ਨੂੰ ਮਹਿਸੂਸ ਹੋਵੇ ਤਾਂ ਮੁੱਢਲੇ ਇਲਾਜ ਤੋਂ ਇਲਾਵਾ ਡਾਕਟਰ ਦੀ ਸਲਾਹ ਲੈਣ ਨੂੰ ਅਣਗੌਲਿਆਂ ਨਹੀਂ ਕਰਨਾ ਚਾਹੀਦਾ।

75894-27462

## ਮਦਰੱਸੇ ’ਚ10ਵੀਂ ਦਾ ਇਕ ਵੀ ਵਿਦਿਆਰਥੀ ਅੰਗਰੇਜ਼ੀ ’ਚ ਨਹੀਂ ਲਿਖ ਸਕਿਆ ਆਪਣਾ ਨਾਂ, ਨੋਟਿਸ ਜਾਰੀ

**ਏਜੰਸੀਆਂ**

ਬਹਿਰਾਈਚ 30 ਅਪ੍ਰੈਲ। ਉੱਤਰ ਪ੍ਰਦੇਸ਼ ਦੇ ਬਹਿਰਾਈਚ ਜ਼ਿਲ੍ਹਾ ਹੈੱਡਕੁਆਰਟਰ ਦੇ ਇਕ ਮਦਰੱਸੇ ਵਿਚ 10ਵੀਂ ਜਮਾਤ ਦਾ ਇਕ ਵੀ ਵਿਦਿਆਰਥੀ ਅੰਗਰੇਜ਼ੀ ਵਿਚ ਆਪਣਾ ਨਾਂ ਨਾ ਲਿਖ ਸਕਿਆ। ਇਸ ਬਾਬਤ ਘੱਟ ਗਿਣਤੀ ਕਲਿਆਣ ਅਧਿਕਾਰੀ



ਵਲੋਂ ਨਿਰੀਖਣ ਕੀਤਾ ਸੀ ਅਤੇ ਬਾਅਦ ਵਿਚ ਵਿਭਾਗ ਨੇ ਸੰਚਾਲਕ ਨੂੰ ਚਿਤਾਵਨੀ ਦਿੰਦੇ ਹੋਏ ਨੋਟਿਸ ਜਾਰੀ ਕੀਤਾ। ਇਕ ਅਧਿਕਾਰੀ ਨੇ ਸੋਮਵਾਰ ਨੂੰ ਇਹ ਜਾਣਕਾਰੀ ਦਿੱਤੀ। ਜ਼ਿਲ੍ਹਾ ਘੱਟ ਗਿਣਤੀ ਕਲਿਆਣ ਅਧਿਕਾਰੀ ਸੰਜੇ ਮਿਸ਼ਰਾ ਨੇ ਪੱਤਰਕਾਰਾਂ ਨੂੰ ਦੱਸਿਆ ਕਿ ਐਤਵਾਰ ਨੂੰ ਬੜੀ ਤਕੀਆ ਦੇ ਮਾਨਤਾ ਪ੍ਰਾਪਤ ਮਦਰੱਸੇ ਜਾਮੀਆ ਗਾਜ਼ੀਆ ਸਯਦੁੱਲਮ ਵਿਚ ਅਚਾਨਕ ਨਿਰੀਖਣ ਕੀਤਾ ਗਿਆ ਅਤੇ ਇਸ ਦੌਰਾਨ ਇਕ ਅਧਿਆਪਕ ਗੈਰ-ਹਾਜ਼ਰ ਪਾਇਆ ਗਿਆ ਪਰ ਉਸ ਦੀ ਗੈਰ-ਹਾਜ਼ਰੀ ਰਜਿਸਟਰ ਵਿਚ ਦਰਜ ਨਹੀਂ ਕੀਤੀ ਗਈ। ਉਨ੍ਹਾਂ ਕਿਹਾ ਕਿ ਮੁਨਸ਼ੀ, ਮੌਲਵੀ ਅਤੇ ਆਲਿਮ ਦੀਆਂ ਕਲਾਸਾਂ ’ਚ ਵੀ ਬੱਚਿਆਂ ਦੀ ਗਿਣਤੀ ਰਜਿਸਟ?ਰੇਸ਼ਨ ਦੇ ਮੁਕਾਬਲੇ ਬਹੁਤ ਘੱਟ ਸੀ। ਮਿਸ਼ਰਾ ਨੇ ਦਾਅਵਾ ਕੀਤਾ ਕਿ ਨਿਰੀਖਣ ਦੌਰਾਨ 10ਵੀਂ ਜਮਾਤ ਦੇ ਵਿਦਿਆਰਥੀਆਂ ਨੂੰ ਆਪਣੇ ਨਾਮ ਅਤੇ ਮਦਰੱਸੇ ਦਾ ਨਾਮ ਅੰਗਰੇਜ਼ੀ ਵਿਚ ਲਿਖਣ ਲਈ ਕਿਹਾ ਗਿਆ ਸੀ ਪਰ ਇਕ ਵੀ ਵਿਦਿਆਰਥੀ ਅਜਿਹਾ ਨਹੀਂ ਕਰ ਸਕਿਆ। ਅਧਿਕਾਰੀ ਨੇ ਕਿਹਾ ਕਿ ਮਦਰੱਸੇ ’ਚ ਅਰਬੀ, ਫਾਰਸੀ ਤੋਂ ਇਲਾਵਾ ਹੋਰ ਵਿਸ਼ਿਆਂ ਦੀ ਪੜ੍ਹਾਈ ਵੱਲ ਕੋਈ ਧਿਆਨ ਨਹੀਂ ਦਿੱਤਾ ਜਾਂਦਾ, ਜਿਸ ਕਾਰਨ ਬੱਚਿਆਂ ਦੀ ਹਾਲਤ ਬਹੁਤ ਚਿੰਤਾਜਨਕ ਹੈ। ਮਿਸ਼ਰਾ ਨੇ ਕਿਹਾ ਕਿ ਬੱਚਿਆਂ ਵੱਲ ਧਿਆਨ ਨਾ ਦੇ ਕੇ ਉਨ੍ਹਾਂ ਦੇ ਭਵਿੱਖ ਨਾਲ ਖੇਡਿਆ ਜਾ ਰਿਹਾ ਹੈ। ਸਥਿਤੀ ਨੂੰ ਸੁਧਾਰਨ ਦੀ ਚਿਤਾਵਨੀ ਦਿੰਦੇ ਹੋਏ ਉਨ੍ਹਾਂ ਕਿਹਾ ਕਿ ਜੇਕਰ ਅਜਿਹਾ ਨਹੀਂ ਕੀਤਾ ਗਿਆ ਤਾਂ ਸਖ਼ਤ ਕਾਰਵਾਈ ਕੀਤੀ ਜਾਵੇਗੀ। ਮਦਰੱਸੇ ਦੇ ਡਾਇਰੈਕਟਰ ਅਤੇ ਗੈਰ-ਹਾਜ਼ਰ ਅਧਿਆਪਕ ਨੂੰ ਨੋਟਿਸ ਦਿੱਤਾ ਗਿਆ ਹੈ। ਬਹਿਰਾਈਚ ਜ਼ਿਲ੍ਹੇ ਵਿਚ ਕੁੱਲ 301 ਮਾਨਤਾ ਪ੍ਰਾਪਤ ਮਦਰੱਸੇ ਹਨ, ਇਨ੍ਹਾਂ ਤੋਂ ਇਲਾਵਾ ਹਾਲ ਹੀ ਵਿਚ ਕੀਤੇ ਗਏ ਇਕ ਸਰਵੇਖਣ ਵਿਚ 495 ਗੈਰ-ਮਾਨਤਾ ਪ੍ਰਾਪਤ ਮਦਰੱਸਿਆਂ ਦਾ ਪਤਾ ਲਾਇਆ ਗਿਆ ਹੈ।

## ਲੁੱਟਾਂ-ਖੋਹਾਂ ਤੇ ਚੋਰੀਆਂ ਕਰਨ ਵਾਲੇ 2 ਮੁਲਜ਼ਮਾਂ ਨੂੰ ਕੀਤਾ ਕਾਬੂ, ਮੋਟਰਸਾਈਕਲ ਤੇ 9 ਮੋਬਾਈਲ ਬਰਾਮਦ

**ਸਰਦੂਲ ਸਿੰਘ**

ਲੁਧਿਆਣਾ 30 ਅਪ੍ਰੈਲ। ਪੁਲਸ ਕਮਿਸ਼ਨਰ ਲੁਧਿਆਣਾ ਆਈ. ਪੀ. ਐੱਸ ਸਵਪਨ ਸ਼ਰਮਾ ਦੇ ਦਿਸ਼ਾ ਨਿਰਦੇਸ਼ਾਂ ’ਤੇ ਥਾਣਾ ਜੋਧੇਵਾਲ ਦੀ ਪੁਲਸ ਨੇ ਲੁੱਟਾਂ-ਖੋਹਾਂ ਅਤੇ ਚੋਰੀ ਦੀਆਂ ਵਾਰਦਾਤਾਂ ਨੂੰ ਅੰਜਾਮ ਦੇਣ ਵਾਲੇ ਮੁਲਜਮਾਂ ਖਿਲਾਫ ਵਿੱਢੀ ਵਿਸ਼ੇਸ਼ ਮੁਹਿੰਮ ਤਹਿਤ ਕਾਰਵਾਈ ਕਰਦੇ ਹੋਏ 2 ਮੁਲਜ਼ਮਾਂ ਨੂੰ ਗ੍ਰਿਫਤਾਰ ਕਰਨ ਵਿੱਚ ਸਫਲਤਾ ਹਾਸਲ ਕੀਤੀ ਹੈ। ਇਸ ਸਬੰਧੀ ਅੱਜ ਪ੍ਰੈਸ ਕਾਨਫਰੰਸ ਦੌਰਾਨ ਜਾਣਕਾਰੀ ਦਿੰਦਿਆਂ ਏਡੀਸੀਪੀ 1 ਸਮੀਰ ਵਰਮਾ ਅਤੇ ਏਸੀਪੀ ਨਾਰਥ ਦਵਿੰਦਰ ਕੁਮਾਰ ਚੌਧਰੀ ਨੇ ਦੱਸਿਆ ਕਿ ਥਾਣਾ ਜੋਧੇਵਾਲ ਦੇ ਇੰਚਾਰਜ ਇੰਸਪੈਕਟਰ ਜਸਬੀਰ ਸਿੰਘ ਦੀ ਪੁਲਸ ਟੀਮ ਨੇ ਲੁੱਟ-ਖੋਹ ਅਤੇ ਚੋਰੀ ਦੇ ਦੋ ਮੁਲਜ਼ਮਾਂ ਨੂੰ ਕਾਬੂ ਕੀਤਾ ਹੈ। ਉਨ੍ਹਾਂ ਦੱਸਿਆ ਕਿ ਪੁਲਸ ਨੂੰ ਖਾਸ ਮੁਖ਼ਬਰ ਵੱਲੋਂ ਇਤਲਾਹ ਦਿੱਤੀ ਗਈ ਕਿ ਦੋ ਮੁਲਜ਼ਮ ਚੋਰੀ ਦਾ ਮੋਟਰਸਾਈਕਲ ਵੇਚਣ ਲਈ ਲੁਧਿਆਣਾ ਵੱਲ ਜਾ ਰਹੇ ਹਨ, ਜਿਸ ਤੋਂ ਬਾਅਦ ਪੁਲਸ ਨੇ ਤੁਰੰਤ ਕਾਰਵਾਈ ਕਰਦੇ ਹੋਏ ਨਾਨਕਸਰ ਗੁਰਦੁਆਰਾ ਸਾਹਿਬ ਨੂਰਵਾਲਾ ਰੋਡ ’ਤੇ ਸਥਿਤ ਸਬਜ਼ੀ ਮੰਡੀ ਨੇੜੇ ਠੇਕੇ ਨੇੜਿਓਂ ਚੋਰੀ ਦੇ ਮੋਟਰਸਾਈਕਲ ਸਮੇਤ ਦੋ ਮੁਲਜ਼ਮਾਂ ਨੂੰ ਕਾਬੂ ਕਰ ਲਿਆ, ਜਿਨ੍ਹਾਂ ਦੀ ਪਹਿਚਾਣ ਜੌਨੀ ਪੁੱਤਰ ਹਰਿੰਦਰ ਸਿੰਘ ਪੁੱਤਰ ਕਾਲਾ ਸਿੰਘ ਵਾਸੀ ਕਾਸਾਬਾਦ, ਹਰਪ੍ਰੀਤ ਸਿੰਘ ਵਾਸੀ ਗਣਪਤੀ ਐਨਕਲੇਵ ਨਾਨਕਸਰ ਗੁਰਦੁਆਰਾ ਸਾਹਿਬ ਨੂਰਵਾਲਾ ਰੋਡ ਵਜੋ ਹੋਈ ਹੈ। ਉਨ੍ਹਾਂ ਦੱਸਿਆ ਕਿ ਜਿਸ ਤੋਂ ਬਾਅਦ ਪੁਲਸ ਨੇ ਦੋਵਾਂ ਦੋਸ਼ੀਆਂ ਨੂੰ ਗ੍ਰਿਫਤਾਰ ਕਰਕੇ ਜੇਲ ਭੇਜ ਦਿੱਤਾ ਹੈ। ਜਦੋਂ ਉਨ੍ਹਾਂ ਕੋਲੋਂ ਹੋਰ ਪੁੱਛਗਿੱਛ ਕੀਤੀ



ਗਈ ਤਾਂ ਮੁਲਜ਼ਮਾਂ ਦੇ ਕਬਜ਼ੇ ’ਚੋਂ ਇਕ ਚੋਰੀ ਦੇ ਮੋਟਰਸਾਈਕਲ ਸਮੇਤ ਇਕ ਐਕਟਿਵਾ ਅਤੇ ਲੋਕਾਂ ਤੋਂ ਲੁੱਟੇ ਗਏ ਵੱਖ-ਵੱਖ ਕੰਪਨੀਆਂ ਦੇ 9 ਮੋਬਾਈਲ ਫੋਨ ਬਰਾਮਦ ਹੋਏ। ਉਨ੍ਹਾਂ ਦੱਸਿਆ ਕਿ ਇਸ ਤੋ ਬਾਅਦ ਪੁਲਸ ਨੇ ਦੋਵਾਂ ਮੁਲਜ਼ਮਾਂ ਖ਼?ਲਾਫ਼ ਕੇਸ ਦਰਜ ਕਰਕੇ ਅਦਾਲਤ ਵਿੱਚ ਪੇਸ਼ ਕਰਕੇ ਪੁਲਸ ਰਿਮਾਂਡ ਹਾਸਲ ਕੀਤਾ ਹੈ, ਪੁਲਸ ਨੇ ਉਕਤ ਮਾਮਲੇ ਵਿੱਚ ਕਾਰਵਾਈ ਸ਼ੁਰੂ ਕਰ ਦਿੱਤੀ ਹੈ। ਏਡੀਸੀਪੀ 1 ਸਮੀਰ ਵਰਮਾ ਨੇ ਦੱਸਿਆ ਕਿ ਦੋਵੇਂ ਮੁਲਜ਼ਮ ਪਿਛਲੇ ਕਈ ਸਾਲਾਂ ਤੋਂ ਲੁੱਟ-ਖੋਹ ਅਤੇ ਚੋਰੀ ਦੀਆਂ ਵਾਰਦਾਤਾਂ ਕਰ ਰਹੇ ਹਨ। ਉਨ੍ਹਾਂ ਦੱਸਿਆ ਕਿ ਫੜੇ ਗਏ ਮੁਲਜ਼ਮ ਜੌਨੀ ਖ਼?ਲਾਫ਼ ਥਾਣਾ ਡਵੀਜ਼ਨ ਨੰਬਰ 4, ਜਲੰਧਰ ਵਿੱਚ 16 ਜੁਲਾਈ 2018 ਨੂੰ ਲੁੱਟ-ਖੋਹ ਦਾ ਕੇਸ ਦਰਜ ਕੀਤਾ ਗਿਆ ਸੀ। ਉਨ੍ਹਾਂ ਦੱਸਿਆ ਕਿ ਇਸ ਤੋਂ ਬਾਅਦ ਮੁਲਜ਼ਮ ਖ਼?ਲਾਫ਼ 9 ਦਸੰਬਰ 2020 ਨੂੰ ਥਾਣਾ ਡਵੀਜ਼ਨ ਨੰਬਰ 2, ਜਲੰਧਰ ਵਿੱਚ ਲੁੱਟ-ਖੋਹ ਅਤੇ ਚੋਰੀ ਦੇ ਦੋਸ਼ ਹੇਠ ਦੂਜਾ ਕੇਸ ਦਰਜ ਕੀਤਾ ਗਿਆ ਸੀ। ਇਸ ਤੋਂ ਬਾਅਦ 23 ਨਵੰਬਰ 2021 ਨੂੰ ਥਾਣਾ ਡਵੀਜ਼ਨ ਨੰਬਰ 4 ਜਲੰਧਰ ਵਿਖੇ ਲੁੱਟ-ਖੋਹ ਅਤੇ ਚੋਰੀ ਦਾ ਤੀਜਾ ਮਾਮਲਾ ਦਰਜ ਕੀਤਾ ਗਿਆ ਸੀ, ਜਦਕਿ ਮੁਲਜ਼ਮਾਂ ਵਿਰੁੱਧ 4 ਜੂਨ 2023 ਨੂੰ ਥਾਣਾ ਡਵੀਜ਼ਨ ਨੰਬਰ 3 ਵਿਖੇ ਡਕੈਤੀ ਅਤੇ ਚੋਰੀ ਦਾ ਚੌਥਾ ਮੁਕੱਦਮਾ ਦਰਜ ਕੀਤਾ ਗਿਆ ਸੀ। ਉਨ੍ਹਾਂ ਦੱਸਿਆ ਕਿ ਦੋਸ਼ੀ 20 ਮਾਰਚ ਨੂੰ ਜੇਲ ਤੋਂ ਜ਼ਮਾਨਤ ’ਤੇ ਆਇਆ ਸੀ। ਦੋਸ਼ੀ ਹਰਪ੍ਰੀਤ ਸਿੰਘ ਖਿਲਾਫ ਥਾਣਾ ਜੋਧੇਵਾਲ ਵਿਖੇ 9 ਅਪ੍ਰੈਲ 2020 ਨੂੰ ਦਰਜ ਕੀਤਾ ਗਿਆ ਸੀ, ਜਿਸ ਵਿਚ 19 ਸਤੰਬਰ 2024 ਨੂੰ ਜ਼ਮਾਨਤ ਲੈ ਕੇ ਜੇਲ ਤੋਂ ਬਾਹਰ ਆਇਆ ਸੀ। ਜੇਲ ਤੋਂ ਜ਼ਮਾਨਤ ਮਿਲਣ ਤੋਂ ਬਾਅਦ ਦੋਵੇਂ ਮੁਲਜ਼ਮਾਂ ਨੇ ਮਿਲ ਕੇ ਫਿਰ ਤੋਂ ਲੁੱਟ-ਖੋਹ ਦੀਆਂ ਵਾਰਦਾਤਾਂ ਨੂੰ ਅੰਜਾਮ ਦੇਣਾ ਸ਼ੁਰੂ ਕਰ ਦਿੱਤਾ।

## ਸਰਹਿੰਦ ਦੀ ਅਨਾਜ ਮੰਡੀ ਪਹੁੰਚੇ ਕਟਾਰੂਚੱਕ, ਪ੍ਰਬੰਧਾਂ ਦਾ ਲਿਆ ਜਾਇਜ਼ਾ

ਫ਼ਤਹਿਗੜ੍ਹ ਸਾਹਿਬ 30 ਅਪ੍ਰੈਲ। ਪੰਜਾਬ ਦੇ ਕੈਬਨਿਟ ਮੰਤਰੀ ਲਾਲ ਚੰਦ ਕਟਾਰੂਚੱਕ ਅਨਾਜ ਮੰਡੀ ਸਰਹਿੰਦ ਵਿਖੇ ਮੰਡੀ ਦੇ ਪ੍ਰਬੰਧਾਂ ਦਾ ਜਾਇਜ਼ਾ ਲੈਣ ਲਈ ਪਹੁੰਚੇ। ਇਸ ਮੌਕੇ ਉਨ੍ਹਾਂ ਦੇ ਵੱਲੋਂ ਕਿਸਾਨਾਂ ਅਤੇ ਕੰਮ ਕਰ ਰਹੇ ਮਜ਼ਦੂਰਾਂ ਦੀਆਂ ਮੁਸ਼ਕਿਲਾਂ ਵੀ ਸੁਣੀਆਂ ਗਈਆਂ। ਇਸ ਮੌਕੇ ਗੱਲਬਾਤ ਕਰਦ ਹੋਏ ਕੈਬਨਿਟ ਮੰਤਰੀ ਲਾਲ ਚੰਦ ਕਟਾਰੂਚੱਕ ਨੇ ਕਿਹਾ ਕਿ ਅੱਜ ਉਹ ਅਨਾਜ ਮੰਡੀ ਸਰਹੰਦ ਦਾ ਦੌਰਾ ਕਰਨ ਦੇ ਲਈ ਵਿਸ਼ੇਸ਼ ਤੌਰ ’ਤੇ ਪਹੁੰਚੇ ਹਨ। ਉਨ੍ਹਾਂ ਨੇ ਦੱਸਿਆ ਕਿ ਪੰਜਾਬ ਦੇ ਵਿਚ ਕਣਕ ਦੀ ਫ਼ਸਲ ਦਾ ਸੀਜ਼ਨ ਚੱਲ ਰਿਹਾ ਹੈ। ਉਨ੍ਹਾਂ ਦੱਸਿਆ ਕਿ ਪੰਜਾਬ ਦੀਆਂ ਮੰਡੀਆਂ ਵਿਚ ਕਰੀਬ 102 ਲੱਖ ਮੀਟ੍ਰਿਕ ਟਨ ਕਣਕ ਦੀ ਫਸਲ ਪਹੁੰਚੀ ਹੈ। ਜਿਸ ਵਿਚੋਂ 97 ਲੱਖ ਮੀਟ੍ਰਿਕ ਟਨ ਫਸਲ ਸਾਡੀਆਂ ਏਜੰਸੀਆਂ ਖਰੀਦ ਚੁਕੀਆਂ ਹਨ। ਮੰਤਰੀ ਨੇ ਦੱਸਿਆ ਕਿ ਕਿਸਾਨਾਂ ਤੋਂ



ਜੋ ਫਸਲ ਖਰੀਦੀ ਗਈ ਹੈ, ਉਸ ਦਾ 18 ਹਜ਼ਾਰ ਕਰੋੜ ਰੁਪਏ ਕਿਸਾਨਾਂ ਦੇ ਖਾਤਿਆਂ ਵਿਚ ਪਾ ਦਿੱਤਾ ਗਿਆ ਹੈ। ਪੰਜਾਬ ਵਿਚ 1864 ਮੰਡੀਆਂ ਹਨ, ਜਿਨ੍ਹਾਂ 5.25 ਲੱਖ ਕਿਸਾਨ ਆਪਣੀ ਫਸਲ ਲੈ ਕੇ ਆਏ ਹਨ। ਉਨ੍ਹਾਂ ਨੇ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦਾ ਹੁਕਮ ਹੈ ਕਿ ਮੰਡੀ ਵਿਚ ਫਸਲ ਲੈ ਕੇ ਆਉਣ ਵਾਲੇ ਕਿਸਾਨਾਂ ਨੂੰ ਕਿਸੇ ਕਿਸਮ ਦੀ ਪਰੇਸ਼ਾਨੀ ਨਹੀਂ ਆਉਣ ਦਿੱਤੀ ਜਾਵੇਗੀ। ਇਸ ਗੱਲ ’ਤੇ ਪਹਿਰਾ ਦੇਣ ਦੇ ਲਈ ਪ੍ਰਸ਼ਾਸਨ ਅਤੇ ਮੰਡੀਆਂ ਦੇ ਚੇਅਰਮੈਨ ਮੰਡੀਆਂ ਦੇ ਪ੍ਰਬੰਧਾਂ ਦਾ ਜਾਇਜ਼ਾ ਤੇ ਸਮੱਸਿਆਵਾਂ ’ਤੇ ਵੀ ਧਿਆਨ ਦੇ ਰਹੇ ਹਨ। ਉਨ੍ਹਾਂ ਨੇ ਕਿਹਾ ਕਿ ਮੰਡੀ ਵਿਚ ਕੰਮ ਕਰਨ ਵਾਲੇ ਮਜ਼ਦੂਰਾਂ ਨੂੰ ਵੀ ਕਿਸੇ ਕਿਸਮ ਦੀ ਦਿੱਕਤ ਨਹੀਂ ਆਉਣ ਦਿੱਤੀ ਜਾ ਰਹੀ ਤੇ ਮੰਡੀਆਂ ਦੇ ਵਿਚ ਪ੍ਰਬੰਧ ਪੂਰੇ ਸਹੀ ਢੰਗ ਨਾਲ ਚੱਲ ਰਹੇ ਹਨ।

## ਪਤੀ ਨੂੰ ਬਾਹੋਂ ਫੜ ਕਮਰੇ ’ਚ ਲੈ ਗਈ ਪਤਨੀ, ਜਦੋਂ ਘਰਦਿਆਂ ਨੇ ਅੰਦਰ ਜਾ ਕੇ ਵੇਖਿਆ ਤਾਂ

ਸਮਾਣਾ 30 ਅਪ੍ਰੈਲ। ਬਲਾਕ ਸਮਾਣਾ ਦੇ ਪਿੰਡ ਬਲਮਗੜ੍ਹ ਵਿਖੇ ਇਕ ਔਰਤ ਵੱਲੋਂ ਆਪਣੇ ਪਤੀ ਨੂੰ ਗਲਾ ਘੁੱਟ ਕੇ ਕਤਲ ਕਰਨ ਦਾ ਮਾਮਲਾ ਸਾਹਮਣੇ ਆਇਆ ਹੈ। ਸਦਰ ਪੁਲਸ ਨੇ ਲਾਸ਼ ਕਬਜ਼ੇ ’ਚ ਲੈ ਕੇ ਪੋਸਟਮਾਰਟਮ ਲਈ ਸਿਵਲ ਹਸਪਤਾਲ ਸਮਾਣਾ ਦੀ ਮੋਰਚਰੀ ’ਚ ਰਖਵਾ ਕੇ ਅਗਲੇਰੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ। ਇੰਸਪੈਕਟਰ ਬਿਕਰਮਜੀਤ ਸਿੰਘ ਬਰਾੜ ਨੇ ਦੱਸਿਆ ਕਿ ਮ੍ਰਿਤਕ ਹਰਪ੍ਰੀਤ ਸਿੰਘ (29) ਪੁੱਤਰ ਕਾਲਾ ਸਿੰਘ ਦੀ ਮਾਤਾ ਹਰਪਾਲ ਕੌਰ ਵੱਲੋਂ ਦਰਜ ਕਰਵਾਏ ਬਿਆਨਾਂ ਅਨੁਸਾਰ ਉਸ ਦੇ ਦੋਵੇਂ ਪੁੱਤਰਾਂ ਦਾ ਵਿਆਹ ਪਿੰਡ ਕੋਹਰੀਆਂ ਵਿਖੇ 2 ਸਕੀਆਂ ਭੈਣਾਂ ਨਾਲ ਹੋਇਆ ਸੀ। ਦੋਵੇਂ ਪਰਿਵਾਰ ਵੱਖ-ਵੱਖ ਪਿੰਡ ’ਚ ਹੀ ਰਹਿ ਰਹੇ ਹਨ। ਉਸ ਦੇ ਦੋਵੇਂ ਪੁੱਤਰ ਮਿਹਨਤ-ਮਜ਼ਦੂਰੀ ਕਰਦੇ ਹਨ। 24 ਅਪ੍ਰੈਲ ਸ਼ਾਮ ਨੂੰ ਰੋਜ਼ਾਨਾ ਵਾਂਗ, ਜਦੋਂ ਉਸ ਦਾ ਪੁੱਤਰ ਹਰਪ੍ਰੀਤ ਸਿੰਘ ਕੰਮ ਤੋਂ ਵਾਪਸ ਆਇਆ ਤਾਂ ਪਤੀ-ਪਤਨੀ ਦਾ ਆਪਸ ’ਚ ਝਗੜ?ਾ ਹੋ ਗਿਆ। ਉਹ ਉਸ ਨੂੰ ਕਮਰੇ ਵਿਚ ਲੈ ਗਈ ਤੇ ਅੰਦਰੋਂ ਕੁੰਡੀ ਲਗਾ ਲਈ। ਜਦੋਂ ਅਗਲੇ ਦਿਨ ਸਵੇਰੇ ਉਨ੍ਹਾਂ ਆਵਾਜ਼ਾਂ ਮਾਰਨ ’ਤੇ ਕਮਰੇ ਦਾ ਦਰਵਾਜ਼ਾ ਨਹੀਂ ਖੋਲ੍ਹਿਆ ਤਾਂ ਉਨ੍ਹਾਂ ਕਿਸੇ ਦੀ ਮਦਦ ਨਾਲ ਜਦੋਂ ਅੰਦਰ ਲੱਗੀ ਕੁੰਡੀ ਖੋਲ੍ਹੀ। ਦੇਖਿਆ ਤਾਂ ਹਰਪ੍ਰੀਤ ਬੈੱਡ ’ਤੇ ਬੇਹੋਸ਼ ਪਿਆ ਸੀ ਤੇ ਉਸ ਦੀ ਘਰ ਵਾਲੀ ਕੋਲ ਬੈਠੀ ਸੀ। ਸੂਚਨਾ ਮਿਲਣ ’ਤੇ ਪੁਲਸ ਨੇ ਹਰਪ੍ਰੀਤ ਨੂੰ ਸਿਵਲ ਹਸਪਤਾਲ ਲਿਆਂਦਾ ਤਾਂ ਡਾਕਟਰਾਂ ਨੇ ਉਸ ਨੂੰ ਮ੍ਰਿਤਕ ਐਲਾਨ ਦਿੱਤਾ। ਉਨ੍ਹਾਂ ਅੱਗੇ ਦੱਸਿਆ ਕਿ ਪਤਨੀ ਨੇ ਪਤੀ ਦੀ ਸਰਾਣੇ ਨਾਲ ਗਲਾ ਘੁੱਟ ਕੇ ਹੱਤਿਆ ਕੀਤੀ ਹੈ। ਅਧਿਕਾਰੀ ਅਨੁਸਾਰ ਦਰਜ ਬਿਆਨਾਂ ਦੇ ਆਧਾਰ ’ਤੇ ਮ੍ਰਿਤਕ ਦੀ ਪਤਨੀ ਵੀਰਪਾਲ ਕੌਰ ਖ਼?ਲਾਫ਼ ਮਾਮਲਾ ਦਰਜ ਕਰ ਕੇ ਜਾਂਚ ਸ਼ੁਰੂ ਕਰ ਦਿੱਤੀ ਹੈ। ਮ੍ਰਿਤਕ ਆਪਣੇ ਪਿੱਛੇ 5 ਸਾਲ ਦੀ ਲੜਕੀ ਛੱਡ ਗਿਆ ਹੈ।

## ਕਿਸਾਨਾਂ ਲਈ ਖ਼ਤਰੇ ਦੀ ਘੰਟੀ ! ਪੰਜਾਵਾ ਮਾਈਨਰ ’ਚ ਪਿਆ 30 ਫੁੱਟ ਦਾ ਪਾੜ, ਪਈ ਨਵੀਂ ਮੁਸੀਬਤ

**ਕਿਸ਼ਨ ਪਾਲ**

ਅਬੋਹਰ 30 ਅਪ੍ਰੈਲ। ਅਬੋਹਰ ਵਿਖੇ ਪਿੰਡ ਬੁਰਜ ਮੁਹਾਰ ਨੇੜੇ ਪੰਜਾਵਾ ਮਾਈਨਰ ਵਿਚ ਕਰੀਬ 30 ਫੁੱਟ ਦਾ ਪਾੜ ਪੈਣ ਦਾ ਖ਼ਬਰ ਮਿਲੀ ਹੈ, ਜਿਸ ਕਾਰਨ ਆਲੇ-ਦੁਆਲੇ ਦੇ ਖੇਤ ਪਾਣੀ ’ਚ ਡੁੱਬ ਗਏ। ਪਾਣੀ ਭਰਨ ਕਾਰਨ ਕਿਸਾਨਾਂ ਦੀ ਪਰਾਲੀ ਜਿਸ ਤੋਂ ਤੂੜੀ ਬਣਾਈ ਜਾਣੀ ਸੀ ਅਤੇ ਹਰੇ ਚਾਰੇ ਦੀ ਫ਼ਸਲ ਨੂੰ ਨੁਕਸਾਨ ਪਹੁੰਚਿਆ। ਇੰਨਾ ਹੀ ਨਹੀਂ ਕਿਸਾਨਾਂ ਦੇ ਖੇਤਾਂ ’ਚ ਲਾਏ ਗਏ ਪਾਣੀ ਦੇ ਟਿਊਬਵੈੱਲ ਵੀ ਡੁੱਬ ਗਏ, ਜਿਸ ਨਾਲ ਵੀ ਨੁਕਸਾਨ ਹੋਵੇਗਾ। ਕਿਸਾਨਾਂ ਨੇ ਦੱਸਿਆ ਕਿ ਨਹਿਰ ਟੁੱਟਣ ਤੋਂ ਲਗਭਗ ਚਾਰ ਤੋਂ ਪੰਜ ਘੰਟੇ ਬਾਅਦ ਨਹਿਰ ਵਿਭਾਗ ਦੇ ਅਧਿਕਾਰੀ ਪਹੁੰਚੇ ਅਤੇ ਨਹਿਰ ਦੀ ਮੁਰੰਮਤ ਦਾ ਕੰਮ ਸ਼ੁਰੂ ਕੀਤਾ। ਜਾਣਕਾਰੀ ਅਨੁਸਾਰ ਐਤਵਾਰ ਸਵੇਰੇ ਪਿੰਡ ਬੁਰਜ ਮੁਹਾਰ ਨੇੜੇ ਨਿਕਲਦੀ ਪੰਜਾਵਾ ਮਾਈਨਰ ’ਚ 30 ਫੁੱਟ ਦਾ ਕਟਾਅ ਆ ਗਿਆ, ਜਿਹੜਾ ਹੌਲੀ-ਹੌਲੀ ਵਧਦਾ ਗਿਆ। ਕਿਸਾਨ ਜਗਤਾਰ ਸਿੰਘ, ਹਰਜਿੰਦਰ ਸਿੰਘ, ਜਗਦੀਪ ਸਿੰਘ, ਕੁਲਦੀਪ ਸਿੰਘ ਆਦਿ ਨੇ ਦੱਸਿਆ ਕਿ ਨਹਿਰ ਟੁੱਟਣ ਕਾਰਨ ਨੇੜਲੇ 100 ਏਕੜ ਦੇ ਕਰੀਬ ਖੇਤ ਪਾਣੀ ’ਚ ਡੁੱਬ ਗਏ, ਜਿਸ ਕਾਰਨ ਕਿਸਾਨਾਂ ਦੀ ਪਰਾਲੀ ਪਾਣੀ ’ਚ ਡੁੱਬ ਗਈ। ਪਾਣੀ ਭਰਨ



ਕਾਰਨ ਕਿਸਾਨਾਂ ਦੇ ਟਿਊਬਵੈੱਲ ਅਤੇ ਬੋਰਾਂ ’ਚ ਪਾਣੀ ਨਾਲ ਭਰ ਗਿਆ, ਜਿਸ ਨਾਲ ਉਨ੍ਹਾਂ ਨੂੰ ਵੀ ਨੁਕਸਾਨ ਹੋਇਆ। ਨਹਿਰ ਟੁੱਟਣ ਕਾਰਨ ਕਿਸਾਨਾਂ ਨੂੰ ਭਾਰੀ ਆਰਥਿਕ ਨੁਕਸਾਨ ਹੋਇਆ ਹੈ। ਕਿਸਾਨਾਂ ਨੇ ਦੱਸਿਆ ਕਿ ਨਹਿਰ ਟੁੱਟਣ ਦਾ ਕਾਰਨ ਇਹ ਹੈ ਕਿ ਇਕ ਪਾਸੇ ਨਹਿਰ ਬਣੀ ਹੋਈ ਹੈ ਜਦਕਿ ਦੂਜੇ ਪਾਸੇ ਰੇਲਵੇ ਲਾਈਨਾਂ ਹਨ। ਪਟੜੀ ਛੋਟੀ ਅਤੇ ਕਮਜ਼ੋਰ ਹੋਣ ਕਾਰਨ ਨਹਿਰ ਅਕਸਰ ਟੁੱਟ ਜਾਂਦੀ ਹੈ, ਜਿਸ ਨਾਲ ਕਿਸਾਨਾਂ ਦਾ ਨੁਕਸਾਨ ਹੁੰਦਾ ਹੈ। ਉਨ੍ਹਾਂ ਕਿਹਾ ਕਿ ਉਨ੍ਹਾਂ ਨੇ ਇਸ ਸਬੰਧੀ ਕਈ ਵਾਰ ਨਹਿਰੀ ਵਿਭਾਗ ਨੂੰ ਸ਼ਿਕਾਇਤ ਕੀਤੀ ਸੀ ਅਤੇ ਨਹਿਰ ਦੀ ਪਟੜੀ ਮਜ਼ਬੂਤ ਕਰਨ ਦੀ ਮੰਗ ਕੀਤੀ ਸੀ ਪਰ ਨਹਿਰੀ ਵਿਭਾਗ ਨੇ ਇਸ ਨੂੰ ਗੰਭੀਰਤਾ ਨਾਲ ਨਹੀਂ ਲਿਆ। ਕਿਸਾਨਾਂ ਦਾ ਦੋਸ਼ ਹੈ ਕਿ ਨਹਿਰ ਸਵੇਰੇ 5 ਵਜੇ ਦੇ ਕਰੀਬ ਟੁੱਟ ਗਈ ਅਤੇ ਨਹਿਰੀ ਵਿਭਾਗ ਦੇ ਅਧਿਕਾਰੀਆਂ ਨੂੰ ਇਸ ਬਾਰੇ ਸੂਚਿਤ ਕੀਤਾ ਗਿਆ ਸੀ ਪਰ ਸਵੇਰੇ 9 ਵਜੇ ਤੱਕ ਨਹਿਰੀ ਵਿਭਾਗ ਦਾ ਕੋਈ ਅਧਿਕਾਰੀ ਮੌਕੇ ’ਤੇ ਨਹੀਂ ਪਹੁੰਚਿਆ, ਜਿਸ ਕਾਰਨ ਕਟਾਅ ਵਧਦਾ ਗਿਆ। ਲਗਭਗ 5 ਘੰਟਿਆਂ ਬਾਅਦ ਨਹਿਰੀ ਵਿਭਾਗ ਦੇ ਅਧਿਕਾਰੀ ਮੌਕੇ ’ਤੇ ਪਹੁੰਚੇ ਅਤੇ ਪਿੱਛੇ ਤੋਂ ਪਾਣੀ ਬੰਦ ਕਰਕੇ ਮੁਰੰਮਤ ਦਾ ਕੰਮ ਸ਼ੁਰੂ ਕੀਤਾ। ਕਿਸਾਨਾਂ ਨੇ ਕਿਹਾ ਕਿ ਨਹਿਰ ਟੁੱਟਣ ਕਾਰਨ ਪਾਣੀ ਟੇਲਾਂ ਤੱਕ ਨਹੀਂ ਪਹੁੰਚੇਗਾ। ਇਸ ਲਈ ਟੇਲਾਂ ਵਾਲੇ ਕਿਸਾਨਾਂ ਨੂੰ ਵੀ ਨੁਕਸਾਨ ਹੋਵੇਗਾ।

## ਚਾਵਾਂ ਨਾਲ ਭਰਾ ਨੇ ਤੋਰੀ ਸੀ ਭੈਣ ਦੀ ਡੋਲੀ

ਫਰੀਦਾਬਾਦ 30 ਅਪ੍ਰੈਲ। ਭਰਾ ਨੇ ਬਹੁਤ ਹੀ ਚਾਵਾਂ ਨਾਲ ਆਪਣੀ ਭੈਣ ਦਾ ਵਿਆਹ ਕੀਤਾ ਸੀ। ਪਰ ਦਾਜ ਦੇ ਲਾਲਚੀ ਸਹੁਰਿਆਂ ਨੇ ਕੁੜੀ ਦਾ ਗਲ ਘੁੱਟ ਕੇ ਕਤਲ ਕਰ ਦਿੱਤਾ। ਇਹ ਮਾਮਲਾ ਹਰਿਆਣਾ ਦੇ ਫਰੀਦਾਬਾਦ ਦਾ ਹੈ, ਜਿੱਥੇ ਦਿੱਲੀ ਦੀ ਰਹਿਣ ਵਾਲੀ ਮੋਨਾ ਦੀ ਸ਼ੱਕੀ ਹਲਾਤਾਂ ਵਿਚ ਮੌਤ ਹੋ ਗਈ। ਮੋਨਾ ਦਾ ਵਿਆਹ ਰਾਹੁਲ ਮਿਸ਼ਰਾ ਨਾਂ ਦੇ ਨੌਜਵਾਨ ਨਾਲ ਹੋਇਆ ਸੀ। ਭੈਣ ਦੇ ਵਿਆਹ ਲਈ ਜਿਸ ਭਰਾ ਨੇ ਘਰ ਤੱਕ ਵੇਚ ਦਿੱਤਾ ਸੀ, ਉਸ ਦੀ ਮੌਤ ਦੀ ਖ਼ਬਰ ਸੁਣ ਉਹ ਸੁੰਨ ਰਿਹਾ ਗਿਆ।



ਦਰਅਸਲ ਮ੍ਰਿਤਕ ਮੋਨਾ ਦੇ ਸਹੁਰਿਆਂ ਵਲੋਂ ਦਾਜ ਲਈ ਮੋਨਾ ਦਾ ਕਤਲ ਕਰ ਦਿੱਤਾ ਗਿਆ। ਮ੍ਰਿਤਕਾ ਦੇ ਪਰਿਵਾਰ ਨੇ ਦੋਸ਼ ਲਾਇਆ ਕਿ ਮੌਤ ਤੋਂ ਬਾਅਦ ਵੀ ਸਿੱਧੇ ਸੂਚਨਾ ਨਹੀਂ ਦਿੱਤੀ ਗਈ, ਸਗੋਂ ਵਿਚੋਲੇ ਜ਼ਰੀਏ ਮੋਨਾ ਦੀ ਸਿਹਤ ਖ਼ਰਾਬ ਹੋਣ ਦੀ ਸੂਚਨਾ ਦਿੱਤੀ ਗਈ। ਮ੍ਰਿਤਕਾ ਦੀ ਭੈਣ ਪ੍ਰੀਤੀ ਨੇ ਦੱਸਿਆ ਕਿ ਮੋਨਾ ਉਸ ਦੀ ਛੋਟੀ ਭੈਣ ਸੀ। ਉਸ ਦਾ ਧੂਮਧਾਮ ਨਾਲ ਵਿਆਹ ਕਰਨ ਲਈ ਭਰਾ ਨੇ ਘਰ ਤੱਕ ਵੇਚ ਦਿੱਤਾ ਸੀ। ਦਾਜ ਵਿਚ ਨਿਸਾਨ ਕਾਰ, 5 ਲੱਖ ਰੁਪਏ ਨਕਦੀ ਅਤੇ ਹੋਰ ਸਾਮਾਨ ਦਿੱਤਾ ਗਿਆ ਸੀ। ਮੋਨਾ ਦੇ ਸਹੁਰੇ ਪਰਿਵਾਰ ਵਾਲੇ ਵਾਰ-ਵਾਰ ਪੈਸਿਆਂ ਦੀ ਮੰਗ ਕਰ ਰਹੇ ਸਨ ਅਤੇ ਜ਼ਮੀਨ ਖਰੀਦਣ ਦੇ ਨਾਂ ’ਤੇ ਦਬਾਅ ਬਣਾ ਰਹੇ ਸਨ। ਮੰਗ ਪੂਰੀ ਨਾ ਹੋਣ ’ਤੇ ਪਤੀ ਰਾਹੁਲ ਮਿਸ਼ਰਾ ਅਤੇ ਸਹੁਰੇ ਪਰਿਵਾਰ ਨੇ ਮਿਲ ਕੇ ਮੋਨਾ ਦਾ ਕਤਲ ਕਰ ਦਿੱਤਾ। ਓਧਰ ਮ੍ਰਿਤਕਾ ਦੇ ਪਰਿਵਾਰ ਵਾਲਿਆਂ ਦੇ ਬਿਆਨ ਦੇ ਆਧਾਰ ’ਤੇ ਦਾਜ ਲਈ ਕਤਲ ਦਾ ਮਾਮਲਾ ਦਰਜ ਕੀਤਾ ਗਿਆ ਹੈ। ਪਤੀ ਰਾਹੁਲ ਨੂੰ ਗ੍ਰਿਫ਼ਤਾਰ ਕਰ ਲਿਆ ਗਿਆ ਹੈ। ਪੁਲਸ ਵਲੋਂ ਜਾਂਚ ਜਾਰੀ ਹੈ।

## ਫੰਕਸ਼ਨ ਤੋਂ ਘਰ ਆਉਂਦੇ ਨੌਜਵਾਨਾਂ ਨਾਲ ਵਾਪਰ ਗਿਆ ਭਾਣਾ

ਨੈਸ਼ਨਲ ਡੈਸਕ 30 ਅਪ੍ਰੈਲ। ਛੱਤੀਸਗੜ੍ਹ ਦੇ ਬਲਰਾਮਪੁਰ ਜ਼ਿਲ੍ਹੇ ਦੇ ਵਡਰਾਫਨਗਰ ਵਿੱਚ ਦੇਰ ਰਾਤ ਇੱਕ ਤੇਜ਼ ਰਫ਼ਤਾਰ ਬਾਈਕ ਬੇਕਾਬੂ ਹੋ ਕੇ ਦਰੱਖਤ ਨਾਲ ਟਕਰਾ ਗਈ। ਇਸ ਭਿਆਨਕ ਟੱਕਰ ਕਾਰਨ ਕਾਰਨ ਬਾਈਕ ਸਵਾਰ ਤਿੰਨ ਵਿਅਕਤੀਆਂ ਦੀ ਮੌਤ ਹੋ ਗਈ। ਸਥਾਨਕ ਪੁਲਸ ਨੇ ਇਹ ਜਾਣਕਾਰੀ ਦਿੱਤੀ। ਪੁਲਸ ਨੇ ਦੱਸਿਆ ਕਿ ਇਹ ਘਟਨਾ ਪੇਂਡਰੀ ਪਿੰਡ ਵਿੱਚ ਵਾਪਰੀ ਜਦੋਂ ਤਿੰਨ ਲੋਕ ਇੱਕ ਬਾਈਕ ’ਤੇ ਆਰਕੈਸਟਰਾ ਪ੍ਰੋਗਰਾਮ ਤੋਂ ਵਾਪਸ ਆ ਰਹੇ ਸਨ ਤਾਂ ਅਚਾਨਕ ਉਨ੍ਹਾਂ ਦੀ ਬਾਈਕ ਦਾ ਸੰਤੁਲਨ ਵਿਗੜ ਗਿਆ, ਜਿਸ ਤੋਂ ਬਾਅਦ ਉਨ੍ਹਾਂ ਦੀ ਬਾਈਕ ਇੱਕ ਦਰੱਖਤ ਨਾਲ ਟਕਰਾ ਗਈ ਅਤੇ ਤਿੰਨਾਂ ਦੀ ਮੌਕੇ ’ਤੇ ਹੀ ਮੌਤ ਹੋ ਗਈ। ਘਟਨਾ ਦੀ ਸੂਚਨਾ ਮਿਲਦੇ ਹੀ ਪੁਲਸ ਟੀਮ ਮੌਕੇ ’ਤੇ ਪਹੁੰਚ ਗਈ ਅਤੇ ਤਿੰਨਾਂ ਮ੍ਰਿਤਕਾਂ ਦੀਆਂ ਲਾਸ਼ਾਂ ਨੂੰ ਪੋਸਟਮਾਰਟਮ ਲਈ ਭੇਜ ਦਿੱਤਾ।

## ਲੇਬਰ ਦੀ ਕਮੀ ਕਰਕੇ ਮੰਡੀਆਂ ’ਚ ਰੁਲਣ ਲੱਗੀਆਂ ਕਣਕ ਦੀਆਂ ਬੋਰੀਆਂ

ਬੱਧਨੀ ਕਲਾਂ 30 ਅਪ੍ਰੈਲ। ਕੁਝ ਦਿਨਾਂ ਵਿਚ ਹੀ ਮੰਡੀ ਵਿਚ ਆਈ ਕਣਕ ਦੀ ਫਸਲ ਨੂੰ ਖਰੀਦ ਅਧਿਕਾਰੀਆਂ ਦੇ ਵਧੀਆ ਖਰੀਦ ਪ੍ਰਬੰਧਾਂ ਕਰਕੇ ਅਤੇ ਆੜ੍ਹਤੀਆਂ ਅਤੇ ਕੱਚੀ ਲੇਬਰ ਨੇ ਦਿਨ ਰਾਤ ਇਕ ਕਰਕੇ ਉਸ ਨੂੰ ਬੋਰੀਆਂ ਵਿਚ ਭਰਕੇ, ਕਿਸਾਨਾਂ ਨੂੰ ਮੰਡੀਆਂ ਵਿਚ ਰੁਲਣ ਤੋਂ ਬਚਾਅ ਲਿਆ ਪਰ ਹੁਣ ਆੜ੍ਹਤੀ ਅਤੇ ਕੱਚੀ ਲੇਬਰ ਸਰਕਾਰ ਵੱਲੋਂ ਖਰੀਦ ਕੀਤੀ ਕਣਕ ਦੀਆਂ ਭਰੀਆਂ ਬੋਰੀਆਂ ਦੀ ਰਾਖੀ ਕਰਨ ਲਈ ਮਜਬੂਰ ਹੈ। ਅਜਿਹਾ ਇਸ ਲਈ ਕਿਉਂਕਿ ਮੰਡੀਆਂ ਲਿਫਟਿੰਗ ਦਾ ਕੰਮ ਬਹੁਤ ਹੀ ਸੁਸਤ ਚਾਲ ਨਾਲ ਚੱਲ ਰਿਹਾ ਹੈ, ਜਿਸ ਕਰਕੇ ਮੰਡੀਆਂ ਵਿਚ ਭਾਰੀ ਮਾਤਰਾ ਵਿਚ ਕਣਕ ਦੀਆਂ ਭਰੀਆਂ ਬੋਰੀਆਂ ਪਈਆਂ ਹਨ। ਇਸੇ ਤਰ੍ਹਾਂ ਬੱਧਨੀ ਕਲਾਂ ਮੰਡੀ ਵੀ ਕਣਕ ਦੀਆਂ ਬੋਰੀਆਂ ਨਾਲ ਭਰੀ ਪਈ ਹੈ। ਟਰੱਕ ਯੂਨੀਅਨ ਵੱਲੋਂ ਤਾਂ ਪੂਰੇ ਟਰੱਕ ਦਿੱਤੇ ਜਾ ਰਹੇ ਹਨ ਅਤੇ ਆੜ੍ਹਤੀਆਂ ਵੱਲੋਂ ਵੀ ਸਮੇਂ ਸਿਰ ਟਰੱਕ ਲੋਡ ਕਰਵਾਏ ਜਾ ਰਹੇ ਹਨ ਪਰ ਗੋਦਾਮਾਂ ਵਿਚ ਟਰੱਕ ਲੁਹਾਉਣ ਵਾਲੀ ਲੇਬਰ ਦੀ ਕਮੀ ਹੋਣ ਕਰਕੇ ਟਰੱਕਾਂ ਵਾਲਿਆਂ ਦੇ ਗੇੜੇ ਵੀ ਪੂਰੇ ਨਹੀਂ ਹੋ ਰਹੇ। ਇਸ ਲਈ ਸਰਕਾਰ ਨੂੰ ਚਾਹੀਦਾ ਹੈ ਕਿ ਉਹ ਠੇਕੇਦਾਰ ਨੂੰ ਲੇਬਰ ਵਿਚ ਤੁਰੰਤ ਵਾਧਾ ਕਰਨ ਦਾ ਹੁਕਮ ਜਾਰੀ ਕਰੇ ਤਾਂ ਜੋ ਹੁਣ ਤੱਕ ਦੇ ਵਧੀਆ ਪ੍ਰਬੰਧ ਵਧੀਆ ਹੀ ਰਹਿ ਸਕਣ ਤੇ ਕੱਚੀ ਲੇਬਰ ਨੂੰ ਹੋ ਰਹੀਆਂ ਪ੍ਰੇਸ਼ਾਨੀਆਂ ਤੋਂ ਛੁਟਕਾਰਾ ਮਿਲ ਸਕੇ।

## ਅਮਰੀਕੀ ਅੰਬੈਸੀ ਨੇ ਕਰਵਾਇਆ ਜਲੰਧਰ ਦੇ ਏਜੰਟ ’ਤੇ ਪਰਚਾ

**ਏਜੰਸੀਆਂ**

ਜਲੰਧਰ 30 ਅਪ੍ਰੈਲ। ਜਲੰਧਰ ਦੇ ਇੱਕ ਏਜੰਟ ਵਿਰੁੱਧ ਅਮਰੀਕੀ ਦੂਤਾਵਾਸ ਨੇ ਕੇਸ ਦਰਜ ਕੀਤਾ ਹੈ। ਐਫ.ਆਈ.ਆਰ. ਦੇ ਅਨੁਸਾਰ, ਅਮਰੀਕੀ ਦੂਤਾਵਾਸ ਦੇ ਪ੍ਰਤੀਨਿਧੀ ਨੇ ਕਿਹਾ ਕਿ 22 ਅਪ੍ਰੈਲ, 2025 ਨੂੰ, ਜਤਿੰਦਰ ਸਿੰਘ ਨੇ ਨਵੀਂ ਦਿੱਲੀ ਸਥਿਤ ਅਮਰੀਕੀ ਦੂਤਾਵਾਸ ਵਿੱਚ ਗੈਰ-ਪ੍ਰਵਾਸੀ ਵੀਜ਼ਾ ਲਈ ਅਰਜ਼ੀ ਦਿੱਤੀ ਸੀ। ਜਤਿੰਦਰ ਨੇ ਕਿਹਾ ਕਿ ਉਸਦਾ ਜਨਮ 4 ਫਰਵਰੀ, 1992 ਨੂੰ ਪੰਜਾਬ ਦੇ ਹੁਸ਼ਿਆਰਪੁਰ ਜ਼ਿਲ੍ਹੇ ਦੇ ਤਲਵੰਡੀ ਦੱਦੀਆਂ ਵਿੱਚ ਹੋਇਆ ਸੀ ਅਤੇ ਉਸਨੇ ਆਪਣੀ ਪਛਾਣ ਦੇ ਸਬੂਤ ਵਜੋਂ ਭਾਰਤੀ ਪਾਸਪੋਰਟ ਪੇਸ਼ ਕੀਤਾ ਸੀ। ਜਤਿੰਦਰ ਨੇ ਪੈਨੇਸੀਆ ਮੈਡੀਕਲ ਟੈਕਨਾਲੋਜੀਜ਼ ਪ੍ਰਾਈਵੇਟ ਲਿਮਟਿਡ ਦੁਆਰਾ 11 ਅਪ੍ਰੈਲ, 2025 ਨੂੰ ਜਾਰੀ ਕੀਤਾ ਇੱਕ ਰੁਜ਼ਗਾਰ ਪੱਤਰ ਦੂਤਾਵਾਸ ਵਿਖੇ ਜਮ?ਹਾ ਕਰਵਾਇਆ ਸੀ। ਜਿਸ ’ਤੇ ਖੋਜ ਅਤੇ ਵਿਕਾਸ ਨਿਰਦੇਸ਼ਕ ਦੁਆਰਾ ਦਸਤਖਤ ਕੀਤੇ ਗਏ ਸਨ। ਇਸ ਤੋਂ ਇਲਾਵਾ ਮਾਰਚ 2025 ਦੇ ਮਹੀਨੇ ਦੀ ਇੱਕ ਸੈਲਰੀ ਸਲਿੱਪ, 22 ਮਾਰਚ 2025 ਦੀ ਤਰੀਕ ਵਾਲਾ ਅਮਰੀਕਨ ਨਿਊਰੋਰਾਡੀਓਲੋਜੀ ਸੋਸਾਇਟੀ ਦਾ ਸੱਦਾ ਪੱਤਰ ਅਤੇ ਡਾ. ਜਤਿੰਦਰ ਸਿੰਘ ਦੇ ਨਾਮ ’ਤੇ ਇੱਕ ਵਿਜ਼ਟਿੰਗ ਕਾਰਡ ਜਮ?ਹਾ ਕਰਵਾਇਆ। ਜਿਸ ਵਿੱਚ ਜਤਿੰਦਰ




ਦਾ ਅਹੁਦਾ ਨਿਊਰੋ ਡਾਇਗਨੌਸਟਿਕ ਮੈਨੇਜਰ ਵਜੋਂ ਦਿਖਾਇਆ ਗਿਆ ਸੀ। ਉਸਨੇ ਆਪਣਾ ਮੈਰਿਟਲ ਸਟੈਟਸ ਮੈਰਿਡ ਦੱਸਿਆ ਅਤੇ ਪਤਨੀ ਦਾ ਨਾਮ ਨਵਦੀਪ ਕੌਰ ਦੱਸਿਆ। ਹਾਲਾਂਕਿ 22 ਅਪ੍ਰੈਲ 2025 ਨੂੰ ਅਮਰੀਕੀ ਦੂਤਾਵਾਸ ਦੇ ਅਧਿਕਾਰੀਆਂ ਸਾਹਮਣੇ ਗਵਾਹੀ ਦਿੰਦੇ ਹੋਏ, ਜਤਿੰਦਰ ਨੇ ਕਬੂਲ ਕੀਤਾ ਕਿ ਉਹ ਕਦੇ ਵੀ ਪੈਨੇਸੀਆ ਮੈਡੀਕਲ ਟੈਕਨਾਲੋਜੀਜ਼ ਪ੍ਰਾਈਵੇਟ ਲਿਮਟਿਡ ਵਿੱਚ ਨੌਕਰੀ ਨਹੀਂ ਕਰਦਾ ਸੀ ਅਤੇ ਨਾ ਹੀ ਉਹ ਕਦੇ ਨਿਊਰੋ ਡਾਇਗਨੌਸਟਿਕਸ ਦਾ ਮੈਨੇਜਰ ਰਿਹਾ ਹੈ। ਦਸਤਾਵੇਜ਼ਾਂ ਵਿੱਚ, ਉਸਦੇ ਵਿਆਹ ਦਾ ਜ਼ਿਕਰ ਨਵਦੀਪ ਕੌਰ ਨਾਲ ਕੀਤਾ ਗਿਆ ਸੀ। ਜਦੋਂ ਕਿ ਅਸਲ ਵਿੱਚ ਉਹ ÷ਅਣਵਿਆਹਿਆ÷ ਹੈ ਅਤੇ ਨਵਦੀਪ ਕੌਰ ਨੂੰ ਜਾਣਦਾ ਵੀ ਨਹੀਂ ਹੈ। ਜਤਿੰਦਰ ਸਿੰਘ ਨੇ ਕਿਹਾ ਕਿ ਜਾਅਲੀ ਰੁਜ਼ਗਾਰ ਦਸਤਾਵੇਜ਼ ਉਸਨੂੰ ਪੰਜਾਬ ਦੇ ਜਲੰਧਰ ਦੇ ਰਹਿਣ ਵਾਲੇ ਰਜਿੰਦਰ ਸ਼ਰਮਾ ਨੇ ਮੁਹੱਈਆ ਕਰਵਾਏ ਸਨ। ਵੀਜ਼ਾ ਮਿਲਣ ਤੋਂ ਬਾਅਦ ਰਾਜਿੰਦਰ ਸ਼ਰਮਾ ਨੂੰ 15 ਲੱਖ ਰੁਪਏ ਦੇਣ ਦੀ ਗੱਲ ਤੈਅ ਹੋਈ ਸੀ। ਅਮਰੀਕੀ ਦੂਤਾਵਾਸ ਦੀ ਸ਼ਿਕਾਇਤ ਦੇ ਆਧਾਰ ’ਤੇ, ਦੋਵਾਂ ਵਿਰੁੱਧ ਚਾਣਕਿਆਪੁਰੀ ਪੁਲਸ ਸਟੇਸ਼ਨ ਵਿੱਚ ਆਈਪੀਸੀ ਦੀ ਧਾਰਾ 318(4), 319(2), 336(3), 340(2), 61(2) ਦੇ ਤਹਿਤ ਮਾਮਲਾ ਦਰਜ ਕੀਤਾ ਗਿਆ ਹੈ।

## ਮਿਲਾਵਟਖੋਰੀ ਕਰਨ ਵਾਲਿਆਂ ਦੀ ਖੈਰ ਨਹੀਂ, ਹੁਣ ਵਿਭਾਗੀ ਦੇ ਨਾਲ-ਨਾਲ ਹੋਵੇਗੀ ਕਾਨੂੰਨੀ ਕਾਰਵਾਈ

**ਏਜੰਸੀਆਂ**

ਅੰਮ੍ਰਿਤਸਰ 30 ਅਪ੍ਰੈਲ। ਮਿਲਾਵਟਖੋਰੀ ਕਰਨ ਵਾਲਿਆਂ ਖਿਲਾਫ ਸਿਹਤ ਵਿਭਾਗ ਲਗਾਤਾਰ ਸ਼ਿਕੰਜਾ ਕੱਸਦਾ ਨਜ਼ਰ ਆ ਰਿਹਾ ਹੈ। ਸਹਾਇਕ ਕਮਿਸ਼ਨਰ ਫੂਡ ਰਜਿੰਦਰ ਪਾਲ ਸਿੰਘ ਵੱਲੋਂ ਸਪੱਸ਼ਟ ਕਰ ਦਿੱਤਾ ਗਿਆ ਹੈ ਕਿ ਜੇਕਰ ਕੋਈ ਮਿਲਾਵਟ ਖੋਰੀ ਕਰਦਾ ਪਾਇਆ ਜਾਂਦਾ ਹੈ ਤਾਂ ਉਸ ਖਿਲਾਫ ਵਿਭਾਗ ਦੇ ਨਾਲ-ਨਾਲ ਕਾਨੂੰਨੀ ਕਾਰਵਾਈ ਵੀ ਅਮਲ ਵਿਚ ਲਿਆਂਦੀ ਜਾਵੇਗੀ। ਰਜਿੰਦਰ ਪਾਲ ਨੇ ਸਪੱਸ਼ਟ ਕੀਤਾ ਹੈ ਕਿ ਮਨੁੱਖੀ ਜਾਨਾਂ ਨਾਲ ਖਿਲਵਾੜ ਕਿਸੇ ਵੀ ਹਾਲ ’ਚ ਬਰਦਾਸ਼ਤ ਨਹੀਂ ਕੀਤਾ ਜਾਵੇਗਾ। ਸਹਾਇਕ ਕਮਿਸ਼ਨਰ ਰਜਿੰਦਰ ਪਾਲ ਸਿੰਘ ਨੇ ਦੱਸਿਆ ਕਿ ਫੂਡ ਅਤੇ ਡਰੱਗ ਕਮਿਸ਼ਨਰ ਪੰਜਾਬ ਆਈ. ਏ. ਐੱਸ. ਦਿਲਰਾਜ ਸਿੰਘ ਅਤੇ ਡਿਪਟੀ ਕਮਿਸ਼ਨਰ ਮੈਡਮ ਸਾਕਸ਼ੀ ਸਾਹਨੀ ਦੀ ਅਗਵਾਈ ਵਿਚ ਜ਼ਿਲ੍ਹੇ ਅੰਦਰ ਮਿਲਾਵਟਖੋਰੀ ਖਿਲਾਫ ਵਿਸ਼ੇਸ਼ ਮੁਹਿੰਮ ਚਲਾਈ ਜਾ ਰਹੀ ਹੈ। ਜਿਸ ਦੇ ਮੱਦੇਨਜ਼ਰ ਚਾਟੀਵਿੰਡ, ਸੁਲਤਾਨਵਿੰਡ ਰੋਡ, ਤਰਨਤਾਰਨ ਰੋਡ ਆਦਿ ਵਿਖੇ ਸਥਿਤ ਡੇਅਰੀਆਂ ਦੀ ਵਿਸ਼ੇਸ਼ ਚੈਕਿੰਗ ਕੀਤੀ ਗਈ ਹੈ। ਇਸ ਦੌਰਾਨ ਦੁੱਧ ਅਤੇ ਦੁੱਧ ਨਾਲ ਬਣੇ 6 ਪਦਾਰਥਾਂ ਦੇ ਸੈਂਪਲ ਲਏ ਗਏ ਹਨ, ਜਿਨ੍ਹਾਂ ਵਿੱਚੋਂ ਤਿੰਨ ਦੁੱਧ, ਦੋ ਦਹੀਂ ਅਤੇ ਇਕ ਘਿਓ ਦਾ ਸੈਂਪਲ ਸ਼ਾਮਲ ਹੈ। ਉਨ੍ਹਾਂ ਕਿਹਾ ਕਿ ਜ਼ਿਲ੍ਹੇ ਵਿਚ ਮਿਲਾਵਟਖੋਰੀ ਰੋਕਣ ਲਈ ਵਿਸ਼ੇਸ਼ ਟੀਮਾਂ ਦਾ ਗਠਨ ਕੀਤਾ ਗਿਆ ਹੈ ਜੋ ਕਿ ਨਿਰੰਤਰ ਚੈਕਿੰਗ ਕਰ ਰਹੀਆਂ ਹਨ। ਵਿਭਾਗ ਵੱਲੋਂ ਪਿਛਲੇ ਸਮੇਂ ਦੌਰਾਨ ਕਈ ਦੁਕਾਨਾਂ ’ਤੇ ਚੈਕਿੰਗ ਕੀਤੀ ਗਈ ਹੈ ਜਿਨ੍ਹਾਂ ਵਿਚ ਉਣਤਾਈਆਂ ਪਾਈਆਂ ਗਈਆਂ



ਹਨ। ਉਨ੍ਹਾਂ ਨੂੰ ਨੋਟਿਸ ਵੀ ਜਾਰੀ ਕੀਤੇ ਗਏ ਹਨ। ਇਸ ਤੋਂ ਇਲਾਵਾ ਮਾਣਯੋਗ ਵਧੀਕ ਡਿਪਟੀ ਕਮਿਸ਼ਨਰ ਦੀ ਅਦਾਲਤ ਵਿਚ ਵੱਖ-ਵੱਖ ਕੇਸ ਵੀ ਲਗਾਏ ਗਏ ਹਨ। ਉਨ੍ਹਾਂ ਕਿਹਾ ਕਿ ਜੇਕਰ ਕੋਈ ਮਿਲਾਵਟਖੋਰੀ ਕਰਦਾ ਪਾਇਆ ਜਾਂਦਾ ਹੈ ਜਾਂ ਉਸ ਦੀ ਸ਼ਿਕਾਇਤ ਵਿਭਾਗ ਕੋਲ ਆਉਂਦੀ ਹੈ ਤਾਂ ਵਿਭਾਗ ਵੱਲੋਂ ਹੁਣ ਵਿਭਾਗੀ ਕਾਰਵਾਈ ਦੇ ਨਾਲ ਨਾਲ ਕਾਨੂੰਨੀ ਕਾਰਵਾਈ ਵੀ ਅਮਲ ਵਿਚ ਲਿਆਂਦੀ ਜਾਵੇਗੀ। ਉਨ੍ਹਾਂ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਸਪੱਸ਼ਟ ਹਦਾਇਤ ਜਾਰੀ ਕੀਤੀ ਗਈ ਹੈ ਕਿ ਮਿਲਾਵਟਖੋਰੀ ਦੇ ਸੌਦਾਗਰਾਂ ਨੂੰ ਕਿਸੇ ਵੀ ਹਾਲਤ ’ਚ ਬਰਦਾਸ਼ਤ ਨਹੀਂ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਆਉਣ ਵਾਲੇ ਸਮੇਂ ਵਿਚ ਹੋਰ ਵੀ ਤੇਜ਼ ਚੈਕਿੰਗ ਮੁਹਿੰਮ ਕੀਤੀ ਜਾ ਰਹੀ ਹੈ। ਉਨ੍ਹਾਂ ਆਮ ਜਨਤਾ ਨੂੰ ਵੀ ਅਪੀਲ ਕੀਤੀ ਜੇਕਰ ਉਨ੍ਹਾਂ ਦੇ ਆਲੇ ਦੁਆਲੇ ਕੋਈ ਮਿਲਾਵਟੀ ਸਾਮਾਨ ਬਣਾਉਂਦਾ ਜਾਂ ਵੇਚਦਾ ਹੈ ਤਾਂ ਉਸ ਦੀ ਜਾਣਕਾਰੀ ਵਿਭਾਗ ਨੂੰ ਦਿੱਤੀ ਜਾਵੇ। ਵਿਭਾਗ ਵੱਲੋਂ ਸ਼ਿਕਾਇਤਕਰਤਾ ਦਾ ਨਾਮ ਗੁਪਤ ਰੱਖਿਆ ਜਾਵੇਗਾ। ਇਸ ਮੌਕੇ ਫੂਡ ਇੰਸਪੈਕਟਰ ਅਮਨਦੀਪ ਸਿੰਘ ਵੀ ਮੌਜੂਦ ਸਨ ।

## ਗੁਰਦੁਆਰਾ ਸ੍ਰੀ ਰਕਾਬਗੰਜ ਸਾਹਿਬ ਦਾ ਹੈੱਡ ਗ੍ਰੰਥੀ ਮੁਅੱਤਲ

ਅੰਮ੍ਰਿਤਸਰ 30 ਅਪ੍ਰੈਲ। ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਤਨਖਾਹੀਆ ਕਰਾਰ ਦਿੱਤੇ ਅਕਾਲੀ ਦਲ ਬਾਦਲ ਦੇ ਆਗੂ ਹਰਵਿੰਦਰ ਸਿੰਘ ਸਰਨਾ ਨੂੰ ਸਟੇਜ ਦੇਣ ’ਤੇ ਗੁਰਦੁਆਰਾ ਸ੍ਰੀ ਰਕਾਬਗੰਜ ਸਾਹਿਬ ਦੇ ਹੈੱਡ ਗ੍ਰੰਥੀ ਨੂੰ ਮੁਅੱਤਲ ਕਰ ਦਿੱਤਾ ਹੈ। ਕਮੇਟੀ ਦੇ ਪ੍ਰਧਾਨ ਹਰਮੀਤ ਸਿੰਘ ਕਾਲਕਾ ਅਤੇ ਜਨਰਲ ਸਕੱਤਰ ਜਗਦੀਪ ਸਿੰਘ ਕਾਹਲੋਂ ਨੇ ਦੱਸਿਆ ਕਿ ਸ੍ਰੀ ਅਕਾਲ ਤਖ਼ਤ ਸਾਹਿਬ ਤੇ ਹੋਰ ਤਖ਼ਤ ਸਾਹਿਬਾਨ ਦੇ ਜਥੇਦਾਰਾਂ ਖਿਲਾਫ ਬੋਲਣ



ਵਾਲੇ ਹਰਵਿੰਦਰ ਸਿੰਘ ਸਰਨਾ ਨੂੰ 2 ਦਸੰਬਰ ਨੂੰ ਸ੍ਰੀ ਅਕਾਲ ਤਖ਼ਤ ਸਾਹਿਬ ਨੇ ਤਨਖਾਹੀਆ ਕਰਾਰ ਦਿੱਤਾ ਸੀ। ਸਮੁੱਚੀ ਸਿੱਖ ਕੌਮ ਨੂੰ ਹਦਾਇਤ ਕੀਤੀ ਕਿ ਉਸ ਨਾਲ ਕਿਸੇ ਵੀ ਤਰੀਕੇ ਦੀ ਸਮਾਜਿਕ ਤੇ ਧਾਰਮਿਕ ਸਾਂਝ ਨਾ ਰੱਖੀ ਜਾਵੇ। ਉਨ੍ਹਾਂ ਦੱਸਿਆ ਕਿ ਗੁਰਦੁਆਰਾ ਰਕਾਬਗੰਜ ਸਾਹਿਬ ਕੰਪਲੈਕਸ ’ਚ ਇਕ ਸਮਾਜਿਕ ਸਮਾਗਮ ਸੀ, ਜਿਸ ’ਚ ਗੁਰਦੁਆਰਾ ਸਾਹਿਬ ਦੇ ਹੈੱਡ ਗ੍ਰੰਥੀ ਗਿਆਨੀ ਦਿਲਬਾਗ ਸਿੰਘ ਨੇ ਤਨਖਾਹੀਆ ਕਰਾਰ ਦਿੱਤੇ ਸਰਨਾ ਨੂੰ ਸਟੇਜ ਦੇ ਦਿੱਤੀ ਅਤੇ ਉਸ ਨੇ ਸੰਗਤ ਨੂੰ ਸੰਬੋਧਨ ਕੀਤਾ। ਉਨ੍ਹਾਂ ਕਿਹਾ ਕਿ ਇਹ ਕਾਰਵਾਈ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਹੁਕਮਾਂ ਦੀ ਸਪੱਸ਼ਟ ਤੌਰ ’ਤੇ ਉਲੰਘਣਾ ਹੈ। ਇਸ ਉਲੰਘਣਾ ਤੇ ਹੋਈ ਬਜ਼ਰ ਗਲਤੀ ਦਾ ਕਮੇਟੀ ਨੇ ਸਖ਼ਤ ਨੋਟਿਸ ਲੈਂਦਿਆਂ ਗਿਆਨੀ ਦਿਲਬਾਗ ਸਿੰਘ ਨੂੰ ਤੁਰੰਤ ਮੁਅੱਤਲ ਕਰ ਦਿੱਤਾ ਹੈ। ਕਾਲਕਾ ਤੇ ਕਾਹਲੋਂ ਨੇ ਕਮੇਟੀ ਦੇ ਸਮੁੱਚੇ ਸਟਾਫ ਨੂੰ ਵੀ ਆਖਿਆ ਕਿ ਉਹ ਹਮੇਸ਼ਾ ਚੇਤੇ ਰੱਖਣ ਕਿ ਸ੍ਰੀ ਅਕਾਲ ਤਖ਼ਤ ਸਾਹਿਬ ਸਾਡੇ ਲਈ ਸਰਵਉੱਚ ਹੈ।